@Qpatrika | @qaumipatrika punjabi | instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Friday, 29 May 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ੁੱਕਰਵਾਰ 29 ਮਈ 2026, 15 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 204, qpatrika@gmail.com ਫੋਨ : 9971359517 www.qaumipatrika.org

## ਖੱਟੜ ਨੇ ਗੋਦ ਲਿਆ ਸੀ ਭਲਸਵਾ ਕੂੜੇ ਦਾ ਪਹਾੜ, ਬਣ ਸਕਦੈ ਟਰਾਂਸਪੋਰਟ ਹੱਬ

ਨਵੀਂ ਦਿੱਲੀ 28 ਮਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮਦਿਨ ਦੇ ਮੌਕੇ 2025 ਵਿਚ ਕੇਂਦਰੀ ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਮਨੋਹਰ ਲਾਲ ਖੱਟੜ ਨੇ ਭਲਸਵਾ ਵਿਚ ਕੂੜੇ ਦੇ ਪਹਾੜ ਦਾ ਨਿਰੀਖਣ ਕਰ ਕੇ ਭਲਸਵਾ ਲੈਂਡਫਿਲ ਦੇ ਪਹਾੜ ਨੂੰ ਸਾਫ਼ ਕਰ ਕੇ ਇਲਾਕੇ ਨੂੰ ਵਿਕਸਿਤ ਕਰਨ ਲਈ ਲੈਂਡਫਿਲ ਸਾਈਟ ਨੂੰ ਗੋਦ ਲਿਆ ਸੀ। ਦਿੱਲੀ ਸਰਕਾਰ ਅਤੇ ਹੋਰ ਏਜੰਸੀਆਂ ਮਿਲ ਕੇ ਤਿੰਨਾਂ ਕੂੜੇ ਦੇ ਪਹਾੜਾਂ ਨੂੰ ਖ਼ਤਮ ਕਰਨ ਵਿਚ ਰੁੱਝੀਆਂ ਹੋਈਆਂ ਹਨ। ਭਲਸਵਾ ਲੈਂਡਫਿਲ ਲੱਗਭਗ ਸਾਫ਼ ਹੋਣ ਦੇ ਕੰਢੇ 'ਤੇ ਹੈ ਅਤੇ ਇੱਥੇ ਖਾਲੀ ਹੋਣ ਵਾਲੀ ਜ਼ਮੀਨ 'ਤੇ ਬੈਂਬੂ ਗਾਰਡਨ (ਬਾਂਸ ਦੇ ਬਾਗ) ਅਤੇ ਟਰਾਂਸਪੋਰਟ ਹੱਬ ਬਣਾਇਆ ਜਾ ਸਕਦਾ ਹੈ। ਸਰਕਾਰ ਅਨੁਸਾਰ ਕੂੜੇ ਦਾ ਪਹਾੜ ਖ਼ਤਮ ਕਰਨ ਲਈ ਹੋਣ ਵਾਲੀ ਰੋਜ਼ਾਨਾ ਬਾਇਓਮਾਈਨਿੰਗ ਵੀ 15,000 ਤੋਂ ਵਧ ਕੇ 30,000 ਮੀਟ੍ਰਿਕ ਟਨ ਪ੍ਰਤੀ ਦਿਨ ਤੱਕ ਪਹੁੰਚ ਚੁੱਕੀ ਹੈ। ਅਸਰ ਇਹ ਹੋਇਆ ਹੈ ਕਿ ਓਖਲਾ ਵਿਚ ਕੂੜਾ ਘਟ ਕੇ 16.40 ਲੱਖ ਮੀਟ੍ਰਿਕ ਟਨ ਰਹਿ ਗਿਆ ਹੈ, ਜਦਕਿ ਭਲਸਵਾ 'ਚ ਲੱਗਭਗ 70 ਫ਼ੀਸਦੀ ਕੂੜੇ ਦਾ ਪਹਾੜ ਖ਼ਤਮ ਹੋ ਚੁੱਕਾ ਹੈ ਅਤੇ ਲੱਗਭਗ 25 ਏਕੜ ਜ਼ਮੀਨ ਵੀ ਸਾਫ਼ ਹੋ ਗਈ ਹੈ।



# 'ਮੇਰੇ 'ਤੇ ਹਮਲੇ ਕਰਨ ਨਾਲ ਤੁਹਾਡੇ ਗੁਨਾਹ ਘੱਟ ਨਹੀਂ ਹੋਣਗੇ': ਰਾਹੁਲ ਗਾਂਧੀ

ਕੌਮੀ ਪਤ੍ਰਿਕਾ

ਸਿੰਮੀ ਕੌਰ ਬੱਬਰ

ਨਵੀਂ ਦਿੱਲੀ 28 ਮਈ। ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਨੀਟ ਅਤੇ ਸੀ.ਬੀ.ਐੱਸ.ਈ. ਪ੍ਰੀਖਿਆਵਾਂ ਵਿੱਚ ਕਥਿਤ ਬੇਨਿਯਮੀਆਂ ਨੂੰ ਲੈ ਕੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ 'ਤੇ ਤਿੱਖਾ ਹਮਲਾ ਕੀਤਾ ਹੈ। ਰਾਹੁਲ ਨੇ ਵੀਰਵਾਰ ਨੂੰ ਕਿਹਾ ਕਿ ਉਨ੍ਹਾਂ 'ਤੇ ਨਿੱਜੀ ਹਮਲੇ ਕਰਨ ਨਾਲ ਮੰਤਰੀ ਦੇ ਗੁਨਾਹ ਘੱਟ ਨਹੀਂ ਹੋਣਗੇ ਅਤੇ ਉਹ 18.5 ਲੱਖ ਬੱਚਿਆਂ ਦੇ ਭਵਿੱਖ ਲਈ ਜਵਾਬ ਮੰਗਦੇ ਰਹਿਣਗੇ। ਰਾਹੁਲ ਗਾਂਧੀ ਨੇ 'ਐਕਸ' 'ਤੇ ਸਵਾਲ ਉਠਾਉਂਦੇ ਹੋਏ ਪੁੱਛਿਆ ਕਿ ਸੀ.ਬੀ.ਐੱਸ.ਈ. ਨੇ ਉੱਤਰ ਪੱਤਰੀਆਂ ਦੇ ਡਿਜੀਟਲ ਮੁਲਾਂਕਣ ਦਾ ਠੇਕਾ 'COEMPT' ਨਾਮਕ ਕੰਪਨੀ ਨੂੰ ਕਿਉਂ ਦਿੱਤਾ, ਜੋ ਆਪਣੇ ਪੁਰਾਣੇ ਨਾਮ 'ਗਲੋਬਰੀਨਾ' ਦੇ ਤਹਿਤ ਪਹਿਲਾਂ ਹੀ ਵਿਵਾਦਾਂ ਵਿੱਚ ਘਿਰੀ ਹੋਈ ਹੈ।, ਉਨ੍ਹਾਂ ਪੁੱਛਿਆ ਕਿ ਇਹ ਠੇਕਾ ਕਿਸ ਦੇ ਆਦੇਸ਼ 'ਤੇ ਦਿੱਤਾ ਗਿਆ ਅਤੇ ਕੰਪਨੀ ਦੇ ਪਿਛੋਕੜ ਦੀ ਜਾਂਚ ਕਿਉਂ ਨਹੀਂ ਕੀਤੀ ਗਈ? ਰਾਹੁਲ ਨੇ ਕਿਹਾ ਕਿ ਜੇਕਰ ਪ੍ਰਧਾਨ ਮੰਤਰੀ ਨੂੰ ਵਿਦਿਆਰਥੀਆਂ ਦੀ ਚਿੰਤਾ ਹੁੰਦੀ, ਤਾਂ ਉਨ੍ਹਾਂ ਨੇ ਧਰਮਿੰਦਰ ਪ੍ਰਧਾਨ ਨੂੰ ਬਹੁਤ ਪਹਿਲਾਂ ਹੀ ਬਰਖਾਸਤ ਕਰ ਦਿੱਤਾ ਹੁੰਦਾ।



ਦੂਜੇ ਪਾਸੇ, ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਰਾਹੁਲ ਗਾਂਧੀ 'ਤੇ ਮਾਮਲੇ ਦਾ ਸਿਆਸੀਕਰਨ ਕਰਨ ਦਾ ਦੋਸ਼ ਲਾਇਆ ਹੈ। ਉਨ੍ਹਾਂ ਕਿਹਾ ਕਿ ਲਗਾਤਾਰ ਚੋਣ ਹਾਰਾਂ ਕਾਰਨ ਰਾਹੁਲ ਗਾਂਧੀ 'ਹਤਾਸ਼' ਦਿਖਾਈ ਦਿੰਦੇ ਹਨ ਅਤੇ ਉਹ ਭਾਰਤ ਦੀ ਤਕਨੀਕੀ ਤੇ ਵਿਗਿਆਨਕ ਪ੍ਰਗਤੀ ਦੇ ਵਿਰੋਧੀ ਹਨ।, ਪ੍ਰਧਾਨ ਨੇ ਭਰੋਸਾ ਦਿੱਤਾ ਕਿ ਜੇਕਰ ਕੋਈ ਬੇਨਿਯਮੀ ਪਾਈ ਗਈ ਤਾਂ ਕਿਸੇ ਨੂੰ ਬਖਸ਼ਿਆ ਨਹੀਂ ਜਾਵੇਗਾ, ਪਰ ਨਾਲ ਹੀ ਅਪੀਲ ਕੀਤੀ ਕਿ ਵਿਦਿਆਰਥੀਆਂ ਦੇ ਮਾਨਸਿਕ ਤਣਾਅ ਨੂੰ ਦੇਖਦੇ ਹੋਏ ਇਸ ਸਮੇਂ ਰਾਜਨੀਤੀ ਨਹੀਂ ਕੀਤੀ ਜਾਣੀ ਚਾਹੀਦੀ। ਕਾਂਗਰਸ ਨੇਤਾ ਜੈਰਾਮ ਰਮੇਸ਼ ਨੇ ਵੀ ਮੰਤਰੀ ਦੀ 'ਘੋਰ ਅਯੋਗਤਾ' ਅਤੇ 'ਹੰਕਾਰ' ਦੀ ਨਿੰਦਾ ਕੀਤੀ ਹੈ। ਰਾਹੁਲ ਗਾਂਧੀ ਨੇ ਇਸ ਪੂਰੇ 'ਘੁਟਾਲੇ' ਦੀ ਤਹਿ ਤੱਕ ਜਾਣ ਲਈ ਇੱਕ ਸੁਤੰਤਰ ਨਿਆਇਕ ਜਾਂਚ ਅਤੇ ਵਿਸ਼ੇਸ਼ ਜਾਂਚ ਟੀਮ ਦੇ ਗਠਨ ਦੀ ਮੰਗ ਕੀਤੀ ਹੈ।

## ਟਵਿਸ਼ਾ ਸ਼ਰਮਾ ਦੀ ਸੱਸ ਗਿਰੀਬਾਲਾ ਸਿੰਘ ਸੀਬੀਆਈ ਵੱਲੋਂ ਗ੍ਰਿਫ਼ਤਾਰ

ਭੋਪਾਲ 28 ਮਈ। ਭੋਪਾਲ 'ਚ ਟਵਿਸ਼ਾ ਸ਼ਰਮਾ ਦੀ ਮੌਤ ਦੇ ਮਾਮਲੇ ਵਿੱਚ ਇੱਕ ਵੱਡਾ ਮੋੜ ਆਇਆ ਹੈ। ਮੱਧ ਪ੍ਰਦੇਸ਼ ਹਾਈਕੋਰਟ ਵੱਲੋਂ ਅਗਾਊਂ ਜ਼ਮਾਨਤ ਰੱਦ ਕੀਤੇ ਜਾਣ ਤੋਂ ਬਾਅਦ ਸੀਬੀਆਈ ਨੇ ਸਾਬਕਾ ਜੱਜ ਅਤੇ ਟਵਿਸ਼ਾ ਦੀ ਸੱਸ ਗਿਰੀਬਾਲਾ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਸੀਬੀਆਈ ਦੀ ਟੀਮ ਅੱਜ ਸਵੇਰੇ ਕਰੀਬ 10:30 ਵਜੇ ਉਨ੍ਹਾਂ ਦੇ ਘਰ ਪਹੁੰਚੀ ਅਤੇ ਗ੍ਰਿਫ਼ਤਾਰੀ ਤੋਂ ਪਹਿਲਾਂ ਕਰੀਬ ਛੇ ਘੰਟੇ ਤੱਕ ਸਖ਼ਤ ਪੁੱਛਗਿੱਛ ਕੀਤੀ। ਹਾਈਕੋਰਟ ਨੇ ਆਪਣੇ ਹੁਕਮਾਂ ਵਿੱਚ ਟਵਿਸ਼ਾ ਦੇ ਸਰੀਰ 'ਤੇ ਮਿਲੀਆਂ 7 ਸੱਟਾਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਜਾਂਚ ਦੌਰਾਨ ਗਿਰੀਬਾਲਾ ਸਿੰਘ ਵਿਰੁੱਧ ਗੰਭੀਰ ਦੋਸ਼ ਸਾਹਮਣੇ ਆਏ ਹਨ। ਅਦਾਲਤ ਨੇ ਇਹ ਵੀ ਮੰਨਿਆ ਕਿ ਜ਼ਮਾਨਤ ਮਿਲਣ ਤੋਂ ਬਾਅਦ ਮੁਲਜ਼ਮ ਜਾਂਚ ਵਿੱਚ ਸਹਿਯੋਗ ਨਹੀਂ ਕਰ ਰਹੇ ਸਨ। ਸੀਬੀਆਈ ਨੇ ਅਦਾਲਤ ਨੂੰ ਦੱਸਿਆ ਕਿ ਮੈਡੀਕਲ ਰਿਪੋਰਟ ਅਨੁਸਾਰ ਟਵਿਸ਼ਾ ਦੇ ਸਰੀਰ 'ਤੇ ਮੌਜੂਦ ਸੱਟਾਂ ਫਾਹੇ ਤੋਂ ਉਤਾਰਦੇ ਸਮੇਂ ਨਹੀਂ ਲੱਗੀਆਂ ਸਨ। ਜਾਂਚ ਏਜੰਸੀ ਨੇ ਦਾਅਵਾ ਕੀਤਾ ਕਿ ਵਟਸਐਪ ਚੈਟਸ ਤੋਂ ਪਤਾ ਚੱਲਦਾ ਹੈ ਕਿ ਟਵਿਸ਼ਾ ਦੇ ਗਰਭਵਤੀ ਹੋਣ ਤੋਂ ਬਾਅਦ ਉਸ ਦੇ ਚਰਿੱਤਰ 'ਤੇ ਸ਼ੱਕ ਕੀਤਾ ਗਿਆ ਅਤੇ ਉਸ 'ਤੇ ਗਰਭਪਾਤ ਕਰਵਾਉਣ ਲਈ ਦਬਾਅ ਪਾਇਆ ਗਿਆ। ਇਸ ਤੋਂ ਇਲਾਵਾ, ਉਸ ਨੂੰ ਦਾਜ ਲਈ ਵੀ ਲਗਾਤਾਰ ਪਰੇਸ਼ਾਨ ਕੀਤਾ ਜਾ ਰਿਹਾ ਸੀ। ਸੀਬੀਆਈ ਨੇ ਇਹ ਵੀ ਦੋਸ਼ ਲਾਇਆ ਕਿ ਗਿਰੀਬਾਲਾ ਸਿੰਘ ਨੇ ਸੋਸ਼ਲ ਮੀਡੀਆ 'ਤੇ ਵੀਡੀਓ ਦੇ ਕੁਝ ਹਿੱਸੇ ਵਾਇਰਲ ਕਰਕੇ ਸਬੂਤਾਂ ਨਾਲ ਛੇੜਛਾੜ ਕਰਨ ਦੀ ਕੋਸ਼ਿਸ਼ ਕੀਤੀ ਸੀ। 33 ਸਾਲਾ ਟਵਿਸ਼ਾ ਸ਼ਰਮਾ, ਜੋ ਕਿ ਮੂਲ ਰੂਪ ਵਿੱਚ ਨੋਇਡਾ ਦੀ ਰਹਿਣ ਵਾਲੀ ਸੀ ਅਤੇ ਮਿਸ ਪੁਣੇ ਦਾ ਖਿਤਾਬ ਜਿੱਤ ਚੁੱਕੀ ਸੀ, ਦਾ ਵਿਆਹ ਦਸੰਬਰ 2025 ਵਿੱਚ ਭੋਪਾਲ ਦੇ ਵਕੀਲ ਸਮਰਥ ਸਿੰਘ ਨਾਲ ਹੋਇਆ ਸੀ। ਸਮਰਥ ਸਾਬਕਾ ਸੈਸ਼ਨ ਜੱਜ ਗਿਰੀਬਾਲਾ ਸਿੰਘ ਦੇ ਬੇਟੇ ਹਨ। ਵਿਆਹ ਦੇ ਕੁਝ ਮਹੀਨਿਆਂ ਬਾਅਦ ਹੀ 12 ਮਈ 2026 ਨੂੰ ਟਵਿਸ਼ਾ ਆਪਣੇ ਸਹੁਰੇ ਘਰ ਵਿੱਚ ਮ੍ਰਿਤਕ ਪਾਈ ਗਈ ਸੀ। ਸ਼ੁਰੂ ਵਿੱਚ ਇਸ ਨੂੰ ਖੁਦਕੁਸ਼ੀ ਮੰਨਿਆ ਜਾ ਰਿਹਾ ਸੀ, ਪਰ ਟਵਿਸ਼ਾ ਦੇ ਪਰਿਵਾਰ ਨੇ ਮਾਨਸਿਕ ਪਰੇਸ਼ਾਨੀ ਤੇ ਦਾਜ ਦੇ ਗੰਭੀਰ ਦੋਸ਼ ਲਗਾਏ ਹਨ। ਹੁਣ ਸੀਬੀਆਈ ਇਸ ਮਾਮਲੇ ਦੀ ਜਾਂਚ ਨੂੰ ਤੇਜ਼ ਕਰਨ ਲਈ ਭੋਪਾਲ ਵਿੱਚ ਇੱਕ ਕੈਂਪ ਆਫਿਸ ਸਥਾਪਤ ਕਰਨ ਦੀ ਤਿਆਰੀ ਕਰ ਰਹੀ ਹੈ ਤਾਂ ਜੋ ਸਾਰੇ ਸਬੂਤਾਂ ਅਤੇ ਦਸਤਾਵੇਜ਼ਾਂ ਨੂੰ ਸੁਰੱਖਿਅਤ ਰੱਖਿਆ ਜਾ ਸਕੇ।

## ਮਣੀਪੁਰ 'ਚ ਭਾਰੀ ਮਾਤਰਾ 'ਚ ਹਥਿਆਰ ਤੇ ਵਿਸਫੋਟਕ ਸਣੇ ਚਾਰ ਉਗਰਵਾਦੀ ਗ੍ਰਿਫ਼ਤਾਰ

ਇੰਫਾਲ 28 ਮਈ। ਮਣੀਪੁਰ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਚਲਾਏ ਗਏ ਤਲਾਸ਼ੀ ਅਭਿਆਨਾਂ ਦੌਰਾਨ ਪੁਲਸ ਨੇ ਪਾਬੰਦੀਸ਼ੁਦਾ ਜਥੇਬੰਦੀਆਂ ਨਾਲ ਸਬੰਧਤ ਚਾਰ ਉਗਰਵਾਦੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਕੋਲੋਂ ਹਥਿਆਰ ਤੇ ਵਿਸਫੋਟਕ ਸਮੱਗਰੀ ਬਰਾਮਦ ਕੀਤੀ ਹੈ। ਪੁਲਸ ਅਨੁਸਾਰ, ਸੋਮਵਾਰ ਨੂੰ ਇੰਫਾਲ ਪੱਛਮੀ ਜ਼ਿਲ੍ਹੇ ਦੇ ਕਾਕਵਾ ਲਿਲਾਂਡੋ ਲਮਪਾਕ ਇਲਾਕੇ ਤੋਂ ਇੱਕ ਉਗਰਵਾਦੀ ਨੂੰ ਕਾਬੂ ਕੀਤਾ ਗਿਆ। ਇਸ ਦੇ ਨਾਲ ਹੀ, ਪਾਬੰਦੀਸ਼ੁਦਾ ਸੰਗਠਨ ਪੀਪਲਜ਼ ਲਿਬਰੇਸ਼ਨ ਆਰਮੀ ਦੇ ਇੱਕ ਸਵੈ-ਘੋਸ਼ਿਤ ਕੈਪਟਨ ਨੂੰ ਇੰਫਾਲ ਪੂਰਬੀ ਜ਼ਿਲ੍ਹੇ ਦੇ ਕਿਆਮਗੇਉ ਸਥਿਤ ਉਸ ਦੇ ਘਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਸੁਰੱਖਿਆ ਬਲਾਂ ਨੇ ਐਤਵਾਰ ਨੂੰ ਥੌਬਲ ਜ਼ਿਲ੍ਹੇ ਦੇ ਮਯਾਈ ਕੇਇਤੇਲ ਤੋਂ ਪੀਪਲਜ਼ ਲਿਬਰੇਸ਼ਨ ਆਰਮੀ ਅਤੇ ਐੱਨ.ਆਰ.ਐੱਫ.ਐੱਮ. ਦੇ ਦੋ ਸਰਗਰਮ ਮੈਂਬਰਾਂ ਨੂੰ ਵੀ ਹਿਰਾਸਤ ਵਿੱਚ ਲਿਆ। ਮੰਗਲਵਾਰ ਨੂੰ ਕੀਤੀ ਗਈ ਕਾਰਵਾਈ ਦੌਰਾਨ, ਉਖਰੂਲ ਜ਼ਿਲ੍ਹੇ ਵਿੱਚ ਤਿੰਨ ਨਾਜਾਇਜ਼ ਬੰਕਰਾਂ ਨੂੰ ਤਬਾਹ ਕਰ ਦਿੱਤਾ ਗਿਆ ਅਤੇ ਉੱਥੋਂ ਪੰਜ ਕਿਲੋਗ੍ਰਾਮ ਆਈ.ਈ.ਡੀ. ਅਤੇ ਦੋ ਸਥਾਨਕ ਤੌਰ 'ਤੇ ਬਣੀਆਂ ਬੰਦੂਕਾਂ ਵਰਗੇ ਹਥਿਆਰ ਬਰਾਮਦ ਕੀਤੇ ਗਏ। ਇਸ ਤੋਂ ਇਲਾਵਾ, ਚੂਰਾਚਾਂਦਪੁਰ ਜ਼ਿਲ੍ਹੇ ਦੇ ਹੇਂਗਕੋਟ ਪਿੰਡ ਦੇ ਜੰਗਲੀ ਖੇਤਰ ਵਿੱਚ ਚਲਾਏ ਗਏ ਇੱਕ ਹੋਰ ਅਭਿਆਨ ਦੌਰਾਨ ਛੇ ਰਾਈਫਲਾਂ, ਮੈਗਜ਼ੀਨ ਅਤੇ ਵਿਸਫੋਟਕ ਉਪਕਰਣ ਵੀ ਜ਼ਬਤ ਕੀਤੇ ਗਏ ਹਨ। ਪੁਲਸ ਅਤੇ ਸੁਰੱਖਿਆ ਬਲਾਂ ਵੱਲੋਂ ਇਲਾਕੇ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ।

## ਸਰਕਾਰੀ ਜ਼ਮੀਨ 'ਤੇ ਨਿੱਜੀ ਐਸ਼ੋ-ਆਰਾਮ ! ਦਿੱਲੀ ਜਿਮਖਾਨਾ ਕਲੱਬ 'ਤੇ ਉੱਠੇ ਸਵਾਲ

ਨਵੀਂ ਦਿੱਲੀ 28 ਮਈ। ਭਾਰਤ ਵਿੱਚ ਅੰਗਰੇਜ਼ਾਂ ਦੇ ਜ਼ਮਾਨੇ ਦੇ ਕਈ ਅਜਿਹੇ ਖ਼ਾਸ ਕਲੱਬ ਹਨ, ਜੋ ਅੱਜ ਦੇ ਸਮੇਂ ਵਿੱਚ ਵੱਡੇ ਸਵਾਲਾਂ ਦੇ ਘੇਰੇ ਵਿੱਚ ਹਨ। ਇਨ੍ਹਾਂ ਵਿੱਚੋਂ ਸਭ ਤੋਂ ਪ੍ਰਮੁੱਖ 'ਦਿੱਲੀ ਜਿਮਖਾਨਾ ਕਲੱਬ' ਹੈ। ਇਸ ਕਲੱਬ ਦੀਆਂ ਮਹਿੰਗੀਆਂ ਅਤੇ ਪੱਖਪਾਤੀ ਨੀਤੀਆਂ 'ਤੇ ਸਵਾਲ ਇਸ ਲਈ ਉੱਠ ਰਹੇ ਹਨ ਕਿਉਂਕਿ ਇਹ ਕਲੱਬ ਸਰਕਾਰੀ ਜ਼ਮੀਨ ਅਤੇ ਸਰਕਾਰੀ ਸਰਪ੍ਰਸਤੀ 'ਤੇ ਖੜ੍ਹਾ ਹੋ ਕੇ ਕੁਝ ਖ਼ਾਸ ਲੋਕਾਂ ਦੇ ਨਿੱਜੀ ਫਾਇਦਿਆਂ ਅਤੇ ਵੀ.ਆਈ.ਪੀ. ਸੱਭਿਆਚਾਰ ਨੂੰ ਹੱਲਾਸ਼ੇਰੀ ਦੇ ਰਿਹਾ ਹੈ। ਜਦੋਂ ਬ੍ਰਿਟਿਸ਼ ਹਕੂਮਤ ਨੇ ਇਸ ਕਲੱਬ ਨੂੰ 27 ਏਕੜ ਜ਼ਮੀਨ ਲੀਜ਼ 'ਤੇ ਦਿੱਤੀ ਸੀ, ਤਾਂ ਉਨ੍ਹਾਂ ਦਾ ਮਕਸਦ ਆਪਣੇ ਅਫ਼ਸਰਾਂ ਦੇ ਮਨੋਰੰਜਨ ਦੇ ਨਾਲ-ਨਾਲ ਇੱਕ ਅਜਿਹਾ ਨੈੱਟਵਰਕ ਬਣਾਉਣਾ ਸੀ ਜਿੱਥੇ ਆਪਸੀ ਤਾਲਮੇਲ ਨਾਲ ਕੰਮ ਕਰਵਾਏ ਜਾ ਸਕਣ। ਪਰ ਹੈਰਾਨੀ ਦੀ ਗੱਲ ਇਹ ਹੈ ਕਿ ਇੰਨੇ ਸਾਲਾਂ ਵਿੱਚ ਭਾਰਤ ਪੂਰੀ ਤਰ੍ਹਾਂ ਬਦਲ ਗਿਆ ਹੈ ਪਰ ਜਿਮਖਾਨਾ ਕਲੱਬ ਦੀ ਮੈਂਬਰਸ਼ਿਪ ਦਾ ਢਾਂਚਾ ਨਹੀਂ ਬਦਲਿਆ। ਰਿਪੋਰਟ ਮੁਤਾਬਕ, ਕਲੱਬ ਦੀ 80 ਫੀਸਦੀ ਮੈਂਬਰਸ਼ਿਪ ਅਜੇ ਵੀ ਸਿਵਲ ਸਰਵੈਂਟਸ (ਆਈ.ਏ.ਐੱਸ./ਆਈ.ਪੀ.ਐੱਸ.) ਅਤੇ ਰੱਖਿਆ ਅਧਿਕਾਰੀਆਂ ਦੇ ਹੱਥ ਵਿੱਚ ਹੈ—ਜੋ ਕਿ ਬਸਤੀਵਾਦੀ ਸ਼ਕਤੀ ਦੇ ਪੁਰਾਣੇ ਢਾਂਚੇ ਨੂੰ ਦਰਸਾਉਂਦੀ ਹੈ। ਨਵੀਂ ਆਰਥਿਕਤਾ ਨੂੰ ਖੜ੍ਹਾ ਕਰਨ ਵਾਲੇ ਦੇਸ਼ ਦੇ ਨੌਜਵਾਨ ਸਟਾਰਟ-ਅੱਪ ਫਾਊਂਡਰਾਂ ਅਤੇ ਉਦਯੋਗਪਤੀਆਂ ਨੂੰ ਇੱਥੇ ਕੋਈ ਜਗ?ਹਾ ਨਹੀਂ ਮਿਲ ਰਹੀ, ਜਿਨ੍ਹਾਂ ਨੂੰ ਅਧਿਕਾਰੀਆਂ ਨਾਲ ਨੈੱਟਵਰਕਿੰਗ ਦੀ ਸਭ ਤੋਂ ਵੱਧ ਲੋੜ ਹੈ। ਇਸ ਦਾ ਸਭ ਤੋਂ ਵੱਡਾ ਕਾਰਨ ਇਹ ਹੈ ਕਿ ਜਿਮਖਾਨਾ ਨੂੰ ਲੰਮੇ ਸਮੇਂ ਤੋਂ ਇੱਕ 'ਪਰਿਵਾਰਕ ਜਾਗੀਰ' ਵਾਂਗ ਚਲਾਇਆ ਜਾ ਰਿਹਾ ਹੈ, ਜਿੱਥੇ ਮੈਂਬਰਸ਼ਿਪ ਬਹੁਤ ਸਖ਼ਤੀ ਨਾਲ ਕੰਟਰੋਲ ਕੀਤੀ ਜਾਂਦੀ ਹੈ ਅਤੇ ਪੀੜ੍ਹੀ ਦਰ ਪੀੜ੍ਹੀ ਆਪਣੇ ਹੀ ਬੱਚਿਆਂ ਨੂੰ ਟ?ਰਾਂਸਫਰ ਕਰ ਦਿੱਤੀ ਜਾਂਦੀ ਹੈ। ਹਾਲਾਂਕਿ ਕਲੱਬ ਦਾ ਕਹਿਣਾ ਹੈ ਕਿ ਮੈਂਬਰਸ਼ਿਪ ਵਿਰਾਸਤ ਦੀ ਗੱਲ ਨਹੀਂ ਹੈ, ਪਰ ਅਸਲ ਵਿੱਚ ਇੱਥੇ ਆਪਣੇ ਚਹੇਤਿਆਂ ਨੂੰ ਹੀ ਤਰਜੀਹ ਦਿੱਤੀ ਜਾਂਦੀ ਹੈ। ਲੇਖ ਵਿੱਚ ਕੋਲਕਾਤਾ ਦੇ 'ਟੋਲੀ ਕਲੱਬ' ਦੀ ਉਦਾਹਰਣ ਦਿੰਦਿਆਂ ਕਿਹਾ ਗਿਆ ਹੈ ਕਿ ਜੇਕਰ ਜਿਮਖਾਨਾ ਕਲੱਬ ਵੀ ਕਿਸੇ ਨਿੱਜੀ ਜ਼ਮੀਨ 'ਤੇ ਬਣਿਆ ਹੁੰਦਾ, ਤਾਂ ਇਸਦੇ 14,000 ਮੈਂਬਰਾਂ ਅਤੇ ਉਨ੍ਹਾਂ ਦੇ ਬੱਚਿਆਂ ਦੇ ਐਸ਼ੋ-ਆਰਾਮ 'ਤੇ ਕਿਸੇ ਨੂੰ ਕੋਈ ਇਤਰਾਜ਼ ਨਹੀਂ ਹੋਣਾ ਸੀ। ਪਰ ਕਿਉਂਕਿ ਇਹ ਦੇਸ਼ ਦੀ ਰਾਜਧਾਨੀ ਦੇ ਦਿਲ ਵਿੱਚ ਸਰਕਾਰੀ ਜ਼ਮੀਨ 'ਤੇ ਸਥਿਤ ਹੈ, ਇਸ ਲਈ ਇਸ ਵਿੱਚ ਬਦਲਾਅ ਹੋਣਾ ਲਾਜ਼ਮੀ ਹੈ।

# ਮੁੱਖ ਮੰਤਰੀ ਸਿਧਾਰਮਈਆ ਨੇ ਦੇ'ਤਾ ਅਸਤੀਫਾ ! ਰਾਜਪਾਲ ਦੀ ਗੈਰ-ਮੌਜੂਦਗੀ 'ਚ ਦਫ਼ਤਰ ਨੂੰ ਸੌਂਪਿਆ ਪੱਤਰ

ਕੌਮੀ ਪਤ੍ਰਿਕਾ

ਨਵਦੀਪ ਸਿੰਘ ਸਾਹਨੀ

ਬੈਂਗਲੁਰੂ 28 ਮਈ। ਕਰਨਾਟਕ ਦੀ ਰਾਜਨੀਤੀ ਵਿੱਚ ਅੱਜ ਉਸ ਸਮੇਂ ਇੱਕ ਵੱਡਾ ਫੇਰਬਦਲ ਦੇਖਣ ਨੂੰ ਮਿਲਿਆ ਜਦੋਂ ਮੁੱਖ ਮੰਤਰੀ ਸਿਧਾਰਮਈਆ ਨੇ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ। ਉਨ੍ਹਾਂ ਨੇ ਆਪਣਾ ਅਸਤੀਫ਼ਾ ਰਾਜਪਾਲ ਦੇ ਦਫ਼ਤਰ ਵਿੱਚ ਜਮ?ਹਾਂ ਕਰਵਾ ਦਿੱਤਾ ਹੈ। ਮੁੱਖ ਮੰਤਰੀ ਸਿਧਾਰਮਈਆ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜਪਾਲ ਇਸ ਸਮੇਂ ਬੈਂਗਲੁਰੂ ਵਿੱਚ ਮੌਜੂਦ ਨਹੀਂ ਹਨ, ਜਿਸ ਕਾਰਨ ਉਨ੍ਹਾਂ ਨੇ ਅਸਤੀਫ਼ਾ ਸਿੱਧਾ ਦਫ਼ਤਰ ਨੂੰ ਸੌਂਪਿਆ ਹੈ। ਉਨ੍ਹਾਂ ਕਿਹਾ, ਮੈਂ ਆਪਣਾ ਅਸਤੀਫ਼ਾ ਰਾਜਪਾਲ ਦੇ ਦਫ਼ਤਰ ਨੂੰ ਸੌਂਪ ਦਿੱਤਾ ਹੈ। ਰਾਜਪਾਲ ਇੱਥੇ ਨਹੀਂ ਹਨ; ਉਹ



ਅੱਜ ਰਾਤ ਵਾਪਸ ਪਰਤ ਰਹੇ ਹਨ। ਰਾਜਪਾਲ ਥਾਵਰਚੰਦ ਗਹਿਲੋਤ ਦੇ ਵਿਸ਼ੇਸ਼ ਸਕੱਤਰ ਪ੍ਰਭੂ ਸ਼ੰਕਰ ਨੇ ਪੁਸ਼ਟੀ ਕੀਤੀ ਹੈ ਕਿ ਉਨ੍ਹਾਂ ਨੂੰ ਮੁੱਖ ਮੰਤਰੀ ਦਾ ਅਸਤੀਫ਼ਾ ਪ੍ਰਾਪਤ ਹੋ ਗਿਆ ਹੈ। ਹਾਲਾਂਕਿ, ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਅਸਤੀਫ਼ੇ ਨੂੰ ਸਿਰਫ਼ ਰਾਜਪਾਲ ਹੀ ਆਪਣੀ ਵਾਪਸੀ ਤੋਂ ਬਾਅਦ ਰਸਮੀ ਤੌਰ 'ਤੇ ਸਵੀਕਾਰ ਕਰ ਸਕਦੇ ਹਨ। ਜਾਣਕਾਰੀ ਅਨੁਸਾਰ, ਰਾਜਪਾਲ ਥਾਵਰਚੰਦ ਗਹਿਲੋਤ ਅੱਜ ਸਵੇਰੇ ਮੱਧ ਪ੍ਰਦੇਸ਼ ਦੇ ਨਾਗਦਾ ਸਥਿਤ ਆਪਣੀ ਰਿਹਾਇਸ਼ ਲਈ ਰਵਾਨਾ ਹੋਏ ਸਨ। ਉਹ ਅੱਜ ਰਾਤ ਵਾਪਸ ਪਰਤਣਗੇ, ਜਿਸ ਤੋਂ ਬਾਅਦ ਅਗਲੀ ਕਾਰਵਾਈ ਕੀਤੀ ਜਾਵੇਗੀ।

## ਪ੍ਰਧਾਨ ਮੰਤਰੀ ਮੋਦੀ ਦੀ ਦੁਬਾਰਾ ਮੇਜ਼ਬਾਨੀ ਲਈ ਉਤਸੁਕ ਹਾਂ : ਆਸਟਰੇਲੀਆਈ ਪ੍ਰਧਾਨ ਮੰਤਰੀ ਅਲਬਾਨੀਜ਼

ਕੈਨਬਰਾ 28 ਮਈ। ਆਸਟਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਨੇ ਭਾਰਤ ਦੀ ਆਰਥਿਕ ਤਰੱਕੀ ਦੀ ਜੰਮ ਕੇ ਸ਼ਲਾਘਾ ਕੀਤੀ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਦੁਬਾਰਾ ਮੇਜ਼ਬਾਨੀ ਕਰਨ ਦੀ ਇੱਛਾ ਜ਼ਾਹਿਰ ਕੀਤੀ ਹੈ। ਕੈਨਬਰਾ ਵਿੱਚ ਸੰਸਦ ਨੂੰ ਸੰਬੋਧਨ ਕਰਦਿਆਂ ਅਲਬਾਨੀਜ਼ ਨੇ ਭਾਰਤ ਦੇ ਵਧਦੇ ਆਰਥਿਕ ਮਹੱਤਵ ਨੂੰ ਹਿੰਦ-ਪ੍ਰਸ਼ਾਂਤ ਖੇਤਰ ਲਈ ਇੱਕ 'ਬੇਮਿਸਾਲ ਮੌਕਾ' ਕਰਾਰ ਦਿੱਤਾ। ਪ੍ਰਧਾਨ ਮੰਤਰੀ ਅਲਬਾਨੀਜ਼ ਨੇ ਭਵਿੱਖਬਾਣੀ ਕੀਤੀ ਕਿ ਦੁਨੀਆ ਦੀ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਭਾਰਤ ਇਸੇ ਦਹਾਕੇ ਵਿੱਚ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਆਰਥਿਕਤਾ ਬਣਨ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 2022 ਵਿੱਚ ਹੋਏ ਆਰਥਿਕ ਸਹਿਯੋਗ ਅਤੇ ਵਪਾਰ ਸਮਝੌਤੇ ਨੇ ਦੋਵਾਂ ਦੇਸ਼ਾਂ ਦੇ ਵਪਾਰਕ ਸਬੰਧਾਂ ਨੂੰ ਨਵੀਂ ਮਜ਼ਬੂਤੀ ਦਿੱਤੀ ਹੈ। ਇਸ ਤੋਂ ਇਲਾਵਾ ਸਿੱਖਿਆ, ਸੱਭਿਆਚਾਰ ਅਤੇ ਕ੍ਰਿਕਟ ਨੇ ਵੀ ਦੋਵਾਂ ਦੇਸ਼ਾਂ ਨੂੰ ਇੱਕ-ਦੂਜੇ ਦੇ ਹੋਰ ਕਰੀਬ ਲਿਆਂਦਾ ਹੈ। ਆਪਣੀਆਂ ਪੁਰਾਣੀਆਂ ਯਾਦਾਂ ਨੂੰ ਸਾਂਝਾ ਕਰਦਿਆਂ ਅਲਬਾਨੀਜ਼ ਨੇ ਦੱਸਿਆ ਕਿ ਉਨ੍ਹਾਂ ਨੇ ਪਹਿਲੀ ਵਾਰ 1991 ਵਿੱਚ ਇੱਕ 'ਬੈਕਪੈਕਰ' ਵਜੋਂ ਭਾਰਤ ਦੀ ਯਾਤਰਾ ਕੀਤੀ ਸੀ।

## ਕਾਕਰੋਚ ਜਨਤਾ ਪਾਰਟੀ ਨਾਲ ਕੀ ਗੱਠਜੋੜ ਕਰੇਗੀ ਕਾਂਗਰਸ? ਇਸ ਆਗੂ ਦੇ ਬਿਆਨ ਨੇ ਕੀਤਾ ਸਭ ਨੂੰ ਹੈਰਾਨ

ਕੌਮੀ ਪਤ੍ਰਿਕਾ

ਨੈਸ਼ਨਲ ਡੈਸਕ 28 ਮਈ। ਸੋਸ਼ਲ ਮੀਡੀਆ ਦੇ ਯੁੱਗ ਵਿੱਚ ਅਚਾਨਕ ਤੇਜ਼ੀ ਨਾਲ ਉਭਰੀ ਕਾਕਰੋਚ ਜਨਤਾ ਪਾਰਟੀ (ਸੀਜੇਪੀ) ਨੌਜਵਾਨਾਂ ਅਤੇ ਅਸੰਤੁਸ਼ਟ ਸਮੂਹਾਂ ਵਿੱਚ ਤੇਜ਼ੀ ਨਾਲ ਆਪਣੀ ਪ੍ਰਸਿੱਧੀ ਹਾਸਲ ਕਰ ਗਈ ਹੈ। ਅਭਿਜੀਤ ਦੀਪਕੇ ਦੀ ਅਗਵਾਈ ਹੇਠ ਇਹ ਪਲੇਟਫਾਰਮ ਸਰਕਾਰ ਪ੍ਰਤੀ ਜਨਤਕ ਗੁੱਸੇ ਅਤੇ ਅਸੰਤੁਸ਼ਟੀ ਨੂੰ ਪ੍ਰਗਟ ਕਰਨ ਲਈ ਇੱਕ ਨਵੇਂ ਮਾਧਿਅਮ ਵਜੋਂ ਉਭਰਿਆ ਹੈ। ਇਸ ਦੌਰਾਨ ਸੀਨੀਅਰ ਕਾਂਗਰਸੀ ਨੇਤਾ ਅਤੇ ਸਾਬਕਾ ਸੰਸਦ ਮੈਂਬਰ ਉਦਿਤ ਰਾਜ ਨੇ ਸੀਜੇਪੀ ਬਾਰੇ ਇੱਕ ਵੱਡੀ ਟਿੱਪਣੀ ਕੀਤੀ ਹੈ, ਜਿਸ ਕਾਰਨ ਇਹ ਕਿਆਸ ਅਰਾਈਆਂ ਲਗਾਈਆਂ ਜਾ ਰਹੀਆਂ ਹਨ ਕਿ ਕੀ ਕਾਂਗਰਸ ਪਾਰਟੀ ਸੀਜੇਪੀ ਨਾਲ ਗੱਠਜੋੜ ਕਰਨਾ ਚਾਹੁੰਦੀ ਹੈ? ਜਾਣਕਾਰੀ ਮੁਤਾਬਕ ਉਦਿਤ ਰਾਜ ਨੇ ✓ ਪਲੇਟਫਾਰਮ 'ਤੇ ਪੋਸਟ ਸ਼ੇਅਰ ਕਰਦੇ ਹੋਏ ਲਿਖਿਆ, ਸੋਸ਼ਲ ਮੀਡੀਆ ਤੋਂ ਪੈਦਾ ਹੋਈ ਅਤੇ ਅਭਿਜੀਤ ਦੀਪਕ ਦੀ ਅਗਵਾਈ ਵਾਲੀ ਕਾਕਰੋਚ ਜਨਤਾ ਪਾਰਟੀ, ਸਰਕਾਰ ਵਿਰੁੱਧ ਜਨਤਕ ਨਾਰਾਜ਼ਗੀ ਅਤੇ ਗੁੱਸੇ ਦਾ ਪ੍ਰਗਟਾਵਾ ਬਣ ਕੇ ਉਭਰੀ ਹੈ। ਪਰ ਅਜਿਹੇ ਅੰਦੋਲਨ ਜ਼ਿਆਦਾ ਸਮੇਂ ਤੱਕ ਕਾਇਮ ਇਸ ਕਰਕੇ ਰਹਿ ਸਕਦੇ ਹਨ ਕਿ ਜਦੋਂ ਉਹ ਰਾਜਨੀਤਿਕ ਪਾਰਟੀਆਂ ਅਤੇ ਸਮਾਜਿਕ ਤਾਕਤਾਂ ਨਾਲ ਜੁੜਨ, ਜੋ ਮੌਜੂਦਾ ਤਾਨਾਸ਼ਾਹੀ ਭਾਜਪਾ ਸਰਕਾਰ ਲਈ ਇੱਕ ਭਰੋਸੇਯੋਗ ਵਿਕਲਪ ਪੇਸ਼ ਕਰ ਸਕਦੇ ਹੋਣ।" ਸੀਨੀਅਰ ਕਾਂਗਰਸੀ ਨੇਤਾ ਨੇ ਕਾਕਰੋਚ ਜਨਤਾ ਪਾਰਟੀ (ਸੀਜੇਪੀ) ਦੇ ਸੰਸਥਾਪਕ ਅਭਿਜੀਤ ਦੀਪਕੇ ਨੂੰ ਸੁਝਾਅ ਦਿੱਤਾ ਕਿ ਸਿਰਫ਼ ਰਾਹੁਲ ਗਾਂਧੀ ਦੀ ਅਗਵਾਈ ਹੀ ਇਸ ਊਰਜਾ ਨੂੰ ਸੰਵਿਧਾਨ ਦੀ ਰੱਖਿਆ ਲਈ ਇੱਕ ਵਿਸ਼ਾਲ ਅੰਦੋਲਨ ਵਿੱਚ ਬਦਲ ਸਕਦੀ ਹੈ। ਜੇਕਰ ਊਰਜਾ ਖਤਮ ਹੋ ਜਾਂਦੀ ਹੈ, ਤਾਂ ਉਦੇਸ਼ ਖਤਮ ਹੋ ਜਾਵੇਗਾ। ਦੀਪਕ, ਜੋ ਕਿ ਇੱਕ ਅੰਬੇਡਕਰਵਾਦੀ ਹੈ, ਨੂੰ ਇਹ ਸਮਝਣਾ ਚਾਹੀਦਾ ਹੈ ਕਿ ਭਾਜਪਾ ਅਤੇ ਆਰਐੱਸਐੱਸ ਨੂੰ ਰਾਜਨੀਤਿਕ ਅਤੇ ਲੋਕਤੰਤਰੀ ਢੰਗ ਨਾਲ ਹਰਾਉਣ ਦੀ ਅਸਲ ਸਮਰੱਥਾ ਕਿਸ ਕੋਲ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਤ੍ਰਿਣਮੂਲ ਕਾਂਗਰਸ ਨੇ ਵੀ ਸੀਜੇਪੀ ਨੂੰ ਆਪਣਾ ਸਮਰਥਨ ਦੇਣ ਦਾ ਐਲਾਨ ਕੀਤਾ ਸੀ। ਪਾਰਟੀ ਦੇ ਰਾਜ ਸਭਾ ਮੈਂਬਰ ਡੇਰੇਕ ਓ'ਬ੍ਰਾਇਨ ਨੇ ਸੋਮਵਾਰ ਨੂੰ ਕਿਹਾ ਕਿ ਪਾਰਟੀ ਮੁਖੀ ਮਮਤਾ ਬੈਨਰਜੀ ਅਤੇ ਰਾਸ਼ਟਰੀ ਜਨਰਲ ਸਕੱਤਰ ਅਭਿਸ਼ੇਕ ਬੈਨਰਜੀ ਨੇ ਆਨਲਾਈਨ ਪਲੇਟਫਾਰਮ ਕਾਕਰੋਚ ਜਨਤਾ ਪਾਰਟੀ ਨੂੰ ਪੂਰਾ ਸਮਰਥਨ ਦਿੱਤਾ ਹੈ।

## ਆਰ.ਪੀ. ਸਿੰਘ ਨੇ ਪੰਜਾਬ ਦੀ ਮੌਜੂਦਾ ਕਾਨੂੰਨ ਵਿਵਸਥਾ 'ਤੇ ਪ੍ਰਗਟਾਈ ਚਿੰਤਾ

ਚੰਡੀਗੜ੍ਹ 28 ਮਈ। ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਬੁਲਾਰੇ ਆਰ.ਪੀ. ਸਿੰਘ ਨੇ ਪੰਜਾਬ ਦੀ ਮੌਜੂਦਾ ਕਾਨੂੰਨ ਵਿਵਸਥਾ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਸੂਬਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਵਿੰਨ੍ਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਅੱਜ ਗੈਂਗਵਾਰ, ਅੱਤਵਾਦ ਨਾਲ ਜੁੜੇ ਖ਼ਤਰਿਆਂ ਅਤੇ ਦਿਨ-ਦਿਹਾੜੇ ਹੋ ਰਹੀਆਂ ਹੱਤਿਆਵਾਂ ਕਾਰਨ ਡਰ ਅਤੇ ਅਸੁਰੱਖਿਆ ਦੇ ਮਾਹੌਲ ਵਿੱਚ ਧੱਕਿਆ ਜਾ ਚੁੱਕਾ ਹੈ। ਆਰ.ਪੀ. ਸਿੰਘ ਨੇ ਹਾਲ ਹੀ ਵਿੱਚ ਪੁਲਸ ਜਵਾਨਾਂ ਨੂੰ ਪ੍ਰਸ਼ਾਸਨ ਵੱਲੋਂ ਦਿੱਤੀਆਂ ਗਈਆਂ ਕਥਿਤ ਹਦਾਇਤਾਂ ਦਾ ਹਵਾਲਾ ਦਿੰਦਿਆਂ ਸਵਾਲ ਉਠਾਇਆ ਕਿ ਜੇਕਰ ਰੱਖਿਅਕ ਹੀ ਖ਼ੁਦ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ, ਤਾਂ ਸੂਬੇ ਦਾ ਕੀ ਬਣੇਗਾ? ਉਨ੍ਹਾਂ ਦੱਸਿਆ ਕਿ ਪੁਲਸ ਜਵਾਨਾਂ ਨੂੰ ਇਕੱਲੇ ਸਫਰ ਨਾ ਕਰਨ, ਜਨਤਕ ਥਾਵਾਂ 'ਤੇ ਵਰਦੀ ਪਹਿਨਣ ਤੋਂ ਬਚਣ ਅਤੇ ਆਪਣੀ ਸੁਰੱਖਿਆ ਲਈ ਜਨਤਕ ਟ?ਰਾਂਸਪੋਰਟ 'ਤੇ ਨਿਰਭਰ ਰਹਿਣ ਵਰਗੀਆਂ ਹਦਾਇਤਾਂ ਦਿੱਤੀਆਂ ਜਾ ਰਹੀਆਂ ਹਨ।

## ਭਾਰਤ ਦੀ ਪਹਿਲੀ ਰੋਬੋਟਿਕ 'ਸਪਲੈਨੋਰੇਨਲ ਬਾਈਪਾਸ' ਸਰਜਰੀ, ਦਿੱਲੀ ਦੇ ਹਸਪਤਾਲ ਨੇ ਰਚਿਆ ਇਤਿਹਾਸ

ਨਵੀਂ ਦਿੱਲੀ 28 ਮਈ। ਦਿੱਲੀ ਦੇ ਇੱਕ ਹਸਪਤਾਲ ਨੇ ਇੱਕ 67 ਸਾਲਾ ਮਹਿਲਾ ਦੀ ਰੋਬੋਟਿਕ ਸਹਾਇਤਾ ਨਾਲ 'ਸਪਲੈਨੋਰੇਨਲ ਬਾਈਪਾਸ' ਸਰਜਰੀ ਸਫਲਤਾਪੂਰਵਕ ਨੇਪਰੇ ਚਾੜ੍ਹੀ ਹੈ। ਹਸਪਤਾਲ ਨੇ ਦਾਅਵਾ ਕੀਤਾ ਹੈ ਕਿ ਇਹ ਭਾਰਤ 'ਚ ਆਪਣੀ ਤਰ੍ਹਾਂ ਦੀ ਪਹਿਲੀ ਅਜਿਹੀ ਸਰਜਰੀ ਹੈ। ਇਹ ਗੁੰਝਲਦਾਰ ਆਪ੍ਰੇਸ਼ਨ ਦਿੱਲੀ ਦੇ ਸਾਕੇਤ ਸਥਿਤ ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ 'ਚ ਕੀਤਾ ਗਿਆ। ਲਖਨਊ ਦੀ ਰਹਿਣ ਵਾਲੀ ਇਸ ਮਹਿਲਾ ਦੀ ਸੱਜੀ ਕਿਡਨੀ ਪਹਿਲਾਂ ਹੀ ਕੱਢੀ ਜਾ ਚੁੱਕੀ ਸੀ ਤੇ ਉਹ ਸਿਰਫ਼ ਆਪਣੀ ਖੱਬੀ ਕਿਡਨੀ ਸਹਾਰੇ ਜੀਅ ਰਹੀ ਸੀ। ਡਾਕਟਰੀ ਜਾਂਚ ਵਿੱਚ ਪਤਾ ਲੱਗਿਆ ਕਿ ਉਸ ਦੀ ਇਕਲੌਤੀ ਕੰਮ ਕਰਨ ਵਾਲੀ ਕਿਡਨੀ ਨੂੰ ਖ਼ੂਨ ਦੀ ਸਪਲਾਈ ਕਰਨ ਵਾਲੀ ਨਾੜੀ ਬਹੁਤ ਜ਼ਿਆਦਾ ਸੁੰਗੜ ਗਈ ਸੀ। ਇਸ ਕਾਰਨ ਮਰੀਜ਼ ਦਾ ਬਲੱਡ ਪ੍ਰੈਸ਼ਰ ਬਹੁਤ ਜ਼ਿਆਦਾ ਵਧ ਗਿਆ ਸੀ, ਜੋ ਤਿੰਨ ਤਰ੍ਹਾਂ ਦੀਆਂ ਦਵਾਈਆਂ ਲੈਣ ਦੇ ਬਾਵਜੂਦ ਵੀ ਕਾਬੂ ਵਿੱਚ ਨਹੀਂ ਆ ਰਿਹਾ ਸੀ। ਇਹ ਸਰਜਰੀ ਡਾ. ਅਨੰਤ ਕੁਮਾਰ (ਚੇਅਰਮੈਨ, ਯੂਰੋਲੋਜੀ, ਰੇਨਲ ਟ?ਰਾਂਸਪਲਾਂਟ ਅਤੇ ਰੋਬੋਟਿਕਸ) ਦੀ ਅਗਵਾਈ ਵਾਲੀ ਟੀਮ ਵੱਲੋਂ ਕੀਤੀ ਗਈ। ਡਾਕਟਰਾਂ ਨੇ 'ਸਪਲੈਨੋਰੇਨਲ ਬਾਈਪਾਸ' ਤਕਨੀਕ ਦੀ ਵਰਤੋਂ ਕੀਤੀ, ਜਿਸ 'ਚ ਖ਼ੂਨ ਸਪਲਾਈ ਕਰਨ ਵਾਲੀ ਨਾੜੀ ਨੂੰ ਕਿਡਨੀ ਦੀ ਨਾੜੀ ਨਾਲ ਜੋੜਿਆ ਗਿਆ। ਇਸ ਨਾਲ ਖ਼ੂਨ ਦੇ ਪ੍ਰਵਾਹ ਵਿੱਚ ਆਈ ਰੁਕਾਵਟ ਨੂੰ ਬਾਈਪਾਸ ਕਰਕੇ ਕਿਡਨੀ ਨੂੰ ਖ਼ੂਨ ਦੀ ਸਪਲਾਈ ਦੁਬਾਰਾ ਸ਼ੁਰੂ ਕੀਤੀ ਗਈ। ਹਸਪਤਾਲ ਮੁਤਾਬਕ, ਰੋਬੋਟਿਕ ਪ੍ਰਣਾਲੀ ਦੀ ਵਰਤੋਂ ਨਾਲ ਡਾਕਟਰਾਂ ਨੂੰ ਖ਼ੂਨ ਦੀਆਂ ਬਹੁਤ ਹੀ ਬਰੀਕ ਨਾੜੀਆਂ ਦਾ ਪੁਨਰ ਨਿਰਮਾਣ ਕਰਨ ਵਿੱਚ ਵਧੇਰੇ ਸ਼ੁੱਧਤਾ ਮਿਲੀ। ਇਹ ਇੱਕ 'ਮਿਨੀਮਲੀ ਇਨਵੇਸਿਵ' (ਘੱਟ ਚੀਰ-ਫਾੜ ਵਾਲੀ) ਪ੍ਰਕਿਰਿਆ ਸੀ, ਜਿਸ ਕਾਰਨ ਮਰੀਜ਼ ਦੀ ਸਿਹਤ ਵਿੱਚ ਤੇਜ਼ੀ ਨਾਲ ਸੁਧਾਰ ਹੋਇਆ। ਸਰਜਰੀ ਤੋਂ ਅਗਲੇ ਹੀ ਦਿਨ ਮਰੀਜ਼ ਚੱਲਣ-ਫਿਰਨ ਦੇ ਯੋਗ ਹੋ ਗਿਆ ਅਤੇ ਉਸ ਦੇ ਬਲੱਡ ਪ੍ਰੈਸ਼ਰ ਵਿੱਚ ਵੀ ਵੱਡਾ ਸੁਧਾਰ ਦੇਖਿਆ ਗਿਆ। ਸਰਜਰੀ ਤੋਂ ਬਾਅਦ ਕੀਤੇ ਗਏ ਰੇਨਲ ਸਕੈਨ ਨੇ ਪੁਸ਼ਟੀ ਕੀਤੀ ਹੈ ਕਿ ਹੁਣ ਕਿਡਨੀ ਨੂੰ ਖ਼ੂਨ ਦਾ ਪ੍ਰਵਾਹ ਬਿਲਕੁਲ ਸਹੀ ਤਰੀਕੇ ਨਾਲ ਹੋ ਰਿਹਾ ਹੈ। ਡਾ. ਅਨੰਤ ਕੁਮਾਰ ਨੇ ਕਿਹਾ ਕਿ ਜਦੋਂ ਮਰੀਜ਼ ਦੀ ਸਿਰਫ਼ ਇੱਕ ਹੀ ਕਿਡਨੀ ਕੰਮ ਕਰ ਰਹੀ ਹੋਵੇ, ਤਾਂ ਖ਼ੂਨ ਦੀ ਸਪਲਾਈ ਵਿੱਚ ਕਮੀ ਕਿਡਨੀ ਨੂੰ ਹਮੇਸ਼ਾ ਲਈ ਨੁਕਸਾਨ ਪਹੁੰਚਾ ਸਕਦੀ ਹੈ, ਇਸ ਲਈ ਅਜਿਹੇ ਮਾਮਲਿਆਂ ਵਿੱਚ ਰੋਬੋਟਿਕ ਤਕਨੀਕ ਬਹੁਤ ਲਾਹੇਵੰਦ ਸਾਬਤ ਹੁੰਦੀ ਹੈ।

## 'ਸੁਪਰੀਮ ਕੋਰਟ ਦੇ ਫੈਸਲੇ ਨੇ ਵਿਰੋਧੀ ਧਿਰ ਦੀ ਝੂਠ ਅਤੇ ਡਰ ਦੀ ਰਾਜਨੀਤੀ ਨੂੰ ਕੀਤਾ ਬੇਨਕਾਬ' ; ਤਰੁਣ ਚੁੱਘ

ਨਵੀਂ ਦਿੱਲੀ 28 ਮਈ। ਸੁਪਰੀਮ ਕੋਰਟ ਨੇ ਐੱਸ.ਆਈ.ਆਰ. ਦੇ ਮੁੱਦੇ 'ਤੇ ਅਹਿਮ ਫ਼ੈਸਲਾ ਸੁਣਾਇਆ ਹੈ ਕਿ ਇਸ ਪ੍ਰਕਿਰਿਆ ਦਾ ਉਦੇਸ਼ ਦੇਸ਼ 'ਚ ਚੋਣ ਪ੍ਰਕਿਰਿਆ ਨੂੰ ਨਿਰਪੱਖ ਤੇ ਪਾਰਦਰਸ਼ੀ ਬਣਾਉਣਾ ਹੈ, ਇਸ ਲਈ ਇਹ ਜਾਰੀ ਰਹੇਗੀ। ਸੁਪਰੀਮ ਕਰੋਟ ਦੇ ਇਸ ਫੈਸਲੇ ਦਾ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਸੁਆਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦੇ ਫੈਸਲੇ ਨੇ ਸਪਸ਼ਟ ਕਰ ਦਿੱਤਾ ਹੈ ਕਿ ਵੋਟਰ ਸੂਚੀ ਨੂੰ ਪਾਰਦਰਸ਼ੀ ਅਤੇ ਸ਼ੁੱਧ ਬਣਾਉਣ ਲਈ ਚੋਣ ਕਮਿਸ਼ਨ ਨੂੰ ਵਿਸ਼ੇਸ਼ ਤੀਬਰ ਸੋਧ ਕਰਵਾਉਣ ਦਾ ਪੂਰਾ ਸੰਵਿਧਾਨਕ ਅਧਿਕਾਰ ਹੈ। ਗੈਰਕਾਨੂੰਨੀ ਘੁਸਪੈਠ ਅਤੇ ਵੱਡੇ ਪੱਧਰ 'ਤੇ ਮਾਈਗ੍ਰੇਸ਼ਨ ਦੇ ਮੱਦੇਨਜ਼ਰ ਇਹ ਪ੍ਰਕਿਰਿਆ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਜ਼ਰੂਰੀ ਹੈ, ਪਰ ਕਾਂਗਰਸ ਅਤੇ 9©49 ਗਠਜੋੜ ਨੇ ਆਪਣੀ ਵੋਟ ਬੈਂਕ ਰਾਜਨੀਤੀ ਲਈ ਲੋਕਾਂ ਵਿੱਚ ਡਰ ਅਤੇ ਭਰਮ ਫੈਲਾਉਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ 'ਚ ਵੀ ਕਾਂਗਰਸ ਆਗੂ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਆਮ ਆਦਮੀ ਪਾਰਟੀ ਨੇ ਵਿਸ਼ੇਸ਼ ਤੀਬਰ ਸੋਧ ਨੂੰ ਲੈ ਕੇ ਝੂਠਾ ਡਰ ਪੈਦਾ ਕੀਤਾ, ਜਦਕਿ ਅੱਜ ਸੁਪਰੀਮ ਕੋਰਟ ਦੇ ਫੈਸਲੇ ਨੇ ਸਾਬਤ ਕਰ ਦਿੱਤਾ ਹੈ ਕਿ ਵਿਰੋਧੀ ਧਿਰ ਦਾ ਇਹ ਪੂਰਾ ਅਭਿਆਨ ਕੇਵਲ ਸੰਵਿਧਾਨਕ ਸੰਸਥਾਵਾਂ ਨੂੰ ਬਦਨਾਮ ਕਰਨ ਅਤੇ ਰਾਜਨੀਤਿਕ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਸੀ।

## 2029 ਦੀਆਂ ਚੋਣਾਂ 'ਚ ਔਰਤਾਂ ਨੂੰ ਮਿਲੇਗਾ 33% ਰਾਖਵਾਂਕਰਨ, ਟੀਡੀਪੀ ਨੇ ਕਰ 'ਤਾ ਵੱਡਾ ਐਲਾਨ

ਕੌਮੀ ਪਤ੍ਰਿਕਾ

ਅਮਰਾਵਤੀ 28 ਮਈ। ਤੇਲਗੂ ਦੇਸ਼ਮ ਪਾਰਟੀ (ਟੀਡੀਪੀ) ਦੇ ਕਾਰਜਕਾਰੀ ਪ੍ਰਧਾਨ ਅਤੇ ਆਂਧਰਾ ਪ੍ਰਦੇਸ਼ ਦੇ ਆਈਟੀ ਮੰਤਰੀ ਨਾਰਾ ਲੋਕੇਸ਼ ਨੇ ਪ੍ਰਸਤਾਵ ਦਿੱਤਾ ਕਿ ਪਾਰਟੀ ਨੂੰ 2029 ਦੀਆਂ ਚੋਣਾਂ ਵਿੱਚ ਔਰਤਾਂ ਲਈ 33



ਪ੍ਰਤੀਸ਼ਤ ਸੀਟਾਂ ਨਿਰਧਾਰਤ ਕਰਨੀਆਂ ਚਾਹੀਦੀਆਂ ਹਨ। ਟੀਡੀਪੀ ਦੇ ਸਾਲਾਨਾ ਸੰਮੇਲਨ 'ਮਹਾਨਾਡੂ' ਨੂੰ ਸੰਬੋਧਨ ਕਰਦਿਆਂ ਲੋਕੇਸ਼ ਨੇ ਕਿਹਾ ਕਿ ਪਾਰਟੀ 'ਮਹਿਲਾ ਸ਼ਕਤੀ' ਵਿੱਚ ਵਿਸ਼ਵਾਸ ਰੱਖਦੀ ਹੈ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਾਨੂੰ ਹੋਰ ਮਹਿਲਾ ਸੰਸਦ ਮੈਂਬਰਾਂ ਦੀ ਲੋੜ ਹੈ। ਉਨ੍ਹਾਂ ਕਿਹਾ, ਇਸ ਲਈ, ਮੈਂ ਪ੍ਰਸਤਾਵ ਰੱਖਦਾ ਹਾਂ ਕਿ ਅਸੀਂ ਅੱਗੇ ਤੋਂ ਅਗਵਾਈ ਕਰੀਏ। ਅੱਜ, ਇਸ ਪਵਿੱਤਰ ਮਹਾਨਡੂ ਪਲੇਟਫਾਰਮ ਤੋਂ ਮੈਂ ਪ੍ਰਸਤਾਵ ਰੱਖਦਾ ਹਾਂ ਕਿ ਤੇਲਗੂ ਦੇਸ਼ਮ ਪਾਰਟੀ ਨੂੰ 2029 ਦੀਆਂ ਚੋਣਾਂ ਵਿੱਚ ਔਰਤਾਂ ਨੂੰ 33 ਪ੍ਰਤੀਸ਼ਤ ਸੀਟਾਂ ਅਲਾਟ ਕਰਨੀਆਂ ਚਾਹੀਦੀਆਂ ਹਨ। ਇਹ ਸਿਰਫ਼ ਇੱਕ ਨਾਅਰਾ ਨਹੀਂ ਹੈ, ਸਗੋਂ ਭਾਰਤ ਦੇ ਭਵਿੱਖ ਪ੍ਰਤੀ ਵਚਨਬੱਧਤਾ ਹੈ। ਹਾਲਾਂਕਿ ਪਾਰਟੀ ਨੇ ਵਿਧਾਨ ਸਭਾਵਾਂ ਵਿੱਚ ਔਰਤਾਂ ਦੇ ਰਾਖਵੇਂਕਰਨ ਦਾ ਪੂਰਾ ਸਮਰਥਨ ਕੀਤਾ ਪਰ ਲੋਕੇਸ਼ ਨੇ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ 'ਤੇ ਬਿੱਲ ਦੀ ਪ੍ਰਗਤੀ ਨੂੰ ਰੋਕਣ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ, ਮੈਨੂੰ ਵਿਸ਼ਵਾਸ ਹੈ ਕਿ ਭਾਰਤੀ ਰਾਜਨੀਤੀ ਦਾ ਅਗਲਾ ਸਾਲ ਔਰਤਾਂ ਦੀ ਅਗਵਾਈ ਵਾਲਾ ਹੋਵੇਗਾ ਅਤੇ ਭਾਰਤ ਨੇ ਮਹਿਲਾ ਰਿਜ਼ਰਵੇਸ਼ਨ ਬਿੱਲ ਪੇਸ਼ ਕਰਕੇ ਇੱਕ ਇਤਿਹਾਸਕ ਕਦਮ ਚੁੱਕਿਆ ਹੈ। ਉਨ੍ਹਾਂ ਕਿਹਾ, ਸਾਡਾ ਦ੍ਰਿਸ਼ਟੀਕੋਣ ਸਪੱਸ਼ਟ ਹੈ: ਔਰਤਾਂ ਨੂੰ ਸਿਰਫ਼ ਲਾਭਪਾਤਰੀ ਹੀ ਨਹੀਂ ਹੋਣਾ ਚਾਹੀਦਾ, ਸਗੋਂ ਫੈਸਲਾ ਲੈਣ ਵਾਲੀਆਂ ਵੀ ਹੋਣੀਆਂ ਚਾਹੀਦੀਆਂ ਹਨ। ਲੋਕੇਸ਼ ਨੇ ਕਿਹਾ, ਬਹੁਤ ਸਾਰੀਆਂ ਪਾਰਟੀਆਂ ਚੋਣਾਂ ਦੌਰਾਨ ਮਹਿਲਾ ਸਸ਼ਕਤੀਕਰਨ ਬਾਰੇ ਗੱਲ ਕਰਦੀਆਂ ਹਨ ਅਤੇ ਫਿਰ ਚੋਣਾਂ ਤੋਂ ਬਾਅਦ ਇਸ ਬਾਰੇ ਭੁੱਲ ਜਾਂਦੀਆਂ ਹਨ ਪਰ ਟੀਡੀਪੀ ਆਪਣੀ ਸ਼ੁਰੂਆਤ ਤੋਂ ਹੀ ਮਹਿਲਾ ਸ਼ਕਤੀ ਵਿੱਚ ਵਿਸ਼ਵਾਸ ਰੱਖਦੀ ਆਈ ਹੈ। ਸਾਲ 2029 ਵਿੱਚ ਲੋਕ ਸਭਾ ਚੋਣਾਂ ਤੋਂ ਇਲਾਵਾ ਆਂਧਰਾ ਪ੍ਰਦੇਸ਼ ਵਿਧਾਨ ਸਭਾ ਚੋਣਾਂ ਵੀ ਹੋਣੀਆਂ ਹਨ।

# 'ਨਿਰਪੱਖ ਚੋਣਾਂ ਲਈ ਇਹ ਜ਼ਰੂਰੀ..' ਵਿਸ਼ੇਸ਼ ਤੀਬਰ ਸੋਧ 'ਤੇ ਸੁਪਰੀਮ ਕੋਰਟ ਨੇ ਸੁਣਾਇਆ ਵੱਡਾ ਫ਼ੈਸਲਾ

ਕੌਮੀ ਪਤ੍ਰਿਕਾ

ਤੇਜਿੰਦਰ ਕੌਰ ਬੱਬਰ

ਨਵੀਂ ਦਿੱਲੀ 28 ਮਈ। ਸੁਪਰੀਮ ਕੋਰਟ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ ਕਰਵਾਉਣ ਦੇ ਚੋਣ ਕਮਿਸ਼ਨ ਦੇ ਅਧਿਕਾਰ ਨੂੰ ਬਰਕਰਾਰ ਰੱਖਦੇ ਹੋਏ ਕਿਹਾ ਕਿ ਇਹ ਪ੍ਰਕਿਰਿਆ ਆਜ਼ਾਦ ਅਤੇ ਨਿਰਪੱਖ ਚੋਣਾਂ ਦੀ ਸੰਵਿਧਾਨਕ ਜ਼ਰੂਰਤ ਨੂੰ ਅੱਗੇ ਵਧਾਉਂਦੀ ਹੈ। ਭਾਰਤ ਦੇ ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਫੈਸਲਾ ਸੁਣਾਇਆ ਕਿ ਚੋਣ ਕਮਿਸ਼ਨ ਨੇ ਵਿਸ਼ੇਸ਼ ਤੀਬਰ ਸੋਧ ਦੀ ਵਰਤੋਂ ਕਰਕੇ ਆਪਣੀਆਂ ਕਾਨੂੰਨੀ ਸ਼ਕਤੀਆਂ ਦੀ ਉਲੰਘਣਾ ਨਹੀਂ ਕੀਤੀ। ਬੈਂਚ ਨੇ ਕਿਹਾ, ਅਸੀਂ ਇਹ ਸਿੱਟਾ ਨਹੀਂ ਕੱਢ ਸਕਦੇ ਕਿ ਇਤਰਾਜ਼ਯੋਗ ਪ੍ਰਕਿਰਿਆ ਸਿਰਫ਼ ਪ੍ਰਸ਼ਾਸਕੀ ਸਹੂਲਤ ਲਈ ਅਪਣਾਈ ਗਈ ਸੀ। ਇਸ ਦੇ ਉਲਟ, ਸਾਡਾ ਮੰਨਣਾ ਹੈ ਕਿ ਚੋਣ ਕਮਿਸ਼ਨ ਸੁਤੰਤਰ ਅਤੇ ਨਿਰਪੱਖ ਚੋਣਾਂ ਦੀ ਸੰਵਿਧਾਨਕ ਜ਼ਰੂਰਤ ਨੂੰ ਮਜ਼ਬੂਤ ??ਕਰਦਾ ਹੈ। ਐਸਆਈਆਰ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਚੋਣ ਕਮਿਸ਼ਨ ਕੋਲ ਸੰਵਿਧਾਨ ਦੀ ਧਾਰਾ 326, ਲੋਕ ਪ੍ਰਤੀਨਿਧਤਾ ਐਕਟ, 1950 ਅਤੇ ਇਸ ਨਾਲ ਸਬੰਧਤ ਨਿਯਮਾਂ ਦੇ ਤਹਿਤ ਅਜਿਹਾ ਵਿਆਪਕ ਐਸਆਈਆਰ ਕਰਨ ਦਾ ਅਧਿਕਾਰ ਨਹੀਂ ਸੀ। ਸੁਪਰੀਮ ਕੋਰਟ ਨੇ 29 ਜਨਵਰੀ ਨੂੰ ਇਸ ਮਾਮਲੇ ਵਿੱਚ ਆਪਣਾ ਫੈਸਲਾ ਸੁਰੱਖਿਅਤ



ਰੱਖ ਲਿਆ ਸੀ। ਇਨ੍ਹਾਂ ਪਟੀਸ਼ਨਾਂ ਵਿੱਚ ਗੈਰ-ਸਰਕਾਰੀ ਸੰਗਠਨ ਐਸੋਸੀਏਸ਼ਨ ਫਾਰ ਡੈਮੋਕ੍ਰੇਟਿਕ ਰਿਫਾਰਮਜ਼ (ਏਡੀਆਰ) ਦੁਆਰਾ ਦਾਇਰ ਪਟੀਸ਼ਨ ਸ਼ਾਮਲ ਸੀ। ਐਸਆਈਆਰ ਮੁਹਿੰਮ ਦਾ ਪਹਿਲਾ ਪੜਾਅ ਬਿਹਾਰ ਵਿੱਚ ਕੀਤਾ ਗਿਆ ਸੀ। ਪਿਛਲੇ ਸਾਲ 12 ਅਗਸਤ ਨੂੰ ਅਦਾਲਤ ਨੇ ਮਾਮਲੇ ਵਿੱਚ ਅੰਤਿਮ ਦਲੀਲਾਂ ਸ਼ੁਰੂ ਕੀਤੀਆਂ ਅਤੇ ਕਿਹਾ ਕਿ ਵੋਟਰ ਸੂਚੀਆਂ ਵਿੱਚੋਂ ਨਾਵਾਂ ਨੂੰ ਸ਼ਾਮਲ ਕਰਨਾ ਜਾਂ ਮਿਟਾਉਣਾ ਚੋਣ ਕਮਿਸ਼ਨ ਦੇ ਸੰਵਿਧਾਨਕ ਅਧਿਕਾਰ ਖੇਤਰ ਵਿੱਚ ਆਉਂਦਾ ਹੈ। ਚੋਣ ਕਮਿਸ਼ਨ ਨੇ ਵਿਸ਼ੇਸ਼ ਤੀਬਰ ਸੋਧ ਮੁਹਿੰਮ ਤਹਿਤ ਪ੍ਰਕਾਸ਼ਿਤ ਡਰਾਫਟ ਵੋਟਰ ਸੂਚੀ ਵਿੱਚੋਂ ਹਟਾਏ 65 ਲੱਖ ਲੋਕਾਂ ਦੇ ਨਾਮ ਜਨਤਕ ਕੀਤੇ ਸਨ। ਐਸਆਈਆਰ ਨੋਟੀਫਿਕੇਸ਼ਨ ਦੇ ਅਨੁਸਾਰ, ਜਿਨ੍ਹਾਂ ਵੋਟਰਾਂ ਦੇ ਨਾਮ 2002 ਜਾਂ 2003 ਦੀਆਂ ਵੋਟਰ ਸੂਚੀਆਂ ਵਿੱਚ ਨਹੀਂ ਸਨ, ਉਨ੍ਹਾਂ ਨੂੰ ਉਸ ਸਮੇਂ ਸੂਚੀ ਵਿੱਚ ਸ਼ਾਮਲ ਕਿਸੇ ਵਿਅਕਤੀ ਨਾਲ ਆਪਣੇ ਪੁਰਖਿਆਂ ਦੇ ਰਿਸ਼ਤੇ ਨੂੰ ਸਾਬਤ ਕਰਨਾ ਪੈਂਦਾ ਸੀ। ਐਸਆਈਆਰ ਪ੍ਰਕਿਰਿਆ ਦਾ ਬਚਾਅ ਕਰਦੇ ਹੋਏ ਚੋਣ ਕਮਿਸ਼ਨ ਨੇ ਕਿਹਾ ਸੀ ਕਿ ਆਧਾਰ ਅਤੇ ਵੋਟਰ ਆਈਡੀ ਕਾਰਡਾਂ ਨੂੰ ਨਾਗਰਿਕਤਾ ਦਾ ਅੰਤਿਮ ਸਬੂਤ ਨਹੀਂ ਮੰਨਿਆ ਜਾ ਸਕਦਾ। ਪਟੀਸ਼ਨਕਰਤਾਵਾਂ ਨੇ ਦੋਸ਼ ਲਗਾਇਆ ਸੀ ਕਿ ਵੋਟਰ ਸੂਚੀ ਦੀ ਇਹ ਸੋਧ ਰਾਸ਼ਟਰੀ ਨਾਗਰਿਕ ਰਜਿਸਟਰ (ਐਨਆਰਸੀ) ਵਰਗੀ ਪ੍ਰਕਿਰਿਆ ਸੀ ਜਿਸ ਵਿੱਚ ਚੋਣ ਕਮਿਸ਼ਨ ਨਾਗਰਿਕਤਾ ਦੀ ਪੁਸ਼ਟੀ ਕਰ ਰਿਹਾ ਸੀ, ਜਦੋਂ ਕਿ ਇਹ ਸ਼ਕਤੀ ਕੇਂਦਰ ਸਰਕਾਰ ਕੋਲ ਹੈ।

# ਸੜਕ ’ਤੇ ਕਾਲ ਬਣ ਕੇ ਦੌੜੀ ਬੇਕਾਬੂ ਟਰੈਕਟਰ-ਟਰਾਲੀ, ਸਾਈਕਲ ਸਵਾਰ ਦੀ ਦਰਦਨਾਕ ਮੌਤ

**ਕੌਮੀ ਪਤ੍ਰਿਕਾ**

ਲੁਧਿਆਣਾ 28 ਮਈ। ਸ਼ੇਰਪੁਰ ਚੌਕ ’ਤੇ ਤੇਜ਼ ਰਫ਼ਤਾਰ ਅਤੇ ਟ?ਰੈਫਿਕ ਨਿਯਮਾਂ ਦੀ ਉਲੰਘਣਾ ਨੇ ਇਕ ਹੋਰ ਮਾਸੂਮ ਦੀ ਜਾਨ ਲੈ ਲਈ ਹੈ। ਇੱਥੇ ਗਲਤ ਦਿਸ਼ਾ ਤੋਂ ਬੇਕਾਬੂ ਹੋ ਕੇ ਆ ਰਹੀ ਇਕ ਟਰੈਕਟਰ-ਟਰਾਲੀ ਨੇ ਇਕ ਸਾਈਕਲ ਸਵਾਰ ਨੂੰ ਆਪਣੀ ਲਪੇਟ ਵਿਚ ਲੈ ਲਿਆ। ਟੱਕਰ ਇੰਨੀ ਭਿਆਨਕ ਸੀ ਕਿ ਸਾਈਕਲ ਸਵਾਰ ਸਿੱਧਾ ਭਾਰੀ ਟਰਾਲੀ ਦੇ ਟਾਇਰਾਂ ਹੇਠਾਂ ਆ ਗਿਆ ਅਤੇ ਉਸ ਦੀ ਮੌਕੇ ’ਤੇ ਹੀ ਬਹੁਤ ਦਰਦਨਾਕ ਮੌਤ ਹੋ ਗਈ। ਹਾਦਸੇ ਤੋਂ ਤੁਰੰਤ ਬਾਅਦ ਮੁਲਜ਼ਮ ਡਰਾਈਵਰ ਆਪਣੀ ਟਰਾਲੀ ਸੜਕ ਦੇ ਵਿਚਕਾਰ ਛੱਡ ਕੇ ਮੌਕੇ ਤੋਂ ਫ਼ਰਾਰ ਹੋ ਗਿਆ। ਇਸ ਘਟਨਾ ਤੋਂ ਬਾਅਦ ਸਥਾਨਕ ਲੋਕਾਂ ਵਿਚ ਪੁਲਸ ਅਤੇ ਪ੍ਰਸ਼ਾਸਨ ਖ਼?ਲਾਫ਼ ਭਾਰੀ ਰੋਸ ਦੇਖਣ ਨੂੰ ਮਿਲ ਰਿਹਾ ਹੈ। ਜਾਂਚ ਅਧਿਕਾਰੀ ਏ.ਐੱਸ.ਆਈ.ਜਸਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਕੰਟਰੋਲ ਰੂਮ ਨੂੰ ਸੂਚਨਾ ਮਿਲੀ ਸੀ ਕਿ ਸ਼ੇਰਪੁਰ ਚੌਂਕ ਨੇੜੇ ਇਕ ਟਰੈਕਟਰ-ਟਰਾਲੀ ਨੇ ਸਾਈਕਲ ਸਵਾਰ ਨੂੰ ਦਰੜ ਦਿੱਤਾ ਹੈ। ਜਾਂਚ ਦੌਰਾਨ ਇਹ ਵੱਡਾ ਖੁਲਾਸਾ ਹੋਇਆ ਕਿ ਜਿਸ ਟਰੈਕਟਰ-ਟਰਾਲੀ ਨਾਲ ਹਾਦਸਾ ਹੋਇਆ, ਉਸ ’ਤੇ ਕੋਈ ਨੰਬਰ ਪਲੇਟ ਨਹੀਂ ਲੱਗੀ ਹੋਈ ਸੀ। ਪੁਲਸ ਨੇ ਬਿਨਾਂ ਨੰਬਰੀ ਟਰਾਲੀ ਨੂੰ ਕਬਜ਼ੇ ਵਿਚ ਲੈ ਕੇ ਫ਼ਰਾਰ ਡਰਾਈਵਰ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਏ.ਐੱਸ.ਆਈ. ਨੇ ਭਰੋਸਾ ਦਿੱਤਾ ਕਿ ਮੁਲਜ਼ਮ ਖ਼?ਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਮੌਕੇ ’ਤੇ ਮੌਜੂਦ ਵਿਅਕਤੀ ਬਿੰਦਰ ਨੇ ਦੱਸਿਆ ਕਿ ਉਸ ਨੇ ਅਚਾਨਕ ਇਕ ਜ਼ੋਰਦਾਰ ਧਮਾਕੇ ਦੀ ਆਵਾਜ਼ ਸੁਣੀ ਅਤੇ ਚੀਕ-ਚਿਹਾੜਾ ਮਚ ਗਈ। ਉਸ ਨੇ ਦੋਸ਼ ਲਾਇਆ ਕਿ ਹਾਦਸੇ ਤੋਂ ਬਾਅਦ ਨਾ ਤਾਂ ਸਰਕਾਰੀ ਐਂਬੂਲੈਂਸ ਸਮੇਂ ਸਿਰ ਪਹੁੰਚੀ ਅਤੇ ਨਾ ਹੀ ਜ਼ਖ਼ਮੀ ਨੂੰ ਕੋਈ ਮੈਡੀਕਲ ਸਹਾਇਤਾ ਮਿਲੀ। ਅਖੀਰ ਉਨ੍ਹਾਂ ਨੇ ਖੁਦ ਨਿੱਜੀ ਐਂਬੂਲੈਂਸ ਦਾ ਪ੍ਰਬੰਧ ਕੀਤਾ, ਪਰ ਉਦੋਂ ਤੱਕ ਬਹੁਤ ਦੇਰ ਹੋ ਚੁੱਕੀ ਸੀ ਅਤੇ ਜ਼ਿਆਦਾ ਖ਼ੂਨ ਵਹਿ ਜਾਣ ਕਾਰਨ ਨੌਜਵਾਨ ਨੇ ਦਮ ਤੋੜ ਦਿੱਤਾ ਸੀ। ਸਥਾਨਕ ਦੁਕਾਨਦਾਰਾਂ ਅਤੇ ਰਾਹਗੀਰਾਂ ਨੇ ਦੋਸ਼ ਲਾਇਆ ਕਿ ਸੂਚਨਾ ਦੇਣ ਦੇ ਬਾਵਜੂਦ ਪੁਲਸ ਅਤੇ ਪ੍ਰਸ਼ਾਸਨਿਕ ਅਮਲਾ ਕਰੀਬ 45 ਮਿੰਟ ਦੀ ਦੇਰੀ ਨਾਲ ਪਹੁੰਚਿਆ। ਜੇਕਰ ਸਹਾਇਤਾ ਸਮੇਂ ਸਿਰ ਮਿਲ ਜਾਂਦੀ ਤਾਂ ਸ਼ਾਇਦ ਉਸ ਵਿਅਕਤੀ ਦੀ ਜਾਨ ਬਚ ਸਕਦੀ ਸੀ। ਪੁਲਸ ਅਧਿਕਾਰੀਆਂ ਅਨੁਸਾਰ ਮ੍ਰਿਤਕ ਕੋਲੋਂ ਕੋਈ ਅਜਿਹਾ ਦਸਤਾਵੇਜ਼ ਨਹੀਂ ਮਿਲਿਆ ਜਿਸ ਨਾਲ ਉਸ ਦੀ ਪਛਾਣ ਹੋ ਸਕੇ। ਫਿਲਹਾਲ ਲਾਸ਼ ਨੂੰ ਪੋਸਟਮਾਰਟਮ ਅਤੇ ਸ਼ਨਾਖਤ ਲਈ ਸਿਵਲ ਹਸਪਤਾਲ ਦੀ ਮੋਰਚਰੀ ਵਿਚ ਰੱਖਵਾ ਦਿੱਤਾ ਗਿਆ ਹੈ ਅਤੇ ਆਸ-ਪਾਸ ਦੇ ਇਲਾਕਿਆਂ ਵਿਚ ਅਲਰਟ ਜਾਰੀ ਕਰ ਦਿੱਤਾ ਗਿਆ ਹੈ।

# ਭਿਆਨਕ ਗਰਮੀ ਤੋਂ ਮਿਲੇਗੀ ਰਾਹਤ ! 30 ਮਈ ਤੱਕ ਇਨ੍ਹਾਂ ਸੂਬਿਆਂ ’ਚ ਭਾਰੀ ਮੀਂਹ-ਹਨੇਰੀ ਦਾ ਅਲਰਟ

ਨਵੀਂ ਦਿੱਲੀ/ਲਖਨਊ 28 ਮਈ। ਭਾਰਤੀ ਮੌਸਮ ਵਿਭਾਗ (9$4) ਨੇ ਦਿੱਲੀ ਤੇ ਉੱਤਰ ਪ੍ਰਦੇਸ਼ ਸਮੇਤ ਉੱਤਰੀ ਭਾਰਤ ਦੇ ਕਈ ਸੂਬਿਆਂ ’ਚ 28 ਤੋਂ 30 ਮਈ ਤੱਕ ਭਾਰੀ ਬਾਰਿਸ਼ ਹੋਣ ਦੀ ਚਿਤਾਵਨੀ ਜਾਰੀ ਕੀਤੀ ਹੈ। ਇਸ ਤਬਦੀਲੀ ਨਾਲ ਲੋਕਾਂ ਨੂੰ ਪਿਛਲੇ ਕਈ ਦਿਨਾਂ ਤੋਂ ਪੈ ਰਹੀ ਭਿਆਨਕ ਲੂ ਤੋਂ ਵੱਡੀ ਰਾਹਤ ਮਿਲਣ ਦੀ ਉਮੀਦ ਹੈ। ਪਿਛਲੇ ਦੋ ਦਿਨਾਂ ਵਿੱਚ ਆਏ ਤੇਜ਼ ਹਨੇਰੀ-ਤੂਫਾਨ ਨੇ ਉੱਤਰ ਪ੍ਰਦੇਸ਼ ਦੇ ਕਈ ਜ਼ਿਲ੍ਹਿਆਂ ਵਿੱਚ ਭਾਰੀ ਤਬਾਹੀ ਮਚਾਈ ਹੈ। ਲਖੀਮਪੁਰ, ਗੋਂਡਾ ਅਤੇ ਸੀਤਾਪੁਰ ਵਿੱਚ ਵੱਖ-ਵੱਖ ਹਾਦਸਿਆਂ ਦੌਰਾਨ 8 ਲੋਕਾਂ ਦੀ ਜਾਨ ਚਲੀ ਗਈ ਹੈ। ਤੂਫਾਨ ਕਾਰਨ ਕਈ ਮਕਾਨਾਂ ਦੀਆਂ ਕੰਧਾਂ ਡਿੱਗ ਗਈਆਂ ਅਤੇ ਕਈ ਥਾਵਾਂ ’ਤੇ ਟੀਨ-ਸ਼ੈੱਡ ਉੱਡ ਗਏ। ਲਖੀਮਪੁਰ ਦੇ ਕਾਰੀਬਡੇਰੀ ਪਿੰਡ ਵਿੱਚ ਭਿਆਨਕ ਅੱਗ ਲੱਗਣ ਕਾਰਨ 40 ਘਰ ਸੜ ਕੇ ਸੁਆਹ ਹੋ ਗਏ। ਤੇਜ਼ ਹਵਾਵਾਂ ਕਾਰਨ ਦਰੱਖਤ ਅਤੇ ਬਿਜਲੀ ਦੇ ਖੰਭੇ ਡਿੱਗਣ ਨਾਲ ਕਈ ਇਲਾਕਿਆਂ ਦੀ ਬਿਜਲੀ ਸਪਲਾਈ ਵੀ ਠੱਪ ਹੋ ਗਈ ਹੈ। ਗੋਂਡਾ ’ਚ ਮਨਕਾਪੁਰ-ਅਯੁੱਧਿਆ ਰੇਲ ਮਾਰਗ ’ਤੇ ਦਰੱਖਤ ਡਿੱਗਣ ਕਾਰਨ ਟ?ਰੈਕ ਜਾਮ ਹੋ ਗਿਆ, ਜਿਸ ਕਾਰਨ ਕਈ ਟ?ਰੇਨਾਂ ਦੇ ਰੂਟ ਬਦਲਣੇ ਪਏ। ਇਸ ਕੁਦਰਤੀ ਆਫ਼ਤ ਨੇ ਕਿਸਾਨਾਂ ਦੀਆਂ ਫਸਲਾਂ ਨੂੰ ਵੀ ਭਾਰੀ ਨੁਕਸਾਨ ਪਹੁੰਚਾਇਆ ਹੈ। ਮੁੱਖ ਮੰਤਰੀ ਯੋਗੀ ਆਦਿੱਤਯਨਾਥ ਨੇ ਇਸ ਸਥਿਤੀ ’ਤੇ ਡੂੰਘੀ ਸੰਵੇਦਨਾ ਪ੍ਰਗਟ ਕਰਦਿਆਂ ਅਧਿਕਾਰੀਆਂ ਨੂੰ ਰਾਹਤ ਕਾਰਜ ਤੇਜ਼ ਕਰਨ ਤੇ ਪੀੜਤਾਂ ਦੀ ਹਰ ਸੰਭਵ ਮਦਦ ਕਰਨ ਦੇ ਨਿਰਦੇਸ਼ ਦਿੱਤੇ ਹਨ। ਮੌਸਮ ਵਿਗਿਆਨੀਆਂ ਅਨੁਸਾਰ, ਇੱਕ ’ਪੱਛਮੀ ਗੜਬੜੀ’ ਬੰਗਾਲ ਦੀ ਖਾੜੀ ਤੋਂ ਹੁੰਦੀ ਹੋਈ ਉੱਤਰੀ ਭਾਰਤ ਵੱਲ ਵਧ ਰਹੀ ਹੈ। ਇਸ ਦੇ ਨਾਲ ਹੀ ਪੰਜਾਬ ਤੇ ਹਰਿਆਣਾ ਦੇ ਉੱਪਰ ਚੱਕਰਵਾਤੀ ਹਵਾਵਾਂ ਦਾ ਸਿਸਟਮ ਬਣ ਰਿਹਾ ਹੈ, ਜਿਸ ਕਾਰਨ 28 ਮਈ ਦੀ ਸ਼ਾਮ ਤੋਂ ਤੇਜ਼ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਇਸ ਨਾਲ ਤਾਪਮਾਨ ’ਚ ਵੱਡੀ ਗਿਰਾਵਟ ਦਰਜ ਕੀਤੀ ਜਾਵੇਗੀ। ਮੌਸਮ ਵਿਭਾਗ ਨੇ ਯੂਪੀ ਤੋਂ ਇਲਾਵਾ ਹਿਮਾਚਲ ਪ੍ਰਦੇਸ਼, ਉੱਤਰਾਖੰਡ, ਜੰਮੂ-ਕਸ਼ਮੀਰ, ਦਿੱਲੀ, ਹਰਿਆਣਾ, ਬਿਹਾਰ, ਝਾਰਖੰਡ ਅਤੇ ਪੱਛਮੀ ਬੰਗਾਲ ਵਿੱਚ ਬਾਰਿਸ਼, ਧੂੜ ਭਰੀ ਹਨੇਰੀ ਤੇ ਗੜੇਮਾਰੀ ਦਾ ਅਲਰਟ ਜਾਰੀ ਕੀਤਾ ਹੈ। ਉੱਤਰ-ਪੂਰਬੀ ਸੂਬਿਆਂ ’ਚ ਵੀ ਮੀਂਹ ਪੈਣ ਦੀ ਸੰਭਾਵਨਾ ਜਤਾਈ ਗਈ ਹੈ।

# ਪੁਲਸ ਵੱਲੋਂ ਲੁੱਟਾਂ-ਖੋਹਾਂ ਕਰਨ ਵਾਲੇ 2 ਦੋਸ਼ੀ ਕਾਬੂ, ਮੋਟਰਸਾਈਕਲ, 8 ਮੋਬਾਇਲ ਫੋਨ ਤੇ ਦਾਤਰ ਬਰਾਮਦ

**ਕੌਮੀ ਪਤ੍ਰਿਕਾ**

ਲੁਧਿਆਣਾ 28 ਮਈ। ਮਾਨਯੋਗ ਕਮਿਸ਼ਨਰ ਪੁਲਸ ਲੁਧਿਆਣਾ ਸਵਪਨ ਸ਼ਰਮਾ ਆਈ. ਪੀ. ਐਸ., ਦੇਵ ਸਿੰਘ ਪੀ.ਪੀ.ਐਸ ਵਧੀਕ ਡਿਪਟੀ ਕਮਿਸ਼ਨਰ ਪੁਲਸ ਜੋਨ-3 ਲੁਧਿਆਣਾ ਅਤੇ ਜਤਿੰਦਰਪਾਲ ਸਿੰਘ ਪੀ.ਪੀ.ਐਸ ਸਹਾਇਕ ਕਮਿਸ਼ਨਰ ਪੁਲਸ ਪੱਛਮੀ ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਹੇਠ SI/SHO ਕ੍ਰਿਸ਼ਨ ਲਾਲ ਮੁੱਖ ਅਫਸਰ ਥਾਣਾ ਹੈਬੋਵਾਲ ਲੁਧਿਆਣਾ ਦੀ ਅਗਵਾਈ ਵਿੱਚ ਸ.ਥ ਸੁਖਜਿੰਦਰ ਸਿੰਘ ਇੰਚਾਰਜ ਚੌਕੀ ਜਗਤਪੁਰੀ ਥਾਣਾ ਹੈਬੋਵਾਲ ਦੀ ਪੁਲਸ ਪਾਰਟੀ ਨੇ ਸ਼ਹਿਰ ਵਿੱਚ ਲੁੱਟਾਂ-ਖੋਹਾਂ ਕਰਨ ਵਾਲੇ ਦੋ ਦੋਸ਼ੀਆਂ ਨੂੰ ਕਾਬੂ ਕਰਕੇ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ। ਪੁਲਸ ਨੂੰ ਮੁਖਬਰ ਖਾਸ ਤੋਂ ਮਿਲੀ ਇਤਲਾਹ ਦੇ ਆਧਾਰ ’ਤੇ ਸੋਨੂੰ ਕੁਮਾਰ ਉਰਫ ਲਾਲ ਸ਼ਾਹ ਪੁੱਤਰ ਬਾਬੂ ਸ਼ਾਹ ਵਾਸੀ ਪਿੰਡ ਨਰੂਲ ਜਿਲ੍ਹਾ ਜਲੰਧਰ, ਹਾਲ ਵਾਸੀ ਗਰੇਵਾਲ ਕਲੋਨੀ ਨੇੜੇ ਲੱਖਾ ਸਿੰਘ ਪੁਲ, ਜੱਸੀਆ ਰੋਡ ਲੁਧਿਆਣਾ ਅਤੇ ਬਲਵਿੰਦਰ ਸਿੰਘ ਉਰਫ ਬਿੰਦਰੀ ਪੁੱਤਰ ਲੇਟ ਸਵਰਨ ਸਿੰਘ ਵਾਸੀ ਮਕਾਨ ਨੰਬਰ 2444, ਪੀਰਾ ਵਾਲੀ ਗਲੀ, ਚੰਦਰ ਨਗਰ ਲੁਧਿਆਣਾ ਖਿਲਾਫ ਮੁਕੱਦਮਾ ਨੰਬਰ 133 ਮਿਤੀ 17-05-2026 ਅਧੀਨ ਧਾਰਾ 304, 317(2), 3(5) ਬੀ.ਐੱਨ.ਐੱਸ ਥਾਣਾ ਹੈਬੋਵਾਲ ਲੁਧਿਆਣਾ ਵਿਖੇ ਦਰਜ ਰਜਿਸਟਰ ਕੀਤਾ ਗਿਆ। ਕਾਰਵਾਈ ਦੌਰਾਨ



ਪੁਲਸ ਵੱਲੋਂ ਦੋਵੇਂ ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 1 ਮੋਟਰਸਾਈਕਲ ਮਾਰਕਾ ਰਾਈਡਰ, ਵੱਖ-ਵੱਖ ਕੰਪਨੀਆਂ ਦੇ 8 ਮੋਬਾਇਲ ਫੋਨ ਅਤੇ 1 ਦਾਤਰ ਬਰਾਮਦ ਕੀਤਾ ਗਿਆ। ਦੋਸ਼ੀਆਂ ਨੂੰ ਪੁੱਛਗਿੱਛ ਤੋਂ ਬਾਅਦ ਹਸਬ ਜਾਬਤਾ ਗ੍ਰਿਫਤਾਰ ਕਰਕੇ ਕੇਂਦਰੀ ਲੁਧਿਆਣਾ ਦੀ ਜੇਲ ’ਚ ਭੇਜਿਆ ਗਿਆ ਹੈ।

## ਨੈਨੀਤਾਲ ’ਚ ਦਰਦਨਾਕ ਸੜਕ ਹਾਦਸਾ ! ਖੱਡ ’ਚ ਕਾਰ ਡਿੱਗਣ ਕਾਰਨ 6 ਲੋਕਾਂ ਦੀ ਮੌਤ

ਨੈਨੀਤਾਲ 28 ਮਈ। ਉੱਤਰਾਖੰਡ ਦੇ ਨੈਨੀਤਾਲ ਜ਼ਿਲ੍ਹੇ ਦੇ ਭਵਾਲੀ ਖੇਤਰ ਵਿੱਚ ਵੀਰਵਾਰ ਨੂੰ ਇੱਕ ਭਿਆਨਕ ਸੜਕ ਹਾਦਸਾ ਵਾਪਰਿਆ, ਜਿਸ ਵਿੱਚ ਛੇ ਲੋਕਾਂ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ, ਇਹ ਹਾਦਸਾ ਸੈਨੇਟੋਰੀਅਮ-ਦੂਨੀਖਾਲ ਮਾਰਗ ’ਤੇ ਸਿਰੋੜੀ ਦੇ ਨੇੜੇ ਉਸ ਸਮੇਂ ਵਾਪਰਿਆ ਜਦੋਂ ਇੱਕ ਲਾਲ ਰੰਗ ਦੀ ਮਹਿੰਦਰਾ ਬੀ-6 ਕਾਰ ਬੇਕਾਬੂ ਹੋ ਕੇ ਡੂੰਘੀ ਖੱਡ ਵਿੱਚ ਜਾ ਡਿੱਗੀ। ਇਸ ਹਾਦਸੇ ਵਿੱਚ ਵਾਹਨ ਪੂਰੀ ਤਰ੍ਹਾਂ ਚਕਨਾਚੂਰ ਹੋ ਗਿਆ ਅਤੇ ਮੁੱਢਲੀ ਜਾਣਕਾਰੀ ਅਨੁਸਾਰ ਕਾਰ ਵਿੱਚ ਸਵਾਰ ਸਾਰੇ ਛੇ ਲੋਕਾਂ ਦੀ ਮੌਤ ਹੋ ਗਈ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਭਵਾਲੀ ਪੁਲਸ ਅਤੇ ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ ਦੀਆਂ ਟੀਮਾਂ ਤੁਰੰਤ ਮੌਕੇ ’ਤੇ ਪਹੁੰਚ ਗਈਆਂ ਅਤੇ ਰਾਹਤ ਤੇ ਬਚਾਅ ਕਾਰਜ ਸ਼ੁਰੂ ਕਰ



ਦਿੱਤੇ। ਜ਼ਿਲ੍ਹਾ ਆਫ਼ਤ ਪ੍ਰਬੰਧਨ ਅਧਿਕਾਰੀ ਯੋਗਸ਼ ਉਨਿਆਲ ਨੇ ਇਸ ਹਾਦਸੇ ਦੀ ਪੁਸ਼ਟੀ ਕੀਤੀ ਹੈ। ਪੁਲਸ ਅਤੇ ਬਚਾਅ ਦਲ ਖੱਡ ਵਿੱਚੋਂ ਲਾਸ਼ਾਂ ਅਤੇ ਵਾਹਨ ਨੂੰ ਬਾਹਰ ਕੱਢਣ ਦੀ ਕੋਸ਼ਿਸ਼ ਕਰ ਰਹੇ ਹਨ। ਫਿਲਹਾਲ ਮ੍ਰਿਤਕਾਂ ਦੀ ਪਛਾਣ ਕਰਨ ਅਤੇ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਦੀ ਕਾਰਵਾਈ ਜਾਰੀ ਹੈ।

## ਕੰਧ ਨਾਲ ਟਕਰਾ ਕੇ ਪਲਟੀ ਤੇਜ਼ ਰ.ਫ਼ਤਾਰ ਕਾਰ, ਤਿੰਨ ਨੌਜਵਾਨਾਂ ਦੀ ਮੌਤ

ਮਾਊ 28 ਮਈ। ਮਾਊ ਦੇ ਘੋਸੀ ਥਾਣਾ ਖੇਤਰ ਦੇ ਅਧੀਨ ਆਉਂਦੇ ਬਲੂਆ ਪੋਖਰਾ ਪਿੰਡ ਵਿੱਚ ਲੇਖਪਾਲ ਭਵਨ ਦੇ ਨੇੜੇ ਇੱਕ ਤੇਜ਼ ਰਫ਼ਤਾਰ ਕਾਰ ਦੇ ਕੰਧ ਨਾਲ ਟਕਰਾਉਣ ਅਤੇ ਪਲਟ ਜਾਣ ਕਾਰਨ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ ਅਤੇ ਇੱਕ ਹੋਰ ਗੰਭੀਰ ਜ਼ਖ਼ਮੀ ਹੋ ਗਿਆ। ਪੁਲਸ ਨੇ ਵੀਰਵਾਰ ਨੂੰ ਇਸ ਦੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਹਾਦਸਾ ਬੁੱਧਵਾਰ ਦੇਰ ਰਾਤ ਘੋਸੀ ਥਾਣਾ ਖੇਤਰ ਦੇ ਬਲੂਆ ਪੋਖਰਾ ਵਿੱਚ ਲੇਖਪਾਲ ਭਵਨ ਨੇੜੇ ਵਾਪਰਿਆ, ਜਦੋਂ ਘੋਸੀ ਵੱਲ ਜਾ ਰਹੀ ਇੱਕ ਕਾਰ ਬੇਕਾਬੂ ਹੋ




ਗਈ ਅਤੇ ਸੜਕ ਕਿਨਾਰੇ ਇੱਕ ਘਰ ਦੀ ਕੰਧ ਨਾਲ ਟਕਰਾ ਗਈ। ਪੁਲਸ ਅਨੁਸਾਰ, ਗੱਡੀ ਵਿੱਚ ਚਾਰ ਲੋਕ ਸਵਾਰ ਸਨ। ਇਸ ਘਟਨਾ ਤੋਂ ਬਾਅਦ ਸਥਾਨਕ ਲੋਕ ਮੌਕੇ ’ਤੇ ਪਹੁੰਚੇ ਅਤੇ ਜ਼ਖ਼ਮੀਆਂ ਨੂੰ ਘੋਸੀ ਕਮਿਊਨਿਟੀ ਹੈਲਥ ਸੈਂਟਰ ਲੈ ਗਏ, ਜਿੱਥੇ ਡਾਕਟਰਾਂ ਨੇ ਉਨ੍ਹਾਂ ਵਿੱਚੋਂ ਤਿੰਨ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਨੇ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਰਿਆਜ਼ ਅਹਿਮਦ (26), ਨਵਪੁਰਾ ਦਾ ਰਹਿਣ ਵਾਲਾ, ਰਾਮਾਸ਼ੀਸ਼ ਯਾਦਵ (28), ਅਤੇ ਰਾਹੁਲ ਯਾਦਵ (30) ਇਤੌਰਾ ਕੋਪਾਗੰਜ ਵਜੋਂ ਹੋਈ ਹੈ। ਹਾਦਸੇ ਵਿਚ ਜ਼ਖਮੀ ਹੋਏ ਆਕਾਸ਼ ਯਾਦਵ (25) ਨੂੰ ਗੰਭੀਰ ਹਾਲਤ ਵਿੱਚ ਉੱਚ ਮੈਡੀਕਲ ਸੈਂਟਰ ਵਿੱਚ ਰੈਫਰ ਕਰ ਦਿੱਤਾ ਗਿਆ। ਇਸ ਮਾਮਲੇ ਦੇ ਸਬੰਧ ਵਿਚ ਪੁਲਸ ਸਰਕਲ ਅਫ਼ਸਰ ਜਤਿੰਦਰ ਕੁਮਾਰ ਨੇ ਕਿਹਾ ਕਿ ਟੱਕਰ ਇੰਨੀ ਜ਼ਬਰਦਸਤ ਸੀ ਕਿ ਵਾਹਨ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਉਨ੍ਹਾਂ ਕਿਹਾ ਕਿ ਪੁਲਸ ਨੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਅਤੇ ਘਟਨਾ ਦੇ ਸਾਰੇ ਸੰਭਾਵਿਤ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਪਠਾਨਕੋਟ ਤੇ ਸੁਜਾਨਪੁਰ ’ਚ 26 ਤੇ 29 ਮਈ ਨੂੰ ਡਰਾਈ ਡੇਅ ਐਲਾਨ

ਪਠਾਨਕੋਟ 28 ਮਈ। ਰਾਜ ਚੋਣ ਕਮਿਸ਼ਨਰ ਪੰਜਾਬ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ ਪੰਜਾਬ ਵਿੱਚ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ 28 ਮਈ 2026 ਨੂੰ ਕਰਵਾਈਆਂ ਜਾ ਰਹੀਆਂ ਹਨ। ਚੋਣਾਂ ਨੂੰ ਅਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਸੰਪੰਨ ਕਰਵਾਉਣ ਲਈ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਹਿਮ ਫੈਸਲਾ ਲਿਆ ਗਿਆ ਹੈ। ਜ਼ਿਲ੍ਹਾ ਮੈਜਿਸਟਰੇਟ ਪਠਾਨਕੋਟ ਡਾ. ਪੱਲਵੀ ਨੇ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਤੇ ਰੂਲ 135-ਸੀ ਆਫ ਰੀਪ੍ਰਿਜ਼ੈਂਟੇਸ਼ਨ ਆਫ ਦੀ ਪਿਪਲਜ ਐਕਟ 1951 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਨਗਰ ਨਿਗਮ ਪਠਾਨਕੋਟ ਅਤੇ ਨਗਰ ਕੌਂਸਲ ਸੁਜਾਨਪੁਰ ਦੀਆਂ ਚੋਣਾਂ ਦੇ ਮੱਦੇਨਜ਼ਰ 28 ਮਈ 2026 (ਵੋਟਿੰਗ ਦਿਵਸ) ਅਤੇ 29 ਮਈ 2026 (ਗਿਣਤੀ ਦਿਵਸ) ਨੂੰ “ਡਰਾਈ ਡੇਅ”ਐਲਾਨ ਕੀਤਾ ਹੈ। ਇਸ ਹੁਕਮ ਅਨੁਸਾਰ ਨਗਰ ਨਿਗਮ ਪਠਾਨਕੋਟ ਅਤੇ ਨਗਰ ਕੌਂਸਲ ਸੁਜਾਨਪੁਰ ਦੀ ਹਦੂਦ ਅੰਦਰ ਦੇਸ਼ੀ ਅਤੇ ਅੰਗਰੇਜ਼ੀ ਸ਼ਰਾਬ ਦੇ ਠੇਕੇ, ਹੋਟਲ, ਰੈਸਟੋਰੈਂਟ, ਕਲੱਬ, ਬੀਅਰ ਬਾਰ, ਅਹਾਤਿਆਂ ਅਤੇ ਹੋਰ ਉਹ ਸਥਾਨ ਜਿੱਥੇ ਸ਼ਰਾਬ ਵੇਚਣ ਜਾਂ ਪੀਣ ਦੀ ਕਾਨੂੰਨੀ ਇਜਾਜ਼ਤ ਹੈ, ਉੱਥੇ ਸ਼ਰਾਬ ਦੀ ਵਿਕਰੀ, ਪੀਣ-ਪਿਲਾਉਣ ਅਤੇ ਸਟੋਰ ਕਰਨ ‘ਤੇ ਪੂਰੀ ਤਰ੍ਹਾਂ ਪਾਬੰਦੀ ਰਹੇਗੀ। ਜ਼ਿਲ੍ਹਾ ਪ੍ਰਸ਼ਾਸਨ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਚੋਣ ਪ੍ਰਕਿਰਿਆ ਨੂੰ ਸ਼ਾਂਤੀਪੂਰਨ ਅਤੇ ਸੁਚੱਜੇ ਢੰਗ ਨਾਲ ਮੁਕੰਮਲ ਕਰਵਾਉਣ ਲਈ ਪ੍ਰਸ਼ਾਸਨ ਦਾ ਸਹਿਯੋਗ ਕੀਤਾ ਜਾਵੇ।

# ਨਸ਼ਾ ਛੁਡਾਊ ਕੇਂਦਰ ’ਚ ਨੌਜਵਾਨ ਦੀ ਭੇਤਭਰੀ ਹਾਲਤ ’ਚ ਮੌਤ ! ਪਰਿਵਾਰ ਨੇ ਲਾਏ ਗੰਭੀਰ ਇਲਜ਼ਾਮ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 28 ਮਈ। ਉੱਤਰ ਪ੍ਰਦੇਸ਼ ਦੇ ਦੇਵਰੀਆ ਜ਼ਿਲ੍ਹੇ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਵਿੱਚ ਦੇਵਰੀਆ-ਬੇਲਡਾਂੜ ਰੋਡ ’ਤੇ ਸਥਿਤ ਇੱਕ ਨਸ਼ਾ ਛੁਡਾਊ ਕੇਂਦਰ ’ਚ ਇੱਕ 38 ਸਾਲਾ ਨੌਜਵਾਨ ਦੀ ਸ਼ੱਕੀ ਹਾਲਤ ਵਿੱਚ ਮੌਤ ਹੋ ਗਈ ਹੈ। ਮ੍ਰਿਤਕ ਦੀ ਪਛਾਣ ਸੁਰੇਸ਼ ਯਾਦਵ ਵਜੋਂ ਹੋਈ ਹੈ, ਜੋ ਕੋਤਵਾਲੀ ਖੇਤਰ ਦੇ ਤਿਲਈ ਬੇਲਵਾ ਪਿੰਡ ਦਾ ਰਹਿਣ ਵਾਲਾ ਸੀ। ਉਹ ਸ਼ਰਾਬ ਪੀਣ ਦਾ ਆਦੀ ਸੀ ਅਤੇ ਪਰਿਵਾਰ ਨੇ ਉਸ ਦੀ ਆਦਤ ਛੁਡਾਉਣ ਲਈ ਕੁਝ ਦਿਨ ਪਹਿਲਾਂ ਹੀ ਉਸ ਨੂੰ ਇਸ ਕੇਂਦਰ ਵਿੱਚ ਭਰਤੀ ਕਰਵਾਇਆ ਸੀ। ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੇ ਕੇਂਦਰ ਦੇ ਸੰਚਾਲਕ ਅਤੇ ਕਰਮਚਾਰੀਆਂ ’ਤੇ ਕਤਲ ਦੇ ਗੰਭੀਰ ਦੋਸ਼ ਲਗਾਉਂਦੇ ਹੋਏ ਪੁਲਸ ਨੂੰ ਸ਼ਿਕਾਇਤ ਦਿੱਤੀ ਹੈ। ਪਰਿਵਾਰ ਮੁਤਾਬਕ ਸ਼ੁੱਕਰਵਾਰ ਰਾਤ ਸੁਰੇਸ਼ ਨੇ ਫ਼ੋਨ ’ਤੇ ਆਪਣੀ ਪਤਨੀ ਨਾਲ ਗੱਲ ਕਰ ਕੇ ਖ਼ੁਦ ਨੂੰ ਬਿਲਕੁਲ ਠੀਕ ਦੱਸਿਆ ਸੀ, ਪਰ ਉਸ ਤੋਂ ਕੁਝ ਦੇਰ ਬਾਅਦ ਹੀ ਕੇਂਦਰ ਵੱਲੋਂ ਉਸ ਦੀ ਸਿਹਤ



ਵਿਗੜਨ ਦੀ ਖ਼ਬਰ ਦਿੱਤੀ ਗਈ। ਜਦੋਂ ਪਰਿਵਾਰਕ ਮੈਂਬਰ ਉੱਥੇ ਪਹੁੰਚੇ ਤਾਂ ਸੁਰੇਸ਼ ਦੀ ਮੌਤ ਹੋ ਚੁੱਕੀ ਸੀ। ਪਰਿਵਾਰ ਦਾ ਦੋਸ਼ ਹੈ ਕਿ ਮ੍ਰਿਤਕ ਦੀ ਪਿੱਠ, ਹੱਥਾਂ ਅਤੇ ਪੈਰਾਂ ’ਤੇ ਰੱਸੀ ਨਾਲ ਬੰਨ੍ਹੇ ਜਾਣ ਦੇ ਨਿਸ਼ਾਨ ਸਨ ਅਤੇ ਪਿੱਠ ’ਤੇ ਸੱਟਾਂ ਦੇ ਨਿਸ਼ਾਨ ਵੀ ਪਾਏ ਗਏ ਹਨ। ਘਟਨਾ ਤੋਂ ਬਾਅਦ ਗੁੱਸੇ ਵਿੱਚ ਆਏ ਪਰਿਵਾਰ ਵਾਲਿਆਂ ਨੇ ਦੋਸ਼ੀਆਂ ਖ਼?ਲਾਫ਼ ਤੁਰੰਤ ਮੁਕੱਦਮਾ ਦਰਜ ਕਰਕੇ ਗ੍ਰਿਫ਼ਤਾਰੀ ਦੀ ਮੰਗ ਕੀਤੀ ਅਤੇ ਪੋਸਟਮਾਰਟਮ ਤੋਂ ਬਾਅਦ ਲਾਸ਼ ਲੈਣ ਤੋਂ ਇਨਕਾਰ ਕਰ ਦਿੱਤਾ। ਹਾਲਾਂਕਿ, ਕੋਤਵਾਲੀ ਇੰਚਾਰਜ ਰਾਕੇਸ਼ ਕੁਮਾਰ ਰਾਏ ਦੀ ਸਮਝਾਉਣ ਤੋਂ ਬਾਅਦ ਪਰਿਵਾਰ ਸ਼ਾਂਤ ਹੋਇਆ ਅਤੇ ਲਾਸ਼ ਲੈ ਕੇ ਘਰ ਰਵਾਨਾ ਹੋ ਗਿਆ। ਪੁਲਸ ਮੁਤਾਬਕ ਪੋਸਟਮਾਰਟਮ ਰਿਪੋਰਟ ਵਿੱਚ ਮੌਤ ਦਾ ਅਸਲ ਕਾਰਨ ਸਪੱਸ਼ਟ ਨਹੀਂ ਹੋ ਸਕਿਆ ਹੈ, ਇਸ ਲਈ ਮ੍ਰਿਤਕ ਦਾ ’ਵਿਸਰਾ’ ਜਾਂਚ ਲਈ ਸੁਰੱਖਿਅਤ ਰੱਖ ਲਿਆ ਗਿਆ ਹੈ। ਰਿਪੋਰਟ ਆਉਣ ਤੋਂ ਬਾਅਦ ਅਗਲੀ ਕਾਰਵਾਈ ਕੀਤੀ ਜਾਵੇਗੀ।

# ਜ਼ਮੀਨੀ ਵਿਵਾਦ ਪਿੱਛੇ ਚੱਲ ਗਈਆਂ ਗੋਲੀਆਂ ! 1 ਦੀ ਮੌਤ, 4 ਹੋਰ ਜ਼ਖ਼ਮੀ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 28 ਮਈ। ਝਾਰਖੰਡ ਦੇ ਪਲਾਮੂ ਜ਼ਿਲ੍ਹੇ ਤੋਂ ਇਕ ਸਨਸਨੀਖੇਜ਼ ਖ਼ਬਰ ਸਾਹਮਣੇ ਆਈ ਹੈ, ਜਿੱਥੇ ਸ਼ਨੀਵਾਰ ਸਵੇਰੇ ਜ਼ਮੀਨੀ ਵਿਵਾਦ ਨੂੰ ਲੈ ਕੇ ਦੋ ਗੁਆਂਢੀ ਪਰਿਵਾਰਾਂ ਵਿਚਾਲੇ ਹੋਈ ਹਿੰਸਕ ਝੜਪ ਦੌਰਾਨ ਇੱਕ 23 ਸਾਲਾ ਨੌਜਵਾਨ ਦਾ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ ਹੈ। ਇਸ ਹਮਲੇ ਵਿੱਚ ਮ੍ਰਿਤਕ ਦੇ 4 ਹੋਰ ਰਿਸ਼ਤੇਦਾਰ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਹਨ। ਇਹ ਵਾਰਦਾਤ ਚੈਨਪੁਰ ਥਾਣਾ ਖੇਤਰ ਦੇ ਰਾਮਪੁਰ ਪਿੰਡ ਵਿੱਚ ਸਵੇਰੇ ਕਰੀਬ 11 ਵਜੇ ਵਾਪਰੀ। ਪੁਲਸ ਮੁਤਾਬਕ, ਸੁਸ਼ੀਲਾ ਕੁੰਵਰ ਨਾਮ ਦੀ ਔਰਤ ਆਪਣੀ ਜ਼ਮੀਨ ’ਤੇ ਚਾਰਦੀਵਾਰੀ ਦਾ ਨਿਰਮਾਣ ਕਰਵਾ ਰਹੀ ਸੀ, ਜਿਸ ਦਾ ਗੁਆਂਢੀ ਰਾਜੇਂਦਰ ਸਿੰਘ ਦੇ ਪਰਿਵਾਰ ਨਾਲ ਵਿਵਾਦ ਚੱਲ ਰਿਹਾ ਸੀ। ਸ਼ਨੀਵਾਰ ਨੂੰ ਰਾਜੇਂਦਰ ਸਿੰਘ ਅਤੇ ਉਸ ਦੇ ਸਾਥੀਆਂ ਨੇ ਕੰਧ ਨੂੰ ਨੁਕਸਾਨ



ਪਹੁੰਚਾਇਆ ਅਤੇ ਕੁੰਵਰ ਦੇ ਪਰਿਵਾਰ ’ਤੇ ਲਾਠੀਆਂ ਅਤੇ ਬੰਦੂਕਾਂ ਨਾਲ ਹਮਲਾ ਕਰ ਦਿੱਤਾ। ਚੈਨਪੁਰ ਥਾਣਾ ਇੰਚਾਰਜ ਲਾਲਜੀ ਨੇ ਦੱਸਿਆ ਕਿ ਹਮਲੇ ਦੌਰਾਨ ਸੁਸ਼ੀਲਾ ਕੁੰਵਰ ਦੇ ਰਿਸ਼ਤੇਦਾਰ ਸਿਕੰਦਰ ਚੌਧਰੀ (23) ਦੀ ਗੋਲੀ ਲੱਗਣ ਕਾਰਨ ਮੌਕੇ ’ਤੇ ਹੀ ਮੌਤ ਹੋ ਗਈ। ਇਸ ਤੋਂ ਇਲਾਵਾ ਮਧੂ ਚੌਧਰੀ, ਸੰਜੇ ਚੌਧਰੀ ਅਤੇ ਯਸ਼ਵੰਤ ਚੌਧਰੀ ਨੂੰ ਵੀ ਗੋਲੀਆਂ ਲੱਗੀਆਂ ਹਨ, ਜਦਕਿ ਉਦੈ ਚੌਧਰੀ ਦੀ ਲਾਠੀਆਂ ਨਾਲ ਬੇਰਹਿਮੀ ਨਾਲ ਪਿਟਾਈ ਕੀਤੀ ਗਈ। ਸਾਰੇ ਜ਼ਖ਼ਮੀਆਂ ਦਾ ਇਲਾਜ ਮੇਦਿਨੀਰਾਈ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਚੱਲ ਰਿਹਾ ਹੈ। ਐੱਸ.ਡੀ.ਪੀ.ਓ. ਰਾਜੇਸ਼ ਕੁਮਾਰ ਯਾਦਵ ਨੇ ਦੱਸਿਆ ਕਿ ਵਾਰਦਾਤ ਤੋਂ ਬਾਅਦ ਸਾਰੇ ਮੁਲਜ਼ਮ ਪਿੰਡ ਵਿੱਚੋਂ ਫਰਾਰ ਹਨ, ਜਿਨ੍ਹਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਦੂਜੇ ਪਾਸੇ, ਭਾਜਪਾ ਵਿਧਾਇਕ ਆਲੋਕ ਚੌਰਸੀਆ ਨੇ ਹਸਪਤਾਲ ਪਹੁੰਚ ਕੇ ਪੀੜਤ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ ਅਤੇ ਸੂਬੇ ਦੀ ਕਾਨੂੰਨ ਵਿਵਸਥਾ ’ਤੇ ਸਵਾਲ ਚੁੱਕਦਿਆਂ ਦੋਸ਼ੀਆਂ ਖ਼?ਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।

## ਸ਼ਾਰਟ ਸਰਕਟ ਕਾਰਨ ਸ਼ੈਲਰ ’ਚ ਲੱਗੀ ਅੱਗ, ਲੱਖਾਂ ਰੁਪਏ ਦਾ ਬਾਰਦਾਨਾ ਸੜ ਕੇ ਸੁਆਹ

ਗੁਰੂਹਰਸਹਾਏ 28 ਮਈ। ਸ਼ਰੀਹ ਵਾਲਾ ਰੋਡ ਦੇ ਕੋਲ ਸਥਿਤ ਰਾਜ ਰਾਈਸ ਮਿਲ ਸ਼ੈਲਰ ’ਚ ਸ਼ਾਰਟ ਸਰਕਟ ਕਾਰਨ ਅੱਗ ਲੱਗ ਗਈ ਤੇ ਸ਼ੈਲਰ ’ਚ ਪਿਆ ਨਵਾਂ ਬਾਰਦਾਨਾ ਸੜ ਕੇ ਸੁਆਹ ਹੋ ਗਿਆ ਤੇ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ। ਬੜੀ ਮੁਸ਼ੱਕਤ ਨਾਲ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਦੇ ਕਰਮਚਾਰੀਆਂ ਨੇ ਅੱਗ ’ਤੇ ਕਾਬੂ ਪਾਇਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਰਾਜ ਰਾਈਸ ਮਿਲ ਦੇ ਮਾਲਕ ਬੂੜ ਚੰਦ ਕਪੂਰ ਨੇ ਦੱਸਿਆ ਕਿ ਅੱਜ ਦੁਪਹਿਰ ਉਨ੍ਹਾਂ ਦੇ ਸ਼ੈਲਰ ’ਚ ਸ਼ਾਰਟ ਸਰਕਟ ਕਾਰਨ ਅੱਗ ਲੱਗ ਗਈ ਤੇ ਸ਼ੈਲਰ ਅੰਦਰ ਖਾਲੀ ਥਾਂ ’ਤੇ ਰੱਖੇ ਹਜ਼ਾਰਾਂ ਖਾਲੀ ਗੱਟੇ ਬੋਰੀਆਂ ਬਾਰਦਾਨੇ ਨੂੰ ਅੱਗ ਲੱਗ ਗਈ। ਇਸ ਦੌਰਾਨ ਉਨ੍ਹਾਂ ਵੱਲੋਂ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਗਿਆ। ਫਾਜ਼ਿਲਕਾ, ਫਿਰੋਜ਼ਪੁਰ ਤੇ ਜਲਾਲਾਬਾਦ ਤੋਂ ਆਈਆਂ ਗੱਡੀਆਂ ਦੇ ਕਰਮਚਾਰੀਆਂ ਨੇ ਆ ਕੇ ਬੜੀ ਮਸ਼ੱਕਤ ਨਾਲ ਅੱਗ ’ਤੇ ਕਾਬੂ ਪਾਇਆ। ਰਾਜ ਰਾਈਸ ਮਿੱਲ ਮਾਲਕ ਨੇ ਦੱਸਿਆ ਕਿ ਉਨ੍ਹਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਹੈ ਤੇ ਉਨ੍ਹਾਂ ਨੇ ਇਹ ਕਿਹਾ ਕਿ ਗਨੀਮਤ ਇਹ ਵੀ ਰਹੀ ਕਿ ਅੱਗ ਜਿਆਦਾ ਥਾਂ ਤੇ ਨਹੀਂ ਫੈਲੀ ਨਹੀਂ ਤਾਂ



ਉਨ੍ਹਾਂ ਦੇ ਸ਼ੈਲਰ ’ਚ ਪਿਆ ਲੱਖਾਂ ਰੁਪਏ ਦਾ ਚਾਵਲ, ਝੋਨਾ ਤੇ ਹੋਰ ਸਮਾਨ ਦਾ ਵੱਡਾ ਨੁਕਸਾਨ ਹੋ ਜਾਣਾ ਸੀ। ਸ਼ੈਲਰ ’ਚ ਕੰਮ ਕਰਦੀ ਲੇਬਰ ਤੇ ਆਸ-ਪਾਸ ਰਹਿੰਦੇ ਲੋਕਾਂ ਨੇ ਵੀ ਆ ਕੇ ਵੱਡਾ ਨੁਕਸਾਨ ਹੋਣ ਤੋਂ ਬਚਾ ਲਿਆ। ਜੇ.ਸੀ.ਬੀ. ਮਸ਼ੀਨ ਰਾਹੀਂ ਅੱਗ ਲੱਗਣ ਕਾਰਨ ਸੜ ਕੇ ਸੁਆਹ ਹੋ ਗਏ ਬਾਰਦਾਨੇ ਨੂੰ ਚੁੱਕਿਆ ਜਾ ਰਿਹਾ ਸੀ।

## ਸੰਗਰੂਰ ’ਚ ਸਾਈਕਲਿਸਟਾਂ ਨਾਲ ਲੁੱਟ ਦੀ ਕੋਸ਼ਿਸ਼ ! ਕਾਰ ਸਵਾਰਾਂ ਨੇ ਲਹਿਰਾਈ ਤਲਵਾਰ

ਸੰਗਰੂਰ 28 ਮਈ। ਸੰਗਰੂਰ ਵਿਚ ਅੱਜ ਸਵੇਰੇ-ਸਵੇਰੇ ਕੁਝ ਸਾਈਕਲਿਸਟਾਂ ਨਾਲ ਲੁੱਟਖੋਹ ਦੀ ਕੋਸ਼ਿਸ਼ ਹੋਈ। ਇਸ ਦੌਰਾਨ ਇਕ ਚਿੱਟੀ ਕਾਰ ਵਿਚ ਆਏ ਹਮਲਾਵਰਾਂ ਨੇ ਤਲਵਾਰ ਲਹਿਰਾ ਕੇ ਸਾਈਕਲਿਸਟਾਂ ਨੂੰ ਡਰਾਉਣ ਦੀ ਕੋਸ਼ਿਸ਼ ਵੀ ਕੀਤੀ। ਹਾਲਾਂਕਿ ਲੋਕਾਂ ਦੇ ਇਕੱਠੇ ਹੋਣ ’ਤੇ ਹਮਲਾਵਰ ਮੌਕੇ ਤੋਂ ਫ਼ਰਾਰ ਹੋ ਗਏ। ਇਹ ਸਾਰੀ ਘਟਨਾ ਸਾਈਕਲਿਸਟਾਂ ਦੇ ਕੈਮਰਿਆਂ ਵਿਚ ਵੀ ਕੈਦ ਹੋ ਗਈ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ 3-4 ਸਾਈਕਲ ਸਵਾਰ ਮੁੱਖ ਮਾਰਗ ਤੋਂ ਲੰਘ ਰਹੇ ਸਨ। ਪਿੱਛੇ ਤੋਂ ਆਈ ਇਕ ਤੇਜ਼ ਰਫ਼ਤਾਰ ਕਾਰ ਨੇ ਅਚਾਨਕ ਉਨ੍ਹਾਂ ਦੇ ਅੱਗੇ ਆ ਕੇ ਬ੍ਰੇਕ ਮਾਰ ਦਿੱਤੀ, ਜਿਸ ਕਾਰਨ ਇਕ ਸਾਈਕਲ ਸਵਾਰ ਕਾਰ ਨਾਲ ਟਕਰਾ ਕੇ ਜ਼ਖ਼ਮੀ ਹੋ ਗਿਆ। ਚਸ਼ਮਦੀਦਾਂ ਅਨੁਸਾਰ, ਟੱਕਰ ਹੁੰਦੇ ਹੀ ਕਾਰ ਸਵਾਰ ਇਕ ਨੌਜਵਾਨ ਨੇ ਖਿੜਕੀ ਤੋਂ ਬਾਹਰ ਨਿਕਲ ਕੇ ਤਲਵਾਰ ਦਿਖਾਈ ਅਤੇ ਉਨ੍ਹਾਂ ਨੂੰ ਰੋਕਣ ਤੇ ਡਰਾਉਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ, ਜਦੋਂ ਬਾਕੀ ਸਾਈਕਲ ਸਵਾਰ ਆਪਣੇ ਜ਼ਖ਼ਮੀ ਸਾਥੀ ਕੋਲ ਇਕੱਠੇ ਹੋ ਗਏ, ਤਾਂ ਕਾਰ ਸਵਾਰ ਹਮਲਾਵਰ ਮੌਕੇ ਤੋਂ ਫਰਾਰ ਹੋ ਗਏ। ਇਸ ਪੂਰੀ ਘਟਨਾ ਦੀ ਵੀਡੀਓ ਸਾਈਕਲਾਂ ’ਤੇ ਲੱਗੇ ਕੈਮਰਿਆਂ ਵਿਚ ਰਿਕਾਰਡ ਹੋ ਗਈ ਹੈ। ਫੁਟੇਜ ਵਿਚ ਕਾਰ ਵੱਲੋਂ ਰਸਤਾ ਰੋਕਣਾ ਅਤੇ ਹਥਿਆਰ ਲਹਿਰਾਉਣਾ ਸਾਫ਼ ਦਿਖਾਈ ਦੇ ਰਿਹਾ ਹੈ। ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਆਲੇ-ਦੁਆਲੇ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਅਤੇ ਸਾਈਕਲ ਸਵਾਰਾਂ ਦੇ ਕੈਮਰਿਆਂ ਦੀ ਮਦਦ ਨਾਲ ਮੁਲਜ਼ਮਾਂ ਦੀ ਪਛਾਣ ਕੀਤੀ ਜਾ ਰਹੀ ਹੈ।

## ਹਿਮਾਚਲ: ਕਾਲਕਾ-ਸ਼ਿਮਲਾ ਹਾਈਵੇਅ ’ਤੇ ਪਲਟੀ ਸਵਾਰੀਆਂ ਨਾਲ ਭਰੀ ਬੱਸ, ਪਿਆ ਚੀਕ-ਚਿਹਾੜਾ

ਸ਼ਿਮਲਾ 28 ਮਈ। ਹਿਮਾਚਲ ਪ੍ਰਦੇਸ਼ ਦੇ ਸੋਲਨ ਨੇੜੇ ਸਲੋਗਰਾ ਵਿਖੇ ਕਾਲਕਾ-ਸ਼ਿਮਲਾ ਰਾਸ਼ਟਰੀ ਰਾਜਮਾਰਗ ’ਤੇ ਸ਼ਨੀਵਾਰ ਨੂੰ ਇੱਕ ਸਵਾਰੀਆਂ ਨਾਲ ਭਰੀ ਨਿੱਜੀ ਬੱਸ ਦੇ ਪਲਟ ਜਾਣ ਦੀ ਸੂਚਨਾ ਮਿਲੀ। ਇਸ ਹਾਦਸੇ ਦੌਰਾਨ ਡਰਾਈਵਰ ਸਮੇਤ ਦੋ ਲੋਕ ਜ਼ਖ਼ਮੀ ਹੋ ਗਏ। ਇਸ ਦੀ ਜਾਣਕਾਰੀ ਪੁਲਸ ਵਲੋਂ ਦਿੱਤੀ ਗਈ ਹੈ। ਘਟਨਾ ਸਥਾਨ ’ਤੇ ਪਹੁੰਚੀ ਪੁਲਸ ਨੇ ਦੱਸਿਆ ਕਿ ਇਹ ਹਾਦਸਾ ਸੋਲਨ ਤੋਂ ਲਗਭਗ ਨੌਂ ਕਿਲੋਮੀਟਰ ਦੂਰ ਵਾਪਰਿਆ ਹੈ। ਹਾਦਸੇ ਦੇ ਸਮੇਂ ਡਰਾਈਵਰ ਨੇ ਗੱਡੀ ਤੋਂ ਕੰਟਰੋਲ ਗੁਆ ਦਿੱਤਾ ਸੀ, ਜਿਸ ਕਾਰਨ ਬੱਸ ਪਲਟ ਗਈ। ਪੁਲਸ ਅਨੁਸਾਰ ਹਾਦਸੇ ਦੀ ਸੂਚਨਾ ਮਿਲਦੇ ਸਾਰ ਹੀ ਪੁਲਸ ਕਰਮਚਾਰੀ ਮੌਕੇ ’ਤੇ ਪਹੁੰਚ ਗਏ। ਉਨ੍ਹਾਂ ਨੇ ਜ਼ਖ਼ਮੀ ਡਰਾਈਵਰ ਅਤੇ ਇੱਕ ਯਾਤਰੀ ਨੂੰ ਬਾਹਰ ਕੱਢਿਆ ਅਤੇ ਉਨ੍ਹਾਂ ਨੂੰ ਸੋਲਨ ਦੇ ਸਰਕਾਰੀ ਹਸਪਤਾਲ ਇਲਾਜ ਲਈ ਲੈ ਗਏ। ਪੁਲਸ ਨੇ ਕਿਹਾ ਕਿ ਬੱਸ ਨੂੰ ਹਾਈਵੇਅ ਤੋਂ ਹਟਾ ਦਿੱਤਾ ਗਿਆ ਹੈ ਅਤੇ ਆਵਾਜਾਈ ਬਹਾਲ ਕਰ ਦਿੱਤੀ ਗਈ ਹੈ। ਸੋਲਨ ਦੇ ਪੁਲਸ ਸੁਪਰਡੈਂਟ (ਐੱਸਪੀ) ਤਿਰੁਮਲਾਰਾਜੂ ਐੱਸ.ਡੀ. ਵਰਮਾ ਨੇ ਹਾਦਸੇ ਦੀ ਪੁਸ਼ਟੀ ਕੀਤੀ ਅਤੇ ਕਿਹਾ ਕਿ ਜਾਂਚ ਜਾਰੀ ਹੈ।

## ਜੁਗਾੜੂ ਰੇਹੜੀ ਅਤੇ ਮੋਟਰਸਾਈਕਲ ਦੀ ਟੱਕਰ ’ਚ ਪਤੀ-ਪਤਨੀ ਜ਼ਖਮੀ

ਗੁਰੂਹਰਸਹਾਏ 28 ਮਈ। ਗੁਰੂਹਰਸਹਾਏ ਵਿਖੇ ਇਕ ਜੁਗਾੜੂ ਰੇਹੜੀ ਅਤੇ ਮੋਟਰਸਾਈਕਲ ਦੀ ਟੱਕਰ ’ਚ ਪਤੀ-ਪਤਨੀ ਦੇ ਜ਼ਖਮੀ ਹੋਣ ਦੀ ਖ਼ਬਰ ਮਿਲੀ ਹੈ। ਇਸ ਸਬੰਧ ’ਚ ਥਾਣਾ ਗੁਰੂਹਰਸਹਾਏ ਪੁਲਸ ਨੇ ਜੁਗਾੜੂ ਰੇਹੜੀ ਸਵਾਰ 2 ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ’ਚ ਸਤਨਾਮ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਝੁੱਗੇ ਛਿੱਲੀਆਂ ਨੇ ਦੱਸਿਆ ਕਿ ਉਹ ਆਪਣੀ ਪਤਨੀ ਨਾਲ ਕੁਲਵੰਤ ਸਿੰਘ ਉਰਫ਼ ਕਾਲਾ ਪੁੱਤਰ ਮਹਿੰਦਰ ਸਿੰਘ ਵਾਸੀ ਝੁੱਗੇ ਜਵਾਹਰ ਸਿੰਘ ਵਾਲੇ (ਦਾਖਲੀ ਈਸਾ ਪੰਜ ਗਰਾਈਂ) ਦੀ ਕੁੜੀ ਦੇ ਵਿਆਹ ’ਚ ਸ਼ਾਮਲ ਹੋਣ ਲਈ ਮੋਟਰਸਾਈਕਲ ’ਤੇ ਸਵਾਰ ਹੋ ਕੇ ਝੁੱਗੇ ਜਵਾਹਰ ਸਿੰਘ ਵਾਲਾ ਜਾ ਰਹੇ ਸੀ। ਜਦੋਂ ਉਹ ਸ਼ਾਮ ਨੂੰ ਝੁੱਗੇ ਜਵਾਹਰ ਸਿੰਘ ਵਾਲਾ ਤੋਂ ਪੱਕੀ ਸੜਕ ਪਿੰਡ ਰਾਣਾ ਪੰਜ ਗਰਾਈਂ ਲਿੰਕ ਰੋਡ ’ਤੇ ਪੁੱਜੇ ਤਾਂ ਸਾਹਮਣੇ ਤੋਂ ਇਕ ਜੁਗਾੜੂ ਰੇਹੜੀ ਜੋ ਬਿਨਾਂ ਲਾਈਟਾਂ ਤੋਂ ਆ ਰਹੀ ਸੀ, ਨੇ ਆਪਣਾ ਵਾਹਨ ਤੇਜ਼ ਰਫ਼ਤਾਰ ਲਿਆ ਕੇ ਉਸ ਦੇ ਮੋਟਰਸਾਈਕਲ ’ਚ ਮਾਰਿਆ। ਇਸ ਹਾਦਸੇ ’ਚ ਉਸ ਦੇ ਅਤੇ ਉਸ ਦੀ ਪਤਨੀ ਦੇ ਕਾਫੀ ਸੱਟਾਂ ਲੱਗ ਗਈਆਂ। ਸਤਨਾਮ ਸਿੰਘ ਨੇ ਦੱਸਿਆ ਕਿ ਜੁਗਾੜੂ ਰੇਹੜੀ ਚਾਲਕਾਂ ਦੀ ਪਛਾਣ ਜਗਦੀਸ਼ ਸਿੰਘ ਭੱਈਆ ਪੁੱਤਰ ਕੱਕਾ ਸਿੰਘ ਅਤੇ ਸੰਦੀਪ ਉਰਫ਼ ਵਿੱਕੀ ਉਰਫ਼ ਰਾਜੂ ਪੁੱਤਰ ਜਗਦੀਸ਼ ਸਿੰਘ ਵਾਸੀਅਨ ਝੁੱਗੇ ਜਵਾਹਰ ਸਿੰਘ ਵਾਲਾ ਵਜੋਂ ਹੋਈ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਦੇਵ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਸ਼ਿਕਾਇਤਕਰਤਾ ਦੇ ਬਿਆਨਾਂ ’ਤੇ ਉਕਤ ਜੁਗਾੜੂ ਰੇਹੜੀ ਚਾਲਕ ਖ਼?ਲਾਫ਼ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# 24 ਘੰਟਿਆਂ ਬਾਅਦ ਬਰਾਮਦ ਹੋਈ ਨਹਿਰ ’ਚ ਛਾਲ ਮਾਰਨ ਮੁੰਡੇ ਦੀ ਲਾਸ਼, ਪਿਓ ਦੀ ਭਾਲ ਜਾਰੀ

**ਕੌਮੀ ਪਤ੍ਰਿਕਾ**

ਸ੍ਰੀ ਮੁਕਤਸਰ ਸਾਹਿਬ 28 ਮਈ। ਸਰਹਿੰਦ ਫੀਡਰ ਨਹਿਰ ਵਿੱਚ ਬੁੱਧਵਾਰ ਦੀ ਸਵੇਰੇ ਛਾਲ ਮਾਰਨ ਵਾਲੇ ਪਿਓ-ਪੁੱਤ ਦੀ ਭਾਲ ਚੱਲ ਰਹੀ ਸੀ, ਜਿਸ ਦੌਰਾਨ ਅਬੋਹਰ ਦੇ ਪਿੰਡ ਕਾਲਾ ਟਿੱਬਾ ਨੇੜੇ ਮਲੂਕਪੁਰਾ ਮਾਈਨਰ (ਸੂਏ) ਵਿਚੋਂ ਇਕ ਨੌਜਵਾਨ ਦੀ ਲਾਸ਼ ਬਰਾਮਦ ਹੋਈ। ਇੰਟਰਨੈੱਟ ’ਤੇ ਤਸਵੀਰ ਵਾਇਰਲ ਹੋਣ ਤੋਂ ਬਾਅਦ ਪਰਿਵਾਰ ਵਾਲਿਆਂ ਨੇ ਲਾਸ਼ ਦੀ ਪਛਾਣ 25 ਸਾਲਾ ਹਰਤੇਜ ਸਿੰਘ ਉਰਫ ਬੱਗਾ ਵਜੋਂ ਕੀਤੀ। ਲਾਸ਼ ਘਟਨਾ ਸਥਾਨ ਤੋਂ ਕਰੀਬ 62 ਕਿਲੋਮੀਟਰ ਦੂਰ ਜਾ ਕੇ ਮਿਲੀ। ਪਰਿਵਾਰਕ ਮੈਂਬਰ ਲਾਸ਼ ਲੈਣ ਲਈ ਅਬੋਹਰ ਗਏ ਹਨ। ਨਰ ਸੇਵਾ ਨਾਰਾਇਣ ਸੇਵਾ ਕਮੇਟੀ ਦੇ ਮੈਂਬਰ ਬਿੱਟੂ ਨਰੂਲਾ ਨੇ ਦੱਸਿਆ



ਕਿ ਵੀਰਵਾਰ ਸਵੇਰੇ ਕਰੀਬ 10 ਵਜੇ ਇੱਕ ਰਾਹਗੀਰ ਦੀ ਸੂਚਨਾ ’ਤੇ ਟੀਮ ਮੌਕੇ ’ਤੇ ਪਹੁੰਚੀ। ਸੋਨੂ ਗਰੋਵਰ ਅਤੇ ਸੁਭਾਸ਼ ਨੇ ਮਿਲ ਕੇ ਥਾਣਾ ਸਦਰ ਪੁਲਸ ਦੀ ਮੌਜੂਦਗੀ ਵਿੱਚ ਲਾਸ਼ ਨੂੰ ਨਹਿਰ ’ਚੋਂ ਬਾਹਰ ਕੱਢਿਆ ਅਤੇ ਅਬੋਹਰ ਦੇ ਹਸਪਤਾਲ ਦੀ ਮੋਰਚਰੀ ਵਿੱਚ ਰਖਵਾਇਆ। ਜਾਣਕਾਰੀ ਅਨੁਸਾਰ ਬੁੱਧਵਾਰ ਸਵੇਰੇ ਕਰੀਬ 10 ਵਜੇ ਸਥਾਨਕ ਦਸ਼ਮੇਸ਼ ਨਗਰ ਦੇ ਰਹਿਣ ਵਾਲੇ ਹਰਤੇਜ ਸਿੰਘ ਉਰਫ ਬੱਗਾ ਅਤੇ ਉਸ ਦੇ ਪਿਤਾ ਮੱਖਣ ਸਿੰਘ ਵਿਚਕਾਰ ਸਬਜ਼ੀ ਮੰਡੀ ਵਿੱਚ ਖ਼ਰਾਬ ਮਾਲ ਕਾਰਨ ਹੋਏ ਆਰਥਿਕ ਨੁਕਸਾਨ ਨੂੰ ਲੈ ਕੇ ਤਕਰਾਰ ਹੋਈ ਸੀ। ਦੋਵੇਂ ਥਾਣਾ ਸਿਟੀ ਦੇ ਸਾਹਮਣੇ ਫਲ-ਸਬਜ਼ੀ ਦੀ ਰੇਹੜੀ ਲਗਾਉਂਦੇ ਸਨ। ਮੱਖਣ ਸਿੰਘ ਦੇ ਭਰਾ ਕੁਲਦੀਪ ਸਿੰਘ ਅਨੁਸਾਰ ਜ਼ਿਆਦਾ ਮਾਲ ਖਰੀਦਣ ਕਾਰਨ ਨੁਕਸਾਨ ਹੋਇਆ ਸੀ। ਪਿਤਾ ਦੀ ਡਾਂਟ ਤੋਂ ਨਾਰਾਜ਼ ਹੋ ਕੇ ਹਰਤੇਜ ਸਿੰਘ ਉਰਫ ਬੱਗਾ ਘਰੋਂ ਨਿਕਲ ਗਿਆ ਅਤੇ ਕੋਟਕਪੂਰਾ ਰੋਡ ’ਤੇ ਸਥਿਤ ਸਰਹਿੰਦ ਫੀਡਰ ਨਹਿਰ ’ਚ ਛਾਲ ਮਾਰ ਦਿੱਤੀ। ਪੁੱਤਰ ਨੂੰ ਡੁੱਬਦਾ ਦੇਖ ਕੇ ਪਿਤਾ ਮੱਖਣ ਸਿੰਘ ਨੇ ਵੀ ਉਸ ਨੂੰ ਬਚਾਉਣ ਲਈ ਨਹਿਰ ਵਿੱਚ ਛਾਲ ਮਾਰ ਦਿੱਤੀ। ਪਾਣੀ ਦੇ ਤੇਜ਼ ਵਹਾਅ ਕਾਰਨ ਦੋਵੇਂ ਲਾਪਤਾ ਹੋ ਗਏ। ਹਰਤੇਜ ਸਿੰਘ ਉਰਫ ਬੱਗਾ ਸ਼ਾਦੀਸ਼ੁਦਾ ਸੀ ਅਤੇ ਉਸ ਦਾ ਅੱਠ ਮਹੀਨਿਆਂ ਦਾ ਇੱਕ ਪੁੱਤਰ ਹੈ। ਘਟਨਾ ਤੋਂ ਬਾਅਦ ਐੱਨ.ਡੀ.ਆਰ.ਐੱਫ. ਦੀਆਂ ਟੀਮਾਂ ਵੀਰਵਾਰ ਸਵੇਰ ਤੋਂ ਹੀ ਨਹਿਰ ਵਿੱਚ ਸਰਚ ਆਪ੍ਰੇਸ਼ਨ ਚਲਾ ਰਹੀਆਂ ਹਨ। ਫਿਲਹਾਲ ਮੱਖਣ ਸਿੰਘ ਦਾ ਕੋਈ ਸੁਰਾਗ ਨਹੀਂ ਮਿਲਿਆ ਹੈ। ਪੁਲਸ ਅਤੇ ਐੱਨ ਡੀ ਆਰ ਐੱਫ ਦੀਆਂ ਟੀਮਾਂ ਵੱਲੋਂ ਉਸ ਦੀ ਭਾਲ ਲਗਾਤਾਰ ਜਾਰੀ ਹੈ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814
Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਲੱਦਾਖ ’ਚ ਭਾਰਤੀ ਫੌਜ ਦਾ ਹੈਲੀਕਾਪਟਰ ਹੋਇਆ ਕ੍ਰੈਸ਼ ! 2 ਪਾਇਲਟ ਜ਼ਖ਼ਮੀ

**ਕੌਮੀ ਪਤ੍ਰਿਕਾ**

ਲੇਹ 28 ਮਈ। ਲੱਦਾਖ ਤੋਂ ਇੱਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੇ ਭਾਰਤੀ ਫੌਜ ਦਾ ਇਕ ’ਚੀਤਾ’ ਹੈਲੀਕਾਪਟਰ ਹਾਦਸੇ ਦਾ ਸ਼ਿਕਾਰ ਹੋ ਗਿਆ ਹੈ। ਸੂਤਰਾਂ ਮੁਤਾਬਕ ਇਹ ਹਾਦਸਾ ਸ਼ਯੋਕ ਨਦੀ ਦੇ ਨੇੜਲੇ ਇਲਾਕੇ ’ਚ ਵਾਪਰਿਆ, ਜਿੱਥੇ ਹੈਲੀਕਾਪਟਰ ਸਿੱਧਾ ਇਕ ਪਹਾੜੀ ਨਾਲ ਜਾ ਟਕਰਾਇਆ। ਇਸ ਭਿਆਨਕ ਹਾਦਸੇ ’ਚ ਰਾਹਤ ਦੀ ਗੱਲ ਇਹ ਰਹੀ ਕਿ ਹੈਲੀਕਾਪਟਰ ’ਚ ਸਵਾਰ ਫੌਜ ਦੇ ਇਕ ਡਿਵੀਜ਼ਨ ਕਮਾਂਡਰ (ਮੇਜਰ ਜਨਰਲ ਰੈਂਕ ਦੇ ਅਧਿਕਾਰੀ) ਪੂਰੀ ਤਰ੍ਹਾਂ ਸੁਰੱਖਿਅਤ ਹਨ। ਹਾਲਾਂਕਿ, ਹੈਲੀਕਾਪਟਰ ਉਡਾ ਰਹੇ ਦੋਵੇਂ ਪਾਇਲਟਾਂ ਨੂੰ ਸੱਟਾਂ ਲੱਗੀਆਂ ਹਨ। ਇਹ ਹਾਦਸਾ 20 ਮਈ ਨੂੰ ਦਿਨ ਦੇ ਸਮੇਂ ਵਾਪਰਿਆ ਸੀ। ਘਟਨਾ ਦੀ ਜਾਣਕਾਰੀ 28



ਮਈ ਨੂੰ ਸਾਹਮਣੇ ਆਈ ਹੈ। ਘਟਨਾ ਤੋਂ ਤੁਰੰਤ ਬਾਅਦ ਫੌਜ ਨੇ ਹਰਕਤ ’ਚ ਆਉਂਦਿਆਂ ਮਹਿਜ਼ 15 ਤੋਂ 20 ਮਿੰਟਾਂ ’ਚ ਰੈਸਕਿਊ ਟੀਮ ਮੌਕੇ ’ਤੇ ਭੇਜ ਦਿੱਤੀ ਅਤੇ ਤਿੰਨਾਂ ਨੂੰ ਸੁਰੱਖਿਅਤ ਕੱਢ ਕੇ ਇਲਾਜ ਲਈ ਲੇਹ ਲਿਆਂਦਾ ਗਿਆ। ਫੌਜੀ ਸੂਤਰਾਂ ਅਨੁਸਾਰ, ਹਾਦਸੇ ਦੇ ਸਮੇਂ ਲੱਦਾਖ ਦਾ ਮੌਸਮ ਬਿਲਕੁਲ ਸਾਫ ਸੀ ਅਤੇ ਵਿਜ਼ੀਬਿਲਟੀ ਦੀ ਵੀ ਕੋਈ ਸਮੱਸਿਆ ਨਹੀਂ ਸੀ। ਫਿਲਹਾਲ ਇਹ ਸਪੱਸ਼ਟ ਨਹੀਂ ਹੋ ਸਕਿਆ ਕਿ ਹੈਲੀਕਾਪਟਰ ਸਿੱਧਾ ਪਹਾੜੀ ਨਾਲ ਕਿਵੇਂ ਟਕਰਾਇਆ। ਫੌਜ ਨੇ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ’ਕੋਰਟ ਆਫ ਇਨਕੁਆਇਰੀ’ ਦੇ ਹੁਕਮ ਦੇ ਦਿੱਤੇ ਹਨ। ਇਸ ਹਾਦਸੇ ਨੇ ਇਕ ਵਾਰ ਫਿਰ ਭਾਰਤੀ ਫੌਜ ਦੇ ਪੁਰਾਣੇ ਹੋ ਰਹੇ ਹੈਲੀਕਾਪਟਰ ਬੇੜੇ ਬਾਰੇ ਚਿੰਤਾਵਾਂ ਵਧਾ ਦਿੱਤੀਆਂ ਹਨ। ਚੀਤਾ ਇੱਕ ਸਿੰਗਲ ਇੰਜਣ ਵਾਲਾ ਹੈਲੀਕਾਪਟਰ ਹੈ, ਜਿਸ ਦੀ ਵਰਤੋਂ ਫੌਜ ਲੰਬੇ ਸਮੇਂ ਤੋਂ ਦੁਰਗਮ ਇਲਾਕਿਆਂ ’ਚ ਕਰ ਰਹੀ ਹੈ। ਅੰਕੜਿਆਂ ਮੁਤਾਬਕ ਫੌਜ ਕੋਲ ਇਸ ਸਮੇਂ ਲਗਭਗ 190 ਚੀਤਾ, ਚੇਤਕ ਅਤੇ ਚੀਤਲ ਹੈਲੀਕਾਪਟਰ ਹਨ। ਇਨ੍ਹਾਂ ’ਚੋਂ 5 ਹੈਲੀਕਾਪਟਰ 50 ਸਾਲ ਤੋਂ ਵੀ ਵੱਧ ਪੁਰਾਣੇ ਹਨ। ਲਗਭਗ 130 ਹੈਲੀਕਾਪਟਰ 30 ਤੋਂ 50 ਸਾਲ ਪੁਰਾਣੇ ਹੋ ਚੁੱਕੇ ਹਨ। ਰੱਖਿਆ ਮਾਹਿਰ ਕਾਫੀ ਸਮੇਂ ਤੋਂ ਇਨ੍ਹਾਂ ਪੁਰਾਣੇ ਹੈਲੀਕਾਪਟਰਾਂ ਨੂੰ ਬਦਲਣ ਦੀ ਮੰਗ ਕਰ ਰਹੇ ਹਨ ਤਾਂ ਜੋ ਅਜਿਹੇ ਹਾਦਸਿਆਂ ਨੂੰ ਰੋਕਿਆ ਜਾ ਸਕੇ।

## ਹੁਣ ਸਕੂਲਾਂ, ਕਾਲਜਾਂ ਤੇ ਮੰਦਰਾਂ ਨੇੜੇ ਨਹੀਂ ਵਿਕੇਗੀ ਸ਼ਰਾਬ

ਕੋਲਕਾਤਾ 28 ਮਈ। ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸ਼ੁਭੇਂਦੂ ਅਧਿਕਾਰੀ ਨੇ ਮੰਗਲਵਾਰ ਨੂੰ ਐਲਾਨ ਕੀਤਾ ਹੈ ਕਿ ਸੂਬੇ ’ਚ ਸਕੂਲਾਂ, ਕਾਲਜਾਂ ਅਤੇ ਮੰਦਰਾਂ ਦੇ ਇਕ ਕਿਲੋਮੀਟਰ ਦੇ ਘੇਰੇ ’ਚ ਸ਼ਰਾਬ ਦੀਆਂ ਦੁਕਾਨਾਂ ਚਲਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਅਧਿਕਾਰੀ ਨੇ ਨਦੀਆ ਜ਼ਿਲੇ ਦੇ ਕਲਿਆਣੀ ’ਚ ਇਕ ਪ੍ਰਸ਼ਾਸਨਿਕ ਮੀਟਿੰਗ ਦੌਰਾਨ ਕਿਹਾ ਕਿ ਇਸ ਫੈਸਲੇ ਦਾ ਉਦੇਸ਼ ਵਿੱਦਿਅਕ ਸੰਸਥਾਵਾਂ ਅਤੇ ਧਾਰਮਿਕ ਸਥਾਨਾਂ ਨੂੰ ਸ਼ਰਾਬ ਦੇ ਸਮਾਜਿਕ ਮਾੜੇ ਪ੍ਰਭਾਵ ਤੋਂ ਬਚਾਉਣਾ ਹੈ, ਨਾਲ ਹੀ ਇਹ ਵੀ ਯਕੀਨੀ ਬਣਾਉਣਾ ਹੈ ਕਿ ਸਕੂਲਾਂ, ਕਾਲਜਾਂ ਅਤੇ ਮੰਦਰਾਂ ਨੇੜੇ ਹੁੜਦੰਗ ਅਤੇ ਹੋਰ ਗਲਤ ਘਟਨਾਵਾਂ ਨਾ ਵਾਪਰਨ। ਨਦੀਆ, ਹੁਗਲੀ ਅਤੇ ਉੱਤਰ 24 ਪਰਗਨਾ ਸਹਿਤ ਤਿੰਨ ਜ਼ਿਲਿਆਂ ਦੇ ਜਨਪ੍ਰਤੀਨਿਧੀਆਂ ਅਤੇ ਸੀਨੀਅਰ ਅਧਿਕਾਰੀਆਂ ਦੀ ਇਸ ਪ੍ਰਸ਼ਾਸਨਿਕ ਮੀਟਿੰਗ ’ਚ ਕਈ ਵੱਡੇ ਨੀਤੀਗਤ ਫੈਸਲਿਆਂ ਦਾ ਐਲਾਨ ਕੀਤਾ ਗਿਆ। ਸ਼ੁਭੇਂਦੂ ਅਧਿਕਾਰੀ ਨੇ ਇਹ ਵੀ ਐਲਾਨ ਕੀਤਾ ਕਿ ‘ਅੰਨਪੂਰਨਾ ਯੋਜਨਾ’ ਦੇ ਬਿਨੈ-ਪੱਤਰ 28 ਮਈ ਤੋਂ ਭਾਵ ਕਿ ਅੱਜ ਤੋਂ ਜਾਰੀ ਕੀਤੇ ਜਾਣਗੇ। ਇਹ ਯੋਜਨਾ ਚੋਣ ਪ੍ਰਚਾਰ ਦੌਰਾਨ ਭਾਜਪਾ ਦੇ ਮੈਨੀਫੈਸਟੋ ਦੇ ਸਭ ਤੋਂ ਚਰਚਿਤ ਬਿੰਦੂਆਂ ’ਚੋਂ ਇਕ ਸੀ, ਜਿਸ ਤਹਿਤ ਯੋਗ ਔਰਤਾਂ ਨੂੰ ਸਿੱਧੇ ਬੈਂਕ ਖਾਤੇ ’ਚ ਹਰ ਮਹੀਨੇ 3,000 ਰੁਪਏ ਦੀ ਵਿੱਤੀ ਸਹਾਇਤਾ ਮਿਲੇਗੀ।

## ਪੰਜਾਬ ’ਚ ਵਾਪਰਿਆ ਵੱਡਾ ਹਾਦਸਾ !

ਟਾਂਡਾ ਉੜਮੁੜ 28 ਮਈ। ਟਾਂਡਾ ਵਿਚ ਭਿਆਨਕ ਸੜਕ ਹਾਦਸੇ ਦੌਰਾਨ ਮਹਿਲਾ ਸਰਪੰਚ ਦੀ ਮੌਤ ਹੋ ਗਈ। ਮਿਲੀ ਜਾਣਕਾਰੀ ਮੁਤਾਬਕ ਟਾਂਡਾ-ਬੇਗੋਵਾਲ ਸੜਕ ’ਤੇ ਨਿੱਜੀ ਕਾਲਜ ਨੇੜੇ ਵਾਪਰੇ ਇਕ ਭਿਆਨਕ ਸੜਕ ਹਾਦਸੇ ’ਚ ਮੋਟਰਸਾਈਕਲ ਸਵਾਰ ਮਹਿਲਾ ਸਰਪੰਚ ਦੀ ਮੌਤ ਹੋ ਗਈ ਜਦਕਿ ਹਾਦਸੇ ਵਿੱਚ ਉਸ ਦਾ ਪਤੀ ਅਤੇ ਭਤੀਜੀ ਗੰਭੀਰ ਜ਼ਖ਼ਮੀ ਹੋ ਗਏ ਹਨ। ਇਹ ਭਿਆਨਕ ਸੜਕ ਹਾਦਸਾ ਕਰੀਬ ਦੁਪਹਿਰ 3 ਵਜੇ ਉਸ ਸਮੇਂ ਵਾਪਰਿਆ ਜਦੋਂ ਟਾਂਡਾ ਦੇ ਪਿੰਡ ਬਸਤੀ ਬੋਹੜਾ ਨਾਲ ਸੰਬੰਧਤ ਸਰਪੰਚ ਨਿਤਿਕਾ ਆਪਣੇ ਪਤੀ ਸੁਖਵਿੰਦਰ ਅਤੇ ਭਤੀਜੀ ਸੋਨਾਕਸ਼ੀ ਪੁੱਤਰੀ ਬਲਵਿੰਦਰ ਸਿੰਘ ਨਾਲ ਮੋਟਰਸਾਈਕਲ ’ਤੇ ਸਵਾਰ ਹੋ ਕੇ ਜਲਾਲਪੁਰ ਜਾ ਰਹੇ ਸਨ। ਇਸੇ ਦੌਰਾਨ ਰੜਾ ਮੋੜ ਨੇੜੇ ਸਾਹਮਣੇ ਤੋਂ ਆ ਰਹੀ ਨਿੱਜੀ ਕਾਲਜ ਦੀ ਬਸ ਨੇ ਉਨ੍ਹਾਂ ਨੂੰ ਆਪਣੀ ਚਪੇਟ ਵਿੱਚ ਲੈ ਲਿਆ। ਇਸ ਭਿਆਨਕ ਸੜਕ ਹਾਦਸੇ ਕਾਰਨ ਸਰਪੰਚ ਨਿਤਿਕਾ ਦੀ ਮੌਕੇ ’ਤੇ ਹੀ ਮੌਤ ਹੋ ਕੇ ਜਦਕਿ ਉਸ ਦਾ ਪਤੀ ਸੁਖਵਿੰਦਰ ਅਤੇ ਭਤੀਜੀ ਸੋਨਾਕਸ਼ੀ ਗੰਭੀਰ ਜ਼ਖ਼ਮੀ ਹੋ ਗਏ।

## ਗੁਰਦਾਸਪੁਰ ’ਚ ਹੈਂਡ ਗ੍ਰਨੇਡ ਸੁੱਟਣ ਵਾਲੇ 3 ਮੁਲਜ਼ਮ ਗ੍ਰਿਫਤਾਰ

ਗੁਰਦਾਸਪੁਰ 28 ਮਈ। ਗੁਰਦਾਸਪੁਰ ਪੁਲਸ ਨੇ ਕਾਊਂਟਰ ਇੰਟੈਲੀਜੈਂਸ ਪੰਜਾਬ ਦੇ ਸਹਿਯੋਗ ਨਾਲ ਵੱਡੀ ਸਫਲਤਾ ਹਾਸਲ ਕਰਦਿਆਂ 27 ਅਪ੍ਰੈਲ 2026 ਨੂੰ ਗੀਤਾ ਭਵਨ ਰੋਡ, ਗੁਰਦਾਸਪੁਰ ਨੇੜੇ ਮਿਲੇ ਹੈਂਡ ਗ੍ਰਨੇਡ ਮਾਮਲੇ ਨੂੰ ਸੁਲਝਾ ਲਿਆ ਹੈ। ਇਸ ਮਾਮਲੇ ਵਿੱਚ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਦੀ ਜਾਣਕਾਰੀ ਪੰਜਾਬ ਡੀ. ਜੀ. ਪੀ. ਗੌਰਵ ਯਾਦਵ ਨੇ ਸਾਂਝੀ ਕੀਤੀ ਹੈ। ਡੀ. ਜੀ. ਪੀ. ਨੇ ਦੱਸਿਆ ਕਿ ਤਕਨੀਕੀ ਜਾਣਕਾਰੀ, ਸੀਸੀਟੀਵੀ ਫੁਟੇਜ ਅਤੇ ਮਨੁੱਖੀ ਖੁਫੀਆ ਸੂਚਨਾ ਦੇ ਆਧਾਰ ’ਤੇ ਤੁਰੰਤ ਕਾਰਵਾਈ ਕਰਦਿਆਂ ਪੁਲਸ ਨੇ ਦੁਕਾਨ ਨੇੜੇ ਹੈਂਡ ਗ੍ਰਨੇਡ ਸੁੱਟਣ ਵਾਲੇ ਮੁਲਜ਼ਮਾਂ ਦੀ ਪਛਾਣ ਕਰ ਲਈ। ਜਾਂਚ ਦੌਰਾਨ ਇਕ ਮੁਲਜ਼ਮ ਦੇ ਘਰ ’ਤੋਂ ਇਕ ਹੋਰ ਹੈਂਡ ਗ੍ਰਨੇਡ ਵੀ ਬਰਾਮਦ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਵਿਦੇਸ਼ੀ ਹੈਂਡਲਰ ਦੇ ਨਿਰਦੇਸ਼ਾਂ ’ਤੇ ਕੰਮ ਕਰ ਰਹੇ ਸਨ ਅਤੇ ਉਨ੍ਹਾਂ ਨੂੰ ਦੋ ਹੈਂਡ ਗ੍ਰਨੇਡ ਵੀ ਉਸੇ ਹੈਂਡਲਰ ਵੱਲੋਂ ਮੁਹੱਈਆ ਕਰਵਾਏ ਗਏ ਸਨ। ਐੱਸ ਐੱਸ ਪੀ. ਗੁਰਦਾਸਪੁਰ ਆਦਿੱਤਿਆ ਨੇ ਦੱਸਿਆ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਪੁੱਛਗਿੱਛ ਦੌਰਾਨ ਮਾਮਲੇ ਨਾਲ ਜੁੜੀ ਪੂਰੀ ਸੱਚਾਈ ਸਾਹਮਣੇ ਆ ਸਕੇ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਅਮਰਜੀਤ ਸਿੰਘ ਉਰਫ਼ ਬਿੱਲਾ ਵਾਸੀ ਰਾਮਾ ਮੰਡੀ, ਗਣੇਸ਼ ਨਗਰ,ਜਲੰਧਰ; ਕਰਨਜੀਤ ਸਿੰਘ ਉਰਫ਼ ਕਰਨ ਵਾਸੀ ਤਾਰਾਪੁਰ, ਅੰਮ੍ਰਿਤਸਰ; ਅਤੇ ਸਤਨਾਮ ਸਿੰਘ ਵਾਸੀ ਪਿੰਡ ਬੋਪਾਰਾਏ, ਅੰਮ੍ਰਿਤਸਰ ਵਜੋਂ ਹੋਈ ਹੈ। ਇਸ ਸਬੰਧੀ ਪੁਲਸ ਥਾਣਾ ਸਿਟੀ ਗੁਰਦਾਸਪੁਰ ਵਿੱਚ UAPA ਅਤੇ ਵਿਸਫੋਟਕ ਪਦਾਰਥ ਐਕਟ ਦੀਆਂ ਸੰਬੰਧਿਤ ਧਾਰਾਵਾਂ ਤਹਿਤ ਐਫ਼ਆਈਆਰ ਦਰਜ ਕੀਤੀ ਗਈ ਹੈ। ਵਿਦੇਸ਼ੀ ਹੈਂਡਲਰ ਅਤੇ ਸਥਾਨਕ ਸਹਾਇਤਾ ਨੈਟਵਰਕ ਸਮੇਤ ਇਸ ਮਾਮਲੇ ਦੇ ਅੱਗੇ-ਪਿੱਛੇ ਦੇ ਸਾਰੇ ਲਿੰਕ ਖੰਗਾਲਣ ਲਈ ਜਾਂਚ ਜਾਰੀ ਹੈ।


**NAME CHANGE**
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR -2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.



**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.



**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**NAME CHANGE**
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.
**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.



**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.



**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.



**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.



**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose



**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.



**PUBLIC NOTICE**
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.
**Shyam Sharma (Adv)**

**PUBLIC NOTICE**
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.



**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.



**NAME CHANGE**
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.



**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.



**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

# ਰਾਗ ਨਾਦ ਸਬਦਿ ਸੋਹਣੇ 14

ਇਕਵਾਕ ਸਿੰਘ ਪੱਟੀ

ਸਮੁੱਚੀ ਮਾਨਵਤਾ ਦੇ ਸਰਬ ਸਾਂਝੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਪੰਜਵੇਂ ਨਾਨਕ ਗੁਰੂ ਅਰਜਨ ਦੇਵ ਜੀ ਵੱਲੋਂ ਭਾਈ ਗੁਰਦਾਸ ਜੀ ਕੋਲੋਂ ਦਰਜ ਕਰਵਾਈ ਗਈ ਬਾਣੀ ਰਾਗਾਂ ਦੇ ਅਧੀਨ ਹੈ। ਗੁਰੂ ਗ੍ਰੰਥ ਸਾਹਿਬ ਵਿਚ ਕੁਝ ਬਾਣੀ ਰਾਗ ਮੁਕਤ ਵੀ ਹੈ ਪਰ ਜ਼ਿਆਦਾਤਰ ਬਾਣੀ ਰਾਗਾਂ ਦੇ ਅਧੀਨ ਹੈ। ਸਭ ਤੋਂ ਸ੍ਰੇਸ਼ਟ ਰਾਗ ਬਾਰੇ ਗੁਰੂ ਰਾਮਦਾਸ ਜੀ ਫੁਰਮਾਉਂਦੇ ਹਨ, 'ਸਭਨਾ ਰਾਗਾਂ ਵਿਚਿ ਸੋ ਭਲਾ ਭਾਈ ਜਿਤੁ ਵਸਿਆ ਮਨਿ ਆਇ॥' ਭਾਵ ਉਹੀ ਰਾਗ ਸਫ਼ਲ ਹੈ ਜਿਸ ਨੂੰ ਸੁਣਦਿਆਂ-ਪੜ੍ਹਦਿਆਂ, ਗਾਉਂਦਿਆਂ ਹੋਇਆਂ ਸ੍ਰਿਸ਼ਟੀ ਦਾ ਕਰਤਾ ਪਰਮਾਤਮਾ ਚੇਤੇ ਆ ਜਾਵੇ। ਅੱਜ ਜਾਣਦੇ ਹਾਂ ਗੁਰੂ ਸਾਹਿਬ ਵੱਲੋਂ ਉਚਾਰੇ 31 ਰਾਗਾਂ ਵਿੱਚੋਂ 14ਵੇਂ ਸਥਾਨ 'ਤੇ ਆਉਣ ਵਾਲੇ ਰਾਗ 'ਤਿਲੰਗ' ਬਾਰੇ...



## ਰਾਗ ਤਿਲੰਗ

ਰਾਗ ਤਿਲੰਗ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਰਾਗ ਤਰਤੀਬ ਵਿਚ ਗੁਰੂ ਅਰਜਨ ਦੇਵ ਜੀ ਮਾਹਾਰਾਜ ਵੱਲੋਂ ਚੌਦਵੇਂ ਸਥਾਨ 'ਤੇ ਸ਼ਾਮਲ ਕੀਤਾ ਗਿਆ ਹੈ। ਇਹ ਰਾਗ ਗੁਰੂ ਗ੍ਰੰਥ ਸਾਹਿਬ ਦੇ ਪੰਨਾ ਨੰਬਰ 721 ਤੋਂ 727 ਤਕ ਦਰਜ ਹੈ। ਕੇਵਲ ਸੱਤ ਪੰਨਿਆਂ 'ਤੇ ਦਰਜ ਰਾਗ ਤਿਲੰਗ ਦੀ ਮਕਬੂਲੀਅਤ ਦੀ ਗੱਲ ਕਰੀਏ ਤਾਂ ਇਤਿਹਾਸਕ ਪੱਖ ਤੋਂ ਗੁਰੂ ਨਾਨਕ ਦੇਵ ਜੀ ਦਾ ਇਸ ਰਾਗ ਅਧੀਨ ਉਚਾਰਣ ਕੀਤਾ ਹੋਇਆ ਸ਼ਬਦ 'ਪਾਪ ਕੀ ਜੰਞ ਲੈ ਕਾਬਲਹੁ ਧਾਇਆ ਜੋਰੀ ਮੰਗੈ ਦਾਨੁ ਵੇ ਲਾਲੋ॥ ਸਰਮ ਧਰਮ ਦੁਇ ਛਪਿ ਖਲੋਏ ਕੂੜੁ ਫਿਰੈ ਪਰਧਾਨੁ ਵੇ ਲਾਲੋ॥' ਸਿੱਖ ਸੰਗਤਾਂ ਨੂੰ ਮੂੰਹ-ਜ਼ੁਬਾਨੀ ਯਾਦ ਹੈ। ਇਸ ਵਿਚ ਗੁਰੂ ਨਾਨਕ ਦੇਵ ਜੀ ਨੇ ਬਾਬਰ ਦੇ ਐਮਨਾਬਾਦ ਉੱਪਰ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਕੀਤੀ ਗਈ ਲੁੱਟ-ਖਸੁੱਟ, ਕਤਲੇਆਮ ਅਤੇ ਲੋਕਾਂ ਉੱਪਰ ਹੋਏ ਅੱਤਿਆਚਾਰ ਦਾ ਜ਼ਿਕਰ ਕੀਤਾ ਹੈ। ਇਸ ਰਾਗ ਵਿਚ ਗੁਰੂ ਨਾਨਕ ਦੇਵ ਜੀ, ਗੁਰੂ ਰਾਮਦਾਸ ਜੀ, ਗੁਰੂ ਅਰਜਨ ਦੇਵ ਜੀ ਅਤੇ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਦਰਜ ਹੈ। ਇਸ ਤੋਂ ਇਲਾਵਾ ਭਗਤ ਕਬੀਰ ਜੀ ਅਤੇ ਭਗਤ ਨਾਮਦੇਵ ਜੀ ਦੀ ਬਾਣੀ ਸੁਸ਼ੋਭਿਤ ਹੈ। ਰਾਗ ਤਿਲੰਗ ਦੇ ਅੰਤਰਗਤ 'ਤਿਲੰਗ ਕਾਫੀ' ਸਿਰਲੇਖ ਹੇਠ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਦਰਜ ਹੈ।

ਇਤਿਹਾਸਕ ਅਤੇ ਸੰਗੀਤਕ ਪੱਖ ਤੋਂ ਰਾਗ ਤਿਲੰਗ ਭਾਰਤੀ ਸ਼ਾਸਤਰੀ ਸੰਗੀਤ ਅਤੇ ਗੁਰਮਤਿ ਸੰਗੀਤ ਵਿਚ ਰਾਤ ਦੇ ਦੂਜੇ ਪਹਿਰ ਸਮੇਂ ਗਾਏ ਜਾਣ ਵਾਲੇ ਰਾਗਾਂ ਵਿੱਚੋਂ ਇਕ ਅਹਿਮ ਰਾਗ ਹੈ। ਕੁਝ ਸਿੱਖ ਸੰਗੀਤਕਾਰ ਇਸ ਰਾਗ ਦਾ ਗਾਇਨ ਦਿਨ ਦੇ ਤੀਜੇ ਪਹਿਰ ਵੀ ਕਰਦੇ ਹਨ। ਇਹ ਮਧੁਰ ਅਤੇ ਸਰਲ ਰਾਗਾਂ ਦੀ ਸ਼੍ਰੇਣੀ ਵਿਚ ਆਉਂਦਾ ਹੈ। ਇਹ ਰਾਗ ਲੋਕ ਸੰਗੀਤ ਪਰੰਪਰਾ ਵਿਚ ਵੀ ਪ੍ਰਸਿੱਧ ਰਾਗ ਹੈ। ਭਾਈ ਕਾਨ੍ਹ ਸਿੰਘ ਨਾਭਾ ਰਚਿਤ ਮਹਾਨ ਕੋਸ਼ ਦੇ ਪੰਨਾ ਨੰਬਰ 593 ਅਨੁਸਾਰ, 'ਇਹ ਬਿਲਾਵਲ ਥਾਟ ਦਾ ਇਕ ਔੜਵ ਰਾਗ ਹੈ। ਇਸ ਵਿਚ ਰਿਸ਼ਭ ਅਤੇ ਧੈਵਤ ਵਰਜਿਤ ਹਨ, ਬਾਕੀ ਸਾਰੇ ਸੁਰ ਸ਼ੁੱਧ ਹਨ। ਨਿਸ਼ਾਦ ਅਤੇ ਪੰਚਮ ਦੀ ਇਸ ਵਿਚ ਸੰਗਤ ਹੈ। ਵਾਦੀ ਸੁਰ ਗੰਧਾਰ ਅਤੇ ਨਿਸ਼ਾਦ ਸੰਵਾਦੀ ਹੈ। ਗਾਉਣ ਦਾ ਵੇਲਾ ਦਿਨ ਦਾ ਤੀਜਾ ਪਹਿਰ ਹੈ।' •

98150-24920

ਗੁਰੂ ਹਰਿਗੋਬਿੰਦ ਸਾਹਿਬ ਗੱਦੀ 'ਤੇ ਬਿਰਾਜਮਾਨ ਹੋਏ ਤਾਂ ਉਨ੍ਹਾਂ ਮੀਰੀ-ਪੀਰੀ ਦੀਆਂ ਦੋ ਤਲਵਾਰਾਂ ਧਾਰਨ ਕੀਤੀਆਂ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕਰ ਕੇ ਹਾਕਮਾਂ ਨੂੰ ਵੰਗਾਰਿਆਂ...

# ਛਠਮ ਪੀਰ ਬੈਠਾ ਗੁਰ ਭਾਰੀ

ਧਰਮਿੰਦਰ ਸਿੰਘ ਚੱਬਾ



ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ

ਸੰਨ 1581 ਨੂੰ ਪੰਚਮ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਜਦ ਗੁਰਗੱਦੀ 'ਤੇ ਬਿਰਾਜ਼ਮਾਨ ਹੋਏ ਤਾਂ ਉਨ੍ਹਾਂ ਦੇ ਵੱਡੇ ਭਰਾ ਪ੍ਰਿਥੀ ਚੰਦ ਨੇ ਬੁਰਾ ਮਨਾਇਆ ਤੇ ਘਰ ਵੱਡਾ ਹੋਣ ਦੇ ਨਾਤੇ ਗੁਰਗੱਦੀ 'ਤੇ ਆਪਣਾ ਹੱਕ ਜਤਾਇਆ। ਕੋਈ ਚਾਰਾ ਨਾ ਚੱਲਦਾ ਵੇਖ ਕੇ ਪ੍ਰਿਥੀ ਚੰਦ ਇਹ ਸੋਚਦਾ ਕਿ ਚਲੋ ਕੋਈ ਗੱਲ ਨਹੀ, ਗੁਰੂ ਅਰਜਨ ਦੇਵ ਜੀ ਦੇ ਘਰ ਸ਼ਾਦੀ ਤੋਂ 14 ਸਾਲ ਬਾਅਦ ਵੀ ਕੋਈ ਬੱਚਾ ਨਹੀਂ ਹੋਇਆ ਤੇ ਨਾ ਹੀ ਹੋਏਗਾ। ਗੁਰੂ ਅਰਜਨ ਦੇਵ ਜੀ ਪ੍ਰਿਥੀ ਚੰਦ ਦੇ ਪੁੱਤਰ ਮਿਹਰਬਾਨ ਨੂੰ ਆਪਣੇ ਨਾਲ ਰੱਖਦੇ ਸਨ। ਇਸ ਗੱਲ ਨੂੰ ਲੈ ਕੇ ਪ੍ਰਿਥੀ ਚੰਦ ਮਨ ਹੀ ਮਨ ਖ਼ੁਸ਼ ਹੋ ਲੈਂਦਾ ਸੀ ਕਿ ਗੱਦੀ ਦੇ ਮਾਲਕ ਤਾਂ ਅਸੀ ਹੀ ਹਾਂ।

ਉੱਧਰ ਮਾਤਾ ਗੰਗਾ ਜੀ ਦਰਾਣੀਆਂ-ਜੇਠਾਣੀਆਂ ਤੇ ਲੋਕਾਂ ਦੇ ਤਾਅਨੇ-ਮਿਹਣੇ ਸੁਣ ਕੇ ਤੰਗ ਆ ਚੁੱਕੇ ਸਨ। ਗੁਰੂ ਅਰਜਨ ਦੇਵ ਜੀ ਦੇ ਕਹਿਣ ਤੇ ਮਾਤਾ ਗੰਗਾ ਜੀ ਇਕ ਦਿਨ ਅੰਮ੍ਰਿਤਸਰ ਤੋਂ 9-10 ਮੀਲ ਦੂਰ ਬੀੜ ਸਾਹਿਬ ਬਾਬਾ ਬੁੱਢਾ ਜੀ ਕੋਲ ਪੁੱਤਰ ਦਾ ਵਰ ਪ੍ਰਾਪਤ ਕਰਨ ਲਈ ਗਏ ਤਾਂ ਬਾਬਾ ਬੁੱਢਾ ਜੀ ਨੇ ਪੁੱਤਰ ਦਾ ਵਰ ਦਿੰਦਿਆਂ ਕਿਹਾ ਕਿ **'ਤੁਮਰੇ ਗ੍ਰਿਹਿ ਪ੍ਰਗਟੇਗਾ ਜੋਧਾ, ਜਾ ਕੋ ਬਲ ਗੁਨ ਕਿਨਹੂੰ ਨਾ ਸੋਧਾ।'** ਬਾਬਾ ਬੁੱਢਾ ਜੀ ਦੇ ਵਰ ਨਾਲ 5 ਜੁਲਾਈ 1595 ਨੂੰ ਗੁਰੂ ਹਰਿਗੋਬਿੰਦ ਸਾਹਿਬ ਦਾ ਪ੍ਰਕਾਸ਼ ਗੁਰੂ ਕੀ ਵਡਾਲੀ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਪਿਤਾ ਸ੍ਰੀ ਗੁਰੂ ਅਰਜਨ ਦੇਵ ਜੀ ਤੇ ਮਾਤਾ ਗੰਗਾ ਜੀ ਦੇ ਘਰ ਹੋਇਆ। ਇਸ ਖ਼ੁਸ਼ੀ ਵਿਚ ਗੁਰੂ ਪਿਤਾ ਜੀ ਨੇ ਛੇ ਹਰਟਾਂ ਵਾਲਾ ਖੂਹ ਲਗਵਾਇਆ, ਜੋ ਅੱਜ ਕੱਲ੍ਹ ਗੁਰਦੁਆਰਾ ਛੇਹਰਟਾ ਸਾਹਿਬ ਦੇ ਨਾਂ ਨਾਲ ਜਾਣਿਆ ਜਾਂਦਾ ਹੈ।

ਪ੍ਰਿਥੀ ਚੰਦ ਨੇ ਕਈ ਵਾਰ ਗੁਰੂ ਹਰਿਗੋਬਿੰਦ ਸਾਹਿਬ ਨੂੰ ਮਾਰਨ ਦੀਆਂ ਚਾਲਾਂ ਚੱਲੀਆਂ ਪਰ ਕਾਮਯਾਬ ਨਾ ਹੋ ਸਕਿਆ। ਜਦ 16 ਜੂਨ 1606 ਨੂੰ ਲਾਹੌਰ ਵਿਖੇ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਹੋਈ ਤਾਂ ਗੁਰਗੱਦੀ ਸਮੇਂ ਗੁਰੂ ਹਰਿਗੋਬਿੰਦ ਸਾਹਿਬ ਦੀ ਉਮਰ 11 ਸਾਲ ਸੀ। ਭਾਈ ਗੁਰਦਾਸ ਜੀ ਨੇ ਪਹਿਲੀ ਵਾਰ ਦੀ 48ਵੀਂ ਪਉੜੀ ਵਿਚ ਫੁਰਮਾਇਆ ਹੈ :

**ਪੰਜ ਪਿਆਲੇ ਪੰਜ ਪੀਰ ਛਠਮ ਪੀਰ ਬੈਠਾ ਗੁਰ ਭਾਰੀ।।**

**ਅਰਜਨ ਕਾਇਆ ਪਲਟ ਕੈ ਮੁਰਤਿ ਹਰਿਗੋਬਿੰਦ ਸਵਾਰੀ।।**

ਇਤਹਾਸ 'ਚ ਆਪ ਜੀ ਦੇ ਤਿੰਨ ਵਿਆਹਾਂ ਦਾ ਜ਼ਿਕਰ ਆਉਂਦਾ ਹੈ। ਆਪ ਦਾ ਪਹਿਲਾ ਵਿਆਹ ਡੱਲਾ ਨਿਵਾਸੀ ਸ੍ਰੀ ਨਰਾਇਣ ਦਾਸ ਦੀ ਸਪੁੱਤਰੀ ਦਮੋਦਰੀ ਜੀ ਨਾਲ (1608 ਈਸਵੀ) ਨੂੰ ਹੋਇਆ, ਜਿਨ੍ਹਾਂ ਦੇ ਉਦਰ ਤੋਂ ਬਾਬਾ ਗੁਰਦਿੱਤਾ ਜੀ (1613 ਈਸਵੀ), ਬੀਬੀ ਵੀਰੋ ਜੀ (1615 ਈਸਵੀ) ਤੇ ਅਣੀ ਰਾਏ ਜੀ (1618 ਈਸਵੀ) ਨੂੰ ਪੈਦਾ ਹੋਏ। ਦੂਜਾ ਵਿਆਹ ਬਾਬਾ ਬਕਾਲਾ ਨਿਵਾਸੀ ਸ੍ਰੀ ਹਰੀ ਚੰਦ ਦੀ ਸਪੁੱਤਰੀ ਨਾਨਕੀ ਜੀ ਨਾਲ 1613 ਈਸਵੀ 'ਚ ਹੋਇਆ, ਜਿਨ੍ਹਾਂ ਦੇ ਉਦਰ ਤੋਂ 1619 ਵਿਚ ਬਾਬਾ ਅਟੱਲ ਰਾਏ ਜੀ ਤੇ 1621 ਈਸਵੀ 'ਚ ਤੇਗ਼ ਬਹਾਦਰ ਜੀ ਪੈਦਾ ਹੋਏ। ਤੀਜਾ ਵਿਆਹ ਮੰਡਿਆਲੀ ਵਾਸੀ ਸ੍ਰੀ ਦਇਆ ਰਾਮ ਦੀ ਸਪੁੱਤਰੀ ਮਹਾਂਦੇਵੀ ਜੀ ਨਾਲ 1615 ਨੂੰ ਹੋਇਆ, ਜਿਨ੍ਹਾਂ ਦੇ ਉਦਰ ਤੋਂ 1617 ਵਿਚ ਸੂਰਜ ਮੱਲ ਪੈਦਾ ਹੋਏ।

ਜਦੋਂ ਗੁਰੂ ਹਰਿਗੋਬਿੰਦ ਸਾਹਿਬ ਗੁਰਗੱਦੀ ਤੇ ਬਿਰਾਜਮਾਨ ਹੋਏ ਤਾਂ ਉਨ੍ਹਾਂ ਨੇ ਮੀਰੀ ਤੇ ਪੀਰੀ ਦੀਆਂ ਦੋ ਤਲਵਾਰਾਂ ਧਾਰਨ ਕੀਤੀਆਂ, ਸਿਰ 'ਤੇ ਕਲਗੀ ਸਜਾਈ। ਆਪ ਨੇ ਸੰਗਤਾਂ ਨੂੰ ਰੁਪਏ-ਪੈਸੇ ਦੀ ਜਗ੍ਹਾ ਗੁਰੂ ਘਰ ਲਈ ਸ਼ਸਤਰ ਤੇ ਘੋੜੇ ਭੇਟਾ ਲਿਆਉਣ ਦਾ ਆਦੇਸ਼ ਕੀਤਾ। ਆਪ ਨੇ 1609 ਵਿਚ ਸ੍ਰੀ ਅਕਾਲ ਬੁੰਗੇ ਦੀ ਨੀਂਹ ਰੱਖੀ, ਜਿਹੜਾ ਕਿ ਪੰਥ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਂ ਨਾਲ ਪ੍ਰਸਿੱਧ ਹੈ। ਗੁਰੂ ਜੀ ਨੇ ਆਪਣੇ ਪਿਆਰੇ ਸਿੱਖਾਂ 'ਚ ਜੋਸ਼ ਭਰਨ ਲਈ ਢਾਡੀਆਂ ਦੁਆਰਾ ਵਾਰਾਂ ਦਾ ਗਾਇਨ ਆਰੰਭ ਕਰਵਾਇਆ।

ਗੁਰੂ ਸਾਹਿਬ ਨੇ ਜੀਵਨ ਕਾਲ 'ਚ ਚਾਰ ਜੰਗਾਂ ਲੜੀਆਂ ਤੇ ਚਾਰਾਂ 'ਚ ਜਿੱਤ ਹਾਸਲ ਕੀਤੀ। ਪਹਿਲੀ ਜੰਗ 1629 ਵਿਚ ਕਿਲ੍ਹਾ ਲੋਹਗੜ੍ਹ ਵਿਖੇ ਮੁਗ਼ਲਾਂ ਨਾਲ ਹੋਈ। ਬਾਦਸ਼ਾਹ ਸ਼ਾਹਜਹਾਨ ਦੇ ਚਿੱਟੇ ਬਾਜ਼ ਨੂੰ ਸਿੱਖਾਂ ਨੇ ਫੜ ਲਿਆ ਤਾਂ ਬਾਦਸ਼ਾਹ ਨੇ ਮੀਰ ਸ਼ਿਕਾਰੀ ਨੂੰ ਬਾਜ਼ ਲੈਣ ਲਈ ਭੇਜਿਆ ਤਾਂ ਸਿੱਖਾਂ ਨੇ ਬਾਜ਼ ਦੇਣ ਤੋਂ ਨਾਂਹ ਕਰ ਦਿੱਤੀ। ਬਾਦਸ਼ਾਹ ਨੇ ਮੁਖਲਿਸ ਖ਼ਾਂ ਨੂੰ 7,000 ਦੀ ਫ਼ੌਜ ਨਾਲ ਸ੍ਰੀ ਅੰਮ੍ਰਿਤਸਰ ਸਾਹਿਬ 'ਤੇ ਚੜ੍ਹਾਈ ਕਰਨ ਲਈ ਭੇਜਿਆ। ਗੁਰੂ ਜੀ ਦਾ ਤੁਰਕਾਂ ਨਾਲ ਭਾਰੀ ਯੁੱਧ ਹੋਇਆ ਤੇ ਆਖ਼ਰ ਪਿੰਡ ਚੱਬੇ ਦੇ ਮੈਦਾਨ 'ਚ ਸ੍ਰੀ ਸੰਗਰਾਣਾ ਸਾਹਿਬ, ਚੱਬਾ ਵਿਖੇ ਜਿੱਤ ਦਾ ਪਰਚਮ ਲਹਿਰਾਇਆ। ਦੂਜਾ ਯੁੱਧ 1630 'ਚ ਹਰਿਗੋਬਿੰਦਪੁਰ ਵਿਖੇ, ਤੀਜਾ ਯੁੱਧ 1632 ਨੂੰ ਲਾਹੌਰ ਦੇ ਸੂਬੇਦਾਰ ਨਾਲ ਹੋਇਆ। ਚੌਥਾ ਯੁੱਧ 1634 ਨੂੰ ਕਾਲੇ ਖ਼ਾਂ ਨਾਲ ਹੋਇਆ। ਇਸ ਯੁੱਧ 'ਚ ਬਾਬਾ ਗੁਰਦਿੱਤਾ ਜੀ ਤੇ ਗੁਰੂ ਤੇਗ਼ ਬਹਾਦਰ ਜੀ ਨੇ ਵੀ ਤਲਵਾਰ ਦੇ ਜੌਹਰ ਵਿਖਾਏ। ਇਸ ਸਮੇਂ ਇਨ੍ਹਾਂ ਦੀ ਉਮਰ ਮਹਿਜ਼ 14 ਸਾਲ ਸੀ।

ਗੁਰੂ ਜੀ ਦੀ ਚੜ੍ਹਤ ਵੇਖ ਕੇ ਗੁਰੂ ਘਰ ਦੇ ਵਿਰੋਧੀਆਂ ਨੇ ਸਰਗਰਮੀਆਂ ਤੇਜ਼ ਕਰ ਦਿੱਤੀਆਂ ਤੇ ਹਾਕਮਾਂ ਦੇ ਕੰਨ ਭਰਨੇ ਸ਼ੁਰੂ ਕਰ ਦਿੱਤੇ ਕਿ ਗੁਰੂ ਹਰਿਗੋਬਿੰਦ ਜੀ ਨੇ ਆਪਣੇ ਵੱਡੇ-ਵਡੇਰਿਆਂ ਦੀ ਮਰਿਆਦਾ ਨੂੰ ਛੱਡ ਕੇ ਧਾੜਵੀਆਂ ਵਾਲਾ ਰੁਖ਼ ਅਪਣਾ ਲਿਆ ਹੈ। ਗੁਰੂ ਘਰ ਦੇ ਵਿਰੋਧੀਆਂ ਦੀ ਇਹ ਸੋਚ ਰਹੀ ਸੀ ਕਿ ਗੁਰੂ ਘਰ ਨੂੰ ਦਬਾ ਕੇ ਰੱਖਿਆ ਜਾਵੇ ਤਾਂ ਕਿ ਇਹ ਸਰਕਾਰ ਵਿਰੁੱਧ ਬਗ਼ਾਵਤ ਨਾ ਕਰ ਸਕੇ। ਇਸੇ ਕਰਕੇ ਗੁਰੂ ਹਰਿਗੋਬਿੰਦ ਸਾਹਿਬ ਨੂੰ ਗਵਾਲੀਅਰ ਦੇ ਕਿਲ੍ਹੇ 'ਚ ਵੀ ਕੈਦ ਹੋਣਾ ਪਿਆ। ਜਦੋਂ ਸਾਈਂ ਮੀਆਂ ਮੀਰ ਜੀ ਨੇ ਬਾਦਸ਼ਾਹ ਨੂੰ ਸਾਰੀ ਗੱਲ ਸਮਝਾਈ ਤਾਂ ਗੁਰੂ ਸਾਹਿਬ ਦੀ ਰਿਹਾਈ ਸੰਭਵ ਹੋਈ ਤੇ ਗੁਰੂ ਜੀ ਨੇ ਹੋਰ ਰਿਆਸਤਾਂ ਦੇ 52 ਰਾਜਿਆਂ ਨੂੰ ਵੀ ਰਿਹਾਅ ਕਰਵਾਇਆ। ਗੁਰੂ ਜੀ ਤੇ ਬਾਦਸ਼ਾਹ ਦੇ ਸਬੰਧਾਂ ਵਿਚ ਮਿਠਾਸ ਆਈ। ਇਸੇ ਕਰਕੇ ਗੁਰੂ ਘਰ ਦੇ ਦੋਖੀ ਚੰਦੂ ਨੂੰ ਸਿੱਖਾਂ ਦੇ ਹਵਾਲੇ ਕਰ ਦਿੱਤਾ ਗਿਆ ਤਾਂ ਸਿੱਖਾਂ ਨੇ ਉਸ ਨੂੰ ਨਕੇਲ ਪਾ ਕੇ ਸ਼ਹਿਰ ਵਿਚ ਘੁਮਾਇਆ ਤੇ ਉਸ ਦਾ ਬਹੁਤ ਬੁਰਾ ਅੰਤ ਹੋਇਆ।

ਗੁਰੂ ਘਰ ਦੇ ਉਪਦੇਸ਼ਾਂ ਤੋਂ ਪ੍ਰਭਾਵਿਤ ਹੋ ਕੇ ਬਹੁਤ ਸਾਰੇ ਹਿੰਦੂ-ਮੁਸਲਮਾਨ ਵੀ ਗੁਰੂ ਘਰ ਦੇ ਉਪਾਸ਼ਕ ਬਣਨ ਲੱਗੇ, ਜੋ ਗੁਰੂ ਘਰ ਦੇ ਦੋਖੀਆਂ ਲਈ ਖ਼ਤਰੇ ਦੀ ਘੰਟੀ ਸੀ। ਗੁਰੂ ਸਾਹਿਬ ਆਪਣੇ ਭਗਤਾਂ ਦਾ ਦਿਲੋਂ ਸਤਿਕਾਰ ਕਰਦੇ ਸਨ। ਜੰਗਾਂ ਯੁੱਧਾਂ ਵਿਚ ਸ਼ਹੀਦ ਹੋਏ ਸਿੱਖਾਂ ਅਤੇ ਮੁਸਲਮਾਨਾਂ ਦੇ ਸਰੀਰ ਉਨ੍ਹਾਂ ਦੇ ਅਕੀਦੇ ਮੁਤਾਬਿਕ ਅੰਤਿਮ ਸਸਕਾਰ ਕੀਤੇ ਜਾਂਦੇ ਸਨ। ਦੁਸ਼ਮਣਾਂ ਦੀਆਂ ਲੋਥਾਂ ਨੂੰ ਵੀ ਅਕੀਦੇ ਅਨੁਸਾਰ ਦਫ਼ਨਾ ਦਿੱਤਾ ਜਾਂਦਾ ਸੀ। ਗੁਰੂ ਜੀ ਦੇ ਮਨ ਵਿਚ ਕਿਸੇ ਪ੍ਰਤੀ ਕੋਈ ਗਿਲਾ ਨਹੀ ਸੀ। ਜੋ ਵੀ ਸ਼ਰਧਾ ਭਾਵਨਾ ਨਾਲ ਗੁਰੂ ਜੀ ਦੇ ਚਰਨਾਂ ਦਾ ਮੁਰੀਦ ਬਣ ਕੇ ਆਇਆ, ਗੁਰੂ ਜੀ ਵੀ ਹਮੇਸ਼ਾ-ਹਮੇਸ਼ਾ ਲਈ ਉਸ ਦੇ ਹੋ ਕੇ ਰਹਿ ਗਏ। ਕਿਹਾ ਜਾਦਾ ਹੈ ਕਿ ਬੀਬੀ ਕੌਲਾਂ ਜੀ ਇਕ ਕਾਜ਼ੀ ਦੀ ਬੇਟੀ ਸੀ ਅਤੇ ਗੁਰੂ ਘਰ ਦੀ ਸ਼ਰਧਾਲੂ ਸੀ। ਕਾਜ਼ੀ ਨੇ ਸ਼ਰ੍ਹਾ ਵਿਚ ਈਮਾਨ ਰੱਖਦੇ ਹੋਏ ਹੋਰ ਕਾਜ਼ੀਆਂ ਨਾਲ ਮਿਲ ਕੇ ਆਪਣੀ ਬੇਟੀ ਦੇ ਖ਼ਿਲਾਫ਼ ਮੌਤ ਦਾ ਫ਼ਤਵਾ ਜਾਰੀ ਕਰ ਦਿੱਤਾ। ਜਦੋਂ ਇਸ ਗੱਲ ਦਾ ਪਤਾ ਸਾਈਂ ਮੀਆਂ ਮੀਰ ਜੀ ਨੂੰ ਲੱਗਾ ਤਾਂ ਉਹ ਬੀਬੀ ਕੌਲਾਂ ਜੀ ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਕੋਲ ਲੈ ਆਏ। ਉਸ ਤੋਂ ਬਾਅਦ ਬੀਬੀ ਜੀ ਨੇ ਆਪਣਾ ਸਾਰਾ ਜੀਵਨ ਗੁਰੂ ਘਰ ਦੇ ਲੇਖੇ ਲਾ ਦਿੱਤਾ। ਗੁਰੂ ਜੀ ਨੇ ਵੀ ਬੀਬੀ ਜੀ ਨੂੰ ਸਦੀਵੀ ਤੌਰ 'ਤੇ ਜਿਉਂਦਾ ਰੱਖਣ ਲਈ ਇਕ ਸਰੋਵਰ ਦੀ ਉਸਾਰੀ ਕਰਵਾਈ, ਜਿਸ ਦਾ ਨਾਂ 'ਕੌਲਸਰ' ਰੱਖਿਆ ਗਿਆ। ਗੁਰੂ ਜੀ ਨੇ ਜਗਤ ਨੂੰ ਸੰਦੇਸ਼ ਦਿੱਤਾ ਕਿ ਜ਼ੁਲਮ ਨਹੀਂ ਕਰਨਾ ਤੇ ਨਾ ਹੀ ਸਹਿਣਾ ਹੈ, ਵੰਡ ਕੇ ਛਕਣਾ, ਹੱਥੀਂ ਕਿਰਤ ਕਰਨ ਨੂੰ ਪਹਿਲ ਦਿੱਤੀ, ਦੀਨ ਦੁਖੀਆਂ ਦੀ ਸੇਵਾ ਕਰਨੀ, ਆਪਣੀ ਦਸਾਂ ਨਹੁੰਆਂ ਦੀ ਕਮਾਈ ਵਿੱਚੋਂ ਗੁਰੂ ਘਰ ਲਈ ਦਸਵੰਧ ਕੱਢਣਾ, ਨਾਮ ਜਪਣਾ, ਨਾਮ ਜਪਾਉਣਾ ਤੇ ਸਦਾ ਮਾਲਕ ਦੇ ਭਾਣੇ ਵਿੱਚ ਰਹਿਣਾ। •



# ਅਣਦੇਖੀ ਦੀ ਸ਼ਿਕਾਰ ਹੈ ਮੁਗ਼ਲ ਕਾਲ ਦੀ ਈਦਗਾਹ

ਪ੍ਰੋ. ਮਨਪ੍ਰੀਤ ਗੋਰਾਇਆ

ਹਲਕਾ ਦੀਨਾਨਗਰ ਅਧੀਨ ਪਿੰਡ ਮਛਰਾਲਾ ਨੇੜੇ ਸਥਿਤ ਮੁਗ਼ਲ ਕਾਲ ਦੀ ਉੱਤਮ ਕਲਾ ਤੇ ਕਾਰੀਗਰੀ ਦੇ ਸੁਮੇਲ ਦਾ ਨਮੂਨਾ ਪੇਸ਼ ਕਰਦੀ ਈਦਗਾਹ ਦੀ ਹੋਂਦ ਸਾਂਭ-ਸੰਭਾਲ ਦੀ ਅਣਹੋਂਦ ਕਾਰਨ ਖ਼ਤਮ ਹੋਣ ਕੰਢੇ ਹੈ। ਪੁਰਾਤਨ ਕਲਾ ਤੇ ਕਾਰੀਗਰੀ ਨੂੰ ਇਕ ਨਮੂਨੇ ਵਜੋਂ ਸੁਰਜੀਤ ਰੱਖਣ ਲਈ ਈਦਗਾਹ ਭਾਰਤ ਸਰਕਾਰ ਦੇ ਪੁਰਾਤਤਵ ਵਿਭਾਗ ਤੋਂ ਤਵੱਜੋ ਦੇਣ ਦੀ ਮੰਗ ਕਰਦੀ ਹੈ।

ਇਕੱਤਰ ਕੀਤੀ ਜਾਣਕਾਰੀ ਅਨੁਸਾਰ ਇਸ ਈਦਗਾਹ ਦਾ ਨਿਰਮਾਣ ਮੁਗ਼ਲ ਬਾਦਸ਼ਾਹ ਅਕਬਰ ਦੇ ਸਮੇਂ ਦੌਰਾਨ ਉਸ ਦੇ ਸਰਪ੍ਰਸਤ ਤੇ ਸੈਨਾਪਤੀ ਬੈਰਮ ਖ਼ਾਂ ਨੇ ਇਲਾਕੇ ਦੇ ਦਰਜਨਾਂ ਪਿੰਡਾਂ ਦੇ ਵਿਚਕਾਰ ਪੈਂਦੀ ਜਗ੍ਹਾ 'ਤੇ ਕਰਵਾਇਆ ਸੀ। ਈਦਗਾਹ ਦੀ ਵਿਸ਼ਾਲ ਕੰਧ ਦੇ ਨਿਰਮਾਣ 'ਚ ਛੋਟੀਆਂ ਨਾਨਕਸ਼ਾਹੀ ਇੱਟਾਂ ਦੀ ਵਰਤੋਂ ਕੀਤੀ ਗਈ ਹੈ। ਕੰਧ ਦੇ ਅੱਗੇ ਇਕ ਵੱਡੇ ਥੜ੍ਹੇ ਦਾ ਵੀ ਨਿਰਮਾਣ ਕਰਵਾਇਆ ਗਿਆ ਸੀ। ਈਦਗਾਹ ਤਕ ਜਾਣ ਲਈ ਕਸਬਾ ਬਹਿਰਾਮਪੁਰ ਤੋਂ ਈਦਗਾਹ ਤਕ ਇਕ ਰਸਤੇ ਦਾ ਨਿਰਮਾਣ ਵੀ ਕਰਵਾਇਆ ਗਿਆ ਸੀ। ਈਦਗਾਹ ਦੀ ਕੰਧ ਅੱਗੇ ਬਣੇ ਥੜ੍ਹੇ ਦੀਆਂ ਜ਼ਿਆਦਾਤਰ ਇੱਟਾਂ ਸਮੇਂ ਦੀ ਮਾਰ ਕਾਰਨ ਜਾਂ ਤਾਂ ਉੱਖੜ ਗਈਆਂ ਤੇ ਕੁਝ ਲੋਕ ਉਖਾੜ ਕੇ ਗਏ।

ਈਦਗਾਹ ਦੀ ਮਜ਼ਬੂਤੀ ਦਾ ਪਤਾ ਇਸ ਤੋਂ ਵੀ ਲੱਗਦਾ ਹੈ ਕਿ ਇੰਨੇ ਅਰਸੇ ਬਾਅਦ ਵੀ ਵਿਸ਼ਾਲ ਕੰਧ ਅੱਜ ਤਕ ਖੜ੍ਹੀ ਹੈ ਪਰ ਹੁਣ ਇਸ ਨੂੰ ਹੌਲੀ-ਹੌਲੀ ਢਾਹ ਲੱਗਣੀ ਸ਼ੁਰੂ ਹੋ ਗਈ ਹੈ। ਨਾਨਕਸ਼ਾਹੀ ਇੱਟਾਂ ਉੱਖੜਦੀਆਂ ਨਜ਼ਰ ਆਉਂਦੀਆਂ ਹਨ। ਇਲਾਕਾ ਵਾਸੀਆ ਨੇ ਦੱਸਿਆ ਕਿ ਭਾਰਤ-ਪਾਕਿ ਵੰਡ ਤੋਂ ਪਹਿਲਾਂ ਸਾਰਾ ਇਲਾਕਾ ਮੁਸਲਮਾਨ ਵਸੋਂ ਵਾਲਾ ਸੀ। ਈਦ ਸਮੇਂ ਇਥੇ ਵੱਡੀ ਗਿਣਤੀ 'ਚ ਮੁਸਲਿਮ ਸ਼ਰਧਾਲੂ ਇਕੱਤਰ ਹੁੰਦੇ ਸਨ ਤੇ ਨਮਾਜ਼ ਪੜ੍ਹੀ ਜਾਂਦੀ ਸੀ। ਇਸ ਤੋਂ ਇਲਾਵਾ ਅਹਿਮਦ ਸ਼ਾਹ ਅਬਦਾਲੀ ਦੇ ਭਾਰਤ ਅੰਦਰ ਆਉਣ ਦਾ ਇਹ ਮਾਰਗ ਹੋਣ ਅਤੇ ਵਪਾਰੀਆਂ ਦੇ ਆਉਣ-ਜਾਣ ਦਾ ਵੀ ਮੁੱਖ ਮਾਰਗ ਹੋਣ ਕਾਰਨ, ਇਥੋਂ ਲੰਘਦੇ ਸਮੇਂ ਸ਼ਰਧਾਲੂ ਈਦਗਾਹ 'ਚ ਰੁਕ ਕੇ ਨਮਾਜ਼ ਅਦਾ ਕਰ ਕੇ ਅੱਗੇ ਲੰਘਦੇ ਸਨ। ਉਸ ਸਮੇਂ ਈਦਗਾਹ ਦੀ ਸਾਫ਼-ਸਫ਼ਾਈ ਦਾ ਬਾਕਾਇਦਾ ਧਿਆਨ ਰੱਖਿਆ ਜਾਂਦਾ ਸੀ ਪ੍ਰੰਤੂ ਦੇਸ਼ ਦੀ ਵੰਡ ਤੋਂ ਬਾਅਦ ਵੱਡੀ ਗਿਣਤੀ ਵਿਚ ਮੁਸਲਮਾਨਾਂ ਦੇ ਪਾਕਿਸਤਾਨ ਚਲੇ ਜਾਣ ਉਪਰੰਤ ਈਦਗਾਹ ਨਿਰੰਤਰ ਅਣਦੇਖੀ ਦਾ ਸ਼ਿਕਾਰ ਹੁੰਦੀ ਗਈ। ਅਣਦੇਖੀ ਕਾਰਨ ਇਸ ਦੀ ਕੰਧ ਨੂੰ ਨੁਕਸਾਨ ਪੁੱਜਣ ਤੋਂ ਇਲਾਵਾ ਘਾਹ-ਬੂਟੀ ਨੇ ਸਾਰੀ ਜਗ੍ਹਾ ਨੂੰ ਘੇਰ ਲਿਆ ਹੈ। ਇਸ ਇਤਿਹਾਸਕ ਇਮਾਰਤ ਪ੍ਰਤੀ ਨਾ ਤਾਂ ਪੰਜਾਬ ਦੇ ਪੁਰਾਤਤਵ ਵਿਭਾਗ ਨੇ ਕੋਈ ਦਿਲਚਸਪੀ ਨਹੀਂ ਵਿਖਾਈ। ਇਲਾਕੇ ਦੇ ਕੁਝ ਵਡੇਰੀ ਉਮਰ ਦੇ ਲੋਕਾਂ ਨੇ ਦੱਸਿਆ ਕਿ ਛੋਟੇ ਹੁੰਦਿਆਂ ਉਹ ਈਦਗਾਹ ਨੇੜੇ ਡੰਗਰ ਚਾਰਿਆ ਕਰਦੇ ਸਨ ਤੇ ਈਦਗਾਹ ਦੇ ਅੱਗੇ ਬਣੇ ਇਸ ਥੜ੍ਹੇ 'ਤੇ ਆਰਾਮ ਕਰਿਆ ਕਰਦੇ ਸਨ। ਇਲਾਕੇ ਦੇ ਲੋਕਾਂ ਦੀ ਮੰਗ ਹੈ ਕਿ ਈਦਗਾਹ ਨੂੰ ਇਤਿਹਾਸਕ ਦਸਤਾਵੇਜ਼ ਵਜੋਂ ਸੰਭਾਲ ਕੇ ਸੈਲਾਨੀਆਂ ਲਈ ਵੇਖਣਯੋਗ ਥਾਂ ਵਜੋਂ ਵਿਕਸਿਤ ਕੀਤਾ ਜਾਵੇ। •

# ਅਹਿਲ-ਏ-ਬੈਅਤ

ਹਜ਼ਰਤ ਮੁਹੰਮਦ ਸਾਹਿਬ ਦੇ ਖ਼ਾਨਦਾਨ ਦੇ ਉਨ੍ਹਾਂ ਨਜ਼ਦਕੀ ਰਿਸ਼ਤੇਦਾਰਾਂ, ਜਿਨ੍ਹਾਂ ਨੇ ਅੱਲਾਹ ਦੇ ਰਸੂਲ ਦੀ ਬੈਅਤ ਕਬੂਲ ਕੀਤੀ, ਭਾਵ ਉਨ੍ਹਾਂ ਹੱਥੋਂ ਇਸਲਾਮ ਕਬੂਲ ਕੀਤਾ, ਉਨ੍ਹਾਂ ਨੂੰ ਅਹਿਲ-ਏ-ਬੈਅਤ ਕਿਹਾ ਜਾਂਦਾ ਹੈ। ਇਨ੍ਹਾਂ ਵਿਚ ਅੱਲਾਹ ਦੇ ਰਸੂਲ ਦੇ ਘਰ ਦੇ ਲੋਕ, ਉਨ੍ਹਾਂ ਦੇ ਬੰਸ ਦੇ ਲੋਕ ਸ਼ਾਮਲ ਹਨ, ਜਿਨ੍ਹਾਂ ਨੇ ਦੀਨ ਕਬੂਲ ਕੀਤਾ। ਅਹਿਲ-ਏ-ਬੈਅਤ ਵਿਚ ਅੱਲਾਹ ਰਸੂਲ ਦੇ ਖ਼ਾਨਦਾਨ ਦੇ ਉਹ ਲੋਕ ਸ਼ਾਮਲ ਨਹੀਂ ਹਨ, ਜਿਨ੍ਹਾਂ ਨੇ ਉਨ੍ਹਾਂ ਦਾ ਦੀਨ ਕਬੂਲ ਨਹੀਂ ਕੀਤਾ। ਅਹਿਲ-ਏ-ਬੈਅਤ ਵਿਚ ਮੁੱਖ ਤੌਰ 'ਤੇ ਤਾਂ ਹਜ਼ਰਤ ਅਲੀ ਮੁਰਤਜ਼ਾ, ਹਜ਼ਰਤ ਬੀਬੀ ਫ਼ਾਤਿਮਾ, ਹਜ਼ਰਤ ਇਮਾਮ ਹਸਨ, ਹਜ਼ਰਤ ਇਮਾਮ ਹੁਸੈਨ ਨੂੰ ਮੰਨਿਆ ਜਾਂਦਾ ਹੈ ਲੇਕਿਨ ਕਈ ਵਿਦਵਾਨਾਂ ਨੇ ਹਜ਼ਰਤ ਮੁਹੰਮਦ ਸਾਹਿਬ ਦੇ ਚਾਚਾ ਅਮੀਰ ਹਮਜ਼ਾ ਨੂੰ ਵੀ ਅਹਿਲ-ਏ-ਬੈਅਤ ਵਿਚ ਸ਼ਾਮਲ ਕੀਤਾ ਹੈ। ਹਜ਼ਰਤ ਸ਼ੇਖ਼ ਮਖ਼ਦੂਮ ਅਲੀ ਹੁਜਵੀਰੀ ਨੇ ਅਪਾਣੀ ਪ੍ਰਸਿੱਧ ਰਚਨਾ 'ਕਸ਼ੁਫ਼ੁਲ ਮਹਿਜੂਬ' ਵਿਚ ਹਜ਼ਰਤ ਇਮਾਮ ਹੁਸੈਨ ਦੇ ਖ਼ਾਨਦਾਨ ਵਿਚ ਹੋਏ ਇਮਾਮਾਂ ਹਜ਼ਰਤ ਸੱਯਦ ਜ਼ੈਨੁਵ ਆਬਿਦੀਨਸ ਹਜ਼ਰਤ ਅਬੂ ਜਾਫ਼ਿਰ ਮੁਹੰਮਦ ਬਾਕਰ, ਹਜ਼ਰਤ ਇਮਾਮ ਜਾਫ਼ਿਰ ਬਿਨ ਮੁਹੰਮਦ ਸਾਦਿਕ ਆਦਿ ਨੂੰ ਵੀ ਅਹਿਲ-ਏ-ਬੈਅਤ ਵਿਚ ਸ਼ਾਮਲ ਕੀਤਾ ਹੈ।

• ਪ੍ਰਿੰ. ਗੁਰਚਰਨ ਸਿੰਘ ਤਲਵਾੜਾ
94634-63193



# ਲੋਕ-ਭਲਾਈ 'ਚ ਜੁਟਿਆ ਪੰਜਾਬ ਦਾ ਕੈਥੋਲਿਕ ਚਰਚ

ਜਾਰਜ ਸੋਨੀ

ਪੰਜਾਬ 'ਚ ਈਸਾਈ ਧਰਮ ਨੂੰ ਮੰਨਣ ਵਾਲਿਆਂ ਦੀ ਗਿਣਤੀ 30 ਲੱਖ ਦੇ ਕਰੀਬ ਹੈ। ਸ਼ਹਿਰਾਂ 'ਚ ਬਹੁਤ ਸਾਰੇ ਵੱਡੇ ਚਰਚ ਜਾਂ ਗਿਰਜਾਘਰ ਹਨ, ਜਿਨ੍ਹਾਂ ਨੂੰ ਵੱਖੋ-ਵੱਖਰੀਆਂ ਮਿਸ਼ਨਾਂ ਚਲਾਉਂਦੀਆਂ ਹਨ। ਸਭ ਤੋਂ ਪੁਰਾਣੇ ਗਿਰਜਾਘਰਾਂ 'ਚ 'ਕੈਥੋਲਿਕ ਚਰਚ' ਦਾ ਨਾਂ ਪ੍ਰਮੁੱਖ ਹੈ। ਪੰਜਾਬ ਦਾ ਕੈਥੋਲਿਕ ਚਰਚ ਧਾਰਮਿਕ ਪ੍ਰਚਾਰ ਦੇ ਨਾਲ-ਨਾਲ ਸਮਾਜਕ ਖੇਤਰ 'ਚ ਵੀ ਅਹਿਮ ਕੰਮ ਕਰ ਰਿਹਾ ਹੈ। ਗ਼ਰੀਬਾਂ ਤੇ ਬਿਮਾਰਾਂ ਦੀ ਭਲਾਈ ਲਈ ਚਰਚ ਦੁਆਰਾ ਬਹੁਤ ਸਾਰੇ ਕੰਮ ਕੀਤੇ ਜਾਂਦੇ ਹਨ।

ਕੈਥੋਲਿਕ ਚਰਚ ਦਾ ਸਭ ਤੋਂ ਵੱਡਾ ਧਰਮ-ਗੁਰੂ 'ਪੋਪ' ਹੁੰਦਾ ਹੈ। ਉਨ੍ਹਾਂ ਤੋਂ ਬਾਅਦ 'ਆਰਚ-ਬਿਸ਼ਪ', ਫਿਰ 'ਬਿਸ਼ਪ' ਤੇ ਉਨ੍ਹਾਂ ਤੋਂ ਬਾਅਦ 'ਫਾਦਰਜ਼' ਹੁੰਦੇ ਹਨ। ਹਰ ਸੂਬੇ ਜਾਂ ਜ਼ੋਨ ਦਾ ਇੰਚਾਰਜ 'ਬਿਸ਼ਪ' ਹੁੰਦਾ ਹੈ। ਪੰਜਾਬ ਦੇ ਬਿਸ਼ਪ ਡਾ. ਫਰੈਂਕੋ ਮੁਲੱਕਲ ਹਨ। ਉਨ੍ਹਾਂ ਦਾ ਜਨਮ 25 ਮਾਰਚ 1964 ਨੂੰ ਕੇਰਲ ਵਿਖੇ ਹੋਇਆ। 1990 'ਚ ਉਨ੍ਹਾਂ ਧਾਰਮਿਕ ਅਗਵਾਈ ਸੰਭਾਲੀ ਤੇ 'ਫਾਦਰ' (ਪਾਦਰੀ) ਬਣੇ। 2013 'ਚ ਉਨ੍ਹਾਂ ਨੂੰ ਡਾਇਓਸਿਸ ਆਫ



ਜਲੰਧਰ ਦਾ ਬਿਸ਼ਪ ਨਿਯੁਕਤ ਕੀਤਾ ਗਿਆ। ਡਾਇਓਸਿਸ ਅਧੀਨ ਪੰਜਾਬ ਤੇ ਹਿਮਾਚਲ ਦੇ ਸਾਰੇ ਕੈਥੋਲਿਕ ਚਰਚ ਆਉਂਦੇ ਹਨ। ਡਾ. ਫਰੈਂਕੋ ਨੇ ਬਿਸ਼ਪ ਬਣਨ ਤੋਂ ਬਾਅਦ ਕਈ ਇਨਕਲਾਬੀ ਕਦਮ ਚੁੱਕੇ। ਆਮ ਤੌਰ 'ਤੇ ਮਸੀਹੀ ਸਮਾਜ 'ਤੇ ਧਰਮ-ਪਰਿਵਰਤਨ ਦੇ ਦੋਸ਼ ਲੱਗਦੇ ਹਨ ਤੇ ਇਕ ਵਰਗ ਪੰਜਾਬ ਦੇ ਈਸਾਈਆਂ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਦੇ ਕਾਰਜਾਂ ਨੂੰ ਅੱਖੋਂ ਪਰੋਖੇ ਕਰਦਾ ਹੈ। ਇਹ ਵੀ ਸੱਚਾਈ ਹੈ ਕਿ ਪੰਜਾਬ 'ਚ ਕਦੇ ਕਿਸੇ ਪਾਦਰੀ ਨੇ ਕਿਸੇ ਦਾ ਜ਼ਬਰੀ ਧਰਮ-ਪਰਿਵਰਤਨ ਨਹੀਂ ਕਰਵਾਇਆ। ਅਜ ਅਸੀਂ ਸਿਰਫ਼ ਮਸੀਹੀ ਕੌਮ ਵੱਲੋਂ ਪੰਜਾਬ 'ਚ ਕੀਤੇ ਜਾ ਰਹੇ ਕੁਝ ਕਾਰਜਾਂ ਦੀ ਜਾਣਕਾਰੀ ਦੇ ਰਹੇ ਹਾਂ।

ਡਾ. ਫਰੈਂਕੋ ਮੁਲੱਕਲ ਦੀ ਅਗਵਾਈ ਹੇਠ ਪੰਜਾਬ 'ਚ ਬਹੁਤ ਸਾਰੇ ਕਾਨਵੈਂਟ ਸਕੂਲ ਕੈਥੋਲਿਕ ਮਿਸ਼ਨ ਵੱਲੋਂ ਚਲਾਏ ਜਾਂਦੇ ਹਨ। ਬਹੁਤ ਘੱਟ ਫੀਸਾਂ 'ਤੇ ਬੱਚਿਆਂ ਨੂੰ ਬਿਨਾਂ ਭੇਦ-ਭਾਵ ਮਿਆਰੀ ਸਿੱਖਿਆ ਦਿੱਤੀ ਜਾਂਦੀ ਹੈ। ਗ਼ਰੀਬ ਬੱਚਿਆਂ ਨੂੰ ਖ਼ਾਸ ਰਿਆਇਤਾਂ ਹਨ। ਲੋੜਵੰਦ ਬੱਚਿਆਂ ਨੂੰ ਮੁਫ਼ਤ ਪੜ੍ਹਾਇਆ ਜਾਂਦਾ ਹੈ। 500 ਵਿਧਵਾਵਾਂ ਨੂੰ 500 ਤੋਂ 1000 ਰੁਪਏ ਮਹੀਨਾ ਪੈਨਸ਼ਨ ਦਿੱਤੀ ਜਾ ਰਹੀ ਹੈ। ਸਰੀਰਕ ਤੌਰ 'ਤੇ ਚੁਣੌਤੀਆਂ ਵਾਲੇ ਲੋਕਾਂ ਨੂੰ ਵੀ 500 ਰੁਪਏ ਪੈਨਸ਼ਨ ਦਿੱਤੀ ਜਾਂਦੀ ਹੈ। ਗ਼ਰੀਬ ਮਸੀਹੀ ਲੋਕਾਂ ਨੂੰ ਕੈਥੋਲਿਕ ਸੰਸਥਾਵਾਂ 'ਚ ਪਹਿਲ ਦੇ ਆਧਾਰ 'ਤੇ ਨੌਕਰੀ ਦਿੱਤੀ ਜਾਂਦੀ ਹੈ। ਬਹੁਤ ਸਾਰੇ ਆਸ਼ਰਮ ਵੀ ਚਲਾਏ ਜਾ ਰਹੇ ਹਨ, ਜਿਨ੍ਹਾਂ 'ਚ ਬਿਮਾਰਾਂ, ਬੇਸਹਾਰਾ ਤੇ ਚੁਣੌਤੀਆਂ ਵਾਲੇ ਲੋਕਾਂ ਦਾ ਇਲਾਜ ਕੀਤਾ ਜਾਂਦਾ ਹੈ। ਬਹੁਤ ਸਾਰੇ ਹਸਪਤਾਲ ਵੀ ਮਿਸ਼ਨ ਵੱਲੋਂ ਚਲਾਏ ਜਾ ਰਹੇ ਹਨ, ਜਿਨ੍ਹਾਂ 'ਚ ਵਧੀਆ ਤੇ ਸਸਤਾ ਇਲਾਜ ਕੀਤਾ ਜਾਂਦਾ ਹੈ। ਗ਼ਰੀਬਾਂ ਨੂੰ ਰਿਆਇਤਾਂ ਦਿੱਤੀਆਂ ਜਾਂਦੀਆਂ ਹਨ। •

75083-01963

## ਈਸਾਈਆਂ ਦੀ ਇਕਜੁੱਟਤਾ ਲਈ ਉਪਰਾਲੇ

ਬਿਸ਼ਪ ਡਾ. ਫਰੈਂਕੋ ਮੁੱਕਲ ਪੰਜਾਬ ਦੇ ਈਸਾਈਆਂ 'ਚ ਸਿਆਸੀ ਜਾਗਰੂਕਤਾ ਪੈਦਾ ਕਰਨ ਲਈ ਵੀ ਅਹਿਮ ਉਪਰਾਲੇ ਕਰ ਰਹੇ ਹਨ। ਅਜਿਹਾ ਇਸ ਲਈ ਕੀਤਾ ਜਾ ਰਿਹਾ ਹੈ, ਕਿਉਂਕਿ ਹਾਲੇ ਤਕ ਕਿਸੇ ਵੀ ਮਸੀਹੀ ਨੂੰ ਕਦੇ ਪੰਜਾਬ ਦੀ ਸਿਆਸਤ ਵਿਚ ਪ੍ਰਮੁੱਖਤਾ ਨਹੀਂ ਮਿਲ ਸਕੀ ਤੇ ਹਾਲੇ ਤਕ ਕਿਸੇ ਨੇ ਕੋਈ ਸਾਰਥਕ ਯਤਨ ਨਹੀਂ ਕੀਤਾ। ਬਿਸ਼ਪ ਡਾ. ਫਰੈਂਕੋ ਨੇ ਸਾਰੀਆਂ ਮਿਸ਼ਨਾਂ ਨੂੰ ਇਕ ਛੱਤ ਹੇਠ ਇਕੱਠਾ ਕਰਨ ਲਈ 'ਮਸੀਹੀ ਮਹਾਂਸਭਾ' ਬਣਾਈ। ਜਿਸ ਵਿਚ ਮੁੱਖਧਾਰਾ ਦੇ ਸਾਰੇ ਚਰਚਾਂ ਤੇ ਪੈਂਤੀਕੋਸਤਲ ਚਰਚਾਂ ਨੂੰ ਮਿਲਾਇਆ ਜਾ ਰਿਹਾ ਹੈ। ਡਾ. ਫਰੈਂਕੋ ਨੇ 'ਪੰਜਾਬ ਕ੍ਰਿਸ਼ਚੀਅਨ ਯੂਨਾਈਟਿਡ ਫਰੰਟ' (ਪੀਸੀਯੂਐੱਫ) ਦਾ ਵੀ ਗਠਨ ਕੀਤਾ, ਜਿਸ 'ਚ ਸਾਰੀਆਂ ਮਿਸ਼ਨਾਂ ਦੇ ਨੁਮਾਇੰਦੇ ਸ਼ਾਮਲ ਹਨ। ਇਸ ਸੰਗਠਨ ਦਾ ਮੁੱਖ ਮੰਤਵ ਈਸਾਈ ਕੌਮ ਨੂੰ ਹਰ ਖੇਤਰ 'ਚ ਸਿਖ਼ਰ 'ਤੇ ਲੈ ਕੇ ਜਾਣਾ ਹੈ। ਡਾ. ਫਰੈਂਕੋ ਦਾ ਮੰਨਣਾ ਹੈ ਕਿ ਪੰਜਾਬ ਦੇ 15 ਫ਼ੀਸਦੀ ਈਸਾਈਆਂਦੀ ਉਦੋਂ ਤਕ ਕੋਈ ਪੁੱਛ-ਪ੍ਰਤੀਤ ਨਹੀਂ ਹੋਵੇਗੀ ਜਦੋਂ ਤਕ ਸਾਰੇ ਇਕਜੁੱਟ ਨਹੀਂ ਹੁੰਦੇ।



# ਬਸਤੀ ਸਰਹਿੰਦ ਸ਼ਹਿਰ ਕੀ ਈਂਟੋਂ ਕਾ ਢੇਰ ਥੀ

ਡਾ. ਸਤਿੰਦਰਪਾਲ ਸਿੰਘ

ਕਿਸੇ ਵੀ ਸ਼ਹਿਰ ਦੀ ਆਪਣੀ ਆਤਮਾ ਹੁੰਦੀ ਹੈ। ਉਸ ਦੀ ਚੰਗਿਆਈ ਤੇ ਬੁਰਿਆਈ ਨਾਲ ਹੀ ਉਸ ਸ਼ਹਿਰ ਦੀ ਪਛਾਣ ਬਣਦੀ ਹੈ। ਸ਼ਹਿਰ ਦੀ ਆਤਮਾ ਮੈਲੀ ਹੋਵੇ ਤਾਂ ਉਸ ਧਰਤੀ 'ਤੇ ਪਾਪਾਂ ਦੀ ਪੈਦਾਵਰ ਹੁੰਦੀ ਹੈ। ਆਤਮਾ ਪਵਿੱਤਰ ਹੋਵੇ ਤਾਂ ਪੁੰਨ ਦੇ ਫੁੱਲ ਖਿੜਦੇ ਹਨ। ਗੁਰੂ ਨਾਨਕ ਸਾਹਿਬ ਨੇ ਲਾਹੌਰ ਬਾਰੇ ਕਿਹਾ, **'ਲਾਹੌਰ ਸ਼ਹਰੁ ਜਹਰੁ ਕਹਰੁ ਸਵਾ ਪਹਰੁ।'** ਲਾਹੌਰ ਦੀ ਅਨਿਆਈ ਰਾਜ-ਵਿਵਸਥਾ ਕਾਰਨ ਉਹ ਨਗਰ ਜ਼ੁਲਮ-ਜਬਰ ਦਾ ਪ੍ਰਤੀਕ ਬਣ ਗਿਆ ਸੀ। ਗੁਰੂ ਨਾਨਕ ਸਾਹਿਬ ਨੂੰ ਕਹਿਣਾ ਪਿਆ ਕਿ ਇਸ ਦੀ ਨਗਰ ਦੀ ਆਤਮਾ ਜ਼ਹਿਰ ਭਰੀ ਹੈ ਤੇ ਕਹਿਰ ਵਰਤਾ ਰਹੀ ਹੈ। ਗੁਰੂ ਸਾਹਿਬ ਨੇ ਕਿਹਾ ਕਿ ਜ਼ਹਿਰ ਕਿੰਨਾ ਵੀ ਮਾਰੂ ਕਿਉਂ ਨਾ ਹੋਵੇ, ਜ਼ਿਆਦਾ ਦੇਰ ਤਕ ਨਹੀਂ ਟਿਕੇਗਾ। ਛੇਤੀ ਹੀ ਇਸ ਦਾ ਅੰਤ ਹੋਵੇਗਾ। ਅਨਿਆਂ ਤੇ ਜਬਰ ਕਿੰਨਾ ਵੀ ਬਲਵਾਨ ਹੋਵੇ, ਉਸ ਦੀ ਉਮਰ ਸਵਾ ਪਹਿਰ ਤੋਂ ਜ਼ਿਆਦਾ ਨਹੀਂ ਹੁੰਦੀ

ਇਤਿਹਾਸ 'ਚ ਲਾਹੌਰ, ਦਿੱਲੀ ਤੇ ਸਰਹਿੰਦ ਜ਼ਹਿਰ ਬਣ ਕੇ ਖੜੋਤੇ ਨਜ਼ਰ ਆਏ। ਲਾਹੌਰ ਨੇ ਗੁਰੂ ਅਰਜਨ ਸਾਹਿਬ ਦਾ, ਦਿੱਲੀ ਨੇ ਗੁਰੂ ਤੇਗ਼ ਬਹਾਦਰ ਸਾਹਿਬ ਦਾ ਬਲੀਦਾਨ ਵੇਖਿਆ। ਸਰਹਿੰਦ ਦੀ ਆਤਮਾ ਇਨ੍ਹਾਂ ਦੋਹਾਂ ਨਾਲੋਂ ਵੱਧ ਜ਼ਹਿਰ ਤੇ ਕਹਿਰ ਨਾਲ ਭਰੀ ਸੀ। ਦਸਮ ਪਿਤਾ ਗੁਰੂ ਗੋਬਿੰਦ ਸਿੰਘ ਸਾਹਿਬ ਸਮੇਂ ਸਰਹਿੰਦ ਸਿੱਖ ਕੌਮ ਦੇ ਵਿਰੁੱਧ ਸਾਜ਼ਿਸ਼ਾਂ ਦੇ ਕੇਂਦਰ ਬਣ ਗਿਆ ਸੀ। ਸਰਹਿੰਦ ਦਾ ਫ਼ੌਜਦਾਰ ਉਸ ਵੇਲੇ ਕਰਨਾਲ ਦਾ ਵਸਨੀਕ ਵਜ਼ੀਰ ਖ਼ਾਂ ਸੀ, ਜੋ ਧੋਖੇਬਾਜ਼, ਬੇਈਮਾਨ ਤੇ ਜ਼ਾਲਮ ਆਦਮੀ ਸੀ। ਆਪਣੀ ਫ਼ੌਜਦਾਰੀ ਕਾਇਮ ਰੱਖਣ ਤੇ ਦਿੱਲੀ ਤਖ਼ਤ ਦੀ ਖ਼ੁਸ਼ਾਮਦ ਲਈ ਕੁਝ ਵੀ ਕਰਨ ਨੂੰ ਤਿਆਰ ਰਹਿੰਦਾ ਸੀ। ਵਜ਼ੀਰ ਖ਼ਾਂ ਆਰੰਭ ਤੋਂ ਹੀ ਗੁਰੂ ਗੋਬਿੰਦ ਸਿੰਘ ਸਾਹਿਬ 'ਤੇ ਕਦੇ ਆਪ ਤੇ ਕਦੇ ਪਹਾੜੀ ਰਾਜਿਆਂ ਨਾਲ ਮਿਲ ਕੇ ਹਮਲੇ ਕਰਦਾ ਰਹਿੰਦਾ ਸੀ। ਗੁਰੂ ਸਾਹਿਬ ਦੇ ਆਨੰਦਪੁਰ ਸਾਹਿਬ ਛੱਡਣ ਤੋਂ ਬਾਅਦ ਵੀ ਉਸ ਨੇ ਗੁਰੂ ਸਾਹਿਬ ਨੂੰ ਘੇਰਾ ਪਾਉਣ ਦੀ ਕੋਸ਼ਿਸ਼ ਜਾਰੀ ਰੱਖੀ ਪਰ ਕਾਮਯਾਬ ਨਾ ਹੋ ਸਕਿਆ।

ਗੰਗੂ ਨੇ ਜਦੋਂ ਮਾਤਾ ਗੁਜਰੀ ਜੀ ਤੇ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ ਨੂੰ ਗ੍ਰਿਫ਼ਤਾਰ ਕਰਵਾ ਦਿੱਤਾ ਤਾਂ ਵਜ਼ੀਰ ਖ਼ਾਂ ਨੇ ਬਦਲਾ ਲੈਣ ਲਈ ਛੋਟੇ ਸਾਹਿਬਜ਼ਾਦਿਆਂ ਨੂੰ ਜਿਉਂਦਿਆਂ ਦੀਵਾਰ 'ਚ ਚਿਣਵਾ ਦਿੱਤਾ। ਇਹ ਜ਼ੁਲਮ ਦੀ ਇੰਤਹਾ ਸੀ। ਵਜ਼ੀਰ ਖ਼ਾਂ ਨੇ ਸੱਚ ਨੂੰ ਮਿਟਾਉਣ ਦੀ ਕੋਸ਼ਿਸ਼ ਕੀਤੀ ਪਰ ਆਪਣੇ ਨੇਸਤੋ-ਨਾਬੂਦ ਹੋਣ ਦੀ ਇਬਾਰਤ ਆਪ ਹੀ ਲਿਖ ਲਈ- **'ਸਚ ਕੋ ਮਿਟਾਓਗੇ ਤੋ ਮਿਟੋਗੇ ਜਹਾਨ ਸੇ।'**

ਸਰਹਿੰਦ ਦੀ ਆਤਮਾ ਇੰਨੀ ਮੈਲੀ ਹੋ ਚੁੱਕੀ ਸੀ ਕਿ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹੀਦੀ ਤੋਂ ਬਾਅਦ ਵੀ ਨਹੀਂ ਕੰਬੀ ਤੇ ਅੰਤ ਸ਼ਰਮਸਾਰ ਹੋ ਕੇ ਢਹਿ ਪਈ। ਦਸਮੇਸ਼ ਪਿਤਾ ਨਾਂਦੇੜ ਦੀ ਧਰਤੀ 'ਤੇ ਆਏ ਤਾਂ ਬਾਬਾ ਬੰਦਾ ਸਿੰਘ ਨੂੰ 52 ਰਹਿਤਾਂ ਨਾਲ ਨਿਵਾਜ ਕੇ, ਸਿੱਖ ਜਰਨੈਲ ਸਾਜ ਕੇ ਪੰਜਾਬ ਤੋਰਿਆ। ਗੁਰੂ ਗੋਬਿੰਦ ਸਿੰਘ ਸਾਹਿਬ ਨੇ ਬਾਬਾ ਬੰਦਾ ਸਿੰਘ ਨੂੰ ਆਪਣੇ ਪੰਜ ਤੀਰ, ਜਿੱਤ ਦਾ ਨਿਸ਼ਾਨ ਝੰਡਾ ਤੇ ਇਕ ਨਗਾਰਾ ਵੀ ਬਖ਼ਸ਼ਿਆ। ਗੁਰੂ ਸਾਹਿਬ ਦਾ ਭਾਵ ਸੀ ਕਿ ਸ਼ਕਤੀ ਦੀ ਵਰਤੋਂ ਗੁਰੂ ਘਰ ਦੀ ਸ਼ਕਤੀ ਮੰਨ ਕੇ ਮਰਿਆਦਾ ਅਨੁਸਾਰ ਕੀਤੀ ਜਾਏ ਤੇ ਗੁਰੂ ਘਰ ਦੇ ਸਿਧਾਂਤਾਂ 'ਤੇ ਸਦਾ ਪਹਿਰਾ ਦਿੰਦਿਆਂ ਮੁੱਖ ਰੱਖਿਆ ਜਾਏ। ਨਗਾਰਾ ਐਲਾਨ ਕਰਨ ਲਈ ਸੀ ਕਿ ਸਿੱਖ ਪੰਥ ਦੇ ਸਿਧਾਂਤ ਸਦਾ ਜੀਵਿਤ ਰਹਿਣ ਵਾਲੇ ਹਨ।

ਬਾਬਾ ਬੰਦਾ ਸਿੰਘ ਨੇ ਪੰਜਾਬ ਪੁੱਜ ਕੇ ਗੁਰੂ ਗੋਬਿੰਦ ਸਿੰਘ ਸਾਹਿਬ ਦੇ ਖ਼ਾਸ ਸਿੰਘਾਂ ਦੇ ਨਾਂ ਦਿੱਤੇ ਹੋਏ ਹੁਕਮਨਾਮੇ ਉਨ੍ਹਾਂ ਨੂੰ ਭੇਜੇ। ਗੁਰੂ ਸਾਹਿਬ ਦੇ ਹੁਕਮ ਦੀ ਪਾਲਣਾ ਕਰਦਿਆਂ ਸਾਰੇ ਸਿੰਘ ਬਾਬਾ ਜੀ ਨੂੰ ਮਿਲੇ ਤੇ ਇਕੱਠੇ ਹੋ ਕੇ ਸਰਹਿੰਦ ਵੱਲ ਵਧੇ। ਬਾਬਾ ਜੀ ਦੀ ਅਗਵਾਈ ਵਿਚ ਸਿੰਘਾਂ ਨੇ ਪਹਿਲਾਂ ਸਮਾਣਾ ਸਰ ਕੀਤਾ, ਜਿੱਥੋਂ ਦੇ ਜੱਲਾਦ ਜਲਾਲ-ਉਦ-ਦੀਨ ਨੇ ਦਿੱਲੀ 'ਚ ਗੁਰੂ ਤੇਗ਼ ਬਹਾਦਰ ਸਾਹਿਬ ਨੂੰ ਸ਼ਹੀਦ ਕੀਤਾ ਸੀ। ਸਮਾਣਾ ਫ਼ਤਹਿ ਕਰਨ ਤੋਂ ਬਾਅਦ ਸ਼ਾਹਬਾਦ, ਡਸਕਾ, ਮੁਸਤਫ਼ਾਬਾਦ, ਕਪੂਰੀ, ਸਢੌਰਾ, ਮੁਖ਼ਲਿਸਗੜ੍ਹ ਜਿੱਤ ਕੇ ਬਾਬਾ ਬੰਦਾ ਸਿੰਘ ਨੇ ਆਪਣੀ ਸਮਰਥਾ ਤੇ ਬਹਾਦਰੀ ਦਾ ਸਿੱਕਾ ਕਾਇਮ ਕਰ ਦਿੱਤਾ।

ਸਿੱਖ ਫ਼ੌਜ ਦੀ ਤਾਕਤ ਵੀ ਵਧੀ ਤੇ ਜੋਸ਼ ਵੀ ਦੂਣਾ ਹੋਇਆ। ਪੰਜਾਬ ਅੰਦਰ ਗੁਰੂ ਗੋਬਿੰਦ ਸਿੰਘ ਜੀ ਦੀ ਗ਼ੈਰ ਮੌਜੂਦਗੀ ਨੇ ਸਿੱਖਾਂ ਅੰਦਰ ਜੋ ਨਮੋਸ਼ੀ ਜਿਹੀ ਲਿਆਂਦੀ ਸੀ, ਉਹ ਪੂਰਨ ਤੌਰ 'ਤੇ ਟੁੱਟ ਗਈ। ਗੁਰੂ ਸਾਹਿਬ ਦੇ ਤੀਰਾਂ ਨੇ ਸਿੱਖਾਂ ਨੂੰ ਮੁੜ ਚੜ੍ਹਦੀ ਕਲਾ ਵਿਚ ਲੈ ਆਂਦਾ।

ਬਾਬਾ ਬੰਦਾ ਸਿੰਘ ਜੀ ਦਾ ਅਗਲਾ ਨਿਸ਼ਾਨਾ ਸਰਹਿੰਦ ਸੀ। ਸਰਹਿੰਦ ਦਾ ਫ਼ੌਜਦਾਰ ਵਜ਼ੀਰ ਖ਼ਾਂ ਸਿੱਖਾਂ ਨੂੰ ਜੜ੍ਹੋਂ ਪੁੱਟ ਦੇਣ ਦੇ ਸੁਪਨੇ ਵੇਖ ਰਿਹਾ ਸੀ। ਉਸ ਨੂੰ ਰੱਤੀ ਭਰ ਵੀ ਅੰਦੇਸ਼ਾ ਨਹੀਂ ਸੀ ਕਿ ਉਸ ਦੇ ਹੀ ਨਹੀਂ ਉਸ ਦੇ ਨਗਰ ਸਰਹਿੰਦ ਦੇ ਵੀ ਖ਼ਾਕ 'ਚ ਮਿਲ ਜਾਣ ਦਾ ਸਮਾਂ ਨੇੜੇ ਆਣ ਪੁੱਜਾ ਹੈ।



ਬਾਬਾ ਬੰਦਾ ਸਿੰਘ ਜੀ ਬਹਾਦਰ

**12 ਮਈ 1710 ਨੂੰ ਚਪੜਚਿੜੀ ਦੇ ਮੈਦਾਨ 'ਚ ਸਰਹਿੰਦ ਦੇ ਹਾਕਮ ਵਜ਼ੀਰ ਖ਼ਾਂ ਨੂੰ ਮੌਤ ਦੇ ਘਾਟ ਉਤਾਰ ਕੇ ਬਾਬਾ ਬੰਦਾ ਸਿੰਘ ਨੇ ਸਿੱਖ ਰਾਜ ਦੀ ਨੀਂਹ ਰੱਖੀ...**

ਬਾਬਾ ਬੰਦਾ ਸਿੰਘ ਜੀ ਨੂੰ ਗਿਆਤ ਸੀ ਕਿ ਸਰਹਿੰਦ ਫ਼ਤਹਿ ਕਰਨਾ ਸੌਖਾ ਨਹੀਂ ਹੈ। ਵਜ਼ੀਰ ਖ਼ਾਂ ਦੀ ਦੌਲਤ ਤੇ ਤਾਕਤ ਬੇਹਿਸਾਬ ਸੀ। ਇਸ ਨੂੰ ਧਿਆਨ 'ਚ ਰੱਖਦਿਆਂ ਬਾਬਾ ਜੀ ਨੇ ਸਿੱਖ ਆਗੂਆਂ ਨਾਲ ਮਿਲ ਕੇ ਖ਼ਾਸ ਰਣਨੀਤੀ ਬਣਾਈ। ਹਮਲਾ ਕਰਨ ਲਈ ਫ਼ੌਜ ਨੂੰ ਦੋ ਹਿੱਸਿਆਂ 'ਚ ਵੰਡਿਆ ਗਿਆ। ਇਕ ਜਥਾ ਮਾਲਵੇ ਦੇ ਸਿੱਖਾਂ ਦਾ ਸੀ, ਜਿਸ ਦੀ ਕਮਾਨ ਬਾਬਾ ਫ਼ਤਹਿ ਸਿੰਘ ਤੇ ਬਾਬਾ ਕਰਮ ਸਿੰਘ ਆਦਿਕ ਨੂੰ ਸੌਂਪੀ ਗਈ। ਦੂਜਾ ਜਥਾ ਮਾਝੇ ਦੇ ਸਿੱਖਾਂ ਦਾ ਬਾਬਾ ਬਿਨੋਦ ਸਿੰਘ ਤੇ ਬਾਬਾ ਬਾਜ ਸਿੰਘ ਦੀ ਅਗਵਾਈ ਹੇਠ ਤਿਆਰ ਹੋਇਆ।

ਵਜ਼ੀਰ ਖ਼ਾਂ ਨੇ ਵੀ ਬਾਬਾ ਬੰਦਾ ਸਿੰਘ ਦਾ ਮੁਕਾਬਲਾ ਕਰਨ ਦੀ ਪੂਰੀ ਤਿਆਰੀ ਕਰ ਲਈ ਤੇ ਆਪ ਫ਼ੌਜ ਲੈ ਕੇ ਸਰਹਿੰਦ ਤੋਂ ਤੁਰ ਪਿਆ। ਸਰਹਿੰਦ ਤੋਂ 12 ਕੋਹ ਦੀ ਦੂਰੀ 'ਤੇ 12 ਮਈ ਸੰਨ 1710 ਨੂੰ ਚਪੜਚਿੜੀ ਦੇ ਮੈਦਾਨ 'ਚ ਜ਼ਬਰਦਸਤ ਜੰਗ ਹੋਈ। ਪਹਿਲਾਂ ਤਾਂ ਮੁਗ਼ਲ ਫ਼ੌਜ ਸਿੱਖਾਂ 'ਤੇ ਭਾਰੀ ਪੈਣ ਲੱਗ ਪਈ। ਇਹ ਵੇਖ ਕੇ ਬਾਬਾ ਬੰਦਾ ਸਿੰਘ ਜੀ ਆਪ ਅੱਗੇ ਆਏ ਤੇ ਸ਼ੇਰ ਵਾਂਗ ਵੈਰੀ 'ਤੇ ਟੁੱਟ ਪਏ। ਇਸ ਨਾਲ ਸਿੱਖਾਂ ਦਾ ਹੌਸਲਾ ਵੀ ਵੱਧ ਗਿਆ। ਮੁਗ਼ਲਾਂ ਦਾ ਗੋਲਾ-ਬਾਰੂਦ ਤੇ ਤਾਕਤ ਫਿੱਕੀ ਪੈਣ ਲੱਗ ਪਈ। ਵੈਰੀ ਲਈ ਜੰਗ ਦੇ ਮੈਦਾਨ 'ਚ ਟਿਕੇ ਰਹਿਣਾ ਮੁਸ਼ਕਲ ਹੋ ਗਿਆ। ਇਸ ਜ਼ਬਰਦਸਤ ਲੜਾਈ ਵਿਚ ਵਜ਼ੀਰ ਖ਼ਾਂ ਬਾਬਾ ਫ਼ਤਹਿ ਸਿੰਘ ਹੱਥੋਂ ਮਾਰਿਆ ਗਿਆ। ਸਿੱਖਾਂ ਨੇ ਯੁੱਧ ਜਿੱਤ ਲਈ ਤੇ ਸਰਹਿੰਦ ਨਗਰ ਤੇ ਕਾਬਜ ਹੋ ਗਏ। ਸਿੱਖਾਂ ਅੰਦਰ ਸਰਹਿੰਦ ਨੂੰ ਜਿੱਤਣ ਤੇ ਵਜ਼ੀਰ ਖ਼ਾਂ ਨੂੰ ਮਾਰਨ ਦਾ ਭਾਰੀ ਜੋਸ਼ ਸੀ। ਨਗਰ ਅੰਦਰ ਵੈਰੀਆਂ ਦੇ ਮਹਿਲ ਤੇ ਇਮਾਰਤਾਂ ਜ਼ਮੀਨਦੋਜ਼ ਕਰ ਦਿੱਤੀਆਂ ਗਈਆਂ :

**ਜੋਗੀ ਜੀ ਇਸ ਕੇ ਬਾਅਦ ਹੁਈ ਥੋੜੀ ਦੇਰ ਥੀ,**
**ਬਸਤੀ ਸਰਹਿੰਦ ਸ਼ਹਿਰ ਕੀ ਈਂਟੋਂ ਕਾ ਢੇਰ ਥੀ।**

ਸਿੱਖ ਫ਼ੌਜਾਂ ਨੇ ਸੰਜਮ ਦੀ ਮਿਸਾਲ ਕਾਇਮ ਕਰਦਿਆਂ ਪੀਰਾਂ-ਫ਼ਕੀਰਾਂ ਦੀਆਂ ਮਜ਼ਾਰਾਂ ਤੇ ਯਾਦਗਾਰਾਂ ਨੂੰ ਕੋਈ ਨੁਕਸਾਨ ਨਹੀਂ ਪਹੁੰਚਾਇਆ ਤੇ ਨਾ ਹੀ ਆਮ ਲੋਕਾਂ ਦਾ ਨੁਕਸਾਨ ਕੀਤਾ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਤੋਂ ਪੰਜ ਸਾਲ ਦੇ ਅੰਦਰ ਹੀ ਸਰਹਿੰਦ ਨੂੰ ਜ਼ੁਲਮਾਂ ਦਾ ਦੰਡ ਭੋਗਣਾ ਪਿਆ। ਵਜ਼ੀਰ ਖ਼ਾਂ ਦੇ ਜ਼ੁਲਮੀ ਸਰਹਿੰਦ ਦਾ ਖ਼ਾਤਮਾ ਹੋਇਆ ਤੇ ਸਾਹਿਬਜ਼ਾਦਿਆਂ ਦੀ ਸ਼ਹੀਦੀ 'ਤੇ ਮਾਣ ਕਰਨ ਵਾਲੇ, ਮਾਤਾ ਗੁਜਰੀ ਜੀ ਦੇ ਬਲਿਦਾਨ ਨੂੰ ਨਮਨ ਕਰਨ ਵਾਲੇ ਇਕ ਨਵੇਂ ਸਰਹਿੰਦ ਨੇ ਜਨਮ ਲਿਆ। ਬਾਬਾ ਬੰਦਾ ਸਿੰਘ ਜੀ ਨੇ 27 ਮਈ 1710 ਨੂੰ ਇਕ ਵੱਡਾ ਦੀਵਾਨ ਲਗਾਇਆ ਤੇ ਸਿੱਖ ਰਾਜ ਦੀ ਸਥਾਪਨਾ ਦਾ ਐਲਾਨ ਕੀਤਾ। ਨਵ ਸਿਰਜੇ ਸਿੱਖ ਰਾਜ ਅੰਦਰ ਸਰਹਿੰਦ ਦਾ ਸੂਬੇਦਾਰ ਬਾਬਾ ਬਾਜ ਸਿੰਘ ਨੂੰ ਬਣਾਇਆ ਗਿਆ।

ਸਿੱਖ ਕੌਮ ਦੀ ਰਾਹ 'ਚ ਸਾਜ਼ਿਸ਼ਾਂ ਤੇ ਹਮਲੇ ਕਰਨ ਵਾਲੇ ਕਿੰਨੇ ਹੀ ਸਰਹਿੰਦ ਬਣੇ ਤੇ ਵਿਗੜੇ ਹਨ। ਕੋਈ ਵੀ ਕੌਮ ਜਦੋਂ ਅਗਾਂਹ ਵਧਦੀ ਹੈ ਤੇ ਆਪਣੀ ਨਵੀਂ ਸੋਚ ਨਾਲ ਮਨੁੱਖੀ ਸਮਾਜ ਦੀ ਆਤਮਕ ਤੇ ਸਮਾਜਕ ਵਿਵਸਥਾ ਨੂੰ ਬਦਲਣਾ ਚਾਹੁੰਦੀ ਹੈ। ਕਈ-ਕਈ ਸਰਹਿੰਦ ਖੜ੍ਹੇ ਹੋ ਜਾਂਦੇ ਹਨ। ਇਹ ਸਰਹਿੰਦ ਮਨੁੱਖ ਦੇ ਮਨ ਦੇ ਅੰਦਰ ਵੀ ਹੁੰਦੇ ਹਨ ਤੇ ਬਾਹਰ ਵੀ। ਇਨ੍ਹਾਂ ਦਾ ਮੁਕਾਬਲਾ ਕਰਨਾ ਅਤਿ ਮੁਸ਼ਕਲ ਹੁੰਦਾ ਹੈ। ਇਤਿਹਾਸ ਭਾਵੇਂ ਸਰਹਿੰਦ ਫ਼ਤਹਿ ਦੀ ਗਵਾਹੀ ਦਿੰਦਾ ਹੈ ਪਰ ਸਿੱਖ ਕੌਮ ਦੀ ਰਾਹ ਵਿਚ ਅੱਜ ਵੀ ਕਈ ਸਰਹਿੰਦ ਖੜੋਤੇ ਨਜ਼ਰ ਆਉਂਦੇ ਹਨ। ਇਨ੍ਹਾਂ ਨੂੰ ਜ਼ਮੀਨਦੋਜ਼ ਕਰਨ ਲਈ ਬਾਬਾ ਬੰਦਾ ਸਿੰਘ ਜਿਹੀ ਹਿੰਮਤ ਤੇ ਗੁਰੂ ਗੋਬਿੰਦ ਸਿੰਘ ਦੇ ਬਖ਼ਸ਼ੇ ਤੀਰਾਂ ਦਾ ਸੰਜਮ ਭਰਪੂਰ ਬਲ ਤੇ ਝੰਡੇ ਜਿਹੀ ਸਿਧਾਂਤਾਂ ਦੀ ਪਰਪੱਕਤਾ ਚਾਹੀਦੀ ਹੈ। •

94159-60533

# ਪੰਜਾਬ ਦੇ ਖਿਡਾਰੀਆਂ ਨੇ ਦੁਨੀਆ ਭਰ ਵਿੱਚ ਤਿਰੰਗੇ ਦਾ ਮਾਣ ਵਧਾਇਆ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਐਵਾਰਡ ਤੇ ਇਨਾਮੀ ਰਾਸ਼ੀ ਨਾਲ ਖਿਡਾਰੀਆਂ ਦਾ ਸਨਮਾਨ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਦੇ ਇਤਿਹਾਸ ਵਿੱਚ ਵੱਡੇ ਖੇਡ ਸਮਾਗਮ ਦੌਰਾਨ ਮਹਾਰਾਜਾ ਰਣਜੀਤ ਸਿੰਘ ਐਵਾਰਡ ਜੇਤੂ 87 ਖਿਡਾਰੀਆਂ ਅਤੇ 1,070 ਮੈਡਲ ਜਿੱਤਣ ਵਾਲੇ ਖਿਡਾਰੀਆਂ ਨੂੰ 32.05 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਪਿੰਡਾਂ ਤੋਂ ਲੈ ਕੇ ਅੰਤਰਰਾਸ਼ਟਰੀ ਖੇਡ ਮੈਦਾਨਾਂ ਤੱਕ ਸੂਬੇ ਵਿੱਚ ਖੇਡਾਂ ਲਈ ਵਿਆਪਕ ਐਲਾਨ ਕੀਤਾ। ਪੰਜਾਬ ਨੂੰ ਉੱਭਰਦੀ ਖੇਡ ਸ਼ਕਤੀ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨਾ ਸਿਰਫ਼ ਓਲੰਪਿਕ ਅਤੇ ਏਸ਼ੀਆਈ ਖੇਡਾਂ ਦੇ ਮੈਡਲ ਜੇਤੂਆਂ ਨੂੰ 1-1 ਕਰੋੜ ਰੁਪਏ ਨਾਲ ਸਨਮਾਨਿਤ ਕੀਤਾ ਸਗੋਂ 9 ਖਿਡਾਰੀਆਂ ਨੂੰ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਪਹਿਲੀ ਵਾਰ ਟੂਰਨਾਮੈਂਟ ਦੀ ਤਿਆਰੀ ਲਈ 220 ਖਿਡਾਰੀਆਂ ਨੂੰ 8.61 ਕਰੋੜ ਰੁਪਏ ਦੀ ਸਿੱਧੇ ਬੈਂਕ ਖਾਤਿਆਂ ਰਾਹੀਂ ਵਿੱਤੀ ਸਹਾਇਤਾ ਦਿੱਤੀ ਗਈ।

ਅੱਜ ਇੱਥੇ ਸੈਕਟਰ-35 ਵਿੱਚ ਮਿਊਂਸਪਲ ਭਵਨ ਵਿਖੇ ਸਮਾਗਮ ਦੌਰਾਨ ਖੇਡਾਂ ਦੇ ਖੇਤਰ ਵਿੱਚ ਨਿਰਣਾਇਕ ਬਦਲਾਅ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਲ 2026-27 ਲਈ 1,763 ਕਰੋੜ ਰੁਪਏ ਦੇ ਇਤਿਹਾਸਕ ਖੇਡ ਬਜਟ ਅਤੇ ਜ਼ਮੀਨੀ ਪੱਧਰ 'ਤੇ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ 1,300 ਕਰੋੜ ਰੁਪਏ ਦੀ ਲਾਗਤ ਨਾਲ 3,148 ਪੇਂਡੂ ਖੇਡ ਮੈਦਾਨ ਵਿਕਸਤ ਕਰਨ ਦਾ ਐਲਾਨ ਕੀਤਾ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਪਹਿਲੀ ਵਾਰ ਏਸ਼ੀਅਨ ਚੈਂਪੀਅਨਜ਼ ਟਰਾਫੀ ਦੀ ਮੇਜ਼ਬਾਨੀ ਕਰੇਗਾ ਅਤੇ ਇਕ ਨਵੰਬਰ ਨੂੰ ਪੰਜਾਬ ਦਿਵਸ 'ਤੇ ਭਾਰਤ-ਪਾਕਿਸਤਾਨ ਦਰਮਿਆਨ ਗਹਿਗੱਚ ਮੁਕਾਬਲਾ ਹੋਵੇਗਾ। ਪਿਛਲੀਆਂ ਸਰਕਾਰਾਂ 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ, ਦੇਸ਼ ਲਈ ਅਣਗਿਣਤ ਚੈਂਪੀਅਨ ਪੈਦਾ ਕਰਨ ਦੇ ਬਾਵਜੂਦ ਪਹਿਲਾਂ ਕਦੇ ਵੀ ਸੂਬੇ ਨੂੰ ਕਿਸੇ ਵੱਡੇ ਖੇਡ ਸਮਾਗਮ ਦੀ ਮੇਜ਼ਬਾਨੀ ਕਰਨ ਦਾ ਮੌਕਾ ਨਹੀਂ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਖੇਡ ਐਸੋਸੀਏਸ਼ਨਾਂ 'ਤੇ ਅਸਲ ਖਿਡਾਰੀਆਂ ਦੀ ਬਜਾਏ ਸਿਆਸੀ ਤੌਰ 'ਤੇ ਜੁੜੇ ਵਿਅਕਤੀਆਂ ਦਾ ਦਬਦਬਾ ਰਿਹਾ।

ਸ਼ਾਨਦਾਰ ਸਨਮਾਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਦਿਨ ਪੰਜਾਬ ਲਈ ਇਤਿਹਾਸਕ ਪਲ ਹੈ ਕਿਉਂਕਿ 87 ਖਿਡਾਰੀਆਂ ਨੂੰ ਵੱਕਾਰੀ ਮਹਾਰਾਜਾ ਰਣਜੀਤ ਸਿੰਘ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ, ਜਦੋਂ ਕਿ ਵੱਖ-ਵੱਖ ਖੇਡਾਂ ਦੇ 1,070 ਮੈਡਲ ਜੇਤੂ ਖਿਡਾਰੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ, ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਰਕਾਰ ਨੇ ਖਿਡਾਰੀਆਂ ਵਿੱਚ 32.05 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਹੈ। ਪੰਜਾਬ ਸਰਕਾਰ ਨੇ ਨਾ ਸਿਰਫ਼ ਓਲੰਪਿਕ ਅਤੇ ਏਸ਼ੀਆਈ ਖੇਡਾਂ ਦੇ ਮੈਡਲ ਜੇਤੂਆਂ ਨੂੰ 1-1 ਕਰੋੜ ਰੁਪਏ ਨਾਲ ਸਨਮਾਨਿਤ ਕੀਤਾ ਹੈ, ਸਗੋਂ 9 ਮੈਡਲ ਜੇਤੂ ਖਿਡਾਰੀਆਂ ਨੂੰ ਨੌਕਰੀਆਂ ਵੀ ਪ੍ਰਦਾਨ ਕੀਤੀਆਂ ਹਨ।

ਮੁੱਖ ਮੰਤਰੀ ਨੇ ਕਿਹਾ, ਪੰਜਾਬ ਦੇ ਖਿਡਾਰੀਆਂ ਨੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀਆਂ ਪ੍ਰਾਪਤੀਆਂ ਰਾਹੀਂ ਦੇਸ਼ ਅਤੇ ਸੂਬੇ ਦਾ ਬਹੁਤ ਮਾਣ ਵਧਾਇਆ ਹੈ। ਇਹ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਹੋਈਏ ਅਤੇ ਇਹ ਯਕੀਨੀ ਬਣਾਈਏ ਕਿ ਉਨ੍ਹਾਂ ਨੂੰ ਉਹ ਸਤਿਕਾਰ, ਮਾਨਤਾ ਅਤੇ ਸਹਿਯੋਗ ਮਿਲੇ ਜਿਸ ਦੇ ਉਹ ਹੱਕਦਾਰ ਹਨ।

ਪੰਜਾਬ ਸਰਕਾਰ ਦੇ ਖੇਡਾਂ ਪ੍ਰਤੀ ਦ੍ਰਿਸ਼ਟੀਕੋਣ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲੀ ਵਾਰ ਪੰਜਾਬ ਦੇ 220 ਖਿਡਾਰੀਆਂ ਨੂੰ ਖੇਡ ਮੁਕਾਬਲਿਆਂ ਦੀ ਤਿਆਰੀ ਲਈ 8.61 ਕਰੋੜ ਰੁਪਏ ਦਿੱਤੇ ਗਏ। ਉਨ੍ਹਾਂ ਅੱਗੇ ਕਿਹਾ,ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਖੇਡਾਂ ਦੇ ਬੁਨਿਆਦੀ ਢਾਂਚੇ ਅਤੇ ਅਥਲੀਟਾਂ ਦੇ ਵਿਕਾਸ ਲਈ ਵਿੱਤੀ ਸਾਲ 2026-27 ਲਈ 1,763 ਕਰੋੜ ਰੁਪਏ ਦਾ ਰਿਕਾਰਡ ਖੇਡ ਬਜਟ ਅਲਾਟ ਕੀਤਾ ਹੈ। ਪਿੰਡਾਂ ਵਿੱਚ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਨਿਖਾਰਨ ਲਈ 1,300 ਕਰੋੜ ਰੁਪਏ ਦੀ ਲਾਗਤ ਨਾਲ 3,148 ਪੇਂਡੂ ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ। ਇਹ ਮੈਦਾਨ ਪਿੰਡਾਂ ਦੇ ਉੱਭਰਦੇ ਖਿਡਾਰੀਆਂ ਲਈ ਚਾਨਣਮੁਨਾਰਾ ਬਣਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਪਹਿਲੀ ਵਾਰ ਏਸ਼ੀਅਨ ਚੈਂਪੀਅਨਜ਼ ਟਰਾਫੀ ਦੀ ਮੇਜ਼ਬਾਨੀ ਕਰੇਗਾ ਜਿਸ ਨੂੰ ਸੂਬੇ ਦੀ ਖੇਡ ਵਿਰਾਸਤ ਲਈ ਮਾਣ ਵਾਲਾ ਪਲ ਦੱਸਿਆ। ਉਨ੍ਹਾਂ ਨੇ ਅੱਗੇ ਐਲਾਨ ਕੀਤਾ ਕਿ ਇਸ ਟੂਰਨਾਮੈਂਟ ਦੌਰਾਨ ਬਹੁਤ ਉਡੀਕਿਆ ਜਾਣ ਵਾਲਾ ਭਾਰਤ-ਪਾਕਿਸਤਾਨ ਮੈਚ ਪੰਜਾਬ ਦਿਵਸ 'ਤੇ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ, ਪੰਜਾਬ ਨੇ ਦੇਸ਼ ਨੂੰ ਅਣਗਿਣਤ ਮੈਡਲ ਅਤੇ ਚੈਂਪੀਅਨ ਦਿੱਤੇ ਹਨ, ਫਿਰ ਵੀ ਪਿਛਲੀਆਂ ਸਰਕਾਰਾਂ ਨੇ ਕਦੇ ਇਹ ਯਕੀਨੀ ਨਹੀਂ ਬਣਾਇਆ ਕਿ ਸੂਬੇ ਨੂੰ ਵੱਡੇ ਅੰਤਰਰਾਸ਼ਟਰੀ ਖੇਡ ਸਮਾਗਮਾਂ ਦੀ ਮੇਜ਼ਬਾਨੀ ਕਰਨ ਦਾ ਮੌਕਾ ਮਿਲੇ। ਅਸੀਂ ਉਸ ਮਾਨਸਿਕਤਾ ਨੂੰ ਬਦਲ ਦਿੱਤਾ ਹੈ ਅਤੇ ਪੰਜਾਬ ਨੂੰ ਭਾਰਤ ਦੇ ਖੇਡ ਨਕਸ਼ੇ ਦੇ ਕੇਂਦਰ ਵਿੱਚ ਲਿਆਂਦਾ ਹੈ।

ਪੁਰਾਣੀ ਵਿਵਸਥਾ 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਖੇਡ ਐਸੋਸੀਏਸ਼ਨਾਂ 'ਤੇ ਪਹਿਲਾਂ ਸਿਆਸੀ ਤੌਰ 'ਤੇ ਜੁੜੇ ਵਿਅਕਤੀਆਂ ਦਾ ਦਬਦਬਾ ਸੀ, ਪਰ ਪੰਜਾਬ ਸਰਕਾਰ ਨੇ ਉਸ ਰੁਝਾਨ ਨੂੰ ਖ਼ਤਮ ਕਰ ਦਿੱਤਾ ਹੈ ਅਤੇ ਮੈਰਿਟ ਦੇ ਅਧਾਰ 'ਤੇ ਆਮ ਖਿਡਾਰੀਆਂ ਲਈ ਦਰਵਾਜ਼ੇ ਖੋਲ੍ਹ ਦਿੱਤੇ ਹਨ।

ਪੰਜਾਬ ਨੂੰ ਖੇਡਾਂ ਦੀ ਮਹਾਂਸ਼ਕਤੀ ਵਿੱਚ ਬਦਲਣ ਲਈ ਵੱਡੀ ਪਹਿਲਕਦਮੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਚੋਟੀ ਦੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਖਿਡਾਰੀਆਂ ਨੂੰ ਮਹਾਰਾਜਾ ਰਣਜੀਤ ਸਿੰਘ ਐਵਾਰਡ ਪ੍ਰਦਾਨ ਕਰਕੇ ਅਤੇ ਵੱਡੇ ਪੱਧਰ 'ਤੇ ਨਕਦ ਇਨਾਮ ਵੰਡ ਕੇ ਸਾਲ 2019 ਤੋਂ 2023 ਤੱਕ ਦੇ ਬਕਾਇਆ ਸਨਮਾਨਾਂ ਦੇ ਦਹਾਕੇ ਲੰਮੇ ਬੈਕਲਾਗ ਨੂੰ ਸਫ਼ਲਤਾਪੂਰਵਕ ਖ਼ਤਮ ਕਰ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਖਿਡਾਰੀਆਂ ਨੂੰ ਜਿੱਤਾਂ ਤੋਂ ਬਾਅਦ ਹੀ ਇਨਾਮ ਦੇਣ ਦੀ ਪੁਰਾਣੀ ਪ੍ਰਥਾ ਨੂੰ ਵੀ ਬਦਲ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹੁਣ ਅਥਲੀਟਾਂ ਨੂੰ ਟੂਰਨਾਮੈਂਟਾਂ ਤੋਂ ਪਹਿਲਾਂ ਵਿੱਤੀ ਤੌਰ 'ਤੇ ਸਹਾਇਤਾ ਦਿੱਤੀ ਜਾ ਰਹੀ ਹੈ ਤਾਂ ਜੋ ਉਨ੍ਹਾਂ ਨੂੰ ਉੱਚ ਪੱਧਰ 'ਤੇ ਤਿਆਰੀ ਕਰਨ ਅਤੇ ਮੁਕਾਬਲਾ ਕਰਨ ਵਿੱਚ ਮਦਦ ਮਿਲ ਸਕੇ।

ਉਨ੍ਹਾਂ ਕਿਹਾ, ਸਾਡੇ ਖਿਡਾਰੀਆਂ ਦੀ ਸਹਾਇਤਾ ਲਈ ਪੰਜਾਬ ਸਰਕਾਰ ਨੇ ਸਿਖਲਾਈ ਅਤੇ ਉੱਚ ਪੱਧਰੀ ਖੇਡ ਉਪਕਰਨਾਂ ਦੀ ਖਰੀਦ ਲਈ ਨਵੇਂ ਲਾਂਚ ਕੀਤੇ ਗਏ ਖੇਡ ਪੋਰਟਲ ਰਾਹੀਂ 15 ਕਰੋੜ ਰੁਪਏ ਤੋਂ ਵੱਧ ਰਾਸ਼ੀ ਸਿੱਧੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਹੈ। ਇਸ ਪੋਰਟਲ ਵਿੱਚ ਫੈਂਸਿੰਗ (ਤਲਵਾਰਬਾਜ਼ੀ), ਕਾਏਕਿੰਗ, ਸ਼ੂਟਿੰਗ (ਨਿਸ਼ਾਨੇਬਾਜ਼ੀ) ਅਤੇ ਆਰਚਰੀ (ਤੀਰਅੰਦਾਜ਼ੀ) ਵਰਗੀਆਂ ਖੇਡਾਂ ਲਈ ਵਿਸ਼ੇਸ਼ ਗ੍ਰਾਂਟਾਂ ਵੀ ਸ਼ਾਮਲ ਹਨ ਅਤੇ ਇਹ ਖਿਡਾਰੀਆਂ ਨੂੰ ਕਾਰਪੋਰੇਟ ਸਪਾਂਸਰਾਂ ਨਾਲ ਜੋੜਨ ਵਿੱਚ ਮਦਦ ਕਰੇਗਾ।

ਚੋਟੀ ਦੇ ਸਨਮਾਨਿਤ ਖਿਡਾਰੀਆਂ ਵਿੱਚ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ, ਹਰਲੀਨ ਦਿਓਲ ਅਤੇ ਅਮਨਜੋਤ ਕੌਰ ਨੂੰ ਵਿਸ਼ਵ ਕੱਪ ਜਿੱਤ ਲਈ ਡੇਢ-ਡੇਢ ਕਰੋੜ ਰੁਪਏ ਨਾਲ ਸਨਮਾਨਿਤ ਕੀਤਾ। ਨਿਸ਼ਾਨੇਬਾਜ਼ੀ ਵਿੱਚ ਵਿਸ਼ਵ ਚੈਂਪੀਅਨਸ਼ਿਪ ਦੇ ਮੈਡਲ ਜੇਤੂ ਅਮਨਪ੍ਰੀਤ ਸਿੰਘ ਨੂੰ 1.54 ਕਰੋੜ ਰੁਪਏ ਅਤੇ ਨੀਰਜ ਕੁਮਾਰ ਨੂੰ 1.52 ਕਰੋੜ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ ਜਦੋਂ ਕਿ ਕਿਰਨਦੀਪ ਕੌਰ ਅਤੇ ਕ੍ਰਿਤਿਕਾ ਸ਼ਰਮਾ ਨੇ 50-50 ਲੱਖ ਰੁਪਏ ਪ੍ਰਾਪਤ ਕੀਤੇ।

ਉੱਭਰਦੇ ਨਿਸ਼ਾਨੇਬਾਜ਼ ਵਿਜੇਵੀਰ ਸਿੱਧੂ ਨੂੰ 28.50 ਲੱਖ ਰੁਪਏ ਨਾਲ ਸਨਮਾਨਿਤ ਕੀਤਾ ਗਿਆ, ਵੁਸ਼ੂ ਖਿਡਾਰੀ ਕੁਸ਼ਲ ਕੁਮਾਰ ਨੇ 25 ਲੱਖ ਰੁਪਏ ਪ੍ਰਾਪਤ ਕੀਤੇ, ਜਦੋਂ ਕਿ ਪੈਰਾ-ਪਾਵਰਲਿਫਟਿੰਗ ਵਿਸ਼ਵ ਚੈਂਪੀਅਨ ਪਰਮਜੀਤ ਕੁਮਾਰ ਨੂੰ ਉਸ ਦੀਆਂ ਸ਼ਾਨਦਾਰ ਅੰਤਰਰਾਸ਼ਟਰੀ ਪ੍ਰਾਪਤੀਆਂ ਲਈ 55 ਲੱਖ ਰੁਪਏ ਦਿੱਤੇ ਗਏ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਖੇਡਾਂ ਵਿੱਚ ਲਗਾਤਾਰ ਸ਼ਾਨਦਾਰ ਪ੍ਰਾਪਤੀਆਂ ਹਾਸਲ ਕਰਨ ਵਾਲੇ ਖਿਡਾਰੀਆਂ ਦੇ ਸਤਿਕਾਰ ਵਿੱਚ ਕਈ ਸਾਲਾਂ ਦੇ ਮਹਾਰਾਜਾ ਰਣਜੀਤ ਸਿੰਘ ਐਵਾਰਡ ਵੰਡੇ ਗਏ। ਉਨ੍ਹਾਂ ਕਿਹਾ ਕਿ ਸਾਲ 2018-19 ਦੇ ਐਵਾਰਡ ਜੇਤੂਆਂ ਵਿੱਚ ਹਾਕੀ ਖਿਡਾਰੀ ਰਮਨਦੀਪ ਸਿੰਘ, ਜੂਡੋ ਖਿਡਾਰੀ ਕਿਰਨਜੀਤ ਸਿੰਘ, ਕਬੱਡੀ ਖਿਡਾਰੀ ਹਰਵਿੰਦਰ ਕੌਰ, ਰੋਇੰਗ ਖਿਡਾਰੀ ਜਸਪ੍ਰੀਤ ਸਿੰਘ, ਨਿਸ਼ਾਨੇਬਾਜ਼ ਅੰਗਦ ਵੀਰ ਸਿੰਘ ਬਾਜਵਾ, ਵੇਟਲਿਫਟਰ ਪ੍ਰਦੀਪ ਸਿੰਘ, ਪਹਿਲਵਾਨ ਹਰਪ੍ਰੀਤ ਸਿੰਘ ਅਤੇ ਤੈਰਾਕ ਚਾਹਤ ਅਰੋੜਾ ਸ਼ਾਮਲ ਸਨ। ਉਨ੍ਹਾਂ ਨੇ ਅੱਗੇ ਕਿਹਾ ਕਿ ਸਾਲ 2020 ਵਿੱਚ ਤੀਰਅੰਦਾਜ਼ੀ ਵਿੱਚ ਸੰਗਮਪ੍ਰੀਤ ਸਿੰਘ ਬਿਸਲਾ, ਅਥਲੈਟਿਕਸ ਵਿੱਚ ਟਵਿੰਕਲ ਚੌਧਰੀ, ਬੇਸਬਾਲ ਵਿੱਚ ਵੀਰਪਾਲ, ਬਾਸਕਟਬਾਲ ਵਿੱਚ ਅੰਮ੍ਰਿਤਪਾਲ ਸਿੰਘ, ਕਾਏਕਿੰਗ ਤੇ ਕੈਨੋਇੰਗ ਵਿੱਚ ਅਵਤਾਰ ਸਿੰਘ, ਸਾਈਕਲਿੰਗ ਵਿੱਚ ਅਮਰਜੀਤ ਸਿੰਘ, ਫੈਂਸਿੰਗ ਵਿੱਚ ਇਨਾ ਅਰੋੜਾ ਅਤੇ ਹੈਂਡਬਾਲ ਵਿੱਚ ਹਰਜਿੰਦਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ 2021 ਦੇ ਤੀਰਅੰਦਾਜ਼ੀ ਚੈਂਪੀਅਨ ਸੁਖਬੀਰ ਸਿੰਘ, ਐਥਲੀਟ ਕਿਰਪਾਲ ਸਿੰਘ, ਬੇਸਬਾਲ ਖਿਡਾਰੀ ਅਮਨਜੀਤ ਕੌਰ ਬੈਂਸ, ਕਾਏਕਿੰਗ ਖਿਡਾਰੀ ਪ੍ਰਿਅੰਕਾ ਦੇਵੀ, ਸਾਈਕਲ ਸਵਾਰ ਨਮਨ ਕਪਿਲ, ਫੈਂਸਰ ਉਦੈਵੀਰ ਸਿੰਘ, ਅਤੇ ਹੈਂਡਬਾਲ ਖਿਡਾਰੀ ਮਨਦੀਪ ਕੌਰ ਨੂੰ ਸਨਮਾਨਿਤ ਕੀਤਾ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਅਰਜੁਨ ਐਵਾਰਡੀਆਂ ਅਤੇ ਓਲੰਪਿਕ ਹਾਕੀ ਸਿਤਾਰਿਆਂ ਨੂੰ ਵਿਸ਼ੇਸ਼ ਸ਼੍ਰੇਣੀ ਸਮਰਪਿਤ ਕੀਤੀ ਗਈ ਹੈ, ਜਿਨ੍ਹਾਂ ਵਿੱਚੋਂ ਬਹੁਤੇ ਪੰਜਾਬ ਵਿੱਚ ਉੱਚ ਸਰਕਾਰੀ ਅਹੁਦਿਆਂ 'ਤੇ ਸੇਵਾ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸਨਮਾਨਿਤ ਗਰੁੱਪ ਵਿੱਚ ਭਾਰਤੀ ਪੁਰਸ਼ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਦੇ ਨਾਲ ਓਲੰਪਿਕ ਤਗਮਾ ਜੇਤੂ ਗੁਰਜੰਟ ਸਿੰਘ ਅਤੇ ਰੁਪਿੰਦਰ ਪਾਲ ਸਿੰਘ ਸ਼ਾਮਲ ਹਨ, ਜੋ ਦੋਵੇਂ ਪੀ.ਸੀ.ਐਸ. ਅਧਿਕਾਰੀ ਵਜੋਂ ਸੇਵਾ ਨਿਭਾ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਓਲੰਪਿਕ ਹਾਕੀ ਸਿਤਾਰਿਆਂ ਮਨਦੀਪ ਸਿੰਘ, ਹਾਰਦਿਕ ਸਿੰਘ, ਵਰੁਣ ਕੁਮਾਰ, ਸ਼ਮਸ਼ੇਰ ਸਿੰਘ, ਗੋਲਕੀਪਰ ਕ੍ਰਿਸ਼ਨ ਬਹਾਦਰ ਪਾਠਕ ਅਤੇ ਦਿਲਪ੍ਰੀਤ ਸਿੰਘ, ਨੂੰ ਵੀ ਸਨਮਾਨਿਤ ਕੀਤਾ, ਜੋ ਪੰਜਾਬ ਪੁਲਿਸ ਵਿੱਚ ਡੀਐਸਪੀ ਵਜੋਂ ਸੇਵਾ ਨਿਭਾ ਰਹੇ ਹਨ।

ਇਸ ਸਮਾਗਮ ਵਿੱਚ ਓਲੰਪਿਕ 'ਚ ਭਾਰਤ ਦੀ ਨੁਮਾਇੰਦਗੀ ਕਰਨ ਵਾਲੀ ਪੰਜਾਬ ਦੀ ਪਹਿਲੀ ਮਹਿਲਾ ਮੁੱਕੇਬਾਜ਼ ਸਿਮਰਨਜੀਤ ਕੌਰ ਬਾਠ ਨੂੰ ਵੀ ਵਿਸ਼ੇਸ਼ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਆਪਣੀਆਂ ਸਰੀਰਕ ਚੁਣੌਤੀਆਂ ਦੇ ਬਾਵਜੂਦ ਦੇਸ਼ ਨੂੰ ਵਿਸ਼ਵ ਪੱਧਰ 'ਤੇ ਮਾਨਤਾ ਦਿਵਾਉਣ ਲਈ ਪੰਜਾਬ ਦੇ ਪੈਰਾ-ਐਥਲੀਟਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਸਨਮਾਨਿਤ ਕੀਤੇ ਗਏ ਪ੍ਰਮੁੱਖ ਪੈਰਾ-ਐਥਲੀਟਾਂ ਵਿੱਚ ਏਸ਼ੀਆਈ ਖੇਡਾਂ ਦੇ ਸੋਨ ਤਗਮਾ ਜੇਤੂ ਮੁਹੰਮਦ ਯਾਸਰ, ਤੈਰਾਕ ਵੈਭਵ ਰਾਜੋਰੀਆ, ਪਹਿਲਵਾਨ ਸੁਰੇਂਦਰ ਕੰਬੋਜ, ਪੈਰਾ-ਬੈਡਮਿੰਟਨ ਖਿਡਾਰੀ ਪਲਕ ਕੋਹਲੀ ਅਤੇ ਪੈਰਾ-ਪਾਵਰਲਿਫਟਰ ਪਰਮਜੀਤ ਕੁਮਾਰ ਸ਼ਾਮਲ ਸਨ।

ਸਮਾਰੋਹ ਦੌਰਾਨ ਉਨ੍ਹਾਂ ਖਿਡਾਰੀਆਂ ਦੀਆਂ ਮਾਤਾਵਾਂ ਅਤੇ ਪਰਿਵਾਰਕ ਮੈਂਬਰਾਂ ਨੂੰ ਵੀ ਸਨਮਾਨ ਲੈਣ ਲਈ ਲਈ ਸਟੇਜ 'ਤੇ ਬੁਲਾਇਆ ਗਿਆ, ਜੋ ਆਪਣੀ ਟ੍ਰੇਨਿੰਗ ਆਦਿ ਕਰਕੇ ਸਮਾਗਮ ਵਿੱਚ ਸ਼ਾਮਲ ਨਹੀਂ ਹੋ ਸਕੇ। ਇਨ੍ਹਾਂ ਵਿੱਚ ਏਸ਼ੀਆਈ ਖੇਡਾਂ ਦੇ ਤਗਮਾ ਜੇਤੂ ਹਰਮਿਲਨ ਬੈਂਸ ਦੇ ਮਾਤਾ ਅਤੇ ਅਰਜੁਨ ਐਵਾਰਡੀ ਮਾਧੁਰੀ ਸਕਸੈਨਾ ਵੀ ਸ਼ਾਮਲ ਸਨ।

# ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਸਬ ਡਵੀਜ਼ਨ ਮੂਨਕ ਵਿਖੇ 2 ਮੁਲਜ਼ਮ ਗ੍ਰਿਫਤਾਰ




**ਮੂਨਕ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾ. ਰਵਜੋਤ ਗਰੇਵਾਲ, ਐਸ.ਐਸ.ਪੀ. ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਬ ਡਵੀਜ਼ਨ ਮੂਨਕ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 18.05.2026 ਤੋਂ 24.05.2026 ਤਕ ਡਰੱਗ ਦਾ 01 ਕੇਸ ਦਰਜ ਕਰਕੇ 02 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ 80 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਤੇ ਨਸ਼ੇ ਦੀ ਦਲਦਲ ਵਿੱਚ ਫਸੇ 15 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚੋਂ ਦਵਾਈ ਦਿਵਾਈ ਗਈ ਅਤੇ ਵੱਖ ਵੱਖ ਕੇਸਾਂ ਵਿੱਚ 05 ਕਥਿਤ ਦੋਸ਼ੀਆਨ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤੋਂ ਇਲਾਵਾ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਵੱਖ-ਵੱਖ ਜੁਰਮਾਂ ਤਹਿਤ 91 ਟਰੈਫਿਕ ਚਲਾਣ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 43 ਵਿਅਕਤੀਆਂ ਵਿਰੁੱਧ 172 2NSS ਤਹਿਤ ਕਾਰਵਾਈ ਕੀਤੀ ਗਈ ਅਤੇ 06 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

## ਗਰਮੀ ਕਾਰਨ ਸੇਵਾ ਕੇਂਦਰਾਂ ਦਾ ਸਮਾਂ ਤਬਦੀਲ

# ਹੁਣ ਸੇਵਾ ਕੇਂਦਰ ਸਵੇਰੇ 7.30 ਤੋਂ ਦੁਪਹਿਰ 3:30 ਵਜੇ ਤੱਕ ਖੁੱਲਣਗੇ : ਡਿਪਟੀ ਕਮਿਸ਼ਨਰ



**ਬਠਿੰਡਾ,28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਗਰਮੀ ਦੇ ਮੌਸਮ ਨੂੰ ਵੇਖਦਿਆਂ ਪੰਜਾਬ ਸਰਕਾਰ ਵਲੋਂ ਸੇਵਾ ਕੇਂਦਰਾਂ ਦਾ ਸਮਾਂ ਤਬਦੀਲ ਕੀਤਾ ਗਿਆ ਹੈ। ਹੁਣ ਸੇਵਾ ਕੇਂਦਰ ਸਵੇਰੇ 7.30 ਤੋਂ ਦੁਪਹਿਰ 3.30 ਵਜੇ ਤੱਕ ਖੁੱਲੇ ਰਹਿਣਗੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਗਰਮੀ ਦੇ ਮੌਸਮ ਨੂੰ ਵੇਖਦਿਆਂ ਪੰਜਾਬ ਸਰਕਾਰ ਵੱਲੋਂ ਸੇਵਾ ਕੇਂਦਰਾਂ ਦੇ ਸਮੇਂ ਵਿੱਚ ਤਬਦੀਲੀ ਲਿਆਂਦੀ ਗਈ ਹੈ। ਪਹਿਲਾਂ ਸੇਵਾ ਕੇਂਦਰਾਂ ਦਾ ਸਮਾਂ ਸਵੇਰੇ 9.00 ਵਜੇ ਤੋਂ ਲੈ ਕੇ ਸ਼ਾਮ 5.00 ਵਜੇ ਤੱਕ ਸੀ। ਹੁਣ ਗਰਮੀ ਨੂੰ ਵੇਖਦਿਆਂ ਇਹ ਸਮਾਂ ਸਵੇਰੇ 7.30 ਤੋਂ ਦੁਪਹਿਰ ਬਾਅਦ 3:30 ਤੱਕ ਕੀਤਾ ਗਿਆ ਹੈ। ਉਨ੍ਹਾਂ ਜਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਕਤ ਸਮੇਂ ਦੌਰਾਨ ਜ਼ਿਲ੍ਹੇ ਦੇ ਸੇਵਾ ਕੇਂਦਰਾਂ ਵਿੱਚ ਪਹੁੰਚ ਕੇ ਸਰਕਾਰੀ ਸੇਵਾਵਾਂ ਦਾ ਲਾਭ ਪ੍ਰਾਪਤ ਕਰ ਸਕਦੇ ਹਨ।

# ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਦੀ ਰਾਜ ਪੱਧਰੀ ਮੀਟਿੰਗ ਸਰਕਟ ਹਾਊਸ, ਜਲੰਧਰ ਵਿਖੇ ਪਵਨ ਗੁਪਤਾ ਦੀ ਪ੍ਰਧਾਨਗੀ ਹੇਠ ਆਯੋਜਿਤ

**ਜਲੰਧਰ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਦੀ ਰਾਜ ਪੱਧਰੀ ਮੀਟਿੰਗ ਸਰਕਟ ਹਾਊਸ, ਜਲੰਧਰ ਵਿਖੇ ਪਾਰਟੀ ਦੇ ਰਾਸ਼ਟਰੀ ਪ੍ਰਧਾਨ, ਸ਼੍ਰੀ ਪਵਨ ਗੁਪਤਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਆਗੂਆਂ ਸਮੇਤ ਪਾਰਟੀ ਦੇ ਸੀਨੀਅਰ ਆਗੂਆਂ ਨੇ ਸ਼ਿਰਕਤ ਕੀਤੀ। ਪ੍ਰੈਸ ਨੂੰ ਸੰਬੋਧਨ ਕਰਦਿਆਂ ਰਾਸ਼ਟਰੀ ਪ੍ਰਧਾਨ ਸ਼੍ਰੀ ਗੁਪਤਾ ਨੇ ਦੱਸਿਆ ਕਿ ਪਾਰਟੀ ਨੇ ਸੱਤ-ਨੁਕਾਤੀ ਏਜੰਡੇ 'ਤੇ ਚਰਚਾ ਕੀਤੀ, ਜਿਸ ਨਾਲ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਵਾਰੇ ਰਣਨੀਤੀ ਬਣਾਈ ਗਈ ਅਤੇ ਸਾਰੇ ਸੀਨੀਅਰ ਆਗੂਆਂ ਨੂੰ ਪੰਜਾਬ ਦੇ 117 ਵਿਧਾਨ ਸਭਾ ਹਲਕਿਆਂ ਲਈ ਨਿਯੁਕਤ ਕੀਤਾ ਗਿਆ। ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਦੀ ਸਾਂਝੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸ਼੍ਰੀ ਪਵਨ ਗੁਪਤਾ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਸੱਤ-ਨੁਕਾਤੀ ਏਜੰਡਾ ਹੈ, ਜੋ ਤੁਹਾਨੂੰ ਮੀਟਿੰਗ ਵਿੱਚ ਪੇਸ਼ ਕੀਤਾ ਗਿਆ ਹੈ।

ਸਾਂਝੀ ਮੀਟਿੰਗ ਲਗਭਗ ਤਿੰਨ ਘੰਟੇ ਚੱਲੀ। ਪੰਜਾਬ ਵਿਧਾਨ ਸਭਾ ਚੋਣਾਂ ਲੜਨ ਲਈ ਪਾਰਟੀ ਦੀ ਰਣਨੀਤੀ 'ਤੇ ਚਰਚਾ ਕਰਨ ਤੋਂ ਬਾਅਦ, ਇਹ ਫੈਸਲਾ ਕੀਤਾ ਗਿਆ ਕਿ ਪਾਰਟੀ ਆਪਣੇ ਏਜੰਡੇ ਦੇ ਆਧਾਰ 'ਤੇ ਸਾਰੀਆਂ ਸੀਟਾਂ 'ਤੇ ਉਮੀਦਵਾਰ ਖੜ੍ਹੇ ਕਰੇਗੀ, ਪਰ ਪੰਜਾਬ ਦੇ ਸਾਰੇ ਹਿੰਦੂ ਸੰਗਠਨਾਂ ਨੂੰ ਵਿਸ਼ਵਾਸ ਵਿੱਚ ਲਿਆ ਜਾਵੇਗਾ ਅਤੇ ਚੋਣਾਂ ਇਕਜੁੱਟ ਹੋ ਕੇ ਲੜੀਆਂ ਜਾਣਗੀਆਂ। ਇਸ ਪਹਿਲਕਦਮੀ ਨੂੰ ਅੱਗੇ ਵਧਾਉਂਦੇ ਹੋਏ, ਰਾਸ਼ਟਰੀ ਹਿੰਦੂ ਕ੍ਰਾਂਤੀ ਦਲ ਦੇ ਰਾਸ਼ਟਰੀ ਪ੍ਰਧਾਨ, ਸ਼੍ਰੀ ਮਨੋਜ ਨੰਨਾਹ, ਸਦਭਾਵਨਾ ਦੇ ਸੰਕੇਤ ਵਜੋਂ ਸ਼ਿਵ ਸੈਨਾ ਹਿੰਦੁਸਤਾਨ ਦੀ ਮੀਟਿੰਗ ਵਿੱਚ ਸ਼ਾਮਲ ਹੋਏ ਅਤੇ ਜਨਤਕ ਤੌਰ 'ਤੇ ਐਲਾਨ ਕੀਤਾ ਕਿ ਉਹ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਹਿੰਦੂਆਂ ਨਾਲ ਹੋਣ ਵਾਲੇ ਅਨਿਆਂ ਵਿਰੁੱਧ ਸਾਰੇ ਹਿੰਦੂ ਸੰਗਠਨਾਂ ਨੂੰ ਇੱਕਜੁੱਟ ਕਰਨ ਲਈ ਕੰਮ ਕਰਨਗੇ।

ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਦੀ ਸਾਂਝੀ ਮੀਟਿੰਗ ਵਿੱਚ, ਸੰਗਠਨਾਂ ਦੇ ਸਾਰੇ ਨੇਤਾਵਾਂ ਨੂੰ ਇਹ ਸਪੱਸ਼ਟ ਕੀਤਾ ਗਿਆ ਕਿ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੇ ਚੰਡੀਗੜ੍ਹ ਵਿੱਚ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਅਤੇ ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੀ ਇੱਕ ਸਾਂਝੀ ਮੀਟਿੰਗ ਕੀਤੀ ਹੈ, ਜਿਸ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਦੀ ਰਾਜਨੀਤਿਕ ਵਿੰਗ, ਹਿੰਦੁਸਤਾਨ ਸ਼ਕਤੀ ਸੈਨਾ ਵੀ ਸ਼ਾਮਲ ਹੈ, ਸਾਰੀਆਂ ਰਾਜਨੀਤਿਕ ਪਾਰਟੀਆਂ ਤੋਂ ਸਹਿਯੋਗ ਮੰਗਿਆ ਹੈ ਅਤੇ ਐਸਆਈਆਰ ਵਿੱਚ ਸਹਾਇਤਾ ਲਈ ਜਲਦੀ ਤੋਂ ਜਲਦੀ ਬੀਐਲਓ ਨਿਯੁਕਤ ਕਰਨ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਇਸ ਮੁੱਦੇ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ, ਅਤੇ ਪਾਰਟੀ ਵਲੋ ਜਲਦੀ ਤੋਂ ਜਲਦੀ ਬੀਐਲਓ ਨਿਯੁਕਤ ਕਰਨ ਲਈ ਇੱਕ ਰਣਨੀਤੀ ਤਿਆਰ ਕੀਤੀ ਗਈ।

ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਦੇ ਸੁਮੇਲ ਢਾਂਚੇ ਨੂੰ ਮਜ਼ਬੂਤ ? ?ਕਰਨ ਲਈ, ਮੁੱਖ ਨੇਤਾਵਾਂ ਨੂੰ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਨਿਯੁਕਤ ਕੀਤਾ ਗਿਆ ਹੈ, ਜੋ ਸਿੱਧੇ ਤੌਰ 'ਤੇ ਰਾਸ਼ਟਰੀ ਮੁਖੀ ਸ਼੍ਰੀ ਪਵਨ ਗੁਪਤਾ ਨੂੰ ਰਿਪੋਰਟ ਕਰਨਗੇ, ਸਮੇਂ-ਸਮੇਂ 'ਤੇ ਔਨਲਾਈਨ ਮੀਟਿੰਗਾਂ ਕਰਨ ਦੀ ਰਣਨੀਤੀ ਬਣਾਈ ਗਈ।

ਪਾਰਟੀ ਮੀਟਿੰਗ ਵਿੱਚ ਵੱਖ-ਵੱਖ ਆਗੂਆਂ ਨੇ ਪੰਜਾਬ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਸਖ਼ਤ ਚਿੰਤਾ ਪ੍ਰਗਟ ਕੀਤੀ ਅਤੇ ਜ਼ੋਰਦਾਰ ਮੰਗ ਕੀਤੀ ਕਿ ਪੰਜਾਬ ਸਰਕਾਰ ਪੰਜਾਬ ਪੁਲਿਸ ਦਾ ਇੱਕ ਸਥਾਈ ਮੁਖੀ ਨਿਯੁਕਤ ਕਰੇ ਤਾਂ ਜੋ ਇਹ ਅਧਿਕਾਰੀ ਇੱਕ ਅਜਿਹੀ ਰਣਨੀਤੀ 'ਤੇ ਕੰਮ ਕਰ ਸਕੇ ਜੋ ਆਮ ਲੋਕਾਂ ਦਾ ਕਾਨੂੰਨ ਵਿਵਸਥਾ ਵਿੱਚ ਵਿਸ਼ਵਾਸ ਬਹਾਲ ਕਰੇ। ਪੰਜਾਬ ਸਰਕਾਰ ਨੂੰ ਅਪਰਾਧੀਆਂ, ਗੈਂਗਸਟਰਵਾਦ ਅਤੇ ਖਾਲਿਸਤਾਨੀ ਅੱਤਵਾਦੀਆਂ ਵਿਰੁੱਧ ਸਖ਼ਤ ਰੁਖ਼ ਅਪਣਾਉਣਾ ਚਾਹੀਦਾ ਹੈ।

ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਦੀ ਇਸ ਮੀਟਿੰਗ ਵਿੱਚ, ਸਾਰੇ ਸੀਨੀਅਰ ਪਾਰਟੀ ਆਗੂਆਂ ਨੇ ਸਰਬਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਦੋਸ਼ ਲਗਾਇਆ ਕਿ ਪੰਜਾਬ ਵਿੱਚ ਕਿਸੇ ਵੀ ਰਾਜਨੀਤਿਕ ਪਾਰਟੀ ਦੀਆਂ ਸਰਕਾਰਾ ਰਹਿਆ ਹੋਣ, ਫਿਰ ਵੀ ਉਨ੍ਹਾਂ ਨੇ ਪੰਜਾਬ ਵਿੱਚ ਹਿੰਦੂਆਂ ਦੇ ਅਧਿਕਾਰਾਂ ਦੀ ਰਾਖੀ ਲਈ ਕੋਈ ਕਾਰਵਾਈ ਨਹੀਂ ਕੀਤੀ ਹੈ। ਅੱਤਵਾਦ ਦੇ ਸਮੇਂ ਦੌਰਾਨ ਵੀ, ਖਾਲਿਸਤਾਨੀ ਅੱਤਵਾਦੀਆਂ ਵਲੋ 35,000 ਹਿੰਦੂਆਂ ਦਾ ਬੇਰਹਿਮੀ ਨਾਲ ਕਤਲ ਕੀਤਾ ਗਿਆ ਸੀ, ਫਿਰ ਵੀ ਕੋਈ ਜਾਂਚ ਕਮਿਸ਼ਨ ਨਹੀਂ ਬਣਾਇਆ ਗਿਆ। ਅੱਤਵਾਦੀ ਘਟਨਾਵਾਂ ਪਿੱਛੇ ਰਾਜਨੀਤਿਕ ਅਤੇ ਅੰਤਰਰਾਸ਼ਟਰੀ ਤਾਕਤਾਂ ਦੀ ਪਛਾਣ ਕਰਨ ਦੀ ਕੋਈ ਕੋਸ਼ਿਸ਼ ਨਹੀਂ ਕੀਤੀ ਗਈ ਅਤੇ ਨਾ ਹੀ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀ ਗਈ। 35,000 ਹਿੰਦੂ ਅੱਤਵਾਦ ਪੀੜਤਾਂ ਲਈ ਲੰਬੇ ਸੰਘਰਸ਼ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਪ੍ਰਵਾਨ ਕੀਤੇ ਗਏ 781 ਕਰੋੜ ਰੁਪਏ ਲਗਭਗ 22 ਸਾਲਾਂ ਬਾਅਦ ਵੀ ਨਾ ਤਾਂ ਪੰਜਾਬ ਸਰਕਾਰ ਅਤੇ ਨਾ ਹੀ ਕੇਂਦਰ ਸਰਕਾਰ ਵਲੋਂ ਜਾਰੀ ਕੀਤੇ ਗਏ ਹਨ। ਪਾਰਟੀ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਇੰਨੇ ਸਾਲਾਂ ਬਾਅਦ, ਅੱਤਵਾਦ ਹਿੰਦੂ ਪੀੜਤਾਂ ਨੂੰ ਸਿਰਫ਼ 781 ਕਰੋੜ ਰੁਪਏ ਹੀ ਨਹੀਂ, ਸਗੋਂ 5,100 ਕਰੋੜ ਰੁਪਏ ਦਾ ਪੈਕੇਜ ਦਿੱਤਾ ਜਾਣਾ ਚਾਹੀਦਾ ਹੈ। ਇਨ੍ਹਾਂ ਅੱਤਵਾਦੀ ਘਟਨਾਵਾਂ ਦੀ ਪੂਰੀ ਜਾਂਚ ਲਈ ਇੱਕ ਜਾਂਚ ਕਮਿਸ਼ਨ ਵੀ ਬਣਾਇਆ ਜਾਣਾ ਚਾਹੀਦਾ ਹੈ ਤਾਂ ਜੋ ਦੋਸ਼ੀਆਂ ਦੀ ਪਛਾਣ ਕੀਤੀ ਜਾ ਸਕੇ ਅਤੇ ਉਨ੍ਹਾਂ ਨੂੰ ਸਜ਼ਾ ਦਿੱਤੀ ਜਾ ਸਕੇ। ਤਦ ਹੀ ਪੰਜਾਬ ਦੇ ਹਿੰਦੂਆਂ ਨੂੰ ਇਨਸਾਫ਼ ਮਿਲੇਗਾ। ਪੰਜਾਬ ਦੇ ਹਿੰਦੂਆਂ ਨੂੰ ਘੱਟ ਗਿਣਤੀ ਦਾ ਦਰਜਾ ਦਿੱਤਾ ਜਾਣਾ ਚਾਹੀਦਾ ਹੈ। ਇਸ ਸਬੰਧ ਵਿੱਚ, ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸ੍ਰੀ ਪਵਨ ਗੁਪਤਾ ਨੇ ਐਲਾਨ ਕੀਤਾ ਕਿ ਜੂਨ 2026 ਦੇ ਆਖਰੀ ਹਫ਼ਤੇ ਮੋਹਾਲੀ ਤੋਂ ਚੰਡੀਗੜ੍ਹ ਤੱਕ ਪੰਜਾਬ ਦੇ ਮੁੱਖ ਮੰਤਰੀ ਦੀ ਸਰਕਾਰੀ ਰਿਹਾਇਸ਼ ਤੱਕ ਇੱਕ ਰੋਸ ਮਾਰਚ ਕੱਢਿਆ ਜਾਵੇਗਾ ਤਾਂ ਜੋ ਹਿੰਦੂ ਭਾਈਚਾਰੇ ਦੀਆਂ ਮੰਗਾਂ ਨੂੰ ਪ੍ਰਵਾਨ ਕੀਤਾ ਜਾ ਸਕੇ।

ਇਸ ਮੌਕੇ ਪੰਜਾਬ ਦੇ ਕੌਮੀ ਜਨਰਲ ਸਕੱਤਰ ਇੰਚਾਰਜ ਕ੍ਰਿਸ਼ਨ ਸ਼ਰਮਾ, ਸੰਜੀਵ ਧਾਮ ਕਾਰਜਕਾਰੀ ਪੰਜਾਬ ਪ੍ਰਧਾਨ, ਕ੍ਰਿਸ਼ਨ ਕੁਮਾਰ ਗਾਬਾ ਪੰਜਾਬ ਪ੍ਰਧਾਨ ਵਪਾਰ ਸੈਨਾ, ਮਨਦੀਪ ਸ਼ਰਮਾ ਪੰਜਾਬ ਪ੍ਰਧਾਨ ਮਹਿਲਾ ਸੈਨਾ, ਰਿੰਕੂ ਨਾਭਾ ਪੰਜਾਬ ਪ੍ਰਧਾਨ ਆਈ.ਟੀ.ਸੈਨਾ, ਨਰਿੰਦਰ ਭਾਰਦਵਾਜ ਕੌਮੀ ਪ੍ਰਧਾਨ ਮਜ਼ਦੂਰ ਸੈਨਾ, ਰਾਹੁਲ ਖੰਨਾ, ਯੂਥ ਪ੍ਰਧਾਨ ਪੰਜਾਬ, ਰਾਜੇਸ਼ ਉਗਰਾਹਾਂ, ਸੈਨਾ ਪੰਜਾਬ ਪ੍ਰਧਾਨ ਰਾਜੇਸ਼ ਉਵਾਲ, ਪੰਜਾਬ ਪ੍ਰਧਾਨ ਜਥੇ. ਪੰਜਾਬ, ਰਾਹੁਲ ਖੋਸਲਾ, ਰਮਨ ਭੱਲਾ, ਗਗਨ ਨੌਹਰੀਆ, ਮਨੀ ਸ਼ੇਰਾ, ਸ਼ਿਆਮਾਕਾਂਤ ਪਾਂਡੇ, ਰਜਿੰਦਰ ਰਾਣਾ ਮੀਤ ਪ੍ਰਧਾਨ ਪੰਜਾਬ, ਵਿਕਾਸ ਕਪੂਰ ਜਨਰਲ ਸਕੱਤਰ ਪੰਜਾਬ, ਅਮਰਜੀਤ ਬੰਟੀ ਯੂਥ ਇੰਚਾਰਜ ਪੰਜਾਬ, ਅਸ਼ੀਸ਼ ਅਹੀਰ ਜ਼ਿਲ੍ਹਾ ਪ੍ਰਧਾਨ ਜਲੰਧਰ, ਅਖਿਲੇਸ਼ ਸਿੰਘ, ਕ੍ਰਿਸ਼ਨਾ ਬਾਂਸਲ, ਕਸ਼ਿਸ਼ ਸਿੰਘ ਜ਼ਿਲ੍ਹਾ ਪ੍ਰਧਾਨ, ਕਾਸ਼ੀ ਸਿੰਘ ਜ਼ਿਲ੍ਹਾ ਪ੍ਰਧਾਨ, ਕਾਸ਼ੀ ਸਿੰਘ ਏ. ਮਜ਼ਦੂਰ ਸੈਨਾ, ਨਵਦੀਪ ਮਿੱਤਲ, ਪਟਿਆਲਾ, ਰਾਮ ਚੰਦਰ, ਲੱਛੂ, ਰਾਮ ਖੰਨਾ, ਹਰਪ੍ਰੀਤ ਸ਼ਰਮਾ, ਗੁਰਪ੍ਰੀਤ ਬੱਗੀ, ਨੰਦ ਲਾਲ, ਨਾਭਾ, ਸੋਨੂੰ ਕੁਮਾਰ, ਪਟਿਆਲਾ, ਰਾਜੂ ਪਟੇਲ, ਉਦੈਭਾਨ ਗਿਰੀ, ਯੂਥ ਜ਼ਿਲ੍ਹਾ ਇੰਚਾਰਜ ਮੁਹਾਲੀ, ਸੰਜੇ ਕੁਮਾਰ, ਨਿਤੀਸ਼ ਕੁਮਾਰ, ਸੋਹਣ ਲਾਲ ਜ਼ਿਲ੍ਹਾ ਜਨਰਲ ਸਕੱਤਰ ਵਪਾਰ ਸੈਨਾ ਮੋਗਾ ਅਤੇ ਹੋਰ ਆਗੂ ਹਾਜ਼ਰ ਸਨ। ਸਨ।

# ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ-ਮੰਤਰੀ ਰਵਜੋਤ ਸਿੰਘ



**ਹੁਸ਼ਿਆਰਪੁਰ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਐੱਨ.ਆਰ.ਆਈ. ਅਤੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਵਿੱਚ ਪੈਂਦੇ ਪਿੰਡ ਟੈਂਟਪਾਲਾ ਵਿਖੇ ਪਿੰਡ ਵਾਸੀਆਂ ਦੀਆਂ ਮੁੱਢਲੀਆਂ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਕਰਦਿਆਂ ਨਵੇਂ ਪੀਣ ਵਾਲੇ ਪਾਣੀ ਦੇ ਟਿਊਬਵੈਲ ਦਾ ਉਦਘਾਟਨ ਕੀਤਾ ਗਿਆ ਅਤੇ 2 ਕਿਲੋਮੀਟਰ ਲੰਬੀ ਨਵੀਂ ਸੜਕ ਦੇ ਨਿਰਮਾਣ ਕਾਰਜ ਨੂੰ ਸ਼ੁਰੂ ਕਰਵਾਇਆ। ਇਸ ਮੌਕੇ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਪਿੰਡ ਟੈਂਟਪਾਲਾ ਅਤੇ ਰੋੜਾ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਚੈੱਕ ਵੀ ਸੌਂਪੇ ਗਏ। ਇਸ ਮੌਕੇ ਮੰਤਰੀ ਡਾਕਟਰ ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦਾ ਵਿਕਾਸ ਹੀ ਸਰਕਾਰ ਦੀ ਪਹਿਲ ਹੈ ਅਤੇ ਹਰ ਪਿੰਡ ਤੱਕ ਸਾਫ਼ ਪੀਣ ਵਾਲਾ ਪਾਣੀ, ਵਧੀਆ ਸੜਕਾਂ ਅਤੇ ਹੋਰ ਜ਼ਰੂਰੀ ਸਹੂਲਤਾਂ ਪਹੁੰਚਾਉਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਵੇਂ ਟਿਊਬਵੈਲ ਦੇ ਸ਼ੁਰੂ ਹੋਣ ਨਾਲ ਪਿੰਡ ਵਾਸੀਆਂ ਨੂੰ ਸਾਫ਼ ਪਾਣੀ ਮਿਲੇਗਾ, ਜਿਸ ਨਾਲ ਕਈ ਸਾਲਾਂ ਤੋਂ ਆ ਰਹੀ ਪਾਣੀ ਦੀ ਸਮੱਸਿਆ ਦਾ ਹੱਲ ਹੋਵੇਗਾ। ਇਸੇ ਤਰ੍ਹਾਂ ਨਵੀਂ ਸੜਕ ਬਣਨ ਨਾਲ ਪਿੰਡ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਪਿੰਡ ਦੀ ਆਵਾਜਾਈ ਹੋਰ ਮਜ਼ਬੂਤ ਹੋਵੇਗੀ।

ਡਾਕਟਰ ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਵਿਕਾਸ ਦੀ ਨਵੀਂ ਲਹਿਰ ਚੱਲ ਰਹੀ ਹੈ, ਹਰ ਹਲਕੇ ਅਤੇ ਹਰ ਪਿੰਡ ਵਿੱਚ ਲੋਕ ਭਲਾਈ ਦੇ ਕੰਮ ਕਰਵਾਏ ਜਾ ਰਹੇ ਹਨ ਤਾਂ ਜੋ ਆਮ ਲੋਕਾਂ ਨੂੰ ਬਿਹਤਰ ਜੀਵਨ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਸਿਰਫ਼ ਐਲਾਨ ਨਹੀਂ ਕਰਦੀ, ਸਗੋਂ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਲੋਕਾਂ ਦਾ ਵਿਸ਼ਵਾਸ ਜਿੱਤ ਰਹੀ ਹੈ। ਮੰਤਰੀ ਡਾ. ਰਵਜੋਤ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਦੂਰਦਰਸ਼ੀ ਸੋਚ ਅਤੇ ਲੋਕਪੱਖੀ ਨੀਤੀਆਂ ਦੇ ਕਾਰਨ ਹੀ ਪੰਜਾਬ ਵਿੱਚ ਤੇਜ਼ੀ ਨਾਲ ਵਿਕਾਸ ਕਾਰਜ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹਰ ਪਿੰਡ ਨੂੰ ਮਾਡਲ ਪਿੰਡ ਬਣਾਉਣਾ ਹੈ ਅਤੇ ਇਸ ਦਿਸ਼ਾ ਵਿੱਚ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਮੰਤਰੀ ਡਾ. ਰਵਜੋਤ ਸਿੰਘ ਦਾ ਧੰਨਵਾਦ ਕੀਤਾ ਗਿਆ।

# ਝੋਨੇ ਦੀ ਸਿੱਧੀ ਬਿਜਾਈ ਅਧੀਨ ਲਿਆਉਣ ਦਾ ਟੀਚਾ; ਆਨਲਾਈਨ ਪੋਰਟਲ ਰਾਹੀਂ ਮਿਲੇਗੀ 1500 ਰੁਪਏ ਪ੍ਰਤੀ ਏਕੜ ਵਿੱਤੀ ਸਹਾਇਤਾ: ਖੁੱਡੀਆਂ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਧਰਤੀ ਹੇਠਲੇ ਪਾਣੀ ਨੂੰ ਬਚਾਉਣ ਅਤੇ ਝੋਨੇ ਦੀ ਟਿਕਾਊ ਕਾਸ਼ਤ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਐਲਾਨ ਕੀਤਾ ਕਿ ਸੂਬੇ ਨੇ ਸਾਲ 2026-27 ਦੇ ਸਾਉਣੀ ਸੀਜ਼ਨ ਦੌਰਾਨ 5 ਲੱਖ ਏਕੜ ਰਕਬੇ ਨੂੰ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ.) ਤਕਨੀਕ ਅਧੀਨ ਲਿਆਉਣ ਦਾ ਟੀਚਾ ਮਿਥਿਆ ਹੈ ਅਤੇ ਇਸ ਮਕਸਦ ਲਈ 40 ਕਰੋੜ ਰੁਪਏ ਦੇ ਬਜਟ ਦਾ ਪ੍ਰਬੰਧ ਵੀ ਕੀਤਾ ਗਿਆ ਹੈ।

ਪਾਣੀ ਬਚਾਉਣ ਵਾਲੀ ਡੀ.ਐਸ.ਆਰ. ਸਕੀਮ ਬਾਰੇ ਵੇਰਵੇ ਸਾਂਝੇ ਕਰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸਾਲ 2025 ਦੇ ਸਾਉਣੀ ਸੀਜ਼ਨ ਦੌਰਾਨ 23,410 ਕਿਸਾਨਾਂ ਨੇ ਝੋਨੇ ਦੀ ਸਿੱਧੀ ਬਿਜਾਈ ਤਕਨੀਕ ਅਪਣਾਈ, ਜਿਸ ਤਹਿਤ 2,35,899 ਏਕੜ ਰਕਬਾ ਕਵਰ ਕੀਤਾ ਗਿਆ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਾਰੇ ਯੋਗ ਕਿਸਾਨਾਂ ਨੂੰ 1,500 ਰੁਪਏ ਪ੍ਰਤੀ ਏਕੜ ਦੀ ਦਰ ਨਾਲ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਤੌਰ 'ਤੇ 35.38 ਕਰੋੜ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਦਿੱਤੀ ਗਈ।

ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ÷ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਇਹ ਕਿਸਾਨਾਂ ਦੀ ਅਗਵਾਈ ਵਾਲੀ ਕ੍ਰਾਂਤੀਕਾਰੀ ਮੁਹਿੰਮ ਹੈ। ਸਾਲ 2025-26 ਵਿੱਚ ਇਸ ਸਕੀਮ ਨੂੰ ਕਿਸਾਨ ਵੀਰਾਂ ਤੋਂ ਭਰਵਾਂ ਹੁੰਗਾਰਾ ਮਿਲਿਆ। ਹੁਣ ਸਾਲ 2026-27 ਲਈ 40 ਕਰੋੜ ਰੁਪਏ ਦੀ ਲਾਗਤ ਨਾਲ 5 ਲੱਖ ਏਕੜ ਰਕਬੇ ਨੂੰ ਝੋਨੇ ਦੀ ਸਿੱਧੀ ਬਿਜਾਈ ਹੇਠ ਲਿਆਉਣ ਦਾ ਟੀਚਾ ਹੈ। ਅਸੀਂ ਕੀਮਤੀ ਭੂਮੀਗਤ ਪਾਣੀ ਨੂੰ ਬਚਾਉਣ ਲਈ ਵਚਨਬੱਧ ਹਾਂ। ਸੂਬੇ ਦੇ ਕਿਸਾਨਾਂ ਨੂੰ ਪਾਣੀ ਬਚਾਉਣ ਵਾਲੀ ਡੀਐਸਆਰ ਤਕਨੀਕ ਅਪਣਾਉਣ ਅਤੇ ਪ੍ਰੋਤਸਾਹਨ ਰਾਸ਼ੀ ਦਾ ਲਾਭ ਲੈਣ ਲਈ ਜਲਦੀ ਰਜਿਸਟਰੇਸ਼ਨ ਕਰਵਾਉਣ ਦੀ ਅਪੀਲ ਕਰਦਿਆਂ ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਇਸ ਤਕਨੀਕ ਨੂੰ ਅਪਣਾਉਣ ਦੇ ਚਾਹਵਾਨ ਕਿਸਾਨਾਂ ਲਈ ਆਨਲਾਈਨ ਡੀਐਸਆਰ ਰਜਿਸਟ੍ਰੇਸ਼ਨ ਪੋਰਟਲ ਕਾਰਜਸ਼ੀਲ ਹੈ ਅਤੇ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ।

ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਡੀਐਸਆਰ ਤਕਨੀਕ ਕੱਦੂ ਕਰਕੇ ਅਤੇ ਪਨੀਰੀ ਟ੍ਰਾਂਸਪਲਾਂਟੇਸ਼ਨ ਦੀ ਲੋੜ ਨੂੰ ਖਤਮ ਕਰਦੀ ਹੈ ਅਤੇ ਸਿੰਜਾਈ ਲਈ ਪਾਣੀ ਦੀ ਵਰਤੋਂ ਵਿੱਚ 15-20 ਫ਼ੀਸਦ ਦੀ ਕਮੀ ਲਿਆਉਣ ਦੇ ਨਾਲ-ਨਾਲ ਮਜ਼ਦੂਰੀ ਦੀਆਂ ਲਾਗਤਾਂ ਵਿੱਚ ਮਹੱਤਵਪੂਰਨ ਕਮੀ ਲਿਆਉਂਦੀ ਹੈ। ਉਨ੍ਹਾਂ ਕਿਹਾ ਕਿ ਇਹ ਪੰਜਾਬ ਦੀ ਵਿਆਪਕ ਰਣਨੀਤੀ ਦਾ ਇੱਕ ਅਹਿਮ ਕਦਮ ਹੈ ਜਿਸਦਾ ਉਦੇਸ਼ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣਾ ਅਤੇ ਆਰਥਿਕ ਪ੍ਰੋਤਸਾਹਨ ਰਾਹੀਂ ਵਾਤਾਵਰਣ-ਪੱਖੀ ਖੇਤੀ ਨੂੰ ਉਤਸ਼ਾਹਿਤ ਕਰਨਾ ਹੈ।

# 10.09 ਸਕਿੰਟ ਦੀ ਤੂਫਾਨੀ ਦੌੜ ਨਾਲ ਸਿੱਖ ਅਥਲੀਟ ਗੁਰਿੰਦਰਵੀਰ ਸਿੰਘ ਨੇ ਰਚਿਆ ਨਵਾਂ ਇਤਿਹਾਸ : ਕਾਲਕਾ

**ਨਵੀਂ ਦਿੱਲੀ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**




ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਆਪਣੇ ਇਕ ਸੰਦੇਸ਼ ਵਿੱਚ ਪੰਜਾਬ ਦੇ ਹੋਣਹਾਰ ਸਿੱਖ ਅਥਲੀਟ ਅਤੇ ਤੇਜ਼ਤਰਾਰ ਸਪਰਿੰਟਰ ਗੁਰਵਿੰਦਰਵੀਰ ਸਿੰਘ ਨੂੰ 100 ਮੀਟਰ ਦੌੜ ਵਿੱਚ ਭਾਰਤ ਦਾ ਨਵਾਂ ਨੈਸ਼ਨਲ ਰਿਕਾਰਡ ਸਥਾਪਿਤ ਕਰਨ ਤੇ ਤਹਿ ਦਿਲੋਂ ਵਧਾਈ ਦਿੱਤੀ ਹੈ।

ਉਨਾਂ ਕਿਹਾ ਕਿ ਅੱਜ ਦਾ ਦਿਨ ਭਾਰਤ ਅਤੇ ਖਾਸ ਕਰਕੇ ਸਿੱਖ ਕੌਮ ਲਈ ਬੇਹੱਦ ਮਾਣ ਅਤੇ ਖੁਸ਼ੀ ਦਾ ਪਲ ਬਣ ਗਿਆ ਹੈ। ਗੁਰਵਿੰਦਰ ਵੀਰ ਸਿੰਘ ਨੇ 100 ਮੀਟਰ ਤੂਫ਼ਾਨੀ ਦੌੜ ਵਿੱਚ 10.09 ਸਕਿੰਟ ਦਾ ਸ਼ਾਨਦਾਰ ਸਮਾਂ ਕੱਢ ਕੇ ਇਤਿਹਾਸ ਰਚ ਦਿੱਤਾ ਹੈ। ਇਸ ਪ੍ਰਾਪਤੀ ਨਾਲ ਉਹ 10.10 ਸਕਿੰਟ ਦੀ ਰੁਕਾਵਟ ਨੂੰ ਤੋੜਨ ਵਾਲੇ ਪਹਿਲੇ ਭਾਰਤੀ ਸਪਰਿੰਟਰ ਬਣ ਗਏ ਹਨ।

ਉਨ੍ਹਾਂ ਦੀ ਇਹ ਕਾਮਯਾਬੀ ਸਿਰਫ਼ ਇੱਕ ਨਵਾਂ ਰਿਕਾਰਡ ਨਹੀਂ, ਸਗੋਂ ਭਾਰਤ ਦੇ ਨੌਜਵਾਨਾਂ ਲਈ ਪ੍ਰੇਰਣਾ ਦਾ ਸਰੋਤ ਹੈ। ਗੁਰਿੰਦਰਵੀਰ ਸਿੰਘ ਦੀ ਮਿਹਨਤ, ਅਨੁਸ਼ਾਸਨ, ਸਮਰਪਣ ਅਤੇ ਨਿਡਰ ਜਜ਼ਬਾ ਉਸ ਤਾਕਤ ਅਤੇ ਦ੍ਰਿੜਤਾ ਨੂੰ ਦਰਸਾਉਂਦਾ ਹੈ ਜੋ ਸਿੱਖ ਕੌਮ ਦੀ ਪਹਿਚਾਣ ਰਹੀ ਹੈ।

ਉਨ੍ਹਾਂ ਨੇ ਸਾਬਤ ਕਰ ਦਿੱਤਾ ਹੈ ਕਿ ਲਗਨ ਅਤੇ ਹੌਸਲੇ ਨਾਲ ਹਰ ਮੁਸ਼ਕਲ ਮੰਜ਼ਿਲ ਨੂੰ ਹਾਸਲ ਕੀਤਾ ਜਾ ਸਕਦਾ ਹੈ। ਉਨ੍ਹਾਂ ਦੀ ਇਸ ਇਤਿਹਾਸਕ ਪ੍ਰਾਪਤੀ ਨੇ ਪੂਰੇ ਭਾਰਤ ਦੇਸ਼ ਦਾ ਸਿਰ ਮਾਣ ਨਾਲ ਉੱਚਾ ਕਰ ਦਿੱਤਾ ਹੈ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਆਸ ਕੀਤੀ ਹੈ ਕਿ ਇਹ ਇਤਿਹਾਸਕ ਦੌੜ ਭਵਿੱਖ ਵਿੱਚ ਹੋਰ ਕਈ ਵਿਸ਼ਵ ਪੱਧਰੀ ਰਿਕਾਰਡਾਂ ਅਤੇ ਸਫਲਤਾਵਾਂ ਦੀ ਸ਼ੁਰੂਆਤ ਸਾਬਤ ਹੋਵੇਗੀ।

# ਰਾਹ ਨਾ ਬਣਾਉਣ ਕਾਰਨ ਵੋਟਾਂ ਦਾ ਬਾਈਕਾਟ

**ਫਿਲੌਰ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਨਗਰ ਕੌਂਸਲ ਦੀਆਂ ਚੋਣਾਂ ਦੌਰਾਨ ਇੱਕ ਪਾਸੇ ਜ਼ੋਰ-ਸ਼ੋਰ ਨਾਲ ਚੋਣ ਪ੍ਰਚਾਰ ਚੱਲ ਰਿਹਾ ਹੈ, ਦੂਜੇ ਪਾਸੇ ਚੋਣਾਂ ਦੇ ਬਾਈਕਾਟ ਕਰਨ ਵਾਲੀ ਧਿਰ ਵੀ ਲਗਾਤਾਰ ਆਪਣਾ ਪ੍ਰਚਾਰ ਕਰ ਰਹੀ ਹੈ। ਕੰਧ 'ਤੇ ਪੋਸਟਰ ਲਗਾ ਕੇ ਲੋਕਾਂ ਨੂੰ ਵੋਟਾਂ ਨਾ ਪਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਇਹ ਕਹਾਣੀ ਵਾਰਡ ਨੰਬਰ ਇੱਕ ਦੇ ਮੁਹੱਲਾ ਸੰਤੋਖਪੁਰਾ ਦੀ ਹੈ। ਇਸ ਮੁਹੱਲੇ ਦੇ 250 ਦੇ ਕਰੀਬ ਘਰ ਹਨ ਅਤੇ 500 ਦੇ ਕਰੀਬ ਵੋਟਰ ਹਨ। ਇਸ ਵਾਰਡ 'ਚ ਕਾਂਗਰਸ, 'ਆਪ', ਬਸਪਾ ਅਤੇ ਅਕਾਲੀ ਦਲ ਦੇ ਉਮੀਦਵਾਰਾਂ ਤੋਂ ਇਲਾਵਾ ਆਜ਼ਾਦ ਉਮੀਦਵਾਰ ਵੀ ਚੋਣ ਲੜ ਰਹੇ ਹਨ।

ਇਹ ਇਲਾਕਾ ਰੇਲਵੇ ਦੀਆਂ ਦੋ ਲਾਈਨਾਂ ਵਿਚਕਾਰ ਵੱਸਿਆ ਹੋਇਆ ਹੈ। ਰੇਲਵੇ ਵਿਭਾਗ ਵੱਲੋਂ ਲਾਈਨ ਦੇ ਨਾਲ ਨਾਲ ਚਾਰਦੀਵਾਰੀ ਕਰ ਦਿੱਤੀ ਗਈ ਸੀ, ਜਿਸ ਕਾਰਨ ਮੁਹੱਲਾ ਵਾਸੀਆਂ ਦੇ ਆਉਣ-ਜਾਣ ਲਈ ਕੋਈ ਸਹੀ ਰਸਤਾ ਨਹੀਂ ਹੈ। ਮੁਹੱਲਾ ਵਾਸੀਆਂ ਨੇ ਦੱਸਿਆ ਕਿ ਲੰਘਣ ਲਈ ਸਿਰਫ਼ ਦੋ ਫੁੱਟ ਦਾ ਰਸਤਾ ਹੀ ਹੈ, ਜਿੱਥੋਂ ਦੋਪਹੀਆਂ ਵਾਹਨ ਵੀ ਲੰਘਾਉਣਾ ਮੁਸ਼ਕਿਲ ਹੈ। ਇਸ ਮੁਹੱਲੇ ਦੇ ਵਾਸੀਆਂ ਨੇ ਫ਼ੈਸਲਾ ਕੀਤਾ ਕਿ ਉਹ ਕਿਸੇ ਵੀ ਉਮੀਦਵਾਰ ਨੂੰ ਵੋਟ ਨਹੀਂ ਪਾਉਣਗੇ।

ਉਹ ਵੋਟ ਤਾਂ ਹੀ ਪਾਉਣਗੇ ਜੋ ਉਨ੍ਹਾਂ ਲਈ ਪੱਕੇ ਤੌਰ 'ਤੇ ਰਸਤੇ ਦਾ ਪ੍ਰਬੰਧ ਕਰੇਗਾ। ਇਸ ਤੋਂ ਪਹਿਲਾਂ ਵੀ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਇੱਥੋਂ ਦੇ ਐੱਸ ਡੀ ਐੱਮ ਨੂੰ ਵੀ ਮੰਗ ਪੱਤਰ ਦਿੱਤਾ ਗਿਆ ਸੀ, ਜਿਨ੍ਹਾਂ ਇਸ ਦਾ ਯੋਗ ਹੱਲ ਕੱਢਣ ਦਾ ਯਕੀਨ ਵੀ ਦਵਾਇਆ ਸੀ।

## ਸੰਪਾਦਕੀ

# .ਗੈਰ-ਕਾਨੂੰਨੀ ਪਰਵਾਸ ਖਿਲਾ.ਫ ਸਰਕਾਰ ਸ.ਖ਼ਤ

.ਗੈਰ-ਕਾਨੂੰਨੀ ਪਰਵਾਸ ਖ਼ਿਲਾ.ਫ ਆਪਣਾ ਰੁਖ਼ ਹੋਰ ਸਖ਼ਤ ਕਰਦਿਆਂ ਪੱਛਮੀ ਬੰਗਾਲ ਦੀ ਭਾਜਪਾ ਸਰਕਾਰ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਫੜੇ ਗਏ ਵਿਦੇਸ਼ੀਆਂ ਅਤੇ ਰਿਹਾਅ ਹੋਏ ਵਿਦੇਸ਼ੀ ਕੈਦੀਆਂ ਲਈ 'ਹੋਲਡਿੰਗ ਸੈਂਟਰ' (ਹਿਰਾਸਤੀ ਕੇਂਦਰ) ਸਥਾਪਤ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਹ ਕਦਮ ਗੁਆਂਢੀ ਦੇਸ਼ਾਂ (ਖ਼ਾਸ ਕਰਕੇ ਬੰਗਲਾਦੇਸ਼) ਤੋਂ ਆਉਣ ਵਾਲੇ ਉਨ੍ਹਾਂ ਲੋਕਾਂ ਖ਼ਿਲਾ.ਫ ਚਲਾਈ ਜਾ ਰਹੀ ਸਖ਼ਤ ਮੁਹਿੰਮ ਦੇ ਤਹਿਤ ਚੁੱਕਿਆ ਗਿਆ ਹੈ ਜਿਨ੍ਹਾਂ 'ਤੇ ਬਿਨਾਂ ਜਾਇਜ਼ ਕਾਗਜ਼ਾਤ ਦੇ ਭਾਰਤ ਵਿੱਚ ਦਾਖ਼ਲ ਹੋਣ ਜਾਂ ਵੀਜ਼ੇ ਦੀ ਮਿਆਦ ਖ਼ਤਮ ਹੋਣ ਤੋਂ ਬਾਅਦ ਵੀ ਇੱਥੇ ਟਿਕੇ ਰਹਿਣ ਦੇ ਦੋਸ਼ ਹਨ। ਅਜਿਹੀ ਸਖ਼ਤੀ ਖ਼ਾਸ ਕਰਕੇ ਉਨ੍ਹਾਂ ਸੂਬਿਆਂ ਵਿੱਚ ਦੇਖਣ ਨੂੰ ਮਿਲ ਰਹੀ ਹੈ ਜਿੱਥੇ ਭਾਜਪਾ ਦੀ ਸਰਕਾਰ ਹੈ। ਹਾਲਾਂਕਿ ਬੰਗਾਲ ਸਰਕਾਰ ਇਸ .ਫੈਸਲੇ ਨੂੰ ਕੇਂਦਰੀ ਗ੍ਰਹਿ ਮੰਤਰਾਲੇ ਦੇ ਨਿਯਮਾਂ ਮੁਤਾਬਿਕ ਲਿਆ ਗਿਆ ਇੱਕ ਪ੍ਰਸ਼ਾਸਨਿਕ ਕਦਮ ਦੱਸ ਰਹੀ ਹੈ ਪਰ ਇਸ ਪਿੱਛੇ ਸਪਸ਼ਟ ਤੌਰ 'ਤੇ ਸਿਆਸੀ ਮਨੋਰਥ ਵੀ ਛਿਪਿਆ ਹੋਇਆ ਹੈ। 'ਪਛਾਣ ਕਰੋ, ਹਟਾਓ ਅਤੇ ਦੇਸ਼ ਵਿੱਚੋਂ ਬਾਹਰ ਕੱਢੋ' (ਡਿਟੈਕਟ, ਡਿਲੀਟ ਐਂਡ ਡਿਪੋਰਟ) ਦੀ ਨੀਤੀ ਨੂੰ ਕਾਨੂੰਨੀ ਰੂਪ ਦੇ ਕੇ ਸੁਵੇਂਦੂ ਅਧਿਕਾਰੀ ਦੀ ਅਗਵਾਈ ਹੇਠਲੀ ਸਰਕਾਰ ਚੋਣਾਂ ਦੇ ਮੁੱਖ ਮੁੱਦੇ ਨੂੰ ਹੁਣ ਸਰਕਾਰੀ ਨੀਤੀ ਵਿੱਚ ਬਦਲ ਰਹੀ ਹੈ।

ਪੱਛਮੀ ਬੰਗਾਲ ਦੀ ਬੰਗਲਾਦੇਸ਼ ਨਾਲ ਕਾਫੀ ਖੁੱਲ੍ਹੀ ਸਰਹੱਦ ਲੱਗਦੀ ਹੈ, ਜਿੱਥੋਂ ਆਸਾਨੀ ਨਾਲ ਇੱਧਰ-ਉੱਧਰ ਆਇਆ-ਜਾਇਆ ਜਾ ਸਕਦਾ ਹੈ। ਇਸੇ ਕਰਕੇ .ਗੈਰ-ਦਸਤਾਵੇਜ਼ੀ ਪਰਵਾਸੀਆਂ ਦਾ ਮੁੱਦਾ ਇੱਥੇ ਦਹਾਕਿਆਂ ਤੋਂ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਸੂਬਾ ਸਰਕਾਰ ਦਾ ਕਹਿਣਾ ਹੈ ਕਿ ਅਜਿਹੇ ਪਰਵਾਸੀਆਂ ਦੇ ਆਉਣ ਨਾਲ ਸਰਕਾਰੀ ਸਰੋਤਾਂ ਅਤੇ ਸਹੂਲਤਾਂ 'ਤੇ ਬੋਝ ਪੈਂਦਾ ਹੈ, ਸਰਹੱਦੀ ਜ਼ਿਲ੍ਹਿਆਂ ਵਿੱਚ ਆਬਾਦੀ ਦਾ ਸੰਤੁਲਨ ਵਿਗੜਦਾ ਹੈ ਅਤੇ ਸੁਰੱਖਿਆ ਲਈ ਵੀ ਖ਼ਤਰਾ ਪੈਦਾ ਹੁੰਦਾ ਹੈ। ਅਜਿਹੇ ਵਿੱਚ ਹੋਲਡਿੰਗ ਸੈਂਟਰ ਬਣਾਉਣ ਦਾ ਅਸਲ ਮਕਸਦ ਇਨ੍ਹਾਂ ਲੋਕਾਂ ਨੂੰ ਦੇਸ਼ ਵਿੱਚੋਂ ਬਾਹਰ ਕੱਢਣ ਦੀ ਪ੍ਰਕਿਰਿਆ ਨੂੰ ਤੇਜ਼ ਕਰਨਾ ਹੈ ਤਾਂ ਜੋ ਕਾਨੂੰਨੀ ਕਾਰਵਾਈ ਵਿੱਚ ਦੇਰੀ ਨਾ ਹੋਵੇ। ਸੂਬਾ ਸਰਕਾਰ ਦਾ ਇਹ ਕਦਮ ਕੇਂਦਰ ਸਰਕਾਰ ਦੇ 'ਇਮੀਗ੍ਰੇਸ਼ਨ ਐਂਡ ਫੌਰਨਰਜ਼ ਐਕਟ, 2025' (ਪਰਵਾਸ ਅਤੇ ਵਿਦੇਸ਼ੀ ਨਾਗਰਿਕ ਐਕਟ, 2025) ਨਾਲ ਵੀ ਮੇਲ ਖਾਂਦਾ ਹੈ ਜਿਸ ਤਹਿਤ ਨਿਯਮ ਤੋੜਨ ਵਾਲਿਆਂ ਲਈ ਪਹਿਲਾਂ ਨਾਲੋਂ ਜ਼ਿਆਦਾ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਕੀਤਾ ਗਿਆ ਹੈ।

ਪਰ ਇਸ ਨਵੀਂ ਨੀਤੀ ਨਾਲ ਕਈ ਕਾਨੂੰਨੀ ਅਤੇ ਇਨਸਾਨੀਅਤ ਨਾਲ ਜੁੜੇ ਸਵਾਲ ਖੜ੍ਹੇ ਹੁੰਦੇ ਹਨ। ਸਭ ਤੋਂ ਵੱਧ ਵਿਵਾਦਪੂਰਨ ਗੱਲ ਇਹ ਹੈ ਕਿ ਸ਼ੱਕੀ ਲੋਕਾਂ ਨੂੰ ਅਦਾਲਤ ਵਿੱਚ ਪੇਸ਼ ਕੀਤੇ ਬਿਨਾਂ, ਸਿੱਧਾ ਬੀ ਐੱਸ ਐੱਫ ਦੇ ਹਵਾਲੇ ਕਰਨ ਦੇ ਹੁਕਮ ਦਿੱਤੇ ਗਏ ਹਨ। ਕਾਨੂੰਨੀ ਜਾਂਚ-ਪੜਤਾਲ ਨੂੰ ਬਾਈਪਾਸ ਕਰਨ ਨਾਲ ਕਿਸੇ ਨੂੰ ਵੀ ਬਿਨਾਂ ਵਜ੍ਹਾ ਹਿਰਾਸਤ ਵਿੱਚ ਰੱਖਣ ਅਤੇ .ਗਲਤ ਤਰੀਕੇ ਨਾਲ ਦੇਸ਼ ਵਿੱਚੋਂ ਬਾਹਰ ਕੱਢਣ ਦਾ ਖ਼ਤਰਾ ਵਧ ਸਕਦਾ ਹੈ। ਇਸ ਤੋਂ ਇਲਾਵਾ .ਗੈਰ-ਕਾਨੂੰਨੀ ਪਰਵਾਸ ਦੇ ਮੁੱਦੇ ਨੂੰ ਕਿਸੇ ਖ਼ਾਸ ਧਰਮ ਜਾਂ ਜਾਤੀ ਦੀ ਪਛਾਣ ਨਾਲ ਜੋੜ ਕੇ ਦੇਖਣ ਦਾ ਵੀ ਡਰ ਹੈ। ਭਾਵੇਂ ਸਰਕਾਰ ਦਾ ਦਾਅਵਾ ਹੈ ਕਿ ਨਾਗਰਿਕਤਾ ਸੋਧ ਐਕਟ ਦੇ ਤਹਿਤ ਸੁਰੱਖਿਅਤ ਭਾਈਚਾਰਿਆਂ 'ਤੇ ਇਹ ਨਿਯਮ ਲਾਗੂ ਨਹੀਂ ਹੋਣਗੇ ਪਰ 'ਘੁਸਪੈਠੀਏ' ਵਰਗੇ ਸ਼ਬਦਾਂ ਦੀ ਵਰਤੋਂ ਸਿਆਸੀ ਤੌਰ 'ਤੇ ਗਰਮਾਏ ਇਸ ਸੂਬੇ ਵਿੱਚ ਸਮਾਜਿਕ ਵੰਡ ਨੂੰ ਹੋਰ ਡੂੰਘਾ ਕਰ ਸਕਦੀ ਹੈ। ਅਖੀਰ ਵਿੱਚ, ਬੰਗਾਲ ਸਰਕਾਰ ਦੇ ਇਸ ਕਦਮ ਨੂੰ ਉਦੋਂ ਹੀ ਸਹੀ ਮੰਨਿਆ ਜਾਵੇਗਾ ਜੇਕਰ ਇਹ ਦੇਸ਼ ਦੀ ਸੁਰੱਖਿਆ ਦੇ ਨਾਲ-ਨਾਲ ਸੰਵਿਧਾਨਕ ਇਨਸਾ.ਫ ਅਤੇ ਕਾਨੂੰਨੀ ਪ੍ਰਕਿਰਿਆ ਦੇ ਨਿਯਮਾਂ ਦੀ ਪਾਲਣਾ ਬਰਕਰਾਰ ਰੱਖ ਸਕੇ।

## ਮਾਛੀਵਾੜਾ ਸ਼ਮਸ਼ਾਨ ਘਾਟ ਵਿੱਚ ਚੋਰਾਂ ਨੇ ਮੰਦਰ ਚੋਂ ਚਾਂਦੀ ਦਾ ਸ਼ੇਸ਼ਨਾਗ ਤੇ ਗੜਵੀ ਚੋਰੀ ਕੀਤੀ

**ਮਾਛੀਵਾੜਾ ਸਾਹਿਬ, 28 ਮਈ -ਪ੍ਰੈਸ ਕੀ ਤਾਕਤ ਬਿਊਰੋ**

ਗਰਮੀ ਦਾ ਸੀਜ਼ਨ ਸ਼ੁਰੂ ਹੁੰਦਿਆਂ ਹੀ ਮਾਛੀਵਾੜਾ ਇਲਾਕੇ ਵਿਚ 'ਕਾਲਾ ਕੱਛਾ' ਗਿਰੋਹ ਨੇ ਚੋਰੀ ਦੀਆਂ ਵਾਰਦਾਤਾਂ ਸ਼ੁਰੂ ਕਰ ਦਿੱਤੀਆਂ ਹਨ ਕਿਉਂਕਿ ਇਨੀ ਦੁਨੀਆ ਆਮ ਤੌਰ ਤੇ ਰਾਤ ਵੇਲੇ ਪੱਖੇ ਜਾਂ ਕੂਲਰ ਲਗਾ ਕੇ ਲੋਕ ਸੁੱਤੇ ਹੁੰਦੇ ਹਨ ਜਿਨ੍ਹਾਂ ਦੀ ਆਵਾਜ਼ ਵਿੱਚ ਮਾੜਾ ਮੋਟਾ ਖੜਕਾ ਸੁਣਾਈ ਨਹੀਂ ਦਿੰਦਾ । ਚੋਰਾਂ ਵੱਲੋਂ ਬੀਤੇ ਕੱਲ ਮਾਛੀਵਾੜਾ ਸਾਹਿਬ ਦੇ ਸ਼ਮਸ਼ਾਨ ਘਾਟ ਵਿੱਚ ਕੀਤੀ ਗਈ ਚੋਰੀ ਦੌਰਾਨ ਭਾਰੀ ਨੁਕਸਾਨ ਕੀਤਾ ਗਿਆ ਜਿਨ੍ਹਾਂ ਵੱਲੋਂ ਮਾਛੀਵਾੜਾ ਸਾਹਿਬ ਦੇ ਸ਼ਮਸ਼ਾਨਘਾਟ 'ਚ ਮੁਰਦਿਆਂ ਦੇ ਅੰਤਮ ਸਸਕਾਰ ਲਈ ਬਣਾਈ ਚਿਖ਼ਾ ਤੇ ਉੱਥੇ ਹੀ ਸਥਾਪਿਤ ਸ਼ਿਵ ਮੰਦਰ 'ਚੋਂ ਭਗਵਾਨ ਸ਼ਿਵ ਭੋਲੇ ਦੇ ਸ਼ਿਵਲਿੰਗ 'ਤੇ ਬਣਿਆ ਸੇਸ਼ਨਾਗ, ਚਾਂਦੀ ਦੀ ਗੜਵੀ ਵੀ ਚੋਰੀ ਕਰਕੇ ਲੈ ਗਏ। ਦੁਰਗਾ ਸ਼ਕਤੀ ਮੰਦਰ ਕਮੇਟੀ ਦੇ ਪ੍ਰਧਾਨ ਨੰਦ ਕਿਸ਼ੋਰ ਨੇ ਦੱਸਿਆ ਕਿ ਸਮਸ਼ਾਨ ਘਾਟ ਦੇ ਸਾਂਭ-ਸੰਭਾਲ ਦੀ ਜ਼ਿੰਮੇਵਾਰੀ ਪ੍ਰਬੰਧਕ ਕਮੇਟੀ ਵੱਲੋਂ ਕੀਤੀ ਜਾਂਦੀ ਹੈ ਤੇ ਕੱਲ੍ਹ ਰਾਤ ਚੋਰ ਗਿਰੋਹ ਨੇ ਸ਼ਮਸ਼ਾਨਘਾਟ ਵੀ ਨਹੀਂ ਬਖ਼ਸ਼ਿਆ।

ਉਨ੍ਹਾਂ ਦੱਸਿਆ ਕਿ ਸ਼ਮਸ਼ਾਨਘਾਟ ਦੇ ਬਾਹਰ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ 'ਚ ਆਇਆ ਕਿ 4 ਵਿਅਕਤੀ ਪਿੱਛੋਂ ਖੇਤਾਂ 'ਚੋਂ ਕੰਧ ਟੱਪ ਕੇ ਸ਼ਮਸ਼ਾਨਘਾਟ 'ਚ ਦਾਖ਼ਲ ਹੋਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰੇ ਵਿਅਕਤੀਆਂ ਨੇ ਕਾਲੇ ਕੱਛੇ ਪਹਿਨੇ ਹੋਏ ਸਨ, ਸਰੀਰ 'ਤੇ ਕੱਪੜੇ ਨਹੀਂ ਸਨ ਅਤੇ ਨਾਲ ਹੀ ਮੂੰਹ ਬੰਨ੍ਹੇ ਹੋਏ ਸਨ। ਇਨ੍ਹਾਂ ਚੋਰਾਂ ਨੇ ਸਮਸ਼ਾਨ ਘਾਟ 'ਚ ਮਰਦਿਆਂ ਦੇ ਅੰਤਮ ਸਸਕਾਰ ਲਈ ਬਣਾਈ

ਚਿਖਾ ਚ ਕਰੀਬ ਡੇਢ ਕੁਇੰਟਲ ਦੇਗੀ ਦੇ ਲੱਗੇ ਗਾਰਡਰ ਪੁੱਟਣੇ ਸ਼ੁਰੂ ਕਰ ਦਿੱਤੇ। ਪ੍ਰਧਾਨ ਨੇ ਦੱਸਿਆ ਕਿ ਇਨ੍ਹਾਂ ਗਾਰਡਰਾਂ 'ਤੇ ਮ੍ਰਿਤਕ ਦੇਹ ਰੱਖ ਕੇ ਅੰਤਿਮ ਸਸਕਾਰ ਕੀਤਾ ਜਾਂਦਾ ਸੀ ਪਰ ਚੋਰ ਕਰੀਬ 80 ਹਜ਼ਾਰ ਰੁਪਏ ਦੇ ਇਹ ਦੇਗੀ ਦੇ ਗਾਰਡਰ ਹੀ ਚੋਰੀ ਕਰਕੇ ਲੈ ਗਏ। ਚੋਰਾਂ ਵੱਲੋਂ ਖੇਤਾਂ 'ਚ ਵਾਹਨ ਖੜ੍ਹਾ ਕੀਤਾ ਹੋਇਆ ਸੀ।

## ਕ੍ਰਿਸ਼ ਭਗਤ ਨੇ ਆਪਣੀ ਮਿਹਨਤ, ਲਗਨ ਤੇ ਪ੍ਰਤਿਭਾ ਨਾਲ ਸੂਬੇ ਤੇ ਦੇਸ਼ ਦਾ ਨਾਮ ਕੀਤਾ ਰੌਸ਼ਨ : ਕੈਬਨਿਟ ਮੰਤਰੀ ਮੋਹਿੰਦਰ ਭਗਤ



**ਜਲੰਧਰ, 28 ਮਈ -ਕੌਮੀ ਪੱਤ੍ਰਿਕਾ ਬਿਊਰੋ-**

ਹੋਣਹਾਰ ਕ੍ਰਿਕਟ ਖਿਡਾਰੀ ਕ੍ਰਿਸ਼ ਭਗਤ ਦਾ ਅੱਜ ਜਲੰਧਰ ਸਥਿਤ ਆਪਣੇ ਨਿਵਾਸ 'ਤੇ ਪਹੁੰਚਣ 'ਤੇ ਪਰਿਵਾਰਕ ਮੈਂਬਰਾਂ, ਇਲਾਕਾ ਵਾਸੀਆਂ ਅਤੇ ਕ੍ਰਿਕਟ ਪ੍ਰੇਮੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।

ਇਸ ਮੌਕੇ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ, ਜੋ ਕਿ ਰਿਸ਼ਤੇ ਵਿੱਚ ਕ੍ਰਿਸ਼ ਭਗਤ ਦੇ ਤਾਇਆ ਜੀ ਹਨ, ਨੇ ਕਿਹਾ ਕਿ ਕ੍ਰਿਸ਼ ਭਗਤ ਨੇ ਆਪਣੀ ਮਿਹਨਤ, ਲਗਨ ਅਤੇ ਪ੍ਰਤਿਭਾ ਨਾਲ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ।

ਉਨ੍ਹਾਂ ਕਿਹਾ ਕਿ ਕ੍ਰਿਸ਼ ਨੇ ਨਾ ਸਿਰਫ਼ ਜਲੰਧਰ ਦਾ ਮਾਣ ਵਧਾਇਆ ਹੈ, ਸਗੋਂ ਸੂਬੇ ਦੇ ਨੌਜਵਾਨਾਂ ਲਈ ਵੀ ਪ੍ਰੇਰਨਾ ਸਰੋਤ ਬਣੇ ਹਨ ਕਿ ਸਖ਼ਤ ਮਿਹਨਤ ਨਾਲ ਕੋਈ ਵੀ ਮੰਜ਼ਿਲ ਸਰ ਕੀਤੀ ਜਾ ਸਕਦੀ ਹੈ।

ਕੈਬਨਿਟ ਮੰਤਰੀ ਨੇ ਕ੍ਰਿਸ਼ ਨੂੰ ਆਸ਼ੀਰਵਾਦ ਦਿੰਦਿਆਂ ਵਧਾਈ ਦਿੱਤੀ ਕਿ ਉਨ੍ਹਾਂ ਨੂੰ ਆਈ.ਪੀ.ਐਲ. ਵਿੱਚ ਮੁੰਬਈ ਇੰਡੀਅਨਜ਼ ਅਤੇ ਵਿਸ਼ਵ ਪੱਧਰੀ ਖਿਡਾਰੀਆਂ ਨਾਲ ਖੇਡਣ ਦਾ ਮੌਕਾ ਮਿਲਿਆ। ਉਨ੍ਹਾਂ ਕ੍ਰਿਸ਼ ਭਗਤ ਦੀ ਹੌਸਲਾ ਅਫਜ਼ਾਈ ਕਰਦਿਆਂ ਆਸ ਪ੍ਰਗਟਾਈ ਕਿ ਉਹ ਦਿਨ ਦੂਰ ਨਹੀਂ, ਜਦੋਂ ਉਹ ਭਾਰਤੀ ਟੀਮ ਵਿੱਚ ਖੇਡਦੇ ਨਜ਼ਰ ਆਉਣਗੇ।

ਉਨ੍ਹਾਂ ਇਸ ਮੌਕੇ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ, ਪੰਜਾਬ ਕ੍ਰਿਕਟ ਐਸੋਸੀਏਸ਼ਨ ਤੋਂ ਇਲਾਵਾ ਉਨ੍ਹਾਂ ਅਕੈਡਮੀਆਂ ਅਤੇ ਕੋਚਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਖਿਡਾਰੀ ਨੂੰ ਇਸ ਮੁਕਾਮ 'ਤੇ ਲਿਜਾਣ ਵਿੱਚ ਵਿਸ਼ੇਸ਼ ਯੋਗਦਾਨ ਪਾਇਆ।

ਇਸ ਮੌਕੇ ਕ੍ਰਿਸ਼ ਭਗਤ ਦੇ ਦਾਦਾ ਅਤੇ ਸਾਬਕਾ ਮੰਤਰੀ ਚੁੰਨੀ ਲਾਲ ਭਗਤ, ਪਿਤਾ ਅਸ਼ਵਨੀ ਭਗਤ, ਮਾਤਾ ਮਨੂੰ ਭਗਤ ਤੋਂ ਇਲਾਵਾ ਅਤੁਲ ਭਗਤ, ਚੰਦਨ ਭਗਤ, ਵਰੁਣ ਭਗਤ, ਸੁਮੇਸ਼, ਈਸ਼ਾ ਭਗਤ, ਪ੍ਰਗਤੀ ਭਗਤ, ਜਾਗ੍ਰਿਤੀ ਭਗਤ, ਲਕਸ਼ ਭਗਤ ਤੇ ਹੋਰ ਪਰਿਵਾਰਕ ਮੈਂਬਰ ਵੀ ਮੌਜੂਦ ਸਨ।

ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਸੂਬੇ ਵਿਚ ਖੇਡ ਸਭਿਆਚਾਰ ਪੈਦਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਸਦਕਾ ਪੰਜਾਬ ਵਿੱਚ ਚੋਟੀ ਦੇ ਖਿਡਾਰੀਆਂ ਨੂੰ ਬਣਦਾ ਮਾਣ ਸਤਿਕਾਰ ਕੀਤਾ ਜਾ ਰਿਹਾ ਹੈ।

## ਪ੍ਰੀਗੇਬਲਿਨ ਤੇ ਗੈਬਾਪੇਨਟਿਨ ਕੈਪਸੂਲ ਅਤੇ ਐਨਾਫੋਰਟਿਨ ਇੰਜੈਕਸ਼ਨ ਬਿਨ੍ਹਾਂ ਬਿੱਲ ਤੇ ਰਿਕਾਰਡ ਦੇ .ਖ਼ਰੀਦਣ/ਵੇਚਣ 'ਤੇ ਪਾਬੰਦੀ

**ਜਲੰਧਰ, 28 ਮਈ-ਕੌਮੀ ਪੱਤ੍ਰਿਕਾ ਬਿਊਰੋ-** ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੁਲਿਸ ਕਮਿਸ਼ਨਰੇਟ ਜਲੰਧਰ ਦੀ ਹੱਦ ਅੰਦਰ ਆਉਂਦੇ ਇਲਾਕੇ ਵਿੱਚ ਪ੍ਰੀਗੇਬਲਿਨ ਕੈਪਸੂਲ (Pregabalin Capsules), ਗੈਬਾਪੇਨਟਿਨ ਕੈਪਸੂਲ (Gabapentin Capsules) ਅਤੇ ਐਨਾਫੋਰਟਿਨ ਇੰਜੈਕਸ਼ਨ (Anafortan Injection) ਬਿਨ੍ਹਾਂ ਲਾਇਸੈਂਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ, ਬਿਨ੍ਹਾਂ ਬਿੱਲ ਤੇ ਰਿਕਾਰਡ ਦੇ ਖ਼ਰੀਦਣ/ਵੇਚਣ 'ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ 26-05-2026 ਤੋਂ 27-07-2026 ਤੱਕ ਲਾਗੂ ਰਹੇਗਾ।

## ਵੋਟਰ ਸੂਚੀ ਦੀ ਸਪੈਸ਼ਲ ਇੰਟੈਂਸ਼ਿਵ ਰਿਵੀਜ਼ਨਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਪੱਧਰ 'ਤੇ ਕਮਰਾ ਨੰਬਰ 427 ਬਲਾਕ-ਬੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਹੈਲਪਡੈਸਕ ਸਥਾਪਿਤ

**ਗੁਰਦਾਸਪੁਰ, 28 ਮਈ -ਕੌਮੀ ਪੱਤ੍ਰਿਕਾ ਬਿਊਰੋ-**



ਸ੍ਰੀ ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ -ਕਮ- ਵਧੀਕ ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਵਲੋਂ ਜਾਰੀ ਹੁਕਮ ਵਿੱਚ ਦੱਸਿਆ ਗਿਆ ਹੈ ਕਿ ਮਾਣਯੋਗ ਮੁੱਖ ਚੋਣ ਅਫਸਰ, ਪੰਜਾਬ ਦੇ ਦਫਤਰ ਦੇ ਪੱਤਰ ਰਾਹੀਂ ਪ੍ਰਾਪਤ ਹੋਈਆਂ ਹਦਾਇਤਾਂ ਅਨੁਸਾਰ ਵੋਟਰ ਸੂਚੀ ਦੀ ਸਪੈਸ਼ਲ ਇੰਟੈਸ਼ਿਵ ਰਿਵੀਜ਼ਨ (SIR) ਨੂੰ ਮੁੱਖ ਰੱਖਦੇ ਹੋਏ SIR ਦੌਰਾਨ ਚੋਣ ਸੇਵਾਵਾਂ ਤੱਕ ਆਸਾਨ ਪਹੁੰਚ ਦੀ ਸਹੂਲਤ ਦੇਣ ਅਤੇ ਸਾਰੇ ਯੋਗ ਨਾਗਰਿਕਾਂ, ਖਾਸ ਕਰਕੇ ਦਿਵਿਆਂਗ, ਪ੍ਰਵਾਸੀ ਅਤੇ ਬਜ਼ੁਰਗ ਵੋਟਰਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪੱਧਰ 'ਤੇ ਕਮਰਾ ਨੰਬਰ 427 ਬਲਾਕ-ਬੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਹੈਲਪਡੈਸਕ ਸਥਾਪਤ ਕੀਤਾ ਗਿਆ ਹੈ ।

ਉਹਨਾਂ ਦੱਸਿਆ ਕਿ ਹੈਲਪਡੈਸਕ ਵਿਚ ਮੁੱਖ ਤੌਰ 'ਤੇ ਵੱਖ-ਵੱਖ ਸੇਵਾਵਾਂ ਪ੍ਰਧਾਨ ਕਰਵਾਇਆ ਜਾਣਗੀਆਂ। ਜਿਵੇ ਕਿ SIR ਸਮਾਂ-ਸੀਮਾਂ, ਵੋਟ ਬਣਾਉਣ, ਸੋਧ ਕਰਨ ਜਾਂ ਵੋਟ ਕਟਾਉਣ ਲਈ ਲੋੜੀਂਦੇ ਦਸਤਾਵੇਜ਼ਾਂ ਬਾਰੇ ਜਾਣਕਾਰੀ ਪ੍ਰਦਾਨ ਕਰਵਾਉਣਾ। ਵੋਟਰਾਂ ਨੂੰ ਪਿਛਲੀ ਆਖਰੀ SIR ਸਾਲ-2003 ਦੀ ਵੋਟਰ ਸੂਚੀ ਦੇ ਰਿਕਾਰਡ ਨਾਲ ਖੋਜ/ਲਿੰਕ ਕਰਨ ਵਿੱਚ ਸਹੂਲਤ ਦੇਣਾ , ਵੋਟਰਾਂ ਨੂੰ ਫਾਰਮ (Enumeration Form) ਭਰਨ ਅਤੇ ਜਮ੍ਹਾਂ ਕਰਨ ਵਿੱਚ ਸਹਾਇਤਾ ਕਰਨਾ (ਆਨਲਾਈਨ/ਆਫਲਾਈਨ), ਪ੍ਰਵਾਸੀ ਵੋਟਰਾਂ ਨੂੰ ਉਨ੍ਹਾਂ ਦੇ ਮੌਜੂਦਾ ਅਤੇ ਪਿਛਲੇ ਵਿਧਾਨ ਸਭਾ ਚੋਣ ਹਲਕਿਆਂ ਦੀ ਪਛਾਣ ਕਰਨ ਵਿੱਚ ਸਹਾਇਤਾ ਕਰਨਾ ਅਤੇ ਉਨ੍ਹਾਂ ਰਜਿਸਟ੍ਰੇਸ਼ਨ ਸਹੀ ਜਗ੍ਹਾ ਤੇ ਯਕੀਨੀ ਬਣਾਉਣਾ , ਨਾਗਰਿਕਾਂ/ਵੋਟਰਾਂ ਨੂੰ ਵੋਟਰ ਹੈਲਪਲਾਈਨ ਨੰਬਰ-1950 ਅਤੇ all-inclusive mobile app (ECINet) ਅਤੇ ਇਸ ਦੀਆਂ ਵਿਸ਼ੇਸ਼ਤਾਵਾਂ ਬਾਰੇ ਸੂਚਿਤ ਕਰਨਾ , ਖਾਸ ਤੌਰ ਤੇ ÓBook a Call with BLOÓ ਸਬੰਧੀ ਵੋਟਰਾਂ/ਨਾਗਰਿਕਾਂ ਨੂੰ ਜਾਗਰੂਕ ਕਰਵਾਉਣਾ।

ਉਨ੍ਹਾਂ ਸਟਾਫ ਨੂੰ ਹਦਾਇਤ ਕੀਤੀ ਕਿ ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ ਕੰਮ ਵਿਚ ਕਿਸੇ ਕਿਸਮ ਦੀ ਕੁਤਾਹੀ ਜਾਂ ਅਣਗਹਿਲੀ ਦੀ ਸੂਰਤ ਵਿਚ ਚੋਣ ਨਿਯਮਾਂ ਤਹਿਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਮੁੱਖ ਸਕੱਤਰ ਨੇ ਉਦਯੋਗ ਵਿਭਾਗ ਦੀ ਸਲਾਨਾ ਪ੍ਰਗਤੀ ਦੀ ਸਮੀਖਿਆ ਕੀਤੀ; ਐੱਮਐੱਸਐੱਮਈ ਅਤੇ ਸਟਾਰਟਅਪ ਈਕੋਸਿਸਟਮ ਨੂੰ ਹੁਲਾਰਾ ਦੇਣ ਹਿਤ ਸਮਾਂਬੱਧ ਨਿਰਦੇਸ਼ ਜਾਰੀ ਕੀਤੇ

**ਚੰਡੀਗੜ੍ਹ, 28 ਮਈ -ਕੌਮੀ ਪੱਤ੍ਰਿਕਾ ਬਿਊਰੋ-**

ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ, ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ਨੇ ਅੱਜ ਵਿੱਤ ਵਰ੍ਹੇ 2025-26 ਦੌਰਾਨ ਉਦਯੋਗ ਵਿਭਾਗ ਦੀ ਸਲਾਨਾ ਪ੍ਰਗਤੀ ਅਤੇ ਪ੍ਰਦਰਸ਼ਨ ਦੀ ਸਮੀਖਿਆ ਹਿਤ ਇੱਕ ਰਣਨੀਤਕ ਮੀਟਿੰਗ ਦੀ ਪ੍ਰਧਾਨਗੀ ਕੀਤੀ।



ਮੀਟਿੰਗ ਵਿੱਚ ਸਕੱਤਰ ਉਦਯੋਗ, ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਡਾਇਰੈਕਟਰ ਉਦਯੋਗ, ਸ਼੍ਰੀ ਪ੍ਰਦੁਮਨ ਸਿੰਘ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ।

ਮੀਟਿੰਗ ਦੇ ਦੌਰਾਨ ਵਿਭਾਗ ਦੀਆਂ ਵਿਭਿੰਨ ਪਹਿਲਾਂ ਅਤੇ ਉਪਲਬਧੀ ਦੀ ਵਿਸਤ੍ਰਿਤ ਸਮੀਖਿਆ ਕੀਤੀ ਗਈ। ਇਸ ਅਵਸਰ 'ਤੇ ਜਾਣੂ ਕਰਵਾਇਆ ਗਿਆ ਕਿ ਉਦਯੋਗ ਵਿਭਾਗ ਵਰਤਮਾਨ ਵਿੱਚ ਚੰਡੀਗੜ੍ਹ ਵਿੱਚ ਰਜਿਸਟਰਡ 65,000 ਤੋਂ ਅਧਿਕ ਉਦਯਮ (Udyam) ਐੱਮਐੱਸਐੱਮਈਜ਼ ਨੂੰ ਵਿਭਿੰਨ ਨੀਤੀਗਤ ਦਖਲਅੰਦਾਜ਼ੀਆਂ ਅਤੇ ਸੁਵਿਧਾ ਉਪਾਵਾਂ ਦੇ ਜ਼ਰੀਏ ਸਹਿਯੋਗ ਪ੍ਰਦਾਨ ਕਰ ਰਿਹਾ ਹੈ, ਤਾਕਿ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਉਦਯੋਗਿਕ ਅਤੇ ਉੱਦਮਸ਼ੀਲਤਾ ਈਕੋਸਿਸਟਮ ਨੂੰ ਹੋਰ ਅਧਿਕ ਸਸ਼ਕਤ ਬਣਾਇਆ ਜਾ ਸਕੇ।

ਆਰਥਿਕ ਵਿਕਾਸ ਵਿੱਚ ਤੇਜ਼ੀ ਲਿਆਉਣ ਅਤੇ 'ਈਜ਼ ਆਵ ? ਡੂਇੰਗ ਬਿਜ਼ਨਸ' ਨੂੰ ਹੋਰ ਬਿਹਤਰ ਬਣਾਉਣ ਦੀ ਜ਼ਰੂਰਤ 'ਤੇ ਬਲ ਦਿੰਦੇ ਹੋਏ ਮੁੱਖ ਸਕੱਤਰ ਨੇ ਵਿਭਾਗ ਨੂੰ ਕਈ ਸਖ਼ਤ ਅਤੇ ਸਮਾਂਬੱਧ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਨੇ ਚੰਡੀਗੜ੍ਹ ਸਟਾਰਟਅਪ ਪਾਲਿਸੀ, 2025 ਦੇ ਤਤਕਾਲ ਅਤੇ ਪ੍ਰਭਾਵੀ ਲਾਗੂਕਰਨ ਦੇ ਨਿਰਦੇਸ਼ ਦਿੰਦੇ ਹੋਏ ਅਗਲੇ ਤਿੰਨ ਮਹੀਨਿਆਂ ਵਿੱਚ 150 ਸਟਾਰਟਅਪਸ ਨੂੰ ਮਾਨਤਾ ਦੇਣ ਦਾ ਲਕਸ਼ ਨਿਰਧਾਰਿਤ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਇਨਕਿਊਬੇਟਰਸ ਦੇ ਜਲਦੀ ਪੈਨਲ ਗਠਨ ਅਤੇ ਸਟਾਰਟਅਪ ਗ੍ਰਾਂਟ ਵੰਡ ਪ੍ਰਣਾਲੀ ਨੂੰ ਜਲਦੀ ਕਿਰਿਆਸ਼ੀਲ ਬਣਾਉਣ ਦੇ ਨਿਰਦੇਸ਼ ਵੀ ਦਿੱਤੇ।

ਮੁੱਖ ਸਕੱਤਰ ਨੇ ਚੰਡੀਗੜ੍ਹ ਵਿੱਚ ਉਦਯੋਗ ਅਤੇ ਕਾਰੋਬਾਰ ਸਥਾਪਿਤ ਕਰਨ ਅਤੇ ਸੰਚਾਲਨ ਸ਼ੁਰੂ ਕਰਨ ਵਿੱਚ ਲਗਣ ਵਾਲੇ ਸਮੇਂ (ਟਰਨ ਅਰਾਊਂਡ ਟਾਇਮ -"1"/ਟੀਏਟੀ) ਨੂੰ ਘੱਟ ਕਰਨ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ। ਇਸ ਸੰਦਰਭ ਵਿੱਚ ਉਨ੍ਹਾਂ ਨੇ ਵਿਭਿੰਨ ਵਿਭਾਗਾਂ ਦੁਆਰਾ ਜਾਰੀ ਕੀਤੇ ਜਾਣ ਵਾਲੇ ਨੋ ਅਬਜੈਕਸ਼ਨ ਸਰਟੀਫਿਕੇਟਾਂ (ਐੱਨਓਸੀਜ਼/NOCs) ਅਤੇ ਰੈਗੂਲੇਟਰੀ ਪ੍ਰਵਾਨਗੀਆਂ ਦੀ ਪ੍ਰਕਿਰਿਆ ਨੂੰ ਸਰਲ ਅਤੇ ਸੁਵਿਵਸਥਿਤ ਕਰਨ ਅਤੇ ਇੱਕ ਕੇਂਦਰੀ ਡਿਜੀਟਲ ਰਿਪੌਜ਼ਿਟਰੀ ਵਿਕਸਿਤ ਕਰਨ ਦੇ ਨਿਰਦੇਸ਼ ਦਿੱਤੇ, ਤਾਕਿ ਪ੍ਰਵਾਨਗੀਆਂ ਦੀ ਪ੍ਰਕਿਰਿਆ ਤੇਜ਼ ਹੋ ਸਕੇ ਅਤੇ ਵਪਾਰਕ ਦਕਸ਼ਤਾ ਵਿੱਚ ਸੁਧਾਰ ਆਵੇ।

ਸੂਖਮ ਅਤੇ ਲਘੂ ਉੱਦਮ ਸੁਵਿਧਾ ਪਰਿਸ਼ਦ (ਐੱਮਐੱਸਈਐੱਫਸੀ/MSEFC) ਦੇ ਤਹਿਤ ਲੰਬਿਤ ਭੁਗਤਾਨ ਵਿਵਾਦਾਂ ਦੀ ਸਮੀਖਿਆ ਕਰਦੇ ਹੋਏ ਮੁੱਖ ਸਕੱਤਰ ਨੇ ਲੰਬਿਤ ਮਾਮਲਿਆਂ ਦੇ ਤੁਰੰਤ ਨਿਪਟਾਰੇ ਅਤੇ ਐੱਮਐੱਸਐੱਮਈਜ਼ (MSMEs) ਦੀਆਂ ਸ਼ਿਕਾਇਤਾਂ ਦੇ ਸਮਾਂਬੱਧ ਸਮਾਧਾਨ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਦੱਸਿਆ ਗਿਆ ਕਿ ਚਾਲੂ ਵਿੱਤ ਵਰ੍ਹੇ ਦੇ ਦੌਰਾਨ ਹੁਣ ਤੱਕ 105 ਮਾਮਲਿਆਂ ਦਾ ਸਫ਼ਲਤਾਪੂਰਵਕ ਨਿਪਟਾਰਾ ਕੀਤਾ ਜਾ ਚੁੱਕਿਆ ਹੈ।

ਮੁੱਖ ਸਕੱਤਰ ਨੇ ਵਿਭਾਗ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਉਹ ਰੇਜ਼ਿੰਗ ਐਂਡ ਐਕਸਿਲੇਰੇਟਿੰਗ ਐੱਮਐੱਸਐੱਮਈ (MSME) ਪਰਫਾਰਮੈਂਸ (ਰੈਂਪ/ਆਰਏਐੱਮਪੀ/ ਪ੍ਰੋਗਰਾਮ ਦੇ ਤਹਿਤ ਵਿਆਜ ਸਬਵੈਂਸ਼ਨ ਸਕੀਮਾਂ ਦੇ ਪ੍ਰਭਾਵੀ ਲਾਗੂਕਰਨ ਨੂੰ ਪ੍ਰਾਥਮਿਕਤਾ ਦਿੱਤੀ ਜਾਵੇ, ਤਾਕਿ ਜ਼ਮੀਨੀ ਪੱਧਰ 'ਤੇ ਐੱਮਐੱਸਐੱਮਈਜ਼ ਨੂੰ ਵਿਵਹਾਰਿਕ ਵਿੱਤੀ ਰਾਹਤ ਅਤੇ ਸਹਿਯੋਗ ਮਿਲ ਸਕੇ ਅਤੇ ਉਨ੍ਹਾਂ ਦੇ ਰੋਜ਼ਾਨਾ ਕਾਰੋਬਾਰੀ ਸੰਚਾਲਨ ਨੂੰ ਮਜ਼ਬੂਤੀ ? ?ਪ੍ਰਾਪਤ ਹੋਵੇ।

ਉਦਯੋਗ ਵਿਭਾਗ ਨੇ ਮੀਟਿੰਗ ਵਿੱਚ ਜਾਣੂ ਕਰਵਾਇਆ ਕਿ ਜਾਰੀ ਨਿਰਦੇਸ਼ਾਂ ਦੇ ਪ੍ਰਭਾਵੀ ਲਾਗੂਕਰਨ ਹਿਤ ਤਤਕਾਲ ਕਦਮ ਉਠਾਏ ਜਾ ਰਹੇ ਹਨ, ਤਾਕਿ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਕਾਰੋਬਾਰੀ, ਉਦਯੋਗਿਕ ਅਤੇ ਉੱਦਮਸ਼ੀਲਤਾ ਈਕੋਸਿਸਟਮ ਨੂੰ ਹੋਰ ਅਧਿਕ ਮਜ਼ਬੂਤ ਬਣਾਇਆ ਜਾ ਸਕੇ।

## ਚੰਡੀਗੜ੍ਹ ਹਾਊਸਿੰਗ ਬੋਰਡ (ਸੀਐੱਚਬੀ/382) ਵੱਲੋਂ ਢਾਹੁਣ ਦੀ ਕਾਰਵਾਈ ਕਮੇਟੀ ਦੀਆਂ ਸਿ.ਫਾਰਿਸ਼ਾਂ ਤੱਕ ਪੈਂਡਿੰਗ ਰੱਖੀ ਗਈ

**ਚੰਡੀਗੜ੍ਹ, 28 ਮਈ -ਕੌਮੀ ਪੱਤ੍ਰਿਕਾ ਬਿਊਰੋ-**

ਆਪਣੀਆਂ ਰਿਹਾਇਸ਼ੀ ਯੂਨਿਟਾਂ ਦੇ ਨਿਰਮਾਣ ਡਿਜ਼ਾਈਨਾਂ ਵਿੱਚ ਅਲਾਟੀਆਂ ਵੱਲੋਂ ਕੀਤੇ ਗਏ ਪਰਿਵਰਤਨਾਂ ਅਤੇ ਅਤਿਰਿਕਤ ਨਿਰਮਾਣਾਂ ਨੂੰ ਨਿਯਮਿਤ ਕਰਨ ਸਬੰਧੀ ਬੜੀ ਸੰਖਿਆ ਵਿੱਚ ਸਮੇਂ-ਸਮੇਂ 'ਤੇ ਪ੍ਰਾਪਤ ਹੋ ਰਹੀਆਂ ਬੇਨਤੀਆਂ ਦੇ ਮੱਦੇਨਜ਼ਰ, ਚੰਡੀਗੜ੍ਹ ਹਾਊਸਿੰਗ ਬੋਰਡ (ਸੀਐੱਚਬੀ/382) ਦੁਆਰਾ ਮੁੱਖ ਕਾਰਜਕਾਰੀ ਅਧਿਕਾਰੀ, ਚੰਡੀਗੜ੍ਹ ਹਾਊਸਿੰਗ ਬੋਰਡ (ਸੀਐੱਚਬੀ/382) ਦੀ ਪ੍ਰਧਾਨਗੀ ਵਿੱਚ ਇੱਕ ਕਮੇਟੀ ਦਾ ਗਠਨ ਯੂਟੀ ਚੰਡੀਗੜ੍ਹ ਦੇ ਮਾਣਯੋਗ ਪ੍ਰਸ਼ਾਸਕ ਦੀ ਪ੍ਰਵਾਨਗੀ ਨਾਲ ਮਿਤੀ 11.05.2026 ਦੇ ਆਦੇਸ਼ ਦੇ ਤਹਿਤ ਕੀਤਾ ਗਿਆ ਸੀ।ਹੁਣ ਇਹ ਨਿਰਣਾ ਲਿਆ ਗਿਆ ਹੈ ਕਿ ਪਹਿਲਾਂ ਤੋਂ ਜਾਰੀ ਕੀਤੇ ਗਏ ਨੋਟਿਸਾਂ ਦੇ ਅਧਾਰ 'ਤੇ ਕੀਤੀ ਜਾਣ ਵਾਲੀ ਢਾਹੁਣ ਦੀ ਕਾਰਵਾਈ ਨੂੰ ਕਮੇਟੀ ਦੀਆਂ ਸਿ.ਫਾਰਿਸ਼ਾਂ ਨੂੰ ਅੰਤਿਮ ਰੂਪ ਦਿੱਤੇ ਜਾਣ ਤੱਕ ਮੁਲਤਵੀ ਰੱਖਿਆ ਜਾਵੇਗਾ।

## ਮਿਲੇਨੀਅਮ ਸਕੂਲ ਵਿਖੇ ਕਰਵਾਏ ਇਸ ਮੁਕਾਬਲੇ ਵਿੱਚ 500 ਤੋਂ ਵੱਧ ਖਿਡਾਰੀਆਂ ਨੇ ਕੀਤਾ ਆਪਣਾ ਨਾਮ ਦਰਜ



**ਪਟਿਆਲਾ, 28 ਮਈ -ਕੌਮੀ ਪੱਤ੍ਰਿਕਾ ਬਿਊਰੋ-**

ਦਾ ਮਿਲੇਨੀਅਮ ਸਕੂਲ ਪਟਿਆਲਾ ਵਿਖੇ 8ਵਾ ਪੰਜਾਬ ਤਾਈਕਵਾਡੋਂ ਕੱਪ ਦੇ ਮੁਕਾਬਲੇ ਕਰਵਾਏ ਗਏ । ਜਿਸ ਵਿੱਚ 500 ਤੋਂ ਵੱਧ ਖਿਡਾਰੀਆਂ ਨੇ ਆਪਣਾ ਨਾਮ ਦਰਜ ਕੀਤਾ । ਇਸ ਮੁਕਾਬਲੇ ਨੂੰ ਪਟਿਆਲਾ ਤਾਈਕਵਾਡੋਂ ਵੱਲੋਂ ਦਾ ਮਲੇਨੀਅਮ ਸਕੂਲ ਪਟਿਆਲਾ ਅਤੇ ਪੰਜਾਬ ਓਲੰਪਿਕ ਐਸੋਸੀਏਸ਼ਨ ਵੱਲੋਂ ਮਾਨਤਾ ਪ੍ਰਾਪਤ ਪੰਜਾਬ ਤਾਈਕਵਾਡੋਂ ਐਸੋਸੀਏਸ਼ਨ ਦੇ ਸਹਿਯੋਗ ਨਾਲ ਕਰਵਾਇਆ ਗਿਆ ।ਜਾਣਕਾਰੀ ਦਿੰਦੇ ਹੋਏ ਤਾਈਕਵਾਡੋਂ ਕੋਚ ਸਤਵਿੰਦਰ ਸਿੰਘ ਨੇ ਦੱਸਿਆ ਕਿ ਇਸ ਮੁਕਾਬਲੇ ਦਾ ਉਦਘਾਟਨ ਸਮਾਰੋਹ ਲਈ ਕੁੰਦਨ ਗੋਗੀਆ ਮੇਹਰ ਪਟਿਆਲਾ ਸਕੂਲ ਪ੍ਰਿੰਸੀਪਲ ਹਰਪ੍ਰੀਤ ਪੰਧੇਰ ਮਹਾਰਾਜਾ ਰਣਜੀਤ ਸਿੰਘ ਅਵਾਰਡੀ ਸ਼ਿਵ ਕੁਮਾਰ ਪੰਜਾਬ ਪੁਲਿਸ ਅਬਜਰਵਰ ਹਰਮੀਤ ਸਿੰਘ ਰਾਜਕੁਮਾਰ ਵਰਮਾ ਹਰਪ੍ਰੀਤ ਸਿੰਘ ਸੁਮਨਜੋਤ ਸਿੰਘ ਗਰੇਵਾਲ ਨੈਸ਼ਨਲ ਰੈਫਰੀ ਭੁਪਿੰਦਰ ਸਿੰਘ ਪੁੱਜੇ ।

ਇਸ ਮੁਕਾਬਲੇ ਵਿੱਚ ਅੰਡਰ 6 8 11 14 18 ਅਤੇ ਸੀਨੀਅਰ ਵਰਗ ਦੇ ਲੜਕੇ ਅਤੇ ਲੜਕੀਆਂ ਖਿਡਾਰੀਆਂ ਨੇ ਭਾਗ ਲਿਆ । ਪ੍ਰਬੰਧਕ ਟੀਮ ਅਤੇ ਟੈਕਨੀਕਲ ਟੀਮ ਵੱਲੋਂ ਬਹੁਤ ਹੀ ਮਿਹਨਤ ਅਤੇ ਸੁਚੱਜੇ ਢੰਗ ਨਾਲ ਕੰਮ ਕੀਤਾ ਗਿਆ , ਜਿਸ ਕਰਕੇ ਇਹ ਮੁਕਾਬਲਾ ਪੰਜਾਬ ਲਈ ਮਿਸਾਲ ਬਣਿਆ ਅਤੇ ਆਏ ਹੋਏ ਸਾਰੇ ਕੋਚ ਅਤੇ ਖਿਡਾਰੀ ਖੁਸ਼ ਹੋਏ । ਇਸ ਮੌਕੇ ਤੇ ਮੁੱਖ ਮਹਿਮਾਨ ਨੇ ਕਿਹਾ ਕਿ ਸੰਚਾਲਕਾਂ ਦੀ ਮਿਹਨਤ ਸਦਕਾ ਇਹ ਕੰਮ ਸਫਲ ਹੋਇਆ ਹੈ ਅਤੇ ਉਨਾਂ ਨੇ ਵਧਾਈਆਂ ਦੇ ਪਾਤਰ ਹਨ । ਇਸ ਮੌਕੇ ਤੇ ਪੰਜਾਬ ਤਾਈਕਵਾਡੋਂ ਐਸੋਸੀਏਸ਼ਨ ਦੇ ਪ੍ਰਧਾਨ ਅਰਪਿਤ ਸ਼ੁਕਲਾ ਆਈਪੀਐਸ ਰਿਟਾਇਰਡ ਸਪੈਸ਼ਲ ਡੀਜੀਪੀ ਪੰਜਾਬ ਅਤੇ ਪੰਜਾਬ ਸਪੋਰਟਸ ਡਾਇਰੈਕਟਰ ਜੀਵਨਜੋਤ ਸਿੰਘ ਤੇਜਾ ਨੇ ਸਕੂਲ ਅਤੇ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਵਧਾਈਆਂ ਦਿੱਤੀਆਂ। ?

## ਪ੍ਰਸ਼ਾਸਕ ਨੇ ਜਵਾਬਦੇਹ ਅਤੇ ਨਾਗਰਿਕ-ਕੇਂਦ੍ਰਿਤ ਪ੍ਰਸ਼ਾਸਨ ਪ੍ਰਤੀ ਵਚਨਬੱਧਤਾ ਨੂੰ ਦੁਹਰਾਇਆ

**ਚੰਡੀਗੜ੍ਹ, 28 ਮਈ -ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਪ੍ਰਸ਼ਾਸਨ ਦੀ ਪਾਰਦਰਸ਼ੀ, ਜਵਾਬਦੇਹ ਅਤੇ ਨਾਗਰਿਕ-ਕੇਂਦ੍ਰਿਤ ਸ਼ਾਸਨ ਪ੍ਰਣਾਲੀ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਮਲੋਆ ਦੇ ਵਸਨੀਕਾਂ ਲਈ 'ਸਮਾਧਾਨ ਕੈਂਪ' (ਸੰਕਲਪ ਕੈਂਪ) ਦਾ ਆਯੋਜਨ ਕੀਤਾ।



ਇਹ ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਆਯੋਜਿਤ ਤੀਜਾ ਸਮਾਧਾਨ ਕੈਂਪ ਸੀ। ਇਸ ਸਮਾਗਮ ਵਿੱਚ ਮੇਅਰ ਸ਼੍ਰੀ ਸੌਰਭ ਜੋਸ਼ੀ; ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ, ਸ਼੍ਰੀ ਐੱਚ. ਰਾਜੇਸ਼ ਪ੍ਰਸਾਦ; ਪੰਜਾਬ ਦੇ ਰਾਜਪਾਲ ਦੇ ਵਧੀਕ ਮੁੱਖ ਸਕੱਤਰ, ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਵਿੱਤ ਸਕੱਤਰ ਸ਼੍ਰੀ ਦੀਪਰਵ ਲਾਕੜਾ; ਪੁਲਿਸ ਡਾਇਰੈਕਟਰ ਜਨਰਲ ਡਾ. ਸਾਗਰ ਪ੍ਰੀਤ ਹੁੱਡਾ; ਡਿਪਟੀ ਕਮਿਸ਼ਨਰ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ; ਅਤੇ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਹੋਏ।

ਸ਼ਿਕਾਇਤ ਨਿਵਾਰਨ ਕੈਂਪ ਦੌਰਾਨ, ਵੱਖ-ਵੱਖ ਵਿਭਾਗਾਂ ਦੀਆਂ ਟੀਮਾਂ ਨੂੰ ਵਸਨੀਕਾਂ ਤੋਂ ਕੁੱਲ 84 ਸ਼ਿਕਾਇਤਾਂ ਅਤੇ ਅਰਜ਼ੀਆਂ ਪ੍ਰਾਪਤ ਹੋਈਆਂ। ਕੈਂਪ ਵਾਲੀ ਥਾਂ 'ਤੇ ਪ੍ਰਾਪਤ ਹੋਈਆਂ ਸਾਰੀਆਂ ਸ਼ਿਕਾਇਤਾਂ ਨੂੰ ਵਿਧੀਵਤ ਤੌਰ 'ਤੇ ਦਰਜ ਕੀਤਾ ਗਿਆ ਸੀ ਅਤੇ ਲੋੜੀਂਦੀ ਕਾਰਵਾਈ ਅਤੇ ਸਮਾਂਬੱਧ ਹੱਲ ਲਈ ਸਬੰਧਤ ਵਿਭਾਗਾਂ ਨੂੰ ਭੇਜ ਦਿੱਤਾ ਗਿਆ ਸੀ।

ਵਸਨੀਕਾਂ ਨੇ ਸੈਨੀਟੇਸ਼ਨ, ਪੀਣ ਵਾਲੇ ਪਾਣੀ ਦੀ ਸਪਲਾਈ, ਬਿਜਲੀ, ਸੜਕਾਂ, ਸਟਰੀਟ ਲਾਈਟਾਂ, ਰਿਹਾਇਸ਼, ਜਨਤਕ ਸਿਹਤ ਸੇਵਾਵਾਂ, ਸਿੱਖਿਆ, ਸੀਵਰੇਜ, ਠੋਸ ਰਹਿੰਦ-ਖੂੰਹਦ ਪ੍ਰਬੰਧਨ ਅਤੇ ਹੋਰ ਬੁਨਿਆਦੀ ਢਾਂਚੇ ਨਾਲ ਸਬੰਧਤ ਮਾਮਲਿਆਂ ਨਾਲ ਸਬੰਧਤ ਵੱਖ-ਵੱਖ ਮੁੱਦੇ ਉਠਾਏ। ਮਲੋਆ ਦੀ ਪੰਜਾਬ ਸਰਹੱਦ ਨਾਲ ਨੇੜਤਾ ਨੂੰ ਦੇਖਦੇ ਹੋਏ, ਸਿੱਖਿਆ, ਖੇਡ ਬੁਨਿਆਦੀ ਢਾਂਚਾ, ਸੈਨੀਟੇਸ਼ਨ, ਸੁਰੱਖਿਆ ਅਤੇ ਨਸ਼ਾ ਛੁਡਾਊ ਵਿਸ਼ੇ ਵੀ ਪ੍ਰਮੁੱਖਤਾ ਨਾਲ ਪੇਸ਼ ਕੀਤੇ ਗਏ। ਵਸਨੀਕਾਂ ਨੇ ਸੰਪਰਕ ਨੂੰ ਬਿਹਤਰ ਬਣਾਉਣ ਅਤੇ ਖੇਤਰ ਵਿੱਚ ਆਸਾਨ ਆਵਾਜਾਈ ਦੀ ਸਹੂਲਤ ਲਈ ਇੱਕ ਵਿਕਲਪਿਕ ਰਸਤੇ ਦੀ ਮੰਗ ਵੀ ਕੀਤੀ, ਨਾਲ ਹੀ ਬਕਾਇਆ ਕਿਰਾਏ ਦੇ ਬਕਾਏ 'ਤੇ ਬਹੁਤ ਜ਼ਿਆਦਾ ਵਿਆਜ ਦੇਣਦਾਰੀਆਂ ਬਾਰੇ ਵੀ ਚਿੰਤਾਵਾਂ ਪ੍ਰਗਟ ਕੀਤੀਆਂ।

ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਿਕਾਇਤਾਂ ਅਤੇ ਸਵਾਲਾਂ ਦਾ ਮੌਕੇ 'ਤੇ ਹੀ ਹੱਲ ਕੀਤਾ, ਵਸਨੀਕਾਂ ਨੂੰ ਉਠਾਏ ਗਏ ਮੁੱਦਿਆਂ ਦੇ ਹੱਲ ਲਈ ਕੀਤੀਆਂ ਜਾ ਰਹੀਆਂ ਕਾਰਵਾਈਆਂ ਤੋਂ ਜਾਣੂ ਕਰਵਾਇਆ। ਕਈ ਮਾਮਲਿਆਂ ਦਾ ਤੁਰੰਤ ਹੱਲ ਕੀਤਾ ਗਿਆ, ਜਦੋਂ ਕਿ ਹੋਰਾਂ ਨੂੰ ਤੇਜ਼ ਅਤੇ ਤਾਲਮੇਲ ਵਾਲੀ ਕਾਰਵਾਈ ਲਈ ਸਬੰਧਤ ਵਿਭਾਗਾਂ ਨੂੰ ਭੇਜਿਆ ਗਿਆ। ਅਧਿਕਾਰੀਆਂ ਨੂੰ ਸ਼ਿਕਾਇਤਾਂ ਦੇ ਸਮਾਂਬੱਧ ਨਿਪਟਾਰੇ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੰਦੇ ਹੋਏ, ਪ੍ਰਸ਼ਾਸਕ ਨੇ ਵੱਖ-ਵੱਖ ਵਿਭਾਗਾਂ ਵਿੱਚ ਜਵਾਬਦੇਹੀ, ਨਿਯਮਤ ਨਿਗਰਾਨੀ ਅਤੇ ਬਿਹਤਰ ਤਾਲਮੇਲ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਨਿਵਾਸੀਆਂ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਸੀਬੀਐਸਈ ਪ੍ਰੀਖਿਆ ਨਤੀਜਿਆਂ ਦੁਆਰਾ ਵਿਦਿਆਰਥੀਆਂ ਦੇ ਪ੍ਰਦਰਸ਼ਨ ਦਾ ਨਿਯਮਿਤ ਤੌਰ 'ਤੇ ਮੁਲਾਂਕਣ ਕੀਤਾ ਜਾ ਰਿਹਾ ਹੈ।

## ਸੂਖਮ, ਲਘੂ ਅਤੇ ਦਰਮਿਆਨੇ ਉੱਦਮ ਐੱਮਐੱਸਐੱਮਈ ਮੰਤਰਾਲੇ ਨੇ ਚੰਡੀਗੜ੍ਹ ਵਿੱਚ ਉੱਦਮੀ ਜਾਗਰੂਕਤਾ ਅਤੇ ਵਿਸ਼ੇਸ਼ ਵਿਕ੍ਰੇਤਾ ਵਿਕਾਸ ਪ੍ਰੋਗਰਾਮ ਆਯੋਜਿਤ ਕੀਤਾ

**ਚੰਡੀਗੜ੍ਹ, 28 ਮਈ -ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ ਦੇ ਸੂਖਮ, ਲਘੂ ਅਤੇ ਦਰਮਿਆਨੇ ਉੱਦਮ (ਐੱਮਐੱਸਐੱਮਈ ਮੰਤਰਾਲੇ ਨੇ ਦਲਿਤ ਇੰਡੀਅਨ ਚੈਂਬਰ ਆਵ? ਕਮਰਸ ਐਂਡ ਇੰਡਸਟ੍ਰੀ (ਡੀਆਈਸੀਸੀਆਈ/49339) ਦੇ ਸਹਿਯੋਗ ਨਾਲ 25 ਮਈ, 2026 ਨੂੰ ਸੀਆਈਆਈ ਉੱਤਰੀ ਖੇਤਰ ਹੈੱਡਕੁਆਰਟਰਸ, ਸੈਕਟਰ 31-ਏ, ਚੰਡੀਗੜ੍ਹ ਵਿਖੇ ਇੱਕ ਉੱਦਮੀ ਜਾਗਰੂਕਤਾ ਅਤੇ ਵਿਸ਼ੇਸ਼ ਵਿਕ੍ਰੇਤਾ ਵਿਕਾਸ ਪ੍ਰੋਗਰਾਮ (ਈਏ ਐਂਡ ਐੱਸਵੀਡੀਪੀ/ ਦਾ ਆਯੋਜਨ ਕੀਤਾ।

ਇਸ ਪ੍ਰੋਗਰਾਮ ਦਾ ਉਦੇਸ਼ ਭਾਰਤ ਸਰਕਾਰ ਦੇ ਸੂਖਮ, ਲਘੂ ਅਤੇ ਦਰਮਿਆਨੇ ਉੱਦਮ (ਐੱਮਐੱਸਐੱਮਈ/MSME) ਮੰਤਰਾਲੇ ਦੀਆਂ ਵਿਭਿੰਨ ਪਹਿਲਾਂ, ਵਿਸ਼ੇਸ਼ ਕਰਕੇ ਨੈਸ਼ਨਲ ਐੱਸਸੀ-ਐੱਸਟੀ ਹੱਬ (ਐੱਨਐੱਸਐੱਸਐੱਚ ਯੋਜਨਾ, ਦੇ ਸਬੰਧ ਵਿੱਚ ਜਾਗਰੂਕਤਾ ਵਧਾਉਣਾ ਸੀ। ਪ੍ਰੋਗਰਾਮ ਦੇ ਜ਼ਰੀਏ ਮੌਜੂਦਾ ਅਤੇ ਸੰਭਾਵਿਤ ਉੱਦਮੀਆਂ ਨੂੰ ਨੈਸ਼ਨਲ ਐੱਸਸੀ-ਐੱਸਟੀ ਹੱਬ (ਐੱਨ ਐੱਸ ਐੱਸ ਐੱਚ ਯੋਜਨਾ ਬਾਰੇ ਜਾਗਰੂਕ ਬਣਾਉਂਦੇ ਹੋਏ ਕੇਂਦਰੀ ਮੰਤਰਾਲਿਆਂ, ਵਿਭਾਗਾਂ ਅਤੇ ਸੈਂਟਰਲ ਪਬਲਿਕ ਸੈਕਟਰ ਐਂਟਰਪਰਾਇਜ਼ਿਜ਼ (ਸੀਪੀਐੱਸਈਜ਼ਦੁਆਰਾ ਜਨਤਕ ਖਰੀਦ ਨੀਤੀ ਦੇ ਤਹਿਤ ਐੱਸਸੀ/ਐੱਸਟੀ-ਮਲਕੀਅਤ ਵਾਲੇ ਉੱਦਮਾਂ ਤੋਂ ਨਿਰਧਾਰਿਤ 4% ਖਰੀਦ ਲਕਸ਼ ਨੂੰ ਪੂਰਾ ਕਰਨ ਵਿੱਚ ਸਹਿਯੋਗ ਪ੍ਰਦਾਨ ਕਰਨਾ ਸੀ।

ਪ੍ਰੋਗਰਾਮ ਦੇ ਦੌਰਾਨ ਸੰਭਾਵਿਤ ਅਤੇ ਮੌਜੂਦਾ ਦੋਹਾਂ ਤਰ੍ਹਾਂ ਦੇ ਉੱਦਮੀਆਂ ਨੂੰ ਨੈਸ਼ਨਲ ਐੱਸਸੀ-ਐੱਸਟੀ ਹੱਬ (ਐੱਨਐੱਸਐੱਸਐੱਚ/NSSH) ਯੋਜਨਾ ਅਤੇ ਸੂਖਮ, ਲਘੂ ਅਤੇ ਦਰਮਿਆਨੇ ਉੱਦਮ (ਐੱਮਐੱਸਐੱਮਈ/MSME) ਮੰਤਰਾਲੇ ਦੁਆਰਾ ਸੰਚਾਲਿਤ ਵਿਭਿੰਨ ਯੋਜਨਾਵਾਂ ਦੀ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ ਗਈ।



ਸੰਭਾਵਿਤ ਉੱਦਮੀਆਂ ਨੂੰ ਆਪਣੇ ਉੱਦਮਾਂ ਨੂੰ ਰਸਮੀ ਸਰੂਪ ਦੇਣ ਲਈ ਉਦਯਮ ਪੋਰਟਲ 'ਤੇ ਰਜਿਸਟ੍ਰੇਸ਼ਨ ਦੇ ਮਹੱਤਵ ਬਾਰੇ ਜਾਣੂ ਕਰਵਾਇਆ ਗਿਆ, ਜਦਕਿ ਮੌਜੂਦਾ ਉੱਦਮੀਆਂ ਨੂੰ ਵਿਕ੍ਰੇਤਾ ਰਜਿਸਟ੍ਰੇਸ਼ਨ ਪ੍ਰਕਿਰਿਆ, ਜ਼ਰੂਰੀ ਦਸਤਾਵੇਜ਼ਾਂ, ਸੀਪੀਐੱਸਈਜ਼ (CPSEs) ਦੁਆਰਾ ਖਰੀਦੀਆਂ ਜਾਣ ਵਾਲੀਆਂ ਵਸਤੂਆਂ, ਈ-ਟੈਂਡਰਿੰਗ ਪ੍ਰਕਿਰਿਆ, ਕ੍ਰੈਡਿਟ ਸੁਵਿਧਾ ਵਿਕਲਪਾਂ ਅਤੇ ਕਾਰੋਬਾਰੀ ਵਿਸਤਾਰ ਅਤੇ ਸਥਿਰਤਾ ਹਿਤ ਬੈਂਕਾਂ ਦੁਆਰਾ ਉਪਲਬਧ ਸਬਸਿਡੀ ਸਬੰਧੀ ਪ੍ਰਾਵਧਾਨਾਂ ਦੀ ਜਾਣਕਾਰੀ ਦਿੱਤੀ ਗਈ।

ਪ੍ਰੋਗਰਾਮ ਵਿੱਚ ਚੰਡੀਗੜ੍ਹ (ਯੂਟੀ) ਅਤੇ ਆਸਪਾਸ ਖੇਤਰਾਂ ਦੇ 100 ਤੋਂ ਅਧਿਕ ਮੌਜੂਦਾ ਅਤੇ ਸੰਭਾਵਿਤ ਐੱਸਸੀ/ਐੱਸਟੀ ਉੱਦਮੀਆਂ ਨੇ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।

ਪ੍ਰੋਗਰਾਮ ਵਿੱਚ ਸਰਕਾਰੀ ਵਿਭਾਗਾਂ, ਸੀਪੀਐੱਸਈਜ਼, ਵਿੱਤੀ ਸੰਸਥਾਵਾਂ ਅਤੇ ਉਦਯੋਗ ਸੰਸਥਾਵਾਂ ਦੇ ਕਈ ਪ੍ਰਸਿੱਧ ਅਧਿਕਾਰੀਆਂ ਅਤੇ ਪ੍ਰਤੀਨਿਧੀਆਂ ਨੇ ਸ਼ਿਰਕਤ ਕੀਤੀ।

ਪ੍ਰੋਗਰਾਮ ਵਿੱਚ ਜੀਈਐੱਮ (GeM) ਤੋਂ ਸ਼੍ਰੀ ਦੀਪਕ ਸ਼ਰਮਾ, ਬੀਬੀਐੱਮਬੀ (BBMB) ਤੋਂ ਡਾ. ਦੀਪਕ, ਪਾਵਰਗ੍ਰਿਡ ਕਾਰਪੋਰੇਸ਼ਨ ਆਵ? ਇੰਡੀਆ ਦੇ ਡੀਜੀਐੱਮ, ਸ਼੍ਰੀਮਤੀ ਚਾਰਣਯਾ ਅੰਬਾਟੀ, ਸ਼੍ਰੀ ਮੋਹਿਤ, ਖਰੀਦ ਪ੍ਰਬੰਧਕ, ਐੱਫਸੀਆਈ, ਸ਼੍ਰੀ ਵੀਰੇਂਦਰ ਮੋਂਗੀਆ, ਖੇਤਰੀ ਮੁਖੀ, ਐਗਜ਼ਿਮ ਬੈਂਕ ਚੰਡੀਗੜ੍ਹ, ਸ਼੍ਰੀ ਮੋਹਿਤ, ਅਸਿਸਟੈਂਟ ਡਾਇਰੈਕਟਰ, ਐੱਮਐੱਸਐੱਮਈ ਡੀਐੱਫਓ ਲੁਧਿਆਣਾ, ਸ਼੍ਰੀਮਤੀ ਅਮਾਨਤ ਰਾਏ, ਡੀਆਈਸੀ ਚੰਡੀਗੜ੍ਹ, ਸ਼੍ਰੀ ਅਨਿਲ ਅਰੋੜਾ, ਚਾਰਟਰਡ ਅਕਾਊਂਟੈਂਟ (ਆਈਸੀਏਆਈ), ਸ਼੍ਰੀਮਤੀ ਅਖਿਲਾ ਅਨਿਲ, ਡੀਐੱਮ (ਐੱਸ ਐਂਡ ਪੀ), ਆਈਆਈਟੀ ਰੋਪੜ, ਸ਼੍ਰੀ ਵਿਸ਼ਾਂਤ ਧੀਮਾਨ, ਏਜੀਐੱਮ, ਐੱਸਬੀਆਈ ਚੰਡੀਗੜ੍ਹ, ਅਤੇ ਸ਼੍ਰੀ ਰਾਜੀਵ ਦੱਤ, ਐੱਲਡੀਐੱਮ, ਪੀਐੱਨਬੀ ਚੰਡੀਗੜ੍ਹ ਸਹਿਤ ਅਨੇਕ ਪਤਵੰਤੇ ਮੌਜੂਦ ਰਹੇ।

ਆਪਣੇ ਉਦਘਾਟਨੀ ਭਾਸ਼ਣ ਵਿੱਚ, ਸ਼੍ਰੀ ਸੂਰਯ ਭੂਸ਼ਣ, ਬ੍ਰਾਂਚ ਇੰਚਾਰਜ, ਨੈਸ਼ਨਲ ਐੱਸਸੀ-ਐੱਸਟੀ ਹੱਬ, ਲੁਧਿਆਣਾ ਨੇ ਪ੍ਰਤੀਭਾਗੀਆਂ ਨੂੰ ਪ੍ਰੋਗਰਾਮ ਦੇ ਉਦੇਸ਼ਾਂ ਬਾਰੇ ਜਾਣਕਾਰੀ ਦਿੰਦੇ ਹੋਏ ਭਾਰਤ ਸਰਕਾਰ ਦੀ ਜਨਤਕ ਖਰੀਦ ਨੀਤੀ ਬਾਰੇ ਵਿਸਤਾਰ ਵਿੱਚ ਦੱਸਿਆ। ਉਨ੍ਹਾਂ ਨੇ ਦੱਸਿਆ ਕਿ ਨੀਤੀ ਦੇ ਤਹਿਤ ਐੱਸਸੀ/ਐੱਸਟੀ-ਮਲਕੀਅਤ ਵਾਲੇ ਐੱਮਐੱਸਈਜ਼ ਤੋਂ 4% ਖਰੀਦਦਾਰੀ ਅਤੇ ਮਹਿਲਾ-ਮਲਕੀਅਤ ਵਾਲੇ ਐੱਮਐੱਸਈ ਤੋਂ 3% ਖਰੀਦਦਾਰੀ ਲਾਜ਼ਮੀ ਕੀਤੀ ਗਈ ਹੈ।

ਇਸ ਪ੍ਰੋਗਰਾਮ ਨੇ ਮੌਜੂਦਾ ਅਤੇ ਸੰਭਾਵਿਤ ਉੱਦਮੀਆਂ ਅਤੇ ਪ੍ਰਮੁੱਖ ਹਿਤਧਾਰਕਾਂ ਵਿਚਕਾਰ ਸਿੱਧੀ ਗੱਲਬਾਤ ਦੀ ਸਹੂਲਤ ਵੀ ਦਿੱਤੀ ਜਿਸ ਵਿੱਚ ਸੀਪੀਐੱਸਈਜ਼, ਐੱਮਐੱਸਐੱਮਈਜ਼, ਵਿੱਤੀ ਸੰਸਥਾਵਾਂ ਅਤੇ ਹੋਰ ਐੱਮਐੱਸਐੱਮਈਜ਼-ਸਹਾਇਤਾ ਕਰਨ ਵਾਲੀਆਂ ਏਜੰਸੀਆਂ ਸ਼ਾਮਲ ਹਨ।

ਪ੍ਰੋਗਰਾਮ ਦੌਰਾਨ ਕਰਵਾਏ ਗਏ ਤਕਨੀਕੀ ਸੈਸ਼ਨਾਂ ਵਿੱਚ ਵਿੱਤੀ ਸਹਾਇਤਾ, ਵਿਕ੍ਰੇਤਾ ਸੂਚੀਬੱਧਤਾ ਪ੍ਰਕਿਰਿਆਵਾਂ, ਖਰੀਦ ਦੇ ਮੌਕਿਆਂ ਅਤੇ ਸਬੰਧਿਤ ਸਹਾਇਕ ਸੇਵਾਵਾਂ ਬਾਰੇ ਮਾਹਰ ਇਨਪੁਟ ਸ਼ਾਮਲ ਸਨ, ਜਿਸ ਨਾਲ ਐੱਮਐੱਸਐੱਮਈ ਈਕੋਸਿਸਟਮ ਵਿੱਚ ਸਹਿਯੋਗ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਸਹਾਇਤਾ ਮਿਲੀ।

# ਵਿਟਾਮਿਨ-ਸੀ ਨਾਲ ਭਰਪੂਰ ਹੁੰਦੀ ਹੈ 'ਹਰੀ ਮਿਰਚ', ਫੇਫੜਿਆਂ ਲਈ ਵੀ ਹੈ ਫਾਇਦੇਮੰਦ





ਜਲੰਧਰ - ਖੂਬਸੂਰਤੀ ਵਧਾਉਣ ਦੇ ਤੁਸੀਂ ਬਹੁਤ ਸਾਰੇ ਨੁਸਖੇ ਜਾਣਦੇ ਹੋਵੋਗੇ ਪਰ ਹਰੀ ਮਿਰਚ ਗੁਣਾਂ ਦਾ ਖਜ਼ਾਨਾ ਹੈ ? ਇਸ ਦੇ ਬਾਰੇ ਤੁਹਾਨੂੰ ਪਤਾ ਨਹੀਂ ਹੋਵੇਗਾ। ਹਰੀ ਮਿਰਚ ਕਈ ਲੋਕ ਬਹੁਤ ਖਾਂਦੇ ਹਨ ਅਤੇ ਕਈ ਇਸ ਤੋਂ ਦੂਰ ਭੱਜਦੇ ਹਨ।ਹਰੀ ਮਿਰਚ 'ਚ ਬਹੁਤ ਸਾਰੇ ਪੋਸ਼ਕ ਤੱਤ ਹੁੰਦੇ ਹਨ, ਜੋ ਸਾਡੀ ਸਿਹਤ ਨੂੰ ਬਿਹਤਰ ਖੂਬਸੂਰਤ ਬਣਾਈ ਰੱਖਣ 'ਚ ਅਤੇ ਰੋਗਾਂ ਨੂੰ ਜੜ੍ਹ ਤੋਂ ਖਤਮ ਕਰਨ 'ਚ ਮਦਦ ਕਰਦੇ ਹਨ। ਹਰੀ ਮਿਰਚ ਬਹੁਤ ਸਾਰੇ ਪੋਸ਼ਕ ਤੱਤ ਜਿਵੇਂ ਵਿਟਾਮਿਨ-ਏ, ਬੀ6, ਸੀ, ਆਇਰਨ, ਕਾਪਰ, ਪੋਟਾਸ਼ਿਅਮ, ਪ੍ਰੋਟੀਨ ਅਤੇ ਕਾਰਬੋਹਾਈਡ੍ਰੇਟ ਨਾਲ ਭਰਪੂਰ ਹੁੰਦੀ ਹੈ। ਹਰੀ ਮਿਰਚ ਦਾ ਸੇਵਨ ਅਚਾਰ,ਚਟਨੀ, ਸਬਜ਼ੀਆਂ ਅਤੇ ਰੋਟੀ ਖਾਣ ਨਾਲ ਵੀ ਕੀਤਾ ਜਾਂਦਾ ਹੈ। ਇਸ 'ਚ ਬੀਟਾ ਕੈਰੋਟੀਨ ਚੀਜ਼ਾਂ ਵੀ ਮੌਜੂਦ ਹੈ। ਹਰੀ ਮਿਰਚ ਨਾਲ ਸਿਹਤ ਨੂੰ ਹੋਣ ਵਾਲੇ ਬਹੁਤ ਸਾਰੇ ਫਾਇਦੇ ਹਨ ਜਿਵੇਂ —

**1. ਖੂਨ ਸਾਫ ਕਰੇ**
ਹਰੀ ਮਿਰਚ ਖਾਣ ਨਾਲ ਖੂਨ ਸਾਫ ਹੁੰਦਾ ਹੈ। ਸ਼ੂਗਰ ਹੋਣ ਦੀ ਸਥਿਤੀ 'ਚ ਵੀ ਹਰੀ ਮਿਰਚ 'ਚ ਬਲੱਡ ਪ੍ਰੈਸ਼ਰ ਦਾ ਪੱਧਰ ਕੰਟਰੋਲ ਰੱਖਣ ਦੇ ਗੁਣ ਮੌਜੂਦ ਹੁੰਦੇ ਹਨ।

**2. ਐਂਟੀ ਬੈਕਟੀਰੀਅਲ ਗੁਣਾਂ ਨਾਲ ਭਰਪੂਰ**
ਹਰੀ ਮਿਰਚ 'ਚ ਐਂਟੀ ਬੈਕਟੀਰੀਅਲ ਗੁਣ ਹੁੰਦੇ ਹਨ, ਜੋ ਕਿਸੇ ਵੀ ਤਰ੍ਹਾਂ ਦੇ ਇਨਫੈਕਸ਼ਨ ਨਾਲ ਸਰੀਰ ਅਤੇ ਚਮੜੀ ਦੀ ਰੱਖਿਆ ਕਰਦੇ ਹਨ।

**3. ਵਿਟਾਮਿਨ-ਸੀ ਨਾਲ ਭਰਪੂਰ**
ਹਰੀ ਮਿਰਚ 'ਚ ਭਰਪੂਰ ਮਾਤਰਾ 'ਚ ਵਿਟਾਮਿਨ-ਸੀ ਹੁੰਦਾ ਹੈ, ਜੋ ਰੋਗਾਂ ਦੇ ਲੜਣ ਦੀ ਸਮਰੱਥਾ 'ਚ ਵਾਧਾ ਕਰਕੇ ਸਾਡੀ ਵਿਰੋਧੀ ਸਮਰੱਥਾ ਨੂੰ ਮਜ਼ਬੂਤ ਬਣਾਉਂਦਾ ਹੈ।

**4. ਕੈਂਸਰ ਤੋਂ ਬਚਾਏ**
ਕੈਂਸਰ ਨਾਲ ਲੜਨ ਅਤੇ ਸਰੀਰ ਨੂੰ ਸੁਰੱਖਿਅਤ ਰੱਖਣ ਲਈ ਹਰੀ ਮਿਰਚ ਬਹੁਤ ਫਾਇਦੇਮੰਦ ਹੁੰਦੀ ਹੈ।

**5. ਫੇਫੜਿਆਂ ਲਈ ਫਾਇਦੇਮੰਦ**
ਹਰੀ ਮਿਰਚ ਦੀ ਵਰਤੋਂ ਨਾਲ ਫੇਫੜਿਆਂ ਦੇ ਕੈਂਸਰ ਦਾ ਖਤਰਾ ਵੀ ਘੱਟ ਹੁੰਦਾ ਹੈ।

**6. ਦਿਮਾਗ ਨੂੰ ਸਿਹਤਮੰਦ ਰੱਖੇ**
ਹਰੀ ਮਿਰਚ ਦਿਮਾਗ ਸੰਚਾਰ ਨੂੰ ਵੀ ਠੀਕ ਕਰਦੀ ਹੈ, ਜਿਸ ਨਾਲ ਸਾਡਾ ਮੂਡ ਕਾਫੀ ਹੱਦ ਤੱਕ ਖੁਸ਼ਨੁਮਾ ਰਹਿਣ 'ਚ ਮਦਦ ਮਿਲਦੀ ਹੈ।

**7. ਭਾਰ ਘਟਾਏ**
ਹਰੀ ਮਿਰਚ ਭਾਰ ਘਟਾਉਣ 'ਚ ਫਾਇਦੇਮੰਦ ਹੋ ਸਕਦੀ ਹੈ। ਹਰੀ ਮਿਰਚ 'ਚ ਕੈਲੋਰੀ ਬਿਲਕੁੱਲ ਨਹੀਂ ਹੁੰਦੀ। ਇਸ ਲਈ ਇਹ ਭਾਰ ਘਟਾਉਣ 'ਚ ਕਾਫੀ ਸਹਾਈ ਹੁੰਦੀ ਹੈ।

**8. ਚਮੜੀ ਲਈ**
ਵਿਟਾਮਿਨ-ਈ ਨਾਲ ਭਰਪੂਰ ਹਰੀ ਮਿਰਚ ਤੁਹਾਡੀ ਚਮੜੀ ਲਈ ਵੀ ਫਾਇਦੇਮੰਦ ਹੁੰਦੀ ਹੈ। ਇਸ ਦੀ ਵਰਤੋਂ ਨਾਲ ਤੁਹਾਡੀ ਚਮੜੀ ਜਵਾਨ ਅਤੇ ਖੂਬਸੂਰਤ ਦਿਖਾਈ ਦਿੰਦੀ ਹੈ।

**9. ਦਿਲ ਸਬੰਧੀ ਰੋਗਾਂ ਨੂੰ ਠੀਕ ਕਰੇ**
ਹਰੀ ਮਿਰਚ ਨਾਲ ਦਿਲ ਨਾਲ ਸੰਬੰਧਤ ਸਾਰੀਆਂ ਬੀਮਾਰੀਆਂ ਠੀਕ ਹੋ ਜਾਂਦੀਆਂ ਹਨ। ਇਸ ਨਾਲ ਹਾਰਟ ਅਟੈਕ ਦਾ ਖਤਰਾ ਵੀ ਘੱਟ ਹੋ ਜਾਂਦਾ ਹੈ।

**10. ਪਾਚਨ ਕਿਰਿਆ**
ਹਰੀ ਮਿਰਚ ਦੀ ਵਰਤੋਂ ਨਾਲ ਪਾਚਨ ਕਿਰਿਆ ਦਰੁਸਤ ਰਹਿੰਦੀ ਹੈ ।ਇਸ ਦੀ ਵਰਤੋਂ ਨਾਲ ਖਾਣਾ ਚੰਗੇ ਤਰੀਕੇ ਨਾਲ ਡਾਇਜੇਸਟ ਹੋ ਜਾਂਦਾ ਹੈ ।

**11. ਹੱਡੀਆਂ ਨੂੰ ਸਿਹਤਮੰਦ ਰੱਖੇ**
ਹਰੀ ਮਿਰਚ 'ਚ ਵਿਟਾਮਿਨ-ਸੀ ਮੌਜੂਦ ਹੁੰਦਾ ਹੈ ਜੋ ਹੱਡੀਆਂ, ਦੰਦਾਂ ਅਤੇ ਅੱਖਾਂ ਲਈ ਵੀ ਫਾਇਦੇਮੰਦ ਹੁੰਦਾ ਹੈ।

# ਸ਼ੂਗਰ ਦੇ ਰੋਗੀਆਂ ਲਈ ਫਾਇਦੇਮੰਦ ਹੁੰਦਾ ਹੈ 'ਧਨੀਏ ਦਾ ਜੂਸ, ਮੋਟਾਪਾ ਵੀ ਕਰਦੈ ਘੱਟ



ਜਲੰਧਰ— ਧਨੀਏ ਦੀ ਵਰਤੋਂ ਅੱਜ ਤੋਂ ਨਹੀਂ ਸਗੋਂ ਸਦੀਆਂ ਤੋਂ ਕੀਤੀ ਜਾ ਰਹੀ ਹੈ। ਧਨੀਆ ਜਿੱਥੇ ਭੋਜਨ ਨੂੰ ਸਜਾਉਣ ਦੇ ਕੰਮ ਆਉਂਦਾ ਹੈ, ਉੱਥੇ ਹੀ ਇਸ ਨਾਲ ਸਿਹਤ ਸਬੰਧੀ ਕੁਝ ਫਾਇਦੇ ਵੀ ਹੁੰਦੇ ਹਨ। ਐਮੀਨੋ ਐਸਿਡ, ਐਂਟੀ ਆਕਸੀਡੈਂਟਸ, ਐਂਜਾਇਮ, ਮਿਨਰਲ, ਪੋਟੈਸ਼ੀਅਮ, ਸੋਡੀਅਮ, ਵਿਟਾਮਿਨ-ਏ, ਬੀ1, ਬੀ2, ਬੀ6 ਅਤੇ ਸੀ ਦੇ ਗੁਣਾਂ ਨਾਲ ਭਰਪੂਰ ਹੋਣ ਦੇ ਕਾਰਨ ਧਨੀਆ ਸਿਹਤ ਨਾਲ ਜੁੜੀਆਂ ਕਈ ਪਰੇਸ਼ਾਨੀਆਂ ਨੂੰ ਵੀ ਦੂਰ ਕਰਨ 'ਚ ਮਦਦ ਕਰਦਾ ਹੈ। ਜੇਕਰ ਧਨੀਏ ਦਾ ਜੂਸ ਰੋਜ਼ ਪੀਤਾ ਜਾਵੇ ਤਾਂ ਇਸ ਨਾਲ ਕਈ ਤਰ੍ਹਾਂ ਦੀਆਂ ਬੀਮਾਰੀਆਂ ਦੂਰ ਰਹਿੰਦੀਆਂ ਹਨ। ਧਨੀਏ ਦਾ ਜੂਸ ਗੁਰਦੇ, ਦਿਲ ਅਤੇ ਚਮੜੀ ਨਾਲ ਸਬੰਧਤ ਕਈ ਸਮਸਿਆਵਾਂ ਤੋਂ ਬਚਾਉਣ 'ਚ ਮਦਦ ਕਰਦਾ ਹੈ। ਅੱਜ ਅਸੀਂ ਤੁਹਾਨੂੰ ਧਨੀਏ ਦਾ ਜੂਸ ਬਣਾਉਣ ਅਤੇ ਉਸ ਤੋਂ ਹੋਣ ਵਾਲੇ ਫਾਇਦਿਆਂ ਬਾਰੇ ਦੱਸਣ ਜਾ ਰਹੇ ਹਾਂ।

**ਇੰਝ ਬਣਾਓ ਧਨੀਏ ਦਾ ਜੂਸ**
ਇੱਕ ਗਲਾਸ ਪਾਣੀ ਓਬਾਲ ਲਓ। ਫਿਰ ਉਸ 'ਚ ਧਨੀਆ ਕੱਟ ਕੇ ਮਿਲਾਓ। ਧਨੀਏ ਨੂੰ ਪਾਣੀ 'ਚ ਚੰਗੀ ਤਰ੍ਹਾਂ ਉਬਾਲ ਲਓ ਅਤੇ ਫਿਰ ਛਾਣ ਲਓ। ਫਿਰ ਇਸ 'ਚ ਨਿਬੂੰ ਦਾ ਰਸ ਅਤੇ ਨਮਕ ਮਿਲਾਓ। ਇਸ ਡਰਿੰਕ ਨੂੰ ਰੋਜ਼ ਪੀਓ।

**1. ਕਿਡਨੀ ਦੀ ਸਮੱਸਿਆ ਤੋਂ ਦੇਵੇਂ ਰਾਹਤ**
ਧਨੀਏ ਦਾ ਜੂਸ ਕਿਡਨੀ ਦੀ ਸਮੱਸਿਆ ਤੋਂ ਵੀ ਰਾਹਤ ਦਿੰਦਾ ਹੈ। ਇਸ ਡਰਿੰਕ ਨੂੰ ਪੀਣ ਨਾਲ ਸਰੀਰ ਦੇ ਜ਼ਹਿਰੀਲੇ ਪਦਾਰਥ ਦੂਰ ਹੁੰਦੇ ਹਨ ਅਤੇ ਕਿਡਨੀ ਦੀ ਸਮੱਸਿਆ ਤੋਂ ਛੁਟਕਾਰਾ ਮਿਲਦਾ ਹੈ।

**2. ਮੋਟਾਪਾ ਕਰੇ ਘੱਟ**
ਧਨੀਏ ਦਾ ਜੂਸ ਮੋਟਾਪਾ ਘੱਟ ਕਰਨ 'ਚ ਵੀ ਲਾਹੇਵੰਦ ਹੁੰਦਾ ਹੈ। ਇਸ 'ਚ ਕੈਲੋਰੀ ਦੀ ਮਾਤਰਾ ਕਾਫੀ ਘੱਟ ਹੁੰਦੀ ਹੈ, ਜਿਸ ਨਾਲ ਸਰੀਰ 'ਚ ਜਮ੍ਹਾ ਵਾਧੂ ਚਰਬੀ ਖਤਮ ਹੁੰਦੀ ਹੈ ਅਤੇ ਮੋਟਾਪਾ ਦੂਰ ਹੁੰਦਾ ਹੈ।

**3. ਦਿਲ ਸਬੰਧੀ ਰੋਗ**
ਇਸ ਡਰਿੰਕ 'ਚ ਪੋਟਾਸ਼ੀਅਮ ਦੀ ਮਾਤਰਾ ਜ਼ਿਆਦਾ ਹੁੰਦੀ ਹੈ, ਜੋ ਦਿਲ ਸਬੰਧੀ ਬੀਮਾਰੀਆਂ ਦੇ ਖਤਰੇ ਨੂੰ ਘੱਟ ਕਰਨ 'ਚ ਸਹਾਈ ਹੈ।

**4. ਅੱਖਾਂ ਲਈ ਫਾਇਦੇਮੰਦ**
ਇਸ ਦੇ ਇਲਾਵਾ ਧਨੀਏ 'ਚ ਵਿਟਾਮਿਨ-ਏ ਭਰਪੂਰ ਮਾਤਰਾ 'ਚ ਹੁੰਦਾ ਹੈ, ਜੋ ਅੱਖਾਂ ਲਈ ਕਾਫੀ ਫਾਇਦੇਮੰਦ ਹੁੰਦਾ ਹੈ। ਇਸ ਡਰਿੰਕ ਨੂੰ ਪੀਣ ਨਾਲ ਮੋਤੀਆਬਿੰਦ ਤੋਂ ਬਚਾਅ ਹੁੰਦਾ ਹੈ।

**5. ਕੋਲੈਸਟਰੋਲ ਨੂੰ ਕੰਟਰੋਲ ਕਰੇ**
ਧਨੀਏ ਦਾ ਜੂਸ ਪੀਣ ਨਾਲ ਕੋਲੈਸਟਰੋਲ ਕੰਟਰੋਲ 'ਚ ਰਹਿੰਦਾ ਹੈ, ਇਸ ਲਈ ਰੋਜ਼ਾਨਾ ਧਨੀਏ ਦਾ ਜੂਸ ਪੀਣਾ ਚਾਹੀਦਾ ਹੈ।

**6. ਸ਼ੂਗਰ**
ਇਸ ਡਰਿੰਕ ਦੀ ਵਰਤੋਂ ਨਾਲ ਸ਼ੂਗਰ ਦੀ ਸਮੱਸਿਆ ਤੋਂ ਵੀ ਛੁਟਕਾਰਾ ਮਿਲਦਾ ਹੈ। ਇਸ ਲਈ ਸ਼ੂਗਰ ਦੇ ਮਰੀਜ ਨੂੰ ਰੋਜ਼ਾਨਾ ਧਨੀਏ ਦਾ ਜੂਸ ਪੀਣਾ ਚਾਹੀਦਾ ਹੈ।

# ਸਕਿਨ ਨੂੰ ਗਲੋਇੰਗ ਬਣਾਉਂਦਾ ਹੈ 'ਨਿੰਬੂ ਪਾਣੀ', ਬਲੱਡ ਪ੍ਰੈਸ਼ਰ ਨੂੰ ਵੀ ਕਰੇ ਕੰਟਰੋਲ

ਜਲੰਧਰ - ਕੁਦਰਤ ਦੇ ਬਹੁਤ ਸਾਰੀ ਦੇਨ ਵਿੱਚੋਂ ਇੱਕ ਫਲ ਹੈ ਨਿੰਬੂ, ਜੋ ਸਾਡੀ ਸਿਹਤ ਲਈ ਬਹੁਤ ਫਾਇਦੇਮੰਦ ਹੁੰਦੇ ਹਨ। ਗਰਮੀ ਦੇ ਮੌਸਮ 'ਚ ਧੁੱਪ ਤੋਂ ਛੁਟਕਾਰਾ ਪਾਉਣ ਲਈ ਨਿੰਬੂ ਪਾਣੀ ਨੂੰ ਬੈਸਟ ਡ੍ਰਿੰਕ ਮੰਨਿਆ ਜਾਂਦਾ ਹੈ। ਕੁਝ ਲੋਕ ਨਿੰਬੂ ਨੂੰ ਸਲਾਦ ਤਾਂ ਕੁਝ ਇਸ ਨੂੰ ਸ਼ਰਬਤ ਆਦਿ 'ਚ ਪਾ ਕੇ ਵਰਤੋਂ ਕਰਦੇ ਹਨ। ਨਿੰਬੂ ਪਾਣੀ ਵਿੱਚ ਕਈ ਤਰ੍ਹਾਂ ਦੇ ਪੋਸ਼ਟਿਕ ਤੱਤ ਮੌਜੂਦ ਹੁੰਦੇ ਹਨ, ਜੋ ਸਰੀਰ ਨੂੰ ਸਿਹਤਮੰਦ ਬਣਾਉਣ ਲਈ ਮਦਦ ਕਰਦੇ ਹਨ। ਨਿੰਬੂ ਨੂੰ ਵਿਟਾਮਨ ਅਤੇ ਮਿਨਰਲਜ਼ ਦਾ ਖਜ਼ਾਨਾ ਮੰਨਿਆ ਜਾਂਦਾ ਹੈ ਅਤੇ ਰੋਜ਼ ਸਵੇਰੇ ਨਿੰਬੂ-ਪਾਣੀ ਪੀਣ ਨਾਲ ਕਈ ਤਰ੍ਹਾਂ ਦੇ ਲਾਭ ਹੁੰਦੇ ਹਨ। ਭਾਰ ਘਟਾਉਣ ਤੋਂ ਲੈ ਕੇ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ ਤਕ ਇਹ ਗਰਮੀਆਂ 'ਚ ਰਾਮਬਾਣ ਮੰਨਿਆ ਜਾਂਦਾ ਹੈ।





ਆਓ ਜਾਣਦੇ ਹਾਂ ਕਿਹੜੇ-ਕਿਹੜੇ ਹਨ ਨਿੰਬੂ ਪਾਣੀ ਪੀਣ ਦੇ ਫਾਇਦੇ

1. ਜ਼ਹਿਰੀਲੇ ਪਦਾਰਥ ਬਾਹਰ ਕੱਢੇ
ਸਰੀਰ 'ਚ ਜਮ੍ਹਾ ਜ਼ਹਿਰੀਲੇ ਪਦਾਰਥ ਸਿਹਤ ਨਾਲ ਜੁੜੀਆਂ ਬਹੁਤ ਸਾਰੀਆਂ ਪ੍ਰੇਸ਼ਾਨੀਆਂ ਦਾ ਕਾਰਨ ਬਣਦੇ ਹਨ। ਇਸ ਨਾਲ ਪੇਟ ਨਾਲ ਜੁੜੀਆਂ ਬਹੁਤ ਸਾਰੀਆਂ ਦਿੱਕਤਾਂ ਵੀ ਆਉਣੀਆਂ ਸ਼ੁਰੂ ਹੋ ਜਾਂਦੀਆਂ ਹਨ। ਇਸ ਮੌਸਮ 'ਚ ਨਿੰਬੂ ਪਾਣੀ ਦੀ ਵਰਤੋਂ ਜ਼ਹਿਰੀਲੇ ਪਦਾਰਥਾਂ ਨੂੰ ਬਾਹਰ ਕੱਢਣ 'ਚ ਮਦਦ ਕਰਦੀ ਹੈ। ਸਵੇਰ ਦੇ ਸਮੇਂ ਇਸ ਦੀ ਵਰਤੋਂ ਕਰਨ ਨਾਲ ਸਾਰਾ ਦਿਨ ਪੇਟ ਸਿਹਤਮੰਦ ਰਹਿੰਦਾ ਹੈ। ਇਸ ਨਾਲ ਪੱਥਰੀ ਬਣਨ ਦੀ ਸਮੱਸਿਆ ਵੀ ਬਹੁਤ ਘੱਟ ਹੋ ਜਾਂਦੀ ਹੈ।

2. ਪਾਚਨ ਤੰਤਰ ਬਿਹਤਰ
ਪਾਚਨ ਤੰਤਰ ਖਰਾਬ ਹੋਵੇ ਤਾਂ ਭੁੱਖ ਨਾ ਲੱਗਣ ਦੀ ਸਮੱਸਿਆ ਹੋ ਸਕਦੀ ਹੈ। ਇਸ ਨਾਲ ਸਰੀਰ 'ਚ ਕਮਜ਼ੋਰੀ ਵੀ ਆਉਣੀ ਸ਼ੁਰੂ ਹੋ ਜਾਂਦੀ ਹੈ। ਜੋ ਲੋਕ ਭੁੱਖ ਨਾ ਲੱਗਣ ਦੀ ਸ਼ਿਕਾਇਤ ਕਰਦੇ ਹਨ ਉਨ੍ਹਾਂ ਨੂੰ ਨਿੰਬੂ ਪਾਣੀ ਦੀ ਵਰਤੋਂ ਕਰਨੀ ਚਾਹੀਦੀ ਹੈ। ਇਹ ਪੇਟ ਦੀ ਸੋਜ, ਡਕਾਰ, ਜਲਣ ਅਤੇ ਗੈਸ ਤੋਂ ਰਾਹਤ ਦਿਵਾਉਂਦਾ ਹੈ।

3. ਬਲੱਡ ਪ੍ਰੈਸ਼ਰ ਨੂੰ ਕੰਟਰੋਲ
ਗਰਮੀ ਦੇ ਮੌਸਮ 'ਚ ਬਲੱਡ ਪ੍ਰੈਸ਼ਰ ਲੋਅ ਰਹਿਣ ਦੀ ਸਮੱਸਿਆ ਆਮ ਹੋ ਜਾਂਦੀ ਹੈ। ਨਿੰਬੂ ਪਾਣੀ ਪੀਣ ਨਾਲ ਬਲੱਡ ਪ੍ਰੈਸ਼ਰ ਠੀਕ ਰਹਿੰਦਾ ਹੈ। ਇਹ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਕੇ ਤਣਾਅ ਨੂੰ ਵੀ ਘੱਟ ਕਰਦਾ ਹੈ। ਚੱਕਰ ਅਤੇ ਉਲਟੀ ਆਉਣ 'ਤੇ ਵੀ ਨਿੰਬੂ ਪਾਣੀ ਫਾਇਦੇਮੰਦ ਰਹਿੰਦਾ ਹੈ। ਦਿਨ 'ਚ ਘੱਟ ਤੋਂ ਘੱਟ ਇੱਕ ਵਾਰ ਨਿੰਬੂ ਪਾਣੀ ਜ਼ਰੂਰ ਪੀਓ।

4. ਸਕਿਨ ਨੂੰ ਬਣਾਏ ਗਲੋਇੰਗ
ਸਕਿਨ ਦੀ ਸਮੱਸਿਆ ਮਤਲੱਬ ਆਇਲੀ ਸਕਿਨ, ਮੁਹਾਸੇ, ਕਾਲੇਪਨ ਤੋਂ ਪ੍ਰੇਸ਼ਾਨ ਹੋ ਤਾਂ ਇਹ ਦਾ ਬਿਹਤਰ ਉਪਾਅ ਹੈ ਨਿੰਬੂ ਪਾਣੀ। ਇਸ 'ਚ ਮੌਜੂਦ ਐਂਟੀਆਕਸੀਡੈਂਟ ਦੇ ਗੁਣ ਸਕਿਨ ਨੂੰ ਡਿਟਾਕਸ ਕਰਨ ਦਾ ਵੀ ਕੰਮ ਕਰਦੇ ਹਨ। ਜਿਸ ਨਾਲ ਚਿਹਰੇ 'ਚ ਰੰਗਤ ਆਉਣੀ ਸ਼ੁਰੂ ਹੋ ਜਾਂਦੀ ਹੈ।

5. ਮਸੂੜਿਆਂ ਦੇ ਦਰਦ ਤੋਂ ਛੁਟਕਾਰਾ
ਜੇ ਤੁਹਾਡੇ ਮਸੂੜਿਆਂ 'ਚ ਦਰਦ ਹੋਵੇ ਤਾਂ ਇਸ ਦੇ ਰਸ ਨਾਲ ਮਸਾਜ਼ ਕਰੋ। ਮਸੂੜਿਆਂ 'ਚ ਜਖਮ ਹੋਣ 'ਤੇ ਵੀ ਤੁਸੀਂ ਇਸ ਦੇ ਰਸ ਨਾਲ ਮਸਾਜ਼ ਕਰ ਸਕਦੇ ਹੋ। ਇਸ ਨਾਲ ਬਹੁਤ ਫਾਇਦਾ ਮਿਲਦਾ ਹੈ।

6. ਗਲੇ ਦੀ ਖਰਾਸ਼ ਦੂਰ
ਗਲੇ 'ਚ ਖਰਾਸ਼ ਹੋਣ 'ਤੇ ਗਰਮ ਪਾਣੀ 'ਚ ਨਿੰਬੂ ਦਾ ਰਸ ਮਿਲਾ ਕੇ ਪੀਣ ਨਾਲ ਕਾਫੀ ਰਾਹਤ ਮਿਲਦੀ ਹੈ। ਇਹ ਇਨਫੈਕਸ਼ਨ ਤੋਂ ਬਚਾਅ ਕਰਨ ਦਾ ਕੰਮ ਕਰਦਾ ਹੈ।

# ਸਾਵਧਾਨ : ਵਿਟਾਮਿਨ ਡੀ ਦੀ ਕਮੀ ਵਾਲੇ ਲੋਕਾਂ 'ਚ ਕੋਰੋਨਾ ਦਾ ਖਤਰਾ ਜ਼ਿਆਦਾ

ਵਾਸਿੰਗਟਨ -ਗਲੋਬਲ ਪੱਧਰ 'ਤੇ ਫੈਲੀ ਕੋਵਿਡ-19 ਮਹਾਮਾਰੀ ਨੇ ਭਾਰੀ ਤਬਾਹੀ ਮਚਾਈ ਹੋਈ ਹੈ। ਇਸ ਖਤਰਨਾਕ ਵਾਇਰਸ ਨੂੰ ਲੈਕੇ ਹੁਣ ਤੱਕ ਕੋਈ ਵੈਕਸੀਨ ਤਿਆਰ ਨਹੀਂ ਕੀਤੀ ਜਾ ਸਕੀ ਹੈ। ਉੱਥੇ ਇੱਕ ਸ਼ੁਰੂਆਤੀ ਅਧਿਐਨ ਵਿੱਚ ਸਾਹਮਣੇ ਆਇਆ ਹੈ ਕਿ ਵਿਟਾਮਿਨ ਡੀ ਦੀ ਕਮੀ ਵਾਲੇ ਲੋਕਾਂ ਦੇ ਕੋਰੋਨਾਵਾਇਰਸ ਦੀ ਚਪੇਟ ਵਿੱਚ ਆਉਣ ਦਾ ਖਦਸ਼ਾ ਜ਼ਿਆਦਾ ਹੈ ਅਤੇ ਇਸ ਕਾਰਨ ਉਹਨਾਂ ਦੀ ਜਾਨ ਤੱਕ ਜਾ ਸਕਦੀ ਹੈ।




ਸ਼ੋਧ ਵਿੱਚ ਕੋਵਿਡ-19 ਇਨਫੈਕਸ਼ਨ ਦਰ ਅਤੇ ਉਸ ਨਾਲ ਹੋਣ ਵਾਲੀ ਮੌਤ ਦਰ ਦੇ ਨਾਲ 20 ਯੂਰਪੀ ਦੇਸ਼ਾਂ ਦੇ ਨਾਗਰਿਕਾਂ ਦੇ ਵਿਟਾਮਿਨ ਡੀ ਦੇ ਔਸਤ ਪੱਧਰ ਨਾਲ ਤੁਲਨਾ ਕੀਤੀ ਗਈ। ਇਸ ਵਿੱਚ ਸਾਹਮਣੇ ਆਇਆ ਕਿ ਜਿਹੜੇ ਦੇਸ਼ਾਂ ਦੇ ਨਾਗਰਿਕਾਂ ਵਿੱਚ ਵਿਟਾਮਿਨ ਡੀ ਦੀ ਕਮੀ ਹੈ ਉੱਥੇ ਕੋਵਿਡ-19 ਇਨਫੈਕਸ਼ਨ ਅਤੇ ਉਸ ਨਾਲ ਹੋਣ ਵਾਲੀ ਮੌਤ ਦਰ ਜ਼ਿਆਦਾ ਹੈ। ਭਾਵੇਂਕਿ ਹੁਣ ਤੱਕ ਇਸ ਅਧਿਐਨ ਦੀ ਹੋਰ ਵਿਗਿਆਨੀਆਂ ਵੱਲੋਂ ਸਮੀਖਿਆ ਅਤੇ ਜਾਂਚ ਨਹੀਂ ਕੀਤੀ ਗਈ ਹੈ। ਉਹ ਇਸ ਗੱਲ ਨੂੰ ਪੂਰੀ ਤਰ੍ਹਾਂ ਸਾਬਤ ਕਰਨ ਵਿੱਚ ਅਸਮਰੱਥ ਹਨ ਕਿ ਵਿਟਾਮਿਨ ਡੀ ਦੀ ਕਮੀ ਹੀ ਕੋਰੋਨਾ ਇਨਫੈਕਸ਼ਨ ਅਤੇ ਉਸ ਨਾਲ ਹੋਣ ਵਾਲੀ ਮੌਤ ਦੇ ਪਿੱਛੇ ਦਾ ਕਾਰਨ ਹੈ।

# ਚੰਗੀ ਖੁਰਾਕ ਵੀ ਕੋਵਿਡ-19 ਨਾਲ ਲੱੜਣ ਲਈ ਮਦਦਗਾਰ : ਅਧਿਐਨ

ਵਾਸ਼ਿੰਗਟਨ - ਇੱਕ ਨਵੇਂ ਅਧਿਐਨ ਵਿੱਚ ਪਤਾ ਲੱਗਾ ਹੈ ਕਿ ਅਜਿਹੀ ਖੁਰਾਕ, ਜਿਸ ਵਿੱਚ ਵਿਟਾਮਿਨ ਸੀ ਅਤੇ ਵਿਟਾਮਿਨ ਡੀ ਹੁੰਦਾ ਹੈ ਉਹ ਕੋਵਿਡ-19 ਜਿਹੇ ਵਾਇਰਸ ਅਤੇ ਸਾਹ ਪ੍ਰਣਾਲੀ (ਰੈਸਪਰੇਟਰੀ ਸਿਸਟਮ) ਨਾਲ ਜੁੜੀਆਂ ਹੋਰ ਬੀਮਾਰੀਆਂ ਨਾਲ ਲੱੜਣ ਲਈ ਸਰੀਰ ਦੇ ਇਮਿਊਨ ਸਿਸਟਮ ਵਿੱਚ ਪ੍ਰਭਾਵੀ ਭੂਮਿਕਾ ਨਿਭਾ ਸਕਦੇ ਹਨ। 'ਨਿਊਟ੍ਰਿਐਂਟਸ' ਜਨਰਲ ਵਿੱਚ ਇਹ ਅਧਿਐਨ ਪ੍ਰਕਾਸ਼ਿਤ ਹੋਇਆ ਹੈ। ਅਮਰੀਕਾ ਦੀ ਓਰੇਗਨ ਸਟੇਟ ਯੂਨੀਵਰਸਿਟੀ ਦੇ ਪ੍ਰੋਫੈਸਰ ਐਡ੍ਰੀਅਨ ਗੋਮਬਾਰਟ ਮੁਤਾਬਕ, ਪੂਰੀ ਦੁਨੀਆ ਵਿੱਚ ਇੱਕ ਸਾਲ ਵਿੱਚ ਸਾਹ ਪ੍ਰਣਾਲੀ ਤੋਂ ਪ੍ਰਭਾਵਿਤ 25 ਲੱਖ ਤੋਂ ਜ਼ਿਆਦਾ ਲੋਕਾਂ ਦੀ ਮੌਤ ਹੋ ਜਾਂਦੀ ਹੈ।



ਉਨ੍ਹਾਂ ਨੇ ਆਖਿਆ ਕਿ, ਇਸ ਵਿੱਚਾਲੇ ਬਹੁਤ ਸਾਰੇ ਅੰਕੜੇ ਹਨ ਜੋ ਇਹ ਦਿਖਾਉਂਦੇ ਹਨ ਚੰਗੀ ਖੁਰਾਕ ਇਮਿਊਨ ਸਿਸਟਮ ਦੀ ਸਮਰੱਥਾ ਨੂੰ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਇੱਕ ਸਮਾਜ ਦੇ ਤੌਰ 'ਤੇ ਸਾਨੂੰ ਇਹ ਸੰਦੇਸ਼ ਹੋਰ ਅਹਿਮ ਸੰਦੇਸ਼ਾਂ ਦੇ ਨਾਲ ਅੱਗੇ ਵਧਾਉਣ ਦਾ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਖਾਸ ਤਰ੍ਹਾਂ ਦੇ ਵਿਟਾਮਿਨ, ਮਿਨਰਲਸ ਅਤੇ ਫੈਟੀ ਐਸਿਡਸ ਸਰੀਰ ਦੀ ਇਮਿਊਨਿਟੀ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਖੋਜਕਾਰਾਂ ਮੁਤਾਬਕ, ਵਿਟਾਮਿਨ ਸੀ, ਵਿਟਾਮਿਨ ਡੀ., ਜ਼ਿੰਕ ਅਤੇ ਮਛਲੀਆਂ ਵਿੱਚ ਪਾਇਆ ਜਾਣ ਵਾਲੇ ਓਮੇਗਾ-3 ਫੈਟੀ ਐਸਿਡ ਅਚੇ ਡੀ. ਐਚ. ਏ. ਖਾਸ ਤੌਰ 'ਤੇ ਇਮਿਊਨਿਟੀ ਬਣਾਏ ਰੱਖਣ ਅਤੇ ਉਸ ਦੇ ਕੰਮ ਕਰਨ ਲਈ ਜ਼ਰੂਰੀ ਹੈ।

ਇਸ ਖੋਜ ਵਿੱਚ ਬ੍ਰਿਟੇਨ ਵਿੱਚ ਸਾਓਥੇਮਪਟਨ ਯੂਨੀਵਰਸਿਟੀ, ਨਿਊਜ਼ੀਲੈਂਡ ਦੀ ਓਟਾਗੋ ਯੂਨੀਵਰਸਿਟੀ ਅਤੇ ਨੀਦਰਲੈਂਡ ਦੀ ਯੂਨੀਵਰਸਿਟੀ ਮੈਡੀਕਲ ਕੇਂਦਰ ਦੇ ਖੋਜਕਾਰਾਂ ਨੇ ਹਿੱਸਾ ਲਿਆ ਸੀ। ਗੋਮਬਾਰਟ ਆਖਦੇ ਹਨ ਕਿ ਵਿਟਾਮਿਨ ਸੀ ਅਤੇ ਵਿਟਾਮਿਨ ਡੀ ਦੀ ਇਮਿਊਨਿਟੀ ਸਮਰੱਥਾ ਵਧਾਉਣ ਦੀ ਭੂਮਿਕਾ ਦੇ ਬਾਰੇ ਵਿੱਚ ਸਾਰੇ ਜਾਣਦੇ ਹਨ। ਉਨ੍ਹਾਂ ਆਖਿਆ ਕਿ ਇਮਿਊਨਿਟੀ ਸਮਰੱਥਾ ਨੂੰ ਧਿਆਨ ਵਿੱਚ ਰੱਖ ਕੇ ਦਿੱਤੀ ਜਾਣ ਵਾਲੀ ਖੁਰਾਕ ਕਈ ਤਰ੍ਹਾਂ ਦੇ ਵਾਇਰਸਾਂ ਦੇ ਪ੍ਰਭਾਵ ਨੂੰ ਘੱਟ ਕਰਨ ਵਿੱਚ ਮਦਦ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ, ਵਰਤਮਾਨ ਵਿੱਚ ਕੋਰੋਨਾਵਾਇਰਸ ਕਾਰਨ ਵੱਡੀ ਗਿਣਤੀ ਵਿੱਚ ਲੋਕਾਂ ਦੇ ਸਾਹ ਲੈਣ ਵਿੱਚ ਤਕਲੀਫ ਕਾਰਨ ਮੌਤ ਤੋਂ ਇਹ ਸਪੱਸ਼ਟ ਹੈ ਕਿ ਅਸੀਂ ਜੋ ਕਰ ਰਹੇ ਹਾਂ ਉਹ ਲੋੜੀਂਦਾ ਨਹੀਂ ਹੈ। ਉਨ੍ਹਾਂ ਆਖਿਆ ਕਿ ਅਸੀਂ ਮੈਡੀਕਲ ਅਧਿਕਾਰੀਆਂ ਨੂੰ ਉਨ੍ਹਾਂ ਦੇ ਤਰਕਸ਼ ਵਿੱਚ ਪੋਸ਼ਣ ਸਬੰਧੀ ਰਣਨੀਤੀਆਂ ਨੂੰ ਵੀ ਸ਼ਾਮਲ ਕਰਨ ਦੀ ਸਲਾਹ ਦਿੰਦੇ ਹਾਂ।

# ਦਿਲ ਲਈ ਤੰਬਾਕੂ ਸਿਗਰਟ ਜਿੰਨੀ ਹੀ ਖਤਰਨਾਕ ਹੈ ਈ-ਸਿਗਰਟ



ਵਾਸ਼ਿੰਗਟਨ : ਸਿਹਤ ਮਾਹਰਾਂ ਵੱਲੋਂ ਨਸ਼ੀਲੇ ਪਦਾਰਥਾਂ ਨੂੰ ਮਨੁੱਖੀ ਸਿਹਤ ਲਈ ਖਤਰਨਾਕ ਦੱਸਿਆ ਗਿਆ ਹੈ। ਮਾਹਰਾਂ ਵੱਲੋਂ ਕੀਤੀ ਇੱਕ ਰਿਸਰਚ ਵਿੱਚ ਸਾਹਮਣੇ ਆਇਆ ਹੈਕਿ ਈ-ਸਿਗਰਟ ਵੀ ਦਿਲ ਲਈ ਉਨੀ ਹੀ ਖਤਰਨਾਕ ਹੈ ਜਿੰਨੀ ਤੰਬਾਕੂ ਸਿਗਰਟ ਹੁੰਦੀ ਹੈ। ਅਮਰੇਕਿਨ ਹਾਰਟ ਐਸੋਸੀਏਸ਼ਨ ਦੇ ਜਰਨਲ ਵਿੱਚ ਪ੍ਰਕਾਸ਼ਿਤ ਇੱਕ ਰਿਸਰਚ ਵਿੱਚ ਇਹ ਗੱਲ ਸਾਹਮਣੇ ਆਈ ਹੈ। ਬੋਸਟਨ ਯੂਨੀਵਰਸਿਟੀ ਸਕੂਲ ਆਫ ਮੈਡੀਸਨ ਵਿੱਚ ਸਹਾਇਕ ਪ੍ਰੋਫੈਸਰ ਜੇਸਿਕਾ ਐਲ ਫਿਟਰਮੈਨ ਨੇ ਆਪਣੇ ਅਧਿਐਨ ਵਿੱਚ ਕਿਹਾ ਹੈ ਕਿ ਕਈ ਲੋਕਾਂ ਨੂੰ ਲੱਗਦਾ ਹੈ ਕਿ ਈ-ਸਿਗਰਟ ਜ਼ਿਆਦਾ ਖਤਰਨਾਕ ਨਹੀਂ ਹੁੰਦੀ ਅਤੇ ਇਹ ਤੰਬਾਕੂ ਵਾਲੀਆਂ ਸਿਗਰਟਾਂ ਦੀ ਤੁਲਨਾ ਵਿੱਚ ਜ਼ਿਆਦਾ ਸੁਰੱਖਿਅਤ ਹੈ। ਜ਼ਿਆਦਾਤਰ ਲੋਕ ਇਸ ਲਈ ਈ-ਸਿਗਰਟ ਪੀਣਾ ਸ਼ੁਰੂ ਕਰ ਦਿੰਦੇ ਹਨ ਕਿਉਂਕਿ ਉਹਨਾਂ ਨੂੰ ਲੱਗਦਾ ਹੈ ਕਿ ਇਸ ਨਾਲ ਸਿਹਤ ਨੂੰ ਨੁਕਸਾਨ ਨਹੀਂ ਹੋਵੇਗਾ।

ਫਿਟਰਮੈਨ ਨੇ ਕਿਹਾ,"ਇਸ ਵਿੱਚ ਵਿਗਿਆਨਕ ਅਧਿਐਨਾਂ ਤੋਂ ਇਹ ਗੱਲ ਨਿਕਲ ਕੇ ਸਾਹਮਣੇ ਆਈ ਹੈ ਕਿ ਜ਼ਿਆਦਾ ਸਮੇਂ ਤੱਕ ਈ-ਸਿਗਰਟ ਪੀਣਾ ਸੁਰੱਖਿਅਤ ਨਹੀਂ ਹੈ ਕਿਉਂਕਿ ਦਿਲ ਦੀਆਂ ਬੀਮਾਰੀਆਂ ਦਾ ਖਤਰਾ ਇਸ ਨਾਲ ਕਾਫੀ ਜ਼ਿਆਦਾ ਵੱਧ ਜਾਂਦਾ ਹੈ।" ਫਿਟਰਮੈਨ ਅਤੇ ਉਹਨਾਂ ਦੇ ਸਾਥੀਆਂ ਨੇ 400 ਤੋਂ ਵੀ ਵਧੇਰੇ ਔਰਤਾਂ ਅਤੇ ਪੁਰਸ਼ਾਂ 'ਤੇ ਅਧਿਐਨ ਕੀਤਾ ਹੈ ਜਿਹਨਾਂ ਦੀ ਉਮਰ 21 ਸਾਲ ਤੋਂ 45 ਸਾਲ ਦੇ ਵਿੱਚ ਹੈ। ਇਹਨਾਂ ਲੋਕਾਂ ਵਿੱਚ ਦਿਲ ਨਾਲ ਸਬੰਧਤ ਬੀਮਾਰੀਆਂ ਦਾ ਪਤਾ ਚੱਲਿਆ ਹੈ। ਇਸ ਅਧਿਐਨ ਵਿੱਚ ਜਿਹੜੇ ਲੋਕਾਂ ਨੂੰ ਸ਼ਾਮਲ ਕੀਤਾ ਗਿਆ ਹੈ ਉਹਨਾਂ ਵਿੱਚ 94 ਸਿਗਰਟ ਨਹੀਂ ਪੀਂਦੇ ਹਨ, 285 ਸਿਗਰਟ ਪੀਣ ਵਾਲੇ ਹਨ, 36 ਲੋਕ ਈ-ਸਿਗਰਟ ਪੀਂਦੇ ਹਨ ਅਤੇ 52 ਲੋਕ ਈ-ਸਿਗਰਟ ਅਤੇ ਤੰਬਾਕੂ ਸਿਗਰਟ ਦੋਵੇਂ ਪੀਂਦੇ ਹਨ।

ਫਿਟਰਮੈਨ ਨੇ ਦੱਸਿਆ ਕਿ ਅਸੀਂ ਈ-ਸਿਗਰਟ ਅਤੇ ਦੋਹਾਂ ਤਰ੍ਹਾਂ ਦੀਆਂ ਸਿਗਰਟ ਪੀਣ ਵਾਲਿਆਂ ਦੀਆਂ ਖੂਨ ਦੀਆਂ ਨਾੜੀਆਂ ਦਾ ਅਧਿਐਨ ਕੀਤਾ। ਇਹ ਲੋਕ ਘੱਟੋ-ਘੱਟ 3 ਮਹੀਨੇ ਤੋਂ ਈ-ਸਿਗਰਟ ਦੀ ਵਰਤੋਂ ਕਰ ਰਹੇ ਸਨ। ਇਹਨਾਂ ਵਿੱਚੋਂ ਜ਼ਿਆਦਾਤਰ ਅਧਿਐਨਾਂ ਵਿੱਚ ਦੇਖਿਆ ਗਿਆ ਹੈ ਕਿ ਈ-ਸਿਗਰਟ ਦੀ ਤੇਜ਼ ਵਰਤੋਂ ਦਾ ਪ੍ਰਭਾਵ ਖੂਨ ਦੀਆਂ ਨਾੜੀਆਂ ਦੇ ਕੰਮਾਂ 'ਤੇ ਪੈਂਦਾ ਹੈ ਜਦਕਿ ਸਾਡੇ ਅਧਿਐਨ ਵਿੱਚ ਨੌਜਵਾਨ ਸਿਹਤਮੰਦ ਬਾਲਗਾਂ ਵਿੱਚ ਈ-ਸਿਗਰਟ ਦੀ ਵਰਤੋਂ ਨਾਲ ਖੂਨ ਦੀਆਂ ਨਾੜੀਆਂ ਦੇ ਕੰਮ ਦਾ ਮੁਲਾਂਕਣ ਕੀਤਾ ਗਿਆ ਹੈ। ਨਾੜੀਆਂ ਨੂੰ ਸਖਤ ਕਰਨ ਨਾਲ ਸੈੱਲਾਂ ਸਮੇਤ ਛੋਟੀਆਂ ਖੂਨ ਦੀਆਂ ਨਾੜੀਆਂ ਨੂੰ ਨੁਕਸਾਨ ਹੋ ਸਕਦਾ ਹੈ ਅਤੇ ਦਿਲ 'ਤੇ ਵਾਧੂ ਤਣਾਅ ਪੈਂਦਾ ਹੈ ਜਿਸ ਨਾਲ ਦਿਲ ਸੰਬੰਧੀ ਰੋਗ ਦੀਆਂ ਸੰਭਾਵਨਾਵਾਂ ਪੈਦਾ ਹੋ ਸਕਦੀਆਂ ਹਨ। ਸ਼ੋਧ ਕਰਤਾਵਾਂ ਨੇ ਇਹ ਵੀ ਪਾਇਆ ਕਿ ਖੂਨ ਦੀਆਂ ਨਾੜੀਆਂ ਨੂੰ ਲੜੀਬੱਧ ਕਰਨ ਵਾਲੀ ਐਂਡੋਥੇਲਿਯਲ ਸੈੱਲ, ਸਮਾਨ ਰੂਪ ਨਾਲ ਨੁਕਸਾਨਿਆ ਦਿਖਾਈ ਦਿੰਦਾ ਹੈ ਭਾਵੇਂ ਲੋਕ ਈ-ਸਿਗਰਟ ਪੀਣ ਜਾਂ ਜਲਣਸ਼ੀਲ ਸਿਗਰਟ ਜਾਂ ਦੋਹਾਂ ਦੀ ਵਰਤੋਂ ਕਰਦੇ ਹੋਣ।

ਅਧਿਐਨ ਮੁਤਾਬਕ ਈ-ਸਿਗਰਟ ਅਤੇ ਤੰਬਾਕੂ ਸਿਗਰਟ ਪੀਣ ਵਾਲਿਆਂ ਵਿੱਚ ਐਂਡੋਥੇਲਿਯਲ ਸੈੱਲ, ਤੰਬਾਕੂ ਨਾ ਲੈਣ ਵਾਲਿਆਂ ਦੀ ਤੁਲਨਾ ਵਿੱਚ ਦਿਲ ਸੁਰੱਖਿਆਤਮਕ ਯੌਗਿਕ ਨਾਈਟ੍ਰਿਕ ਆਕਸਾਈਡ ਦਾ ਘੱਟ ਉਤਪਾਦਨ ਕਰਦੀ ਹੈ। ਇਸ ਨਾਲ ਸੈੱਲਾਂ ਦੇ ਵਿਭਿੰਨ ਹਿੱਸੇ ਨੁਕਸਾਨੇ ਜਾ ਸਕਦੇ ਹਨ ਜਿਵੇਂਕਿ ਪ੍ਰੋਟੀਨ ਅਤੇ ਡੀ.ਐੱਨ.ਏ.। ਫਿਟਰਮੈਨ ਨੇ ਕਿਹਾ ਕਿ ਸਾਡੇ ਅਧਿਐਨ ਨਾਲ ਇਹ ਗੱਲ ਸਾਹਮਣੇ ਆਈ ਹੈਕਿ ਇਸ ਗੱਲ ਦਾ ਕੋਈ ਸਬੂਤ ਨਹੀਂ ਹੈ ਕਿ ਈ-ਸਿਗਰਟ ਦੀ ਵਰਤੋਂ ਦਿਲ ਦੀ ਸੱਟ, ਕਮਜ਼ੋਰੀ ਜਾਂ ਨੁਕਸਾਨ ਨੂੰ ਘੱਟ ਕਰਦਾ ਹੈ। ਇਹ ਵੀ ਉਨਾਂ ਹੀ ਅਸਰ ਪਾਉਂਦਾ ਹੈ ਜਿੰਨਾ ਤੰਬਾਕੂ ਸਿਗਰਟ।

# ਜ਼ੁਕਾਮ ਅਤੇ ਫਲੂ ਤੋਂ ਬਚਾਉਂਦਾ 'ਅਨਾਨਾਸ ਦਾ ਜੂਸ', ਜਾਣੋ ਹੋਰ ਵੀ ਕਈ ਫਾਇਦੇ

ਜਲੰਧਰ - ਅਨਾਨਾਸ ਬਹੁਤ ਹੀ ਰਸੀਲਾ ਅਤੇ ਖੱਟਾ-ਮਿੱਠਾ ਫਲ ਹੈ। ਖੂਨ ਦੀ ਕਮੀ ਹੋਣ 'ਤੇ ਅਨਾਨਾਸ ਦਾ ਜੂਸ ਬਹੁਤ ਹੀ ਫਾਇਦੇਮੰਦ ਹੁੰਦਾ ਹੈ। ਇਸ 'ਚ ਵਿਟਾਮਿਨ ਏ, ਕੈਲਸ਼ੀਅਮ, ਪੋਟਾਸ਼ੀਅਮ, ਵਿਟਾਮਿਨ ਸੀ, ਫਾਈਬਰ, ਐਂਟੀ-ਆਕਸਜੀਡੈਂਟ, ਫਾਸਫੋਰਸ ਆਦਿ ਭਰਪੂਰ ਮਾਤਰਾ 'ਚ ਮੌਜੂਦ ਹੁੰਦੇ ਹਨ। ਇਸ 'ਚ ਕੈਲੋਰੀ ਦੀ ਮਾਤਰਾ ਘੱਟ ਹੋਣ ਕਾਰਨ ਇਹ ਡਾਇਟਿੰਗ ਕਰਨ ਲਈ ਬਹੁਤ ਹੀ ਫਾਇਦੇਮੰਦ ਹੁੰਦਾ ਹੈ। ਇਸ ਤੋਂ ਇਲਾਵਾ ਇਹ ਪਾਚਨ ਤੰਤਰ ਨੂੰ ਮਜ਼ਬੂਤ ਕਰਨ, ਰੋਗ ਪ੍ਰਤੀਰੋਧਕ ਸ਼ਮਤਾ 'ਤੇ ਬਹੁਤ ਪ੍ਰਭਾਵ ਪਾਉਂਦਾ ਹੈ। ਤੁਸੀਂ ਇਸ ਦੀ ਵਰਤੋਂ ਕੱਚਾ, ਜੂਸ ਜਾਂ ਫਿਰ ਪਕਾ ਕੇ ਵੀ ਕਰ ਸਕਦੇ ਹੋ। ਅੱਜ ਅਸੀਂ ਤੁਹਾਨੂੰ ਰੋਜ਼ਾਨਾ ਅਨਾਨਾਸ ਦੀ ਵਰਤੋਂ ਨਾਲ ਸਰੀਰ ਨੂੰ ਹੋਣ ਵਾਲੇ ਫਾਇਦਿਆਂ ਬਾਰੇ ਦੱਸਣ ਜਾ ਰਹੇ ਹਾਂ

**1. ਅੱਖਾਂ ਦੀ ਰੌਸ਼ਨੀ ਵਧਾਏ**
ਅਨਾਨਾਸ 'ਚ ਵਿਟਾਮਿਨ ਏ ਅਤੇ ਬੀਟਾ ਕੈਰਟੀਨ ਭਰਪੂਰ ਹੋਣ ਕਾਰਨ ਇਹ ਅੱਖਾਂ ਨੂੰ ਲੰਬੇ ਸਮੇਂ ਤੱਕ ਸਿਹਤਮੰਦ ਰੱਖਣ ਅਤੇ ਰੌਸ਼ਨੀ ਨੂੰ ਵਧਾਉਣ 'ਚ ਮਦਦ ਕਰਦਾ ਹੈ। ਇਹ ਅੱਖਾਂ ਨੂੰ ਮੋਤਿਆਬਿੰਦ ਅਤੇ ਰਾਤ ਦੇ ਅੰਨੇਪਨ ਤੋਂ ਬਚਾਈ ਰੱਖਦਾ ਹੈ।

**2. ਇਮਿਊਨ ਸਿਸਟਮ ਨੂੰ ਵਧਾਏ**
ਅਨਾਨਾਸ 'ਚ ਵਿਟਾਮਿਨ ਸੀ ਦੀ ਕਾਫੀ ਮਾਤਰਾ 'ਚ ਹੁੰਦਾ ਹੈ, ਜੋ ਇੰਮਿਊਨ ਸਿਸਟਮ ਦੇ ਕਾਰਜ ਦੀ ਸ਼ਮਤਾ ਨੂੰ ਵਧਾਉਂਦਾ ਹੈ। ਇਹ ਸਰੀਰ ਦੀ ਵੱਖ-ਵੱਖ ਤਰ੍ਹਾਂ ਦੇ ਵਾਇਰਸ ਤੋਂ ਰੱਖਿਆ ਕਰਦਾ ਹੈ ਅਤੇ ਜ਼ੁਕਾਮ ਅਤੇ ਫਲੂ ਤੋਂ ਬਚਾਉਂਦਾ ਹੈ।

**3. ਬਲੱਡ ਸਰਕੁਲੇਸ਼ਨ ਵਧਾਏ**
ਇਸ 'ਚ ਬ੍ਰੋਮੇਲੇਨ, ਪੋਟਾਸ਼ੀਅਮ ਅਤੇ ਕਾਪਰ ਕਾਫੀ ਮਾਤਰਾ 'ਚ ਹੁੰਦਾ ਹੈ, ਜੋ ਬਲੱਡ ਸਰਕੁਲੇਸ਼ਨ ਵਧਾਉਣ ਲਈ ਵਧੀਆ ਉਪਾਅ ਹੈ। ਇਸ ਦੀ ਵਰਤੋਂ ਕਰਨ ਨਾਲ ਰੈੱਡ ਬਲੱਡ ਸੈੱਲਸ ਅਤੇ ਆਕਸੀਜ਼ਨ ਫਲੋ ਵਧਦਾ ਹੈ।

**4. ਕੁਦਰਕੀ ਐਂਟੀ-ਇੰਫਲੀਮੇਟਰੀ**
ਅਨਾਨਾਸ ਨਾਲ ਸਰੀਰ ਨੂੰ ਬ੍ਰੋਮੇਲੇਨ ਮਿਲਦਾ ਹੈ ਜੋ ਸਰੀਰ 'ਚ ਸੋਜ ਨੂੰ ਘੱਟ ਕਰਦਾ ਹੈ। ਜੇ ਤੁਹਾਡੇ ਸਰੀਰ 'ਚ ਪੁਰਾਣੀ ਸੋਜ ਹੈ ਤਾਂ ਇਹ ਕਈ ਬੀਮਾਰੀਆਂ ਦਾ ਕਾਰਨ ਬਣ ਸਕਦੀ ਹੈ। ਇਸ ਸਮੱਸਿਆ ਤੋਂ ਬਚਣ ਲਈ ਜ਼ਿਆਦਾ ਤੋਂ ਜ਼ਿਆਦਾ ਅਨਾਨਾਸ ਖਾਓ।

**5. ਭਾਰ ਘਟਾਉਣ 'ਚ ਮਦਦ ਕਰੇ**
ਮੋਟਾਪੇ ਤੋਂ ਪ੍ਰੇਸ਼ਾਨ ਲੋਕਾਂ ਲਈ ਅਨਾਨਾਸ ਬਹੁਤ ਹੀ ਵਧੀਆ ਉਪਾਅ ਹੈ। ਇਸ 'ਚ ਬਹੁਤ ਹੀ ਘੱਟ ਮਾਤਰਾ 'ਚ ਕੈਲੋਰੀ ਅਤੇ ਬਿਲਕੁਲ ਵੀ ਫੈਟ ਨਹੀਂ ਹੁੰਦੀ। ਇਸ ਨਾਲ ਭਾਰ ਆਸਾਨੀ ਨਾਲ ਘੱਟ ਹੋ ਜਾਂਦਾ ਹੈ।



**6. ਸਰੀਰ ਨੂੰ ਹਾਈਡ੍ਰੇਟ ਰੱਖੇ**
ਅਨਾਨਾਸ 'ਚ 87 ਪ੍ਰਤੀਸ਼ਤ ਪਾਣੀ ਹੁੰਦਾ ਹੈ ਜੋ ਸਰੀਰ ਨੂੰ ਹਾਈਡ੍ਰੇਟ ਕਰਨ ਦਾ ਵਧੀਆ ਸਰੋਤ ਹੈ। ਹਾਈਡ੍ਰੇਸ਼ਨ ਹੋਣ ਨਾਲ ਪਾਚਨ ਕਿਰਿਆ ਬਿਹਤਰ ਹੁੰਦੀ ਹੈ ਅਤੇ ਸਕਿਨ ਲਚਕਦਾਰ ਬਣਦੀ ਹੈ।

**7. ਪਾਚਨ ਕਿਰਿਆ ਵਧਾਏ**
ਇਸ 'ਚ ਫਾਈਬਰ ਅਤੇ ਪਾਣੀ ਦੀ ਮਾਤਰਾ ਜ਼ਿਆਦਾ ਹੋਣ ਕਾਰਨ ਇਹ ਪਾਚਨ ਕਿਰਿਆ ਵਧਾਉਂਦਾ ਹੈ। ਇਸ ਤੋਂ ਇਲਾਵਾ ਇਸ 'ਚ ਬ੍ਰੋਮੇਲੇਨ ਹੁੰਦਾ ਹੈ, ਜੋ ਪ੍ਰੋਟੀਨ ਦੇ ਪਾਚਨ 'ਚ ਸਹਾਈ ਹੈ। ਇਸ ਲਈ ਇਸ ਨੂੰ ਰੋਜ਼ਾਨਾ ਆਪਣੀ ਡਾਈਟ 'ਚ ਸ਼ਾਮਲ ਕਰੋ।

**8. ਹੱਡੀਆਂ ਨੂੰ ਕਰੇ ਮਜ਼ਬੂਤ**
ਮੈਗਨੀਜ ਹੱਡੀਆਂ ਨੂੰ ਸਿਹਤਮੰਦ ਰੱਖਣ ਲਈ ਬਹੁਤ ਜ਼ਰੂਰੀ ਹੈ ਜੋ ਅਨਾਨਾਸ 'ਚ ਭਰਪੂਰ ਮਾਤਰਾ 'ਚ ਹੁੰਦਾ ਹੈ। 1 ਕੱਪ ਅਨਾਨਾਸ ਸਰੀਰ ਨੂੰ 158 ਪ੍ਰਤੀਸ਼ਤ ਮੈਗਨੀਜ ਦਿੰਦਾ ਹੈ ਜੋ ਹੱਡੀਆਂ ਦੀ ਮੁਰੰਮਤ ਕਰਦਾ ਹੈ।

**9. ਸੋਜ ਅਤੇ ਮਸੂੜਿਆਂ ਲਈ**
ਮਸੂੜਿਆਂ 'ਚ ਸੋਜ ਕਾਰਨ ਹੋਣ ਵਾਲੀ ਦਰਦ ਨੂੰ ਹਟਾਉਣ ਲਈ ਅਨਾਨਾਸ ਇੱਕ ਵਧੀਆ ਐਂਟੀਡੋਟ ਹੈ। ਇਸ 'ਚ ਐਂਟੀ-ਆਕਸੀਡੈਂਟ ਗੁਣ ਹੁੰਦੇ ਹਨ ਜੋ ਸੋਜ ਹਟਾ ਕੇ ਬੈਕਟੀਰੀਆ ਨੂੰ ਖਤਮ ਕਰਦਾ ਹੈ।

**10. ਐਨਰਜੀ**
ਸਰੀਰ 'ਚ ਐਨਰਜੀ ਬਣਾਈ ਰੱਖਣ ਲਈ ਅਨਾਨਾਸ ਬਹੁਤ ਹੀ ਫਾਇਦੇਮੰਦ ਹੁੰਦਾ ਹੈ। ਚਾਹੇ ਅਨਾਨਾਸ 'ਚ ਕੈਲੋਰੀ ਹੁੰਦੀ ਹੈ ਪਰ ਇਹ ਕੁਦਰਤੀ ਫਰੂਟ ਸ਼ੂਗਰ ਦਾ ਚੰਗਾ ਸਰੋਤ ਹੈ ।ਇਸ ਦੇ 1 ਕੱਪ 'ਚ 82 ਕੈਲੋਰੀ ਹੁੰਦੀ ਹੈ। ਨਾਲ ਹੀ ਇਸ 'ਚ 7% ਕੁਦਰਤੀ ਕਾਰਬੋਹਾਈਡ੍ਰੇਟ ਊਰਜਾ ਹੁੰਦੀ ਹੈ।

# ਇਸ਼ਕ ਦਾ ਸ਼ੋਲੇ ਵਾਲਾ ਸੀਨ ਸੜਕ 'ਤੇ ਵੀਰੂ ਬਣਿਆ ਪ੍ਰੇਮੀ, ਗੱਬਰ ਬਣੇ ਘਰਵਾਲ

**ਕਰਨਾਲ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਪਾਣੀਪਤ ਵਿੱਚ ਇੱਕ ਨਾਬਾਲਿਗ ਕੁੜੀ ਨੂੰ ਨਾਲ ਲੈ ਕੇ ਘੁੰਮ ਰਹੇ ਇਕ ਨੌਜਵਾਨ ਦੀ ਕੁੜੀ ਦੇ ਪਰਿਵਾਰਕ ਮੈਂਬਰਾਂ ਨੇ ਸੜਕ ਵਿਚਕਾਰ ਜ਼ਬਰਦਸਤ ਕੁੱਟਮਾਰ ਕਰ ਦਿੱਤੀ। ਇਹ ਘਟਨਾ ਜੀਟੀ ਰੋਡ 'ਤੇ ਹੋਈ, ਜਿੱਥੇ ਪਰਿਵਾਰ ਵਾਲਿਆਂ ਨੇ ਨੌਜਵਾਨ ਨੂੰ ਘੇਰ ਲਿਆ ਅਤੇ ਕੁੜੀ ਦੇ ਸਾਹਮਣੇ ਹੀ ਉਸ 'ਤੇ ਥੱਪੜਾਂ ਅਤੇ ਮੁੱਕਿਆਂ ਦੀ ਬਰਸਾਤ ਕਰ ਦਿੱਤੀ।

ਇਸ ਦੌਰਾਨ ਨਾਬਾਲਿਗ ਲਗਾਤਾਰ ਰੋਂਦੀ ਰਹੀ ਅਤੇ ਨੌਜਵਾਨ ਨੂੰ ਬਚਾਉਣ ਦੀ ਮਿੰਨਤਾਂ ਕਰਦੀ ਰਹੀ, ਪਰ ਗੁੱਸੇ ਵਿੱਚ ਭਰੇ ਪਰਿਵਾਰਕ ਮੈਂਬਰ ਨਹੀਂ ਮੰਨੇ।

ਹਾਈਵੇ 'ਤੇ ਹੰਗਾਮਾ ਵਧਦਾ ਦੇਖ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਨੌਜਵਾਨ ਨੂੰ ਆਪਣੇ ਨਾਲ ਥਾਣੇ ਲੈ ਗਈ।

ਜਾਣਕਾਰੀ ਮੁਤਾਬਕ, ਕਰਨਾਲ ਦੇ ਘਰੌਂਡਾ ਥਾਣਾ ਖੇਤਰ ਦੀ 15 ਸਾਲਾ ਕੁੜੀ ਦਾ ਪਿੰਡ ਦੇ ਹੀ ਇਕ ਨੌਜਵਾਨ ਨਾਲ ਪ੍ਰੇਮ ਸੰਬੰਧ ਸੀ। ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਨੌਜਵਾਨ ਪਿੰਡ ਵਿੱਚ ਗੰਨਾ ਖਰੀਦਣ ਆਉਂਦਾ ਸੀ, ਇਸ ਦੌਰਾਨ ਦੋਵਾਂ ਦੀ ਜਾਣ-ਪਛਾਣ ਹੋਈ ਅਤੇ ਬਾਅਦ ਵਿੱਚ ਮਾਮਲਾ ਪ੍ਰੇਮ ਸੰਬੰਧ ਤੱਕ ਪਹੁੰਚ ਗਿਆ। ਕਰੀਬ 6 ਮਹੀਨੇ ਪਹਿਲਾਂ ਨੌਜਵਾਨ ਕੁੜੀ ਨੂੰ ਆਪਣੇ ਨਾਲ ਲੈ ਗਿਆ ਸੀ। ਕੁੜੀ ਦੇ ਪਰਿਵਾਰ ਨੇ ਉਸਦੀ ਗੁਮਸ਼ੁਦਗੀ ਦੀ ਸ਼ਿਕਾਇਤ ਪੁਲਿਸ ਵਿੱਚ ਦਰਜ ਕਰਵਾਈ ਸੀ ਅਤੇ ਉਸ ਵੇਲੇ ਤੋਂ ਪੁਲਿਸ ਅਤੇ ਪਰਿਵਾਰ ਦੋਵੇਂ ਉਹਨਾਂ ਦੀ ਤਲਾਸ਼ ਕਰ ਰਹੇ ਸਨ।

ਦੱਸਿਆ ਜਾ ਰਿਹਾ ਹੈ ਕਿ ਦੋਵੇਂ ਪਿਛਲੇ ਛੇ ਮਹੀਨਿਆਂ ਤੋਂ ਇਕੱਠੇ ਰਹਿ ਰਹੇ ਸਨ। ਕੁੜੀ ਦੀ ਮਾਂ ਦੇ ਅਨੁਸਾਰ, ਇਸ ਦੌਰਾਨ ਦੋਵਾਂ ਨੇ ਕਿਸੇ ਮੰਦਰ ਵਿੱਚ ਵਿਆਹ ਵੀ ਕਰ ਲਿਆ ਸੀ।

ਕੁਝ ਦਿਨ ਪਹਿਲਾਂ ਕੁੜੀ ਨੇ ਆਪਣੀ ਮਾਂ ਨੂੰ ਇੰਸਟਾਗ੍ਰਾਮ ਰਾਹੀਂ ਕਾਲ ਕਰਕੇ ਸੰਪਰਕ ਕੀਤਾ। ਇਸ ਤੋਂ ਬਾਅਦ ਪਰਿਵਾਰ ਨੇ ਪੁਲਿਸ ਨੂੰ ਜਾਣਕਾਰੀ ਦਿੱਤੀ। ਪੁਲਿਸ ਨੇ ਪਰਿਵਾਰ ਨੂੰ ਕੁੜੀ ਨਾਲ ਸੰਪਰਕ ਬਣਾਈ ਰੱਖਣ ਦੀ ਸਲਾਹ ਦਿੱਤੀ।

ਇਸ ਤੋਂ ਬਾਅਦ ਕੁੜੀ ਨੇ ਪਰਿਵਾਰ ਨੂੰ ਮਿਲਣ ਦੀ ਇੱਛਾ ਜਤਾਈ, ਜਿਸ 'ਤੇ ਪਰਿਵਾਰ ਵਾਲਿਆਂ ਨੇ ਉਸਨੂੰ ਪਾਣੀਪਤ ਬੁਲਾ ਲਿਆ। ਕੁੜੀ ਦੇ ਨਾਲ ਨੌਜਵਾਨ ਵੀ ਮੌਜੂਦ ਸੀ। ਜਿਵੇਂ ਹੀ ਪਰਿਵਾਰ ਵਾਲਿਆਂ ਨੇ ਕੁੜੀ ਨੂੰ ਆਪਣੇ ਨਾਲ ਲੈ ਜਾਣ ਦੀ ਕੋਸ਼ਿਸ਼ ਕੀਤੀ, ਕੁੜੀ ਨੇ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਨੌਜਵਾਨ ਅਤੇ ਪਰਿਵਾਰਕ ਮੈਂਬਰਾਂ ਵਿਚਕਾਰ ਬਹਿਸ ਹੋ ਗਈ, ਜੋ ਦੇਖਦੇ ਹੀ ਦੇਖਦੇ ਮਾਰਪੀਟ ਵਿੱਚ ਬਦਲ ਗਈ।

ਚਸ਼ਮਦੀਦਾਂ ਮੁਤਾਬਕ, ਗੁੱਸੇ ਵਿੱਚ ਭਰੇ ਪਰਿਵਾਰ ਵਾਲਿਆਂ ਨੇ ਨੌਜਵਾਨ ਨੂੰ ਸੜਕ 'ਤੇ ਸੁੱਟ ਕੇ ਕੁੱਟਣਾ ਸ਼ੁਰੂ ਕਰ ਦਿੱਤਾ। ਮਾਰਪੀਟ ਦੌਰਾਨ ਨੌਜਵਾਨ ਦੀ ਅੱਖ ਦੇ ਉੱਪਰ ਚੋਟ ਵੀ ਲੱਗੀ। ਆਸ-ਪਾਸ ਮੌਜੂਦ ਲੋਕਾਂ ਨੇ ਕਿਸੇ ਤਰ੍ਹਾਂ ਵਿਚਕਾਰ ਪੈ ਕੇ ਮਾਮਲਾ ਸ਼ਾਂਤ ਕਰਵਾਇਆ। ਸੂਚਨਾ ਮਿਲਣ 'ਤੇ ਪਾਣੀਪਤ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਨੌਜਵਾਨ ਨੂੰ ਹਿਰਾਸਤ ਵਿੱਚ ਲੈ ਕੇ ਥਾਣੇ ਲੈ ਗਈ।

ਨੌਜਵਾਨ ਦਾ ਕਹਿਣਾ ਹੈ ਕਿ ਕੁੜੀ ਆਪਣੀ ਮਰਜ਼ੀ ਨਾਲ ਉਸਦੇ ਨਾਲ ਗਈ ਸੀ ਅਤੇ ਉਸਨੇ ਕਈ ਵਾਰ ਉਸਨੂੰ ਵਾਪਸ ਜਾਣ ਲਈ ਕਿਹਾ ਸੀ, ਪਰ ਉਹ ਨਹੀਂ ਮੰਨੀ। ਨੌਜਵਾਨ ਨੇ ਦਾਅਵਾ ਕੀਤਾ ਕਿ ਦੋਵਾਂ ਨੇ ਆਪਣੀ ਮਰਜ਼ੀ ਨਾਲ ਮੰਦਰ ਵਿੱਚ ਵਿਆਹ ਕੀਤਾ ਸੀ।

ਉੱਥੇ ਹੀ, ਘਰੌਂਡਾ ਥਾਣਾ ਇੰਚਾਰਜ ਦੀਪਕ ਕੁਮਾਰ ਨੇ ਦੱਸਿਆ ਕਿ ਕੁੜੀ ਨੂੰ ਉਸਦੇ ਪਰਿਵਾਰ ਵਾਲੇ ਆਪਣੇ ਨਾਲ ਲੈ ਗਏ ਹਨ, ਜਦਕਿ ਨੌਜਵਾਨ ਨੂੰ ਪੁੱਛਗਿੱਛ ਲਈ ਪੁਲਿਸ ਆਪਣੇ ਨਾਲ ਲੈ ਕੇ ਆਈ ਹੈ। ਕੁੜੀ ਦੇ ਬਿਆਨ ਦਰਜ ਕੀਤੇ ਜਾਣਗੇ, ਜਿਸ ਦੇ ਆਧਾਰ 'ਤੇ ਅੱਗੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਭਾਰਤ ਬਿਜਲੀ ਦੇ ਖੇਤਰ ਵਿੱਚ ਨਾ ਸਿਰਫ਼ ਆਤਮ-ਨਿਰਭਰ ਸਗੋਂ ਦੂਜੇ ਦੇਸ਼ਾਂ ਨੂੰ ਵੀ ਬਿਜਲੀ ਦੇਣ ਵਿੱਚ ਸਮਰੱਥ : ਮਨੋਹਰ ਲਾਲ

## ਨੌਵੀਂ ਤੋਂ ਬਾਰ੍ਹਵੀਂ ਜਮਾਤ ਵਿੱਚ ਪੜ੍ਹਨ ਲਈ ਦੂਜੇ ਪਿੰਡਾਂ ਦੇ ਸਕੂਲਾਂ ਵਿੱਚ ਜਾਣ ਵਾਲੀਆਂ ਗਰੀਬ ਪਰਿਵਾਰਾਂ ਦੀਆਂ 500 ਲੜਕੀਆਂ ਨੂੰ ਮੁਫ਼ਤ ਉਪਲਬਧ ਕਰਵਾਈ ਜਾਵੇਗੀ ਸਾਈਕਲ : ਮਨੋਹਰ ਲਾਲ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਊਰਜਾ ਅਤੇ ਸ਼ਹਿਰੀ ਵਿਕਾਸ ਮੰਤਰੀ ਸ੍ਰੀ ਮਨੋਹਰ ਲਾਲ ਨੇ ਕਿਹਾ ਕਿ ਦੇਸ਼ ਵਿੱਚ ਬਿਜਲੀ ਦੀ ਕੋਈ ਕਮੀ ਨਹੀਂ ਹੈ। ਹੁਣ ਭਾਰਤ ਬਿਜਲੀ ਦੇ ਖੇਤਰ ਵਿੱਚ ਨਾ ਸਿਰਫ਼ ਆਤਮ-ਨਿਰਭਰ ਹੋ ਰਿਹਾ ਹੈ, ਸਗੋਂ ਦੂਜੇ ਦੇਸ਼ਾਂ ਨੂੰ ਵੀ ਬਿਜਲੀ ਦੇਣ ਵਿੱਚ ਸਮਰੱਥ ਹੈ। ਜਦੋਂ ਕਿ ਪਹਿਲਾਂ ਵਿਰੋਧੀ ਧਿਰ ਦੀ ਸਰਕਾਰ ਦੇ ਸਮੇਂ ਦੇਸ਼ ਵਿੱਚ ਬਿਜਲੀ ਦਾ ਸੰਕਟ ਬਣਿਆ ਰਹਿੰਦਾ ਸੀ ਅਤੇ ਹਰਿਆਣਾ ਵੀ ਇਸ ਤੋਂ ਅਛੂਤਾ ਨਹੀਂ ਸੀ। ਖਾਸ ਤੌਰ 'ਤੇ ਗਰਮੀ ਦੇ ਦਿਨਾਂ ਵਿੱਚ ਤਾਂ ਬਿਜਲੀ ਦੇ ਕੱਟਾਂ ਤੋਂ ਲੋਕ ਇੰਨੇ ਪਰੇਸ਼ਾਨ ਹੁੰਦੇ ਸਨ ਕਿ ਉਹ ਸੜਕਾਂ 'ਤੇ ਜਾਮ ਲਗਾਉਣ ਲਈ ਮਜਬੂਰ ਹੋ ਜਾਂਦੇ ਸਨ। ਜਦੋਂ ਕਿ ਵਰਤਮਾਨ ਵਿੱਚ ਅੱਜ ਪ੍ਰਦੇਸ਼ ਦੇ ਲਗਭਗ ਸਾਰੇ ਪਿੰਡਾਂ ਵਿੱਚ 'ਮ੍ਹਾਰਾ ਗਾਓਂ-ਜਗਮਗ ਗਾਓਂ' ਤਹਿਤ 24 ਘੰਟੇ ਬਿਜਲੀ ਮਿਲ ਰਹੀ ਹੈ।

ਕੇਂਦਰੀ ਮੰਤਰੀ ਮਨੋਹਰ ਲਾਲ ਐਤਵਾਰ ਨੂੰ ਕਰਨਾਲ ਵਿੱਚ ਆਪਣੇ ਧੰਨਵਾਦੀ ਦੌਰੇ ਦੌਰਾਨ ਬੋਲ ਰਹੇ ਸਨ। ਉਨ੍ਹਾਂ ਨੇ ਅਸੰਧ ਵਿਧਾਨ ਸਭਾ ਖੇਤਰ ਦੇ ਪਿੰਡਾਂ ਬਾਲੂ, ਮੰਜੂਰਾ, ਔਗੰਦ, ਕਤਲਾਹੇੜੀ, ਜੁੰਡਲਾ ਅਤੇ ਪਿਚੌਲੀਆ ਵਿੱਚ ਪਹੁੰਚ ਕੇ ਲੋਕ ਸਭਾ ਚੋਣਾਂ ਵਿੱਚ ਜੇਤੂ ਬਣਾਉਣ ਲਈ ਲੋਕਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ।

ਉਨ੍ਹਾਂ ਉਕਤ ਪਿੰਡਾਂ ਵਿੱਚ ਲਾਇਬ੍ਰੇਰੀ ਅਤੇ ਸ਼ਮਸ਼ਾਨਘਾਟ ਦੇ ਰਸਤੇ ਨੂੰ ਪੱਕਾ ਕਰਨ, ਚਾਰਦੀਵਾਰੀ, ਸ਼ੈੱਡ ਅਤੇ ਪੀਣ ਵਾਲੇ ਪਾਣੀ ਦੀ ਵਿਵਸਥਾ ਕਰਵਾਉਣ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਜਿਨ੍ਹਾਂ ਪਿੰਡਾਂ ਦੀਆਂ ਗਰੀਬ ਪਰਿਵਾਰਾਂ ਦੀਆਂ ਲੜਕੀਆਂ ਪੜ੍ਹਨ ਲਈ ਸਕੂਲਾਂ ਵਿੱਚ ਪੈਦਲ ਜਾਂਦੀਆਂ ਹਨ, ਅਜਿਹੀਆਂ ਬੱਚੀਆਂ ਲਈ ਸਕੂਲ ਦੇ ਮੁੱਖ ਅਧਿਆਪਕ ਅਤੇ ਪ੍ਰਿੰਸੀਪਲ ਨਾਲ ਮਿਲ ਕੇ ਨੌਵੀਂ ਤੋਂ ਲੈ ਕੇ ਬਾਰ੍ਹਵੀਂ ਜਮਾਤ ਵਿੱਚ ਪੜ੍ਹਨ ਵਾਲੀਆਂ 500 ਲੜਕੀਆਂ ਦੀ ਸੂਚੀ ਤਿਆਰ ਕੀਤੀ ਜਾਵੇ ਤਾਂ ਜੋ ਉਨ੍ਹਾਂ ਨੂੰ ਮੁਫ਼ਤ ਸਾਈਕਲ ਉਪਲਬਧ ਕਰਵਾਈ ਜਾ ਸਕੇ।

ਉਨ੍ਹਾਂ ਸਮਾਜਿਕ ਤਾਣੇ-ਬਾਣੇ ਨੂੰ ਲੈ ਕੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਜਾਤੀ ਭੇਦਭਾਵ ਤੋਂ ਉੱਪਰ ਉੱਠ ਕੇ ਏਕਤਾ, ਸਮਰਸਤਾ, ਆਪਸੀ ਪਿਆਰ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਅਤੇ ਰੂੜੀਵਾਦੀ ਸੋਚ ਵਿੱਚ ਬਦਲਾਅ ਲਿਆਉਣ। ਉਨ੍ਹਾਂ ਕਿਹਾ ਕਿ ਜਾਤੀ-ਭੇਦਭਾਵ ਦੇ ਖਿਲਾਫ 'ਕੋਈ ਨਹੀਂ ਬੋਲੇਗਾ, ਮਨੋਹਰ ਲਾਲ ਬੋਲੇਗਾ'। ਉਨ੍ਹਾਂ ਕਿਹਾ ਕਿ ਉਹ ਕਿਸੇ ਵੀ ਜਾਤੀ ਦੇ ਵਿਅਕਤੀ ਦਾ ਅੰਤਿਮ ਸੰਸਕਾਰ ਵੱਖ-ਵੱਖ ਸਥਾਨਾਂ ਦੀ ਬਜਾਏ ਪਿੰਡ ਵਿੱਚ ਇੱਕ ਹੀ ਸਾਂਝੇ ਸ਼ਮਸ਼ਾਨਘਾਟ ਵਿੱਚ ਕਰਨ। ਕਿਉਂਕਿ ਮਰਨ ਤੋਂ ਬਾਅਦ ਤਾਂ ਹਰ ਇਨਸਾਨ ਦੀ ਆਤਮਾ ਪਰਮਪਿਤਾ ਪਰਮਾਤਮਾ ਦੇ ਸ੍ਰੀ ਚਰਨਾਂ ਵਿੱਚ ਲੀਨ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜਾਤੀ ਦੇ ਆਧਾਰ 'ਤੇ ਬਣੇ ਸ਼ਮਸ਼ਾਨਘਾਟਾਂ ਦੀ ਜਗ੍ਹਾ ਪਿੰਡ ਵਿੱਚ ਆਧੁਨਿਕ ਸਹੂਲਤਾਂ ਨਾਲ ਲੈਸ 'ਸ਼ਿਵਧਾਮ' ਬਣਾਏ ਜਾਣ, ਉਸ ਲਈ ਸਰਕਾਰ ਵੱਲੋਂ ਫੰਡ ਉਪਲਬਧ ਕਰਵਾਇਆ ਜਾਵੇਗਾ ਅਤੇ ਪਿੰਡ ਦੇ ਲੋਕ ਵੀ ਸਹਿਯੋਗ ਕਰਨ।ਉਨ੍ਹਾਂ ਦੇਸ਼



ਵਿੱਚ ਬਿਜਲੀ ਦੀ ਵਰਤਮਾਨ ਸਥਿਤੀ ਬਾਰੇ ਕਿਹਾ ਕਿ 21 ਮਈ ਨੂੰ ਦੇਸ਼ ਵਿੱਚ ਸਭ ਤੋਂ ਵੱਧ ਬਿਜਲੀ ਸਪਲਾਈ ਕੀਤੀ ਗਈ। ਮੰਗ ਅਨੁਸਾਰ 270.80 ਗੀਗਾਵਾਟ ਬਿਜਲੀ ਦੀ ਨਿਰਵਿਘਨ ਸਪਲਾਈ ਕੀਤੀ ਗਈ। ਅੱਜ ਦੇ ਦਿਨ ਦੇਸ਼ ਵਿੱਚ 283 ਗੀਗਾਵਾਟ ਦੀ ਉਪਲਬਧਤਾ ਹੈ, ਆਉਣ ਵਾਲੇ ਸਮੇਂ ਵਿੱਚ 300 ਗੀਗਾਵਾਟ ਸਮਰੱਥਾ ਲਈ ਤਿਆਰ ਰਹਿਣ ਦੇ ਨਿਰਦੇਸ਼ ਹਨ। ਉਨ੍ਹਾਂ ਕਿਹਾ ਕਿ ਅੱਜ ਤੋਂ ਦਸ ਸਾਲ ਪਹਿਲਾਂ 250 ਗੀਗਾਵਾਟ ਦੀ ਡਿਮਾਂਡ ਪੂਰੀ ਕਰਨ ਦੀ ਸਮਰੱਥਾ ਵੀ ਦੇਸ਼ ਦੀ ਨਹੀਂ ਸੀ। ਉਨ੍ਹਾਂ ਕਿਹਾ ਕਿ ਸਾਲ 2014 ਵਿੱਚ ਪ੍ਰਦੇਸ਼ ਵਿੱਚ 34 ਫੀਸਦੀ ਲਾਈਨ ਲੋਸ ਸਨ। ਬਿਜਲੀ ਕੰਪਨੀਆਂ ਦੇ ਇਸ ਘਾਟੇ ਨੂੰ ਘੱਟ ਕਰਕੇ 11 ਫੀਸਦੀ ਕੀਤਾ ਗਿਆ। ਉਨ੍ਹਾਂ ਸੱਦਾ ਦਿੱਤਾ ਕਿ ਅੱਜ ਸਮਾਂ ਬਦਲ ਰਿਹਾ ਹੈ, ਊਰਜਾ ਦੇ ਸਰੋਤ ਵੀ ਬਦਲ ਰਹੇ ਹਨ। ਅੱਜ ਖਾਣਾ ਬਣਾਉਣ ਦੇ ਭਾਂਡਿਆਂ ਤੋਂ ਲੈ ਕੇ ਚੱਲਣ ਲਈ ਵਾਹਨ ਵੀ ਈ.ਵੀ (5੭) ਉਪਲਬਧ ਹਨ। ਸਰਕਾਰ ਦੀ 'ਪੀਐਮ ਸੂਰਜ ਘਰ' ਯੋਜਨਾ ਤਹਿਤ ਸਾਰੇ ਘਰਾਂ ਵਿੱਚ ਤਿੰਨ ਕਿਲੋਵਾਟ ਦੇ ਸੋਲਰ ਪੈਨਲ ਲਗਾਏ ਜਾ ਰਹੇ ਹਨ। ਖੇਤਾਂ ਵਿੱਚ ਵੀ ਸਿੰਚਾਈ ਲਈ ਸੋਲਰ ਪੰਪ ਲਗਾਓ ਅਤੇ ਲੋੜ ਤੋਂ ਜ਼ਿਆਦਾ ਬਿਜਲੀ ਦਾ ਉਤਪਾਦਨ ਕਰਕੇ ਉਸਨੂੰ ਸਰਕਾਰ ਨੂੰ ਵੇਚ ਕੇ ਆਪਣੀ ਆਮਦਨ ਨੂੰ ਵੀ ਵਧਾਓ।ਉਨ੍ਹਾਂ ਕਿਹਾ ਕਿ ਅੱਜ ਪੜ੍ਹਾਈ ਦਾ ਜ਼ਮਾਨਾ ਹੈ। ਨੌਜਵਾਨ ਪੀੜ੍ਹੀ ਲਈ ਸਿੱਖਿਆ ਜ਼ਰੂਰੀ ਹੈ। ਇਸਦੇ ਲਈ ਸਕੂਲੀ ਸਿੱਖਿਆ ਦੇ ਨਾਲ-ਨਾਲ ਪਿੰਡ ਵਿੱਚ ਹੀ ਕੋਚਿੰਗ ਸੈਂਟਰ ਵਰਗੀ ਸਹੂਲਤ ਉਪਲਬਧ ਕਰਵਾਉਣ ਲਈ ਜ਼ਿਲ੍ਹੇ ਦੀਆਂ ਸਾਰੀਆਂ 395 ਗ੍ਰਾਮ ਪੰਚਾਇਤਾਂ ਵਿੱਚ ਲਾਇਬ੍ਰੇਰੀ ਖੁਲ੍ਹਵਾਈ ਜਾਵੇਗੀ ਤਾਂ ਜੋ ਨੌਜਵਾਨਾਂ ਨੂੰ ਨੌਕਰੀ ਦੀ ਤਿਆਰੀ ਕਰਨ ਲਈ ਪਿੰਡ ਪੱਧਰ 'ਤੇ ਹੀ ਸਹੂਲਤ ਉਪਲਬਧ ਹੋ ਸਕੇ।

ਉਨ੍ਹਾਂ ਕਿਹਾ ਕਿ ਪੇਂਡੂ ਖੇਤਰ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਪਿੰਡ ਵਿੱਚ ਹੀ ਕੋਚਿੰਗ ਸੈਂਟਰ ਵਰਗੀਆਂ ਸਹੂਲਤਾਂ ਮਿਲਣ, ਇਸ ਲਈ ਜ਼ਿਲ੍ਹੇ ਦੀਆਂ ਸਾਰੀਆਂ ਗ੍ਰਾਮ ਪੰਚਾਇਤਾਂ ਵਿੱਚ ਲਾਇਬ੍ਰੇਰੀ ਖੋਲ੍ਹਣ ਦਾ ਫੈਸਲਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪਿੰਡ ਪੱਧਰ ਦੇ ਕੰਮ ਗ੍ਰਾਮ-ਪੰਚਾਇਤ, ਪ੍ਰਦੇਸ਼ ਦੇ ਕੰਮ ਵਿਧਾਇਕ ਅਤੇ ਕੇਂਦਰ ਸਰਕਾਰ ਦੇ ਕੰਮ ਸੰਸਦ ਮੈਂਬਰ ਰਾਹੀਂ ਕਰਵਾਏ ਜਾਂਦੇ ਹਨ। ਇਸ ਲਈ ਕੇਂਦਰ ਸਰਕਾਰ ਦੇ ਕੰਮ ਕਰਵਾਉਣ ਲਈ ਮੈਂ ਤੁਹਾਡਾ ਸੇਵਕ ਬਣ ਕੇ ਕੰਮ ਕਰਵਾਵਾਂਗਾ ਅਤੇ ਇਸੇ ਤਰ੍ਹਾਂ ਪ੍ਰਦੇਸ਼ ਦੇ ਕੰਮ ਵਿਧਾਇਕ ਅਤੇ ਗ੍ਰਾਮ-ਪੰਚਾਇਤ ਦੇ ਕੰਮ ਸਰਪੰਚ ਕਰਵਾਉਣ ਲਈ ਜ਼ਿੰਮੇਵਾਰ ਹੈ। ਉਨ੍ਹਾਂ ਕਿਹਾ ਕਿ ਪੇਂਡੂ ਵਿਕਾਸ ਲਈ ਪੈਸੇ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਗ੍ਰਾਮ-ਪੰਚਾਇਤ ਪੂਰੀ ਇਮਾਨਦਾਰੀ ਦੇ ਨਾਲ ਪੈਸੇ ਦੀ ਸਹੀ ਵਰਤੋਂ ਕਰੇ ਅਤੇ ਲੋੜ ਅਨੁਸਾਰ ਪਿੰਡ ਦੇ ਵਿਕਾਸ ਕਾਰਜਾਂ ਨੂੰ ਪੂਰਾ ਕਰਵਾਏ।

# ਇਸ ਵਾਰ ਇੱਕ ਹ਼ਫਤਾ ਪਹਿਲਾਂ 28 ਮਈ ਤੋਂ ਸ਼ੁਰੂ ਹੋਵੇਗੀ ਸੂਰਜਮੁਖੀ ਦੀ ਖਰੀਦ : ਖੇਤੀਬਾੜੀ ਮੰਤਰੀ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਇਸ ਵਾਰ ਇੱਕ ਹਫ਼ਤਾ ਪਹਿਲਾਂ 28 ਮਈ ਤੋਂ ਸੂਰਜਮੁਖੀ ਦੀ ਖਰੀਦ ਸ਼ੁਰੂ ਕਰਨ ਦਾ ਫੈਸਲਾ ਲਿਆ ਗਿਆ ਹੈ। ਇਸ ਦੀਆਂ ਤਿਆਰੀਆਂ ਲਈ ਖਰੀਦ ਏਜੰਸੀਆਂ ਨੂੰ ਪੁਖ਼ਤਾ ਪ੍ਰਬੰਧ ਕਰਨ ਦੇ ਨਿਰਦੇਸ਼ ਦੇ ਦਿੱਤੇ ਗਏ ਹਨ।

ਸ੍ਰੀ ਰਾਣਾ ਨੇ ਦੱਸਿਆ ਕਿ ਸੂਰਜਮੁਖੀ ਉਗਾਉਣ ਵਾਲੇ ਕਿਸਾਨਾਂ ਨੂੰ ਰਾਹਤ ਦੇਣ ਦੇ ਮਕਸਦ ਨਾਲ ਹਰਿਆਣਾ ਸਰਕਾਰ ਨੇ ਰੱਬੀ ਮਾਰਕੀਟਿੰਗ ਸੀਜ਼ਨ 2026-27 ਲਈ ਪ੍ਰਾਈਸ ਸਪੋਰਟ ਸਕੀਮ ਤਹਿਤ ਸੂਰਜਮੁਖੀ ਦੀ ਫ਼ਸਲ ਦੀ ਖਰੀਦ ਇੱਕ ਹਫ਼ਤਾ ਪਹਿਲਾਂ ਸ਼ੁਰੂ ਕਰ ਦਿੱਤੀ ਹੈ। ਇਹ ਖਰੀਦ, ਜੋ ਪਹਿਲਾਂ 1 ਜੂਨ ਤੋਂ ਸ਼ੁਰੂ ਹੋਣ ਵਾਲੀ ਸੀ, ਹੁਣ ਪੂਰੇ ਰਾਜ ਦੀਆਂ ਮੰਡੀਆਂ ਵਿੱਚ 28 ਮਈ ਤੋਂ ਸ਼ੁਰੂ ਹੋਵੇਗੀ।ਉਨ੍ਹਾਂ ਦੱਸਿਆ ਕਿ ਸੂਰਜਮੁਖੀ ਉਗਾਉਣ ਵਾਲੇ ਕਿਸਾਨਾਂ ਦੀ ਵਾਰ-ਵਾਰ ਇਹ ਮੰਗ ਆ ਰਹੀ ਸੀ ਕਿ ਖਰੀਦ ਜਲਦੀ ਸ਼ੁਰੂ ਕੀਤੀ ਜਾਵੇ, ਕਿਉਂਕਿ ਅਗਲੇ ਕੁਝ ਦਿਨਾਂ ਵਿੱਚ ਕਟਾਈ ਸ਼ੁਰੂ ਹੋਣ ਦੀ ਸੰਭਾਵਨਾ ਹੈ। ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਖਰੀਦ ਦਾ ਸ਼ਡਿਊਲ ਇੱਕ ਹਫ਼ਤਾ ਪਹਿਲਾਂ ਕਰ ਦਿੱਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਫੈਸਲੇ ਨਾਲ ਕਟਾਈ ਦੇ ਸਭ ਤੋਂ ਰੁਝੇਵੇਂ ਵਾਲੇ ਸਮੇਂ ਦੌਰਾਨ ਮੰਡੀਆਂ ਵਿੱਚ ਫ਼ਸਲ ਦੀ ਆਮਦ ਬਿਨਾਂ ਕਿਸੇ ਰੁਕਾਵਟ ਦੇ ਯਕੀਨੀ ਬਣਾਉਣ ਵਿੱਚ ਮਦਦ ਮਿਲੇਗੀ। ਉਨ੍ਹਾਂ ਅੱਗੇ ਕਿਹਾ ਕਿ ਖਰੀਦ ਏਜੰਸੀਆਂ ਨੂੰ ਕਿਹਾ ਗਿਆ ਹੈ ਕਿ ਉਹ ਖਰੀਦ ਕੇਂਦਰਾਂ 'ਤੇ ਉਚਿਤ ਬੁਨਿਆਦੀ ਢਾਂਚਾ, ਫ਼ਸਲ ਚੁੱਕਣ ਦੇ ਪ੍ਰਬੰਧ ਅਤੇ ਭੁਗਤਾਨ ਦੀ ਸਹੀ ਵਿਵਸਥਾ ਯਕੀਨੀ ਬਣਾਉਣ।

ਰਾਜ ਸਰਕਾਰ ਨੇ ਖਰੀਦ ਅਤੇ ਮਾਰਕੀਟਿੰਗ ਨਾਲ ਜੁੜੀਆਂ ਸਾਰੀਆਂ ਸਬੰਧਤ ਏਜੰਸੀਆਂ ਨੂੰ ਨਿਰਦੇਸ਼ ਦਿੱਤਾ ਹੈ ਕਿ ਮੰਡੀਆਂ ਵਿੱਚ ਖਰੀਦ ਦਾ ਕੰਮ ਬਿਨਾਂ ਕਿਸੇ ਰੁਕਾਵਟ ਦੇ ਚੱਲੇ, ਇਸ ਲਈ ਉਹ ਤੁਰੰਤ ਇੰਤਜ਼ਾਮ ਕਰਨ।

ਜਿਨ੍ਹਾਂ ਏਜੰਸੀਆਂ ਨੂੰ ਖਰੀਦ ਵਿੱਚ ਤਾਲਮੇਲ ਬਿਠਾਉਣ ਦੇ ਨਿਰਦੇਸ਼ ਦਿੱਤੇ ਗਏ ਹਨ, ਉਨ੍ਹਾਂ ਵਿੱਚ ਖੁਰਾਕ, ਨਾਗਰਿਕ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ, ਹਰਿਆਣਾ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ, ਹਰਿਆਣਾ ਰਾਜ ਵੇਅਰਹਾਊਸਿੰਗ ਕਾਰਪੋਰੇਸ਼ਨ, ਹੈਫੇਡ, ਨਾਫੇਡ ਅਤੇ ਨੈਸ਼ਨਲ ਕੋਆਪਰੇਟਿਵ ਕੰਜ਼ਿਊਮਰਸ ਫੈਡਰੇਸ਼ਨ ਸ਼ਾਮਲ ਹਨ।

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਨੇ ਕਿਹਾ ਕਿ ਹਰਿਆਣਾ ਦੇਸ਼ ਦਾ ਇਕਲੌਤਾ ਅਜਿਹਾ ਸੂਬਾ ਹੈ ਜੋ ਕੇਂਦਰ ਸਰਕਾਰ ਵੱਲੋਂ ਤੈਅ ਕੀਤੇ ਗਏ ਘੱਟੋ-ਘੱਟ ਸਮਰਥਨ ਮੁੱਲ 'ਤੇ ਸਾਰੀਆਂ 24 ਫ਼ਸਲਾਂ ਦੀ ਖਰੀਦ ਕਰਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਹਰਿਆਣਾ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਕਰਨ ਅਤੇ ਸਮਰਥਨ ਮੁੱਲ 'ਤੇ ਫ਼ਸਲਾਂ ਦੀ ਸਮੇਂ ਸਿਰ ਖਰੀਦ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਗਲਾਡਾ ਵੱਲੋਂ ਲੁਧਿਆਣਾ ਵਿੱਚ ਵੱਡੀ ਕਾਰਵਾਈ, 5 ਅਣਅਧਿਕਾਰਤ ਕਲੋਨੀਆਂ ਢਾਹੀਆਂ



**ਲੁਧਿਆਣਾ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਗਲਾਡਾ ਦੇ ਮੁੱਖ ਪ੍ਰਸ਼ਾਸਕ ਓਜਸਵੀ ਅਲੰਕਾਰ ਦੇ ਨਿਰਦੇਸ਼ਾਂ 'ਤੇ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਨੇ ਜ਼ਿਲ੍ਹੇ ਭਰ ਵਿੱਚ ਅਣਅਧਿਕਾਰਤ ਕਲੋਨੀਆਂ ਅਤੇ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਵੱਡੀ ਕਾਰਵਾਈ ਕੀਤੀ।

ਕਾਰਵਾਈ ਦੌਰਾਨ ਡੇਹਲੋਂ, ਜਸਪਾਲ ਬਾਂਗੜ ਅਤੇ ਉੱਚੀ ਮੰਗਲੀ ਵਿਖੇ ਸਥਿਤ ਪੰਜ ਅਣਅਧਿਕਾਰਤ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਇਸ ਤੋਂ ਇਲਾਵਾ ਮਰਾਡੋ ਚੌਕੀ, ਟਿੱਬਾ ਨੇੜੇ ਸੰਘੂ ਪੈਲੇਸ, ਭੈਰੋਮੂਨਾ, ਗਿੱਲ, ਜੰਡਿਆਲੀ, ਜਸਪਾਲ ਬਾਂਗਰ ਅਤੇ ਕੋਹਾੜਾ ਖੇਤਰਾਂ ਵਿੱਚ 12 ਗੈਰ-ਕਾਨੂੰਨੀ ਇਮਾਰਤਾਂ ਅਤੇ ਉਸਾਰੀਆਂ ਵਿਰੁੱਧ ਵੀ ਕਾਰਵਾਈ ਕੀਤੀ ਗਈ।

ਗਲਾਡਾ ਵੱਲੋਂ ਚੂਹੜਪੁਰ, ਦਾਦ, ਕਾਂਜੀਆ, ਮਾਣਕਵਾਲ ਅਤੇ ਥਰੀਕੇ ਸਮੇਤ ਪਿੰਡਾਂ ਵਿੱਚ 20 ਅਣਅਧਿਕਾਰਤ ਕਲੋਨੀਆਂ ਸਬੰਧੀ ਰਿਪੋਰਟਾਂ ਅਗਲੇਰੀ ਮਾਲੀਆ ਅਤੇ ਕਾਨੂੰਨੀ ਕਾਰਵਾਈ ਲਈ ਸਬੰਧਤ ਤਹਿਸੀਲਦਾਰਾਂ ਨੂੰ ਭੇਜੀਆਂ ਗਈਆਂ ਹਨ। ਗਲਾਡਾ ਦੇ ਵਧੀਕ ਮੁੱਖ ਪ੍ਰਸ਼ਾਸਕ ਵਿਕਾਸ ਹੀਰਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਮਨਜ਼ੂਰੀ ਵਾਲੀਆਂ ਕਲੋਨੀਆਂ ਵਿੱਚ ਪਲਾਟ ਜਾਂ ਇਮਾਰਤਾਂ ਨਾ ਖਰੀਦਣ।

ਉਨ੍ਹਾਂ ਕਿਹਾ ਕਿ ਕੋਈ ਵੀ ਨਿਵੇਸ਼ ਕਰਨ ਤੋਂ ਪਹਿਲਾਂ ਗਲਾਡਾ ਦੀ ਅਧਿਕਾਰਤ ਵੈੱਬਸਾਈਟ 'ਤੇ ਪ੍ਰੋਜੈਕਟ ਦੀ ਮਨਜ਼ੂਰੀ ਸਥਿਤੀ ਦੀ ਪੁਸ਼ਟੀ ਜ਼ਰੂਰ ਕੀਤੀ ਜਾਵੇ।

# ਸ੍ਰੀ ਨਾਇਬ ਸਿੰਘ ਸੈਣੀ ਨੇ ਕਸ਼ਯਪ ਸਮਾਜ ਲਈ ਖੋਲ੍ਹਿਆ ਐਲਾਨਾਂ ਦਾ ਪਿਟਾਰਾ



**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਐਲਾਨ ਕੀਤਾ ਕਿ ਕੈਥਲ ਵਿੱਚ ਮਹਾਰਿਸ਼ੀ ਕਸ਼ਯਪ ਦੇ ਨਾਮ 'ਤੇ ਧਰਮਸ਼ਾਲਾ ਬਣਾਉਣ ਲਈ ਸਮਾਜ ਵੱਲੋਂ ਪ੍ਰਸਤਾਵ ਦੇਣ 'ਤੇ ਉਚਿਤ ਸਥਾਨ ਉਪਲਬਧ ਕਰਵਾਇਆ ਜਾਵੇਗਾ ਅਤੇ ਇੰਦਰੀ ਵਿੱਚ ਮਹਾਰਿਸ਼ੀ ਕਸ਼ਯਪ ਦੇ ਨਾਮ 'ਤੇ ਚੌਕ ਦਾ ਨਾਮਕਰਨ ਕਰਕੇ ਉੱਥੇ ਮਹਾਰਿਸ਼ੀ ਕਸ਼ਯਪ ਦੀ ਸ਼ਾਨਦਾਰ ਮੂਰਤੀ ਸਥਾਪਿਤ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਕੁਰੂਕਸ਼ੇਤਰ ਯੂਨੀਵਰਸਿਟੀ ਵਿੱਚ ਮਹਾਰਿਸ਼ੀ ਕਸ਼ਯਪ ਦੇ ਨਾਮ 'ਤੇ ਚੇਅਰ ਸਥਾਪਿਤ ਕਰਨ ਲਈ ਉਚਿਤ ਫੰਡ ਉਪਲਬਧ ਕਰਵਾਇਆ ਜਾਵੇਗਾ।

ਸ੍ਰੀ ਨਾਇਬ ਸਿੰਘ ਸੈਣੀ ਅੱਜ ਚੰਡੀਗੜ੍ਹ ਵਿੱਚ ਸੰਤ ਕਬੀਰ ਕੁਟੀਰ ਵਿਖੇ ÷ਮਹਾਰਿਸ਼ੀ ਕਸ਼ਯਪ ਜਯੰਤੀ÷ ਦੇ ਮੌਕੇ 'ਤੇ ਆਯੋਜਿਤ ਰਾਜ-ਪੱਧਰੀ ਸਮਾਗਮ ਨੂੰ ਸੰਬੋਧਿਤ ਕਰ ਰਹੇ ਸਨ।

ਉਨ੍ਹਾਂ ਮਹਾਰਿਸ਼ੀ ਕਸ਼ਯਪ ਜੀ ਨੂੰ ਨਮਨ ਕਰਦੇ ਹੋਏ ਕਿਹਾ ਕਿ ਮਹਾਰਿਸ਼ੀ ਕਸ਼ਯਪ ਮਹਾਨ ਪਰਉਪਕਾਰੀ ਅਤੇ ਪ੍ਰਜਾਪਾਲਕ ਸਨ। ਉਨ੍ਹਾਂ ਨੇ ਸਮਾਜ ਨੂੰ ਇੱਕ ਨਵੀਂ ਦਿਸ਼ਾ ਦੇਣ ਲਈ ਸਮ੍ਰਿਤੀ ਗ੍ਰੰਥ ਅਤੇ ਕਸ਼ਯਪ ਸੰਹਿਤਾ ਵਰਗੇ ਮਹਾਨ ਗ੍ਰੰਥਾਂ ਦੀ ਰਚਨਾ ਕੀਤੀ। ਉਨ੍ਹਾਂ ਕਸ਼ਯਪ ਸਮਾਜ ਦੇ ਇਤਿਹਾਸ ਨੂੰ ਗੌਰਵਪੂਰਨ ਦੱਸਦਿਆਂ ਕਿਹਾ ਕਿ ਇਸ ਸਮਾਜ ਨੇ ਰਾਮਾਇਣ ਕਾਲ ਵਿੱਚ ਨਿਸ਼ਾਦ ਵਰਗੇ ਬਲਸ਼ਾਲੀ ਰਾਜੇ ਦਿੱਤੇ। ਰਾਜਾ ਨਿਸ਼ਾਦ ਨੇ ਹੀ ਬਨਵਾਸ ਦੇ ਸਮੇਂ ਪ੍ਰਭੂ ਸ੍ਰੀ ਰਾਮਚੰਦਰ ਜੀ ਨੂੰ ਆਪਣੇ ਇੱਥੇ ਆਸਰਾ ਦਿੱਤਾ ਸੀ। ਭਗਤ ਪ੍ਰਹਿਲਾਦ ਵੀ ਇਸੇ ਸਮਾਜ ਦੀ ਦੇਣ ਹਨ। ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪੰਜ ਪਿਆਰਿਆਂ ਵਿੱਚ ਭਾਈ ਹਿੰਮਤ ਸਿੰਘ ਕਸ਼ਯਪ ਜੀ ਵੀ ਇਸੇ ਸਮਾਜ ਵਿੱਚੋਂ ਸਨ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਸ਼ਯਪ ਸਮਾਜ ਨੂੰ ਸਾਹਸੀ, ਵੀਰ, ਮਿਹਨਤੀ ਅਤੇ ਸਵੈਮਾਨੀ ਦੱਸਿਆ ਅਤੇ ਕਿਹਾ ਕਿ ਤੁਹਾਡੇ ਵਿੱਚ ਅਪਾਰ ਸਮਰੱਥਾਵਾਂ ਹਨ। ਤੁਹਾਨੂੰ ਅਜੇ ਬਹੁਤ ਅੱਗੇ ਵਧਣਾ ਹੈ। ਆਪਣੀਆਂ ਸਮਰੱਥਾਵਾਂ ਦੀ ਪੂਰੀ ਵਰਤੋਂ ਕਰਕੇ ਤੁਸੀਂ ਨਾ ਸਿਰਫ਼ ਆਪਣੀ ਕੌਮ ਦਾ ਭਲਾ ਕਰ ਸਕਦੇ ਹੋ, ਸਗੋਂ ਪੂਰੇ ਸਮਾਜ ਦੇ ਵਿਕਾਸ ਵਿੱਚ ਰਚਨਾਤਮਕ ਭੂਮਿਕਾ ਨਿਭਾ ਸਕਦੇ ਹੋ। ਉਨ੍ਹਾਂ ਸਮਾਜ ਦੇ ਲੋਕਾਂ ਨੂੰ ਆਪਣੇ ਬੱਚਿਆਂ ਨੂੰ ਨਸ਼ੇ ਵਰਗੀਆਂ ਕੁਰੀਤੀਆਂ ਤੋਂ ਦੂਰ ਰੱਖਣ ਦੀ ਅਪੀਲ ਕੀਤੀ।

ਉਨ੍ਹਾਂ ਦੇਸ਼ ਅਤੇ ਪ੍ਰਦੇਸ਼ ਵਿੱਚ ਵਿਰੋਧੀ ਧਿਰ ਨੂੰ ਮੁੱਦਾਹੀਣ ਦੱਸਦਿਆਂ ਕਿਹਾ ਕਿ ਉਹ ਸਿਰਫ਼ ਗੁੰਮਰਾਹਕੁੰਨ ਪ੍ਰਚਾਰ ਕਰ ਰਹੇ ਹਨ, ਕਿਉਂਕਿ ਜਨਤਾ ਨੇ ਉਨ੍ਹਾਂ ਨੂੰ ਨਕਾਰ ਦਿੱਤਾ ਹੈ। ਉਨ੍ਹਾਂ ਹਰਿਆਣਾ ਸਰਕਾਰ ਵੱਲੋਂ ਕਸ਼ਯਪ ਸਮਾਜ ਸਮੇਤ ਹੋਰ ਪੱਛੜੇ ਵਰਗਾਂ ਦੇ ਭਲੇ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਦੀ ਵਿਸਥਾਰ ਨਾਲ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਾਡੀ ਸਰਕਾਰ ਦੀ ਪ੍ਰਾਥਮਿਕਤਾ ਹੈ ਕਿ ਸਮਾਜ ਦੇ ਆਖਰੀ ਵਿਅਕਤੀ ਤੱਕ ਵਿਕਾਸ ਦੀ ਰੌਸ਼ਨੀ ਪਹੁੰਚੇ। 'ਸਭ ਕਾ ਸਾਥ, ਸਭ ਕਾ ਵਿਕਾਸ ਅਤੇ ਸਭ ਕਾ ਵਿਸ਼ਵਾਸ' ਦਾ ਮੂਲ ਮੰਤਰ ਇਸੇ ਭਾਵਨਾ ਤੋਂ ਪ੍ਰੇਰਿਤ ਹੈ।ਸ੍ਰੀ ਸੈਣੀ ਨੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੂੰ ਪਿਛੜੇ ਵਰਗ ਦਾ ਸਭ ਤੋਂ ਵੱਡਾ ਹਿਤੈਸ਼ੀ ਦੱਸਿਆ ਅਤੇ ਕਿਹਾ ਕਿ ਸ੍ਰੀ ਮੋਦੀ ਜੀ ਨੇ ਕੇਂਦਰੀ ਓ.ਬੀ.ਸੀ ਕਮਿਸ਼ਨ ਨੂੰ ਸੰਵਿਧਾਨਕ ਦਰਜਾ ਦਿਵਾਇਆ ਹੈ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਜੀ ਦਾ ਸਾਲ 2047 ਤੱਕ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਦਾ ਵਿਜ਼ਨ ਹੈ। ਅੱਜ ਲੋੜ ਹੈ ਕਿ ਇਸ ਵਿਜ਼ਨ ਨੂੰ ਸਾਕਾਰ ਕਰਨ ਲਈ ਅਸੀਂ ਜਾਤੀ, ਖੇਤਰ, ਭਾਸ਼ਾ ਵਰਗੇ ਵਿਤਕਰਿਆਂ ਨੂੰ ਮਿਟਾ ਕੇ ਅੱਗੇ ਵਧਣ ਦਾ ਸੰਕਲਪ ਲਈਏ।

ਇੰਦਰੀ ਵਿਧਾਨ ਸਭਾ ਖੇਤਰ ਤੋਂ ਵਿਧਾਇਕ ਸ੍ਰੀ ਰਾਮਕੁਮਾਰ ਕਸ਼ਯਪ ਨੇ ਇਸ ਮੌਕੇ ਕਿਹਾ ਕਿ ਭਾਵੇਂ ਕਸ਼ਯਪ ਸਮਾਜ ਮਹਾਰਿਸ਼ੀ ਕਸ਼ਯਪ ਜੀ ਦੀ ਜਯੰਤੀ ਕੈਥਲ ਵਿੱਚ ਵਿਸ਼ਾਲ ਸਮਾਗਮ ਨਾਲ ਮਨਾਉਣਾ ਚਾਹੁੰਦਾ ਸੀ, ਪਰ ਪੱਛਮੀ ਦੇਸ਼ਾਂ ਵਿੱਚ ਹੋਈ ਜੰਗ ਕਾਰਨ ਪੈਦਾ ਹੋਈ ਪੈਟਰੋਲੀਅਮ ਪਦਾਰਥਾਂ ਦੀ ਕਮੀ ਨੂੰ ਧਿਆਨ ਵਿੱਚ ਰੱਖਦਿਆਂ ਅਤੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਪੀਲ 'ਤੇ ਗੌਰ ਕਰਦਿਆਂ ਛੋਟਾ ਪ੍ਰੋਗਰਾਮ ਕੀਤਾ ਗਿਆ ਹੈ ਤਾਂ ਜੋ ਡੀਜ਼ਲ ਅਤੇ ਪੈਟਰੋਲ ਦੀ ਬੱਚਤ ਕੀਤੀ ਜਾ ਸਕੇ। ਉਨ੍ਹਾਂ ਓ.ਬੀ.ਸੀ ਵਰਗ ਲਈ ਪ੍ਰਧਾਨ ਮੰਤਰੀ ਅਤੇ ਹਰਿਆਣਾ ਦੇ ਮੁੱਖ ਮੰਤਰੀ ਵੱਲੋਂ ਕੀਤੇ ਗਏ ਭਲਾਈ ਕਾਰਜਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।

ਪ੍ਰੋਗਰਾਮ ਵਿੱਚ ਮੁੱਖ ਮੰਤਰੀ ਦੇ ਓ.ਐਸ.ਡੀ ਸ੍ਰੀ ਭਾਰਤ ਭੂਸ਼ਣ ਭਾਰਤੀ, ਕਸ਼ਯਪ ਸਮਾਜ ਦੇ ਪ੍ਰਧਾਨ ਸ੍ਰੀ ਸਮੇ ਸਿੰਘ, ਜਨਰਲ ਸਕੱਤਰ ਸ੍ਰੀ ਵੀਰਭਾਨ ਆਰੀਆ, ਜਗਦੀਸ਼ ਕਸ਼ਯਪ, ਪ੍ਰਦੀਪ ਮਾਜਰੀ, ਨੀਲਮ ਕਸ਼ਯਪ ਤੋਂ ਇਲਾਵਾ ਕਸ਼ਯਪ ਸਮਾਜ ਦੇ ਕਈ ਮਾਣਯੋਗ ਵਿਅਕਤੀ ਮੌਜੂਦ ਸਨ।

# ਭਾਸ਼ਾ ਵਿਭਾਗ ਪੰਜਾਬ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਜਨਮ ਦਿਨ ਮਨਾਇਆ



**ਲੁਧਿਆਣਾ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ ਸਰਪ੍ਰਸਤੀ ਹੇਠ ਭਾਸ਼ਾ ਵਿਭਾਗ ਪੰਜਾਬ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਨ ਨੂੰ ਸਮਰਪਿਤ ਵਿਚਾਰ ਚਰਚਾ ਅਤੇ ਕਵੀ ਦਰਬਾਰ ਦਾ ਆਯੋਜਨ ਸ਼ਹੀਦ ਕਰਤਾਰ ਸਿੰਘ ਸਰਾਭਾ ਗਰੁੱਪ ਆਫ ਮੈਡੀਕਲ ਕਾਲਜਜ਼, ਸਰਾਭਾ ਵਿਖੇ ਕਰਵਾਇਆ ਗਿਆ। ਸਮਾਗਮ ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਹੇਠ ਦੋ ਪੜਾਵਾਂ ਵਿੱਚ ਆਯੋਜਿਤ ਕੀਤਾ ਗਿਆ।

ਵਿਚਾਰ ਚਰਚਾ ਦੌਰਾਨ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਇਤਿਹਾਸ ਵਿਭਾਗ ਦੇ ਮੁਖੀ ਡਾ. ਜਸਵੀਰ ਸਿੰਘ ਨੇ 'ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਗਦਰ ਲਹਿਰ' ਵਿਸ਼ੇ 'ਤੇ ਬੋਲਦਿਆਂ ਕਿਹਾ ਕਿ ਗਦਰ ਲਹਿਰ ਨੇ ਅੰਗਰੇਜ਼ੀ ਹਕੂਮਤ ਅੰਦਰ ਆਜ਼ਾਦੀ ਅੰਦੋਲਨ ਨੂੰ ਲੈ ਕੇ ਡਰ ਪੈਦਾ ਕੀਤਾ ਅਤੇ ਵਿਦੇਸ਼ਾਂ ਵਿੱਚ ਵੱਸਦੇ ਭਾਰਤੀਆਂ ਨੂੰ ਵੀ ਆਜ਼ਾਦੀ ਸੰਘਰਸ਼ ਨਾਲ ਜੋੜਿਆ। ਡਾ. ਸੁਮੇਲ ਸਿੰਘ ਸਿੱਧੂ ਨੇ 'ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਗਦਰ ਸਾਹਿਤ' ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗਦਰ ਸਾਹਿਤ ਨੇ ਦੇਸ਼ ਪ੍ਰੇਮ ਅਤੇ ਆਜ਼ਾਦੀ ਦੀ ਲੜਾਈ ਨੂੰ ਲੋਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ।

ਪ੍ਰੋ. ਜਗਮੋਹਨ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਗਦਰ ਲਹਿਰ ਨਾਲ ਜੁੜੀਆਂ ਇਤਿਹਾਸਕ ਯਾਦਾਂ ਸਾਂਝੀਆਂ ਕਰਦਿਆਂ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਪ੍ਰਭਾਵ ਸ਼ਹੀਦ ਭਗਤ ਸਿੰਘ ਦੀ ਸੋਚ 'ਤੇ ਵੀ ਡੂੰਘਾ ਸੀ। ਉਨ੍ਹਾਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਪਹਿਲੀ ਵਾਰ ਸ਼ਹੀਦ ਸਰਾਭਾ ਦੀ ਯਾਦ ਵਿੱਚ ਕਰਵਾਏ ਸਮਾਗਮ ਦੀ ਸ਼ਲਾਘਾ ਕੀਤੀ।

ਸਮਾਗਮ ਦੇ ਦੂਸਰੇ ਪੜਾਅ ਵਿੱਚ ਕਰਵਾਏ ਕਵੀ ਦਰਬਾਰ ਦੀ ਪ੍ਰਧਾਨਗੀ ਉੱਘੇ ਸ਼ਾਇਰ ਤੇ ਪੱਤਰਕਾਰ ਸੀ. ਮਾਰਕੰਡਾ ਨੇ ਕੀਤੀ। ਇਸ ਦੌਰਾਨ ਵੱਖ-ਵੱਖ ਕਵੀਆਂ ਅਤੇ ਵਿਦਿਆਰਥੀਆਂ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਗਦਰ ਲਹਿਰ ਨੂੰ ਸਮਰਪਿਤ ਕਵਿਤਾਵਾਂ ਅਤੇ ਗੀਤ ਪੇਸ਼ ਕਰਕੇ ਦੇਸ਼ਭਗਤੀ ਦਾ ਮਾਹੌਲ ਬਣਾਇਆ। ਪ੍ਰਿੰ. ਮਹਿੰਦਰ ਕੌਰ ਗਰੇਵਾਲ, ਕਰਮਜੀਤ ਗਰੇਵਾਲ ਲਲਤੋਂ ਕਲਾਂ, ਪ੍ਰਗਟ ਸਿੰਘ ਗਿੱਲ ਬਾਗੀ, ਪ੍ਰੋ. ਸਤਵੰਤ ਸਿੰਘ ਕੰਵਲ ਅਤੇ ਹੋਰ ਕਵੀਆਂ ਨੇ ਆਪਣੀਆਂ ਰਚਨਾਵਾਂ ਰਾਹੀਂ ਸ਼ਹੀਦ ਸਰਾਭਾ ਦੀ ਕੁਰਬਾਨੀ ਅਤੇ ਵਿਚਾਰਧਾਰਾ ਨੂੰ ਯਾਦ ਕੀਤਾ।ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਸੰਦੀਪ ਸ਼ਰਮਾ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਵਿਭਾਗ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਸਮਾਗਮ ਦੇ ਅੰਤ 'ਤੇ ਸਾਰੇ ਬੁਲਾਰਿਆਂ ਅਤੇ ਕਵੀਆਂ ਨੂੰ ਭਾਸ਼ਾ ਵਿਭਾਗ ਵੱਲੋਂ ਸ਼ਾਲਾਂ ਅਤੇ ਪੁਸਤਕਾਂ ਦੇ ਸੈੱਟ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੀ.ਐਮ.ਓ. ਲੁਧਿਆਣਾ ਡਾ. ਰਮਨਦੀਪ ਕੌਰ, ਪ੍ਰਿੰ. ਪ੍ਰਭਜੋਤ ਕੌਰ ਸੈਣੀ, ਡਾ. ਬਲਜੀਤ ਸਿੰਘ ਵਿਰਕ ਸਮੇਤ ਵੱਡੀ ਗਿਣਤੀ ਵਿੱਚ ਸਾਹਿਤ ਪ੍ਰੇਮੀ ਅਤੇ ਸਰੋਤੇ ਹਾਜ਼ਰ ਸਨ।

# ਯੂਨੀਵਰਸਿਟੀ ਵਿੱਚ ਸਾਈਕਲ ਰੈਲੀ



**ਸ਼ਾਹਬਾਦ ਮਾਰਕੰਡਾ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਲੋ ਇੰਡੀਆ ਮੁਹਿੰਮ ਤਹਿਤ ਕੁਰੂਕਸ਼ੇਤਰ ਯੂਨੀਵਰਸਿਟੀ ਵਿੱਚ ਅੱਜ ਸਾਈਕਲ ਰੈਲੀ ਕੀਤੀ ਗਈ। ਇਸ ਸਬੰਧੀ ਸਮਾਗਮ ਵਿੱਚ ਯੂਨੀਵਰਸਿਟੀ ਦੇ ਫੈਕਲਟੀ ਅਧਿਕਾਰੀ, ਗੈਰ-ਅਧਿਆਪਨ ਸਟਾਫ਼, ਵਿਦਿਆਰਥੀ ਤੇ ਖੋਜਕਰਤਾ ਸ਼ਾਮਲ ਸਨ।

ਸਮਾਗਮ ਦਾ ਉਦੇਸ਼ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਤੇ ਵਾਤਾਵਰਨ ਬਾਰੇ ਜਾਗਰੂਕ ਕਰਨਾ ਸੀ। ਸਾਈਕਲ ਰੈਲੀ ਨੂੰ ਝੰਡੀ ਦਿਖਾਉਣ ਤੋਂ ਬਾਅਦ ਵਾਈਸ ਚਾਂਸਲਰ ਪ੍ਰੋ. ਸੋਮ ਨਾਥ ਸਚਦੇਵਾ ਨੇ ਉਨ੍ਹਾਂ ਸਿਹਤਮੰਦ ਜੀਵਨ ਸ਼ੈਲੀ 'ਤੇ ਜ਼ੋਰ ਦਿੱਤਾ ਤੇ ਕਿਹਾ ਕਿ ਸਾਈਕਲਿੰਗ ਨਾ ਸਿਰਫ਼ ਸਿਹਤ ਲਈ ਫਾਇਦੇਮੰਦ ਹੈ,

ਬਲਕਿ ਵਾਤਾਵਰਨ ਸੁਰੱਖਿਆ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।

ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. ਵਰਿੰਦਰਪਾਲ ਨੇ ਕਿਹਾ ਕਿ 'ਸੰਡੇ ਔਨ ਸਾਈਕਲ' ਸਿਰਫ਼ ਇੱਕ ਪ੍ਰੋਗਰਾਮ ਹੀ ਨਹੀਂ, ਬਲਕਿ ਸਿਹਤ, ਵਾਤਾਵਰਨ ਸੁਰੱਖਿਆ ਤੇ ਸਮਾਜਿਕ ਜਾਗਰੂਕਤਾ ਨਾਲ ਸਬੰਧਤ ਇੱਕ ਮੁਹਿੰਮ ਹੈ।

# ਸੁਭਾਸ਼ ਸੁਧਾ ਨੇ ਡਰੇਨ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ

**ਕੁਰੂਕਸ਼ੇਤਰ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਸਾਬਕਾ ਸੂਬਾਈ ਮੰਤਰੀ ਸੁਭਾਸ਼ ਸੁਧਾ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਥਾਨੇਸਰ ਹਲਕੇ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਸ਼ਹਿਰ ਦੇ ਵਿਕਾਸ ਲਈ ਬਜਟ ਦੀ ਕੋਈ ਕਮੀ ਨਹੀਂ ਆਉਣ ਦੇ ਰਹੇ। ਹਰ ਰੋਜ਼ ਸ਼ਹਿਰ ਵਿੱਚ ਇੱਕ ਤੋਂ ਬਾਅਦ ਇੱਕ ਵਿਕਾਸ ਕਾਰਜਾਂ ਦੇ ਉਦਘਾਟਨ ਅਤੇ ਨੀਂਹ ਪੱਥਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਕਿਸੇ ਵੀ ਪ੍ਰਾਜੈਕਟ ਨੂੰ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਕੋਲ ਲਿਜਾਣ ਵਿੱਚ ਕੋਈ ਦੇਰੀ ਨਹੀਂ ਕੀਤੀ ਜਾ ਰਹੀ, ਉੱਥੋਂ ਪ੍ਰਾਜੈਕਟ ਨੂੰ ਤੁਰੰਤ ਪ੍ਰਵਾਨਗੀ ਮਿਲ ਰਹੀ ਹੈ।

ਸੁਭਾਸ਼ ਸੁਧਾ ਵਾਰਡ 30 ਅਤੇ ਵਾਰਡ 29 ਵਿੱਚ ਲਗਭਗ 73 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਾਲੇ ਦੇ ਨੀਂਹ ਪੱਥਰ ਮੌਕੇ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਥਾਨੇਸਰ ਹਲਕੇ ਦੇ ਹਰ ਖੇਤਰ ਦਾ ਵਿਕਾਸ ਕਰਨਾ ਅਤੇ ਨਾਗਰਿਕਾਂ ਲਈ ਬੁਨਿਆਦੀ ਸਹੂਲਤਾਂ ਵਿੱਚ ਸੁਧਾਰ ਕਰਨਾ ਉਨ੍ਹਾਂ ਦੀ ਤਰਜੀਹ ਹੈ। ਇਨ੍ਹਾਂ ਡਰੇਨ ਨਿਰਮਾਣ ਪ੍ਰਾਜੈਕਟਾਂ ਦੇ ਮੁਕੰਮਲ ਹੋਣ ਨਾਲ ਇਲਾਕੇ ਵਿੱਚ ਡਰੇਨੇਜ ਦੀ ਸਮੱਸਿਆ ਸਥਾਈ ਤੌਰ 'ਤੇ ਹੱਲ ਹੋ ਜਾਵੇਗੀ ਅਤੇ ਵਸਨੀਕਾਂ ਨੂੰ ਕਾਫ਼ੀ ਰਾਹਤ ਮਿਲੇਗੀ। ਸਾਰੇ ਅਧਿਕਾਰੀਆਂ ਨੂੰ ਨਿਰਮਾਣ ਕਾਰਜਾਂ ਦੀ ਗੁਣਵੱਤਾ 'ਤੇ ਧਿਆਨ ਕੇਂਦਰਿਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਜੇ ਕਿਸੇ ਵੀ ਪੱਧਰ 'ਤੇ ਕੋਈ ਕਮੀ ਪਾਈ ਜਾਂਦੀ ਹੈ ਤਾਂ ਸਰਕਾਰ ਨਿਯਮਾਂ ਅਨੁਸਾਰ ਕਾਰਵਾਈ ਕਰੇਗੀ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਵਿਕਾਸ ਕਾਰਜਾਂ ਦੇ ਨਾਲ-ਨਾਲ ਸਫਾਈ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਸਰਕਾਰ ਇਹ ਯਕੀਨੀ ਬਣਾਏਗੀ ਕਿ ਇਸ ਸ਼ਹਿਰ ਵਿੱਚ ਸਫਾਈ ਸਰੋਤਾਂ ਦੀ ਕੋਈ ਕਮੀ ਨਾ ਰਹੇ। ਇਸ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣ ਲਈ ਸਾਰਿਆਂ ਦੇ ਸਹਿਯੋਗ ਦੀ ਲੋੜ ਹੋਵੇਗੀ। ਇਸ ਮੌਕੇ ਨਰਿੰਦਰ ਚੌਹਾਨ, ਕੌਂਸਲਰ ਕਵੀ ਬਜਾਜ, ਕੌਂਸਲਰ ਸੁਧੀਰ ਚੁੱਘ, ਵੇਦਪਾਲ ਪ੍ਰਜਾਪਤ, ਸੁਭਾਸ਼ ਨਰੂਲਾ, ਹਰੀਸ਼ ਅਰੋੜਾ, ਮਨੋਜ ਗੋਇਲ, ਤਿਲਕ ਰਾਜ ਸਹਿਗਲ, ਮੁਖੀ, ਮੋਦੀ ਚਾਟ, ਆਨੰਦ ਗਰੋਵਰ ਸਮੇਤ ਕਈ ਪਤਵੰਤੇ ਮੌਜੂਦ ਸਨ।

# ਪਾਣੀ ਦੀ ਨਿਕਾਸੀ ਲਈ ਪ੍ਰਾਜੈਕਟ ਦਾ ਨੀਂਹ ਪੱਥਰ

**ਰਤੀਆ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸਾਬਕਾ ਵਿਧਾਇਕ ਦੁੜਾਰਾਮ ਨੇ ਪਿੰਡ ਬੜੋਪਲ ਅਤੇ ਚਿੰਦੜ ਵਿੱਚ ਬਰਸਾਤੀ ਪਾਣੀ ਦੀ ਨਿਕਾਸੀ ਲਈ ਪਾਈਪਲਾਈਨ ਪਾਉਣ ਦਾ ਕੰਮ ਸ਼ੁਰੂ ਕਰਵਾਇਆ। ਸਾਬਕਾ ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸਰਕਾਰ ਪਿੰਡਾਂ ਦਾ ਵਿਕਾਸ ਕਰ ਰਹੀ ਹੈ। ਦੁੜਾਰਾਮ ਨੇ ਦੱਸਿਆ ਕਿ ਪਿੰਡ ਬੜੋਪਲ ਖੇਤਰ ਵਿੱਚ ਖੇਤਾਂ ਵਿੱਚ ਇਕੱਠਾ ਹੋਣ ਵਾਲਾ ਬਰਸਾਤੀ ਪਾਣੀ ਬਾਹਰ ਕੱਢਣ ਲਈ ਖਾਰਾਖੇੜੀ ਮਾਈਨਰ ਦੇ ਨਾਲ ਪਾਈਪਲਾਈਨ ਵਿਛਾਈ ਜਾਵੇਗੀ। ਇਸ ਯੋਜਨਾ 'ਤੇ ਲਗਪਗ 9 ਕਰੋੜ 75 ਲੱਖ ਰੁਪਏ ਖਰਚੇ ਜਾਣਗੇ। ਮੁੱਖ ਪਾਈਪਲਾਈਨ ਦੀ ਲੰਬਾਈ ਲਗਪਗ 8.6 ਕਿਲੋਮੀਟਰ ਹੋਵੇਗੀ।ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਮਕਸਦ ਬਰਸਾਤ ਦੇ ਦਿਨਾਂ ਵਿੱਚ ਖੇਤਾਂ ਵਿੱਚ ਪਾਣੀ ਖੜ੍ਹਾ ਹੋਣ ਤੋਂ ਰੋਕਣਾ ਅਤੇ ਕਿਸਾਨਾਂ ਦੀਆਂ ਫਸਲਾਂ ਨੂੰ ਨੁਕਸਾਨ ਤੋਂ ਬਚਾਉਣਾ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਮੀਂਹ ਦੇ ਮੌਸਮ ਦੌਰਾਨ ਇਸ ਖੇਤਰ ਦੇ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਖੇਤਾਂ ਵਿੱਚ ਪਾਣੀ ਭਰਨ ਕਾਰਨ ਕਈ ਵਾਰ ਫਸਲਾਂ ਤਬਾਹ ਹੋ ਜਾਂਦੀਆਂ ਸਨ, ਜਿਸ ਨਾਲ ਕਿਸਾਨਾਂ ਨੂੰ ਵੱਡਾ ਆਰਥਿਕ ਨੁਕਸਾਨ ਝੱਲਣਾ ਪੈਂਦਾ ਸੀ। ਹੁਣ ਇਹ ਯੋਜਨਾ ਪੂਰੀ ਹੋਣ ਮਗਰੋਂ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ। ਦੁੜਾਰਾਮ ਨੇ ਅੱਗੇ ਦੱਸਿਆ ਕਿ ਪਿੰਡ ਚਿੰਦੜ, ਸਾਰੰਗਪੁਰ ਅਤੇ ਖਾਸਾ ਮਹਾਜਨ ਖੇਤਰਾਂ ਦੇ ਖੇਤਾਂ ਵਿਚੋਂ ਬਰਸਾਤੀ ਪਾਣੀ ਦੀ ਨਿਕਾਸੀ ਲਈ ਵੀ ਵੱਖਰੀ ਯੋਜਨਾ ਤਹਿਤ ਕੰਮ ਕੀਤਾ ਜਾਵੇਗਾ। ਇਸ ਯੋਜਨਾ ਦਾ ਨਕਸ਼ਾ ਅਤੇ ਤਜਵੀਜ਼ ਹਰਿਆਣਾ ਰਾਜ ਡਰੇਨੇਜ ਅਤੇ ਹੜ੍ਹ ਕੰਟਰੋਲ ਬੋਰਡ ਦੀ 57ਵੀਂ ਮੀਟਿੰਗ ਵਿੱਚ ਮਨਜ਼ੂਰ ਕੀਤੀ ਜਾ ਚੁੱਕੀ ਹੈ। ਦੋਵਾਂ ਯੋਜਨਾਵਾਂ 'ਤੇ ਮਿਲਾ ਕੇ ਲਗਪਗ 14 ਕਰੋੜ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਹੈ ਕਿ ਇਹ ਕੰਮ ਮੌਨਸੂਨ ਤੋਂ ਪਹਿਲਾਂ ਪੂਰੇ ਕਰ ਲਏ ਜਾਣ।

ਦੁੜਾਰਾਮ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਰਿਆਣਾ ਸਰਕਾਰ ਪਿੰਡ, ਕਿਸਾਨ ਅਤੇ ਖੇਤੀ ਨੂੰ ਮਜ਼ਬੂਤ ਬਣਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ।

# ਧਰਤੁ ਸੁਹਾਵੀ ਤਾਲ ਸੁਹਾਵਾ

*ਫ਼ਸਲ ਉਤਪਾਦਨ ਦੇ ਤਰੀਕਿਆਂ, ਵਾਢੀ ਦੇ ਸਮੇਂ, ਫ਼ਸਲੀ ਰਹਿੰਦ-ਖੂੰਹਦ ਦੇ ਨਿਪਟਾਰੇ, ਨਦੀਨਾਂ ਦੇ ਖ਼ਾਤਮੇ ਅਤੇ ਅਜਿਹੇ ਹੋਰ ਰਵਾਇਤੀ ਤਰੀਕਿਆਂ ਨੂੰ ਅਪਣਾ ਕੇ ਫ਼ਸਲਾਂ ਦਾ ਨੁਕਸਾਨ ਕਰਨ ਵਾਲੇ ਕੀੜਿਆਂ ਉੱਪਰ ਬਿਨਾਂ ਜ਼ਹਿਰਾਂ ਦੇ ਕਾਬੂ ਪਾਇਆ ਜਾ ਸਕਦਾ ਹੈ...*

## ਰਵਾਇਤੀ ਢੰਗਾਂ ਨਾਲ ਕੀੜਿਆਂ ਦੀ ਰੋਕਥਾਮ

• ਗੁਰਮੀਤ ਸਿੰਘ, ਮਨੋਜ ਸ਼ਰਮਾ
98148-25584







ਕਲਚਰਲ ਰੋਕਥਾਮ ਜਾਂ ਫ਼ਸਲ ਉਤਪਾਦਨ ਦੇ ਤਰੀਕਿਆਂ ਦੁਆਰਾ ਕੀੜਿਆਂ ਦੀ ਰੋਕਥਾਮ ਤੋਂ ਮਤਲਬ ਹੈ ਕਿ ਉਨ੍ਹਾਂ ਫ਼ਸਲ ਉਤਪਾਦਨ ਦੇ ਤਰੀਕਿਆਂ ਤੋਂ ਹੈ ਜਿਸ ਨਾਲ ਕੀੜੇ ਮਕੌੜਿਆਂ ਤੋਂ ਹੋਣ ਵਾਲੇ ਨੁਕਸਾਨ ਨੂੰ ਖ਼ਤਮ ਕੀਤਾ ਜਾ ਸਕੇ ਜਾਂ ਘਟਾਇਆ ਜਾ ਸਕੇ। ਇਨ੍ਹਾਂ ਤਰੀਕਿਆਂ ਵਿਚ ਫਸਲ ਦੇ ਬਿਜਾਈ ਸਮੇਂ ਵਿਚ ਤਬਦੀਲੀ (ਅਗੇਤੀ ਜਾਂ ਪਛੇਤੀ), ਵਾਢੀ ਦੇ ਸਮੇਂ ਵਿਚ ਤਬਦੀਲੀ, ਫ਼ਸਲੀ ਚੱਕਰ, ਨਦੀਨਾਂ ਦੀ ਰੋਕਥਾਮ ਜਾਂ ਫ਼ਸਲ ਕੱਟਣ ਉਪਰਾਂਤ ਰਹਿੰਦ-ਖੂੰਹਦ ਦਾ ਉਪਾਅ ਆਦਿ ਸ਼ਾਮਲ ਹਨ। ਵਧੀਆ ਬੀਜ ਅਤੇ ਬਿਮਾਰੀਆਂ/ਕੀੜਿਆਂ ਦਾ ਟਾਕਰਾ ਕਰਨ ਵਾਲੀਆਂ ਕਿਸਮਾਂ ਦੀ ਬਿਜਾਈ ਕਰਨੀ ਬਹੁਤ ਮਹੱਤਵਪੂਰਨ ਹੈ।

### ਕੀੜਿਆਂ ਦਾ ਟਾਕਰਾ ਕਰਨ ਵਾਲੀਆਂ ਕਿਸਮਾਂ

ਜਿੱਥੋ ਤਕ ਹੋ ਸਕੇ ਬਿਮਾਰੀਆਂ ਤੇ ਕੀੜਿਆਂ ਦਾ ਟਾਕਰਾ ਕਰਨ ਵਾਲੀਆਂ ਕਿਸਮਾ ਦੀ ਹੀ ਬਿਜਾਈ ਕਰਨੀ ਚਾਹੀਦੀ ਹੈ। ਕੁਝ ਕਿਸਮਾਂ ਕੁਦਰਤੀ ਤੌਰ 'ਤੇ ਬਿਮਾਰੀਆਂ ਤੇ ਕੀੜਿਆਂ ਦਾ ਟਾਕਰਾ ਕਰਨ ਦੇ ਸਮਰੱਥ ਹੁੰਦੀਆਂ ਹਨ ਜਾਂ ਉਨ੍ਹਾਂ ਵਿਚ ਦੂਸਰੀਆਂ ਕਿਸਮਾਂ ਦੇ ਮੁਕਾਬਲੇ ਕੀੜਿਆਂ ਜਾਂ ਬਿਮਾਰੀਆਂ ਦੁਆਰਾ ਨੁਕਸਾਨ ਘੱਟ ਹੁੰਦਾ ਹੈ। ਉਦਾਹਰਣ ਵਜੋਂ ਸੇਬ ਦੀਆਂ ਜੰਗਲੀ ਕਿਸਮਾਂ ਕਾਸ਼ਤਕਾਰੀ ਕਿਸਮਾਂ ਦੇ ਮੁਕਬਾਲੇ ਚੇਪੇ ਦੇ ਹਮਲੇ ਪ੍ਰਤੀ ਜ਼ਿਆਦਾ ਪ੍ਰਤੀਰੋਧਕ ਹਨ।ਇਸ ਲਈ ਜੰਗਲੀ ਤੇ ਕਾਸ਼ਤਕਾਰੀ ਕਿਸਮਾਂ ਦੇ ਸੁਮੇਲ ਨਾਲ ਅਜਿਹੀ ਕਿਸਮ ਵਿਕਸਿਤ ਕੀਤੀ ਜਾ ਸਕਦੀ ਹੈ ਜੋ ਚੰਗਾ ਝਾੜ ਦੇਣ ਦੇ ਨਾਲ-ਨਾਲ ਕੀੜਿਆਂ ਤੇ ਬਿਮਾਰੀਆਂ ਪ੍ਰਤੀ ਪ੍ਰਤੀਰੋਧਕ ਹੋਵੇ। ਇਸੇ ਤਰ੍ਹਾਂ ਦੇਸੀ ਨਰਮਾ, ਅਮਰੀਕਨ ਨਰਮੇਂ ਦੇ ਮੁਕਾਬਲੇ ਜੈਸਿਡ, ਚਿੱਟੀ ਮੱਖੀ ਤੇ ਗੁਲਾਬੀ ਸੁੰਡੀ ਪ੍ਰਤੀ ਪ੍ਰਤੀਰੋਧਕ ਹੈ। ਭਾਰਤੀ ਤੇ ਅਮਰੀਕਨ ਕਿਸਮਾਂ ਦੇ ਸੁਮੇਲ ਨਾਲ ਅਜਿਹੀ ਕਿਸਮ ਪੈਦਾ ਕੀਤੀ ਜਾ ਸਕਦੀ ਹੈ ਜੋ ਇਨ੍ਹਾਂ ਕੀੜਿਆਂ ਪ੍ਰਤੀ ਸੰਵੇਦਨਸ਼ੀਲ ਨਾ ਹੋਵੇ। ਕੁਝ ਕਿਸਮਾਂ ਕੀੜਿਆਂ ਦੁਆਰਾ ਕੀਤੇ ਨੁਕਸਾਨ ਦੀ ਭਰਪਾਈ ਨੁਕਸਾਨੇ ਗਏ ਹਿੱਸੇ ਨੂੰ ਦੁਬਾਰਾ ਪੈਦਾ ਕਰ ਕੇ ਕਰ ਲੈਂਦੀਆਂ ਹਨ।

### ਖੇਤ ਨੂੰ ਵਾਹੁਣਾ

ਖੇਤ ਨੂੰ ਵਾਹੁਣ ਨਾਲ ਕੀੜਿਆਂ ਦੀਆਂ ਜ਼ਮੀਨ 'ਚ ਰਹਿਣ ਵਾਲੀਆਂ ਅਵਸਥਾਵਾਂ (ਆਂਡੇ, ਲਾਰਵਾ ਤੇ ਪਿਊਪਾ) ਮਰ ਜਾਂਦੀਆਂ ਹਨ। ਇਸ ਨਾਲ ਨਦੀਨ ਵੀ ਮਰ ਜਾਂਦੇ ਹਨ, ਜਿਨ੍ਹਾਂ ਉੱਪਰ ਕੀੜੇ ਪਲਦੇ ਹਨ। ਖੇਤ ਵਾਹੁਣ ਨਾਲ ਕੀੜਿਆਂ ਦੀਆਂ ਜ਼ਮੀਨ 'ਚ ਰਹਿਣ ਵਾਲੀਆਂ ਅਵਸਥਾਵਾਂ ਜਾਂ ਤਾਂ ਜ਼ਮੀਨ ਦੇ ਉੱਪਰ ਆ ਜਾਂਦੀਆਂ ਹਨ, ਜਿੱਥੇ ਮਿੱਤਰ ਕੀੜੇ ਜਾਂ ਪੰਛੀ ਉਨ੍ਹਾਂ ਨੂੰ ਆਪਣਾ ਭੋਜਨ ਬਣਾ ਲੈਂਦੇ ਹਨ (ਗਰਾਸ ਹੌਪਰ ਤੇ ਖੇਤ ਦੀ ਟਿੱਡੀ ਜ਼ਮੀਨ ਦੀ 7-10 ਸੈਂਟੀਮੀਟਰ ਉੱਪਰਲੀ ਤਹਿ 'ਚ ਆਂਡੇ ਦਿੰਦੇ ਹਨ) ਅਤੇ ਜਾਂ ਇਹ ਇੰਨਾ ਡੂੰਘਾ ਚਲੇ ਜਾਂਦੇ ਹਨ ਕਿ ਬਾਲਗ ਜ਼ਮੀਨ ਵਿੱਚੋਂ ਬਾਹਰ ਆਉਣ ਦੇ ਅਸਮਰੱਥ ਹੋ ਜਾਂਦਾ ਹੈ। ਖੇਤ ਵਾਹੁਣ ਨਾਲ ਜ਼ਮੀਨ ਦੇ ਉੱਪਰ ਆਈਆਂ ਅਵਸਥਾਵਾਂ ਜੂਨ-ਜੁਲਾਈ ਦੇ ਮਹੀਨੇ ਗਰਮੀ ਕਾਰਨ ਖ਼ਤਮ ਹੋ ਜਾਂਦੀਆਂ ਹਨ। ਖੇਤ ਨੂੰ ਵਾਹੁੰਦੇ ਸਮੇਂ ਹਲ਼ ਦੇ ਪਿੱਛੇ ਕਾਂ, ਮੈਨਾ, ਕੋਇਆ ਆਦਿ ਪੰਛੀ ਕੀੜਿਆਂ ਨੂੰ ਖਾ ਕੇ ਕਾਫ਼ੀ ਹੱਦ ਤਕ ਖ਼ਤਮ ਕਰ ਦਿੰਦੇ ਹਨ।

### ਫ਼ਸਲੀ ਚੱਕਰ

ਫ਼ਸਲੀ ਚੱਕਰ ਉਨ੍ਹਾਂ ਕੀੜਿਆਂ ਦੇ ਕੀਟ-ਪ੍ਰਬੰਧ 'ਚ ਮਹੱਤਵਪੂਰਨ ਭੂਮਿਕਾ ਅਦਾ ਕਰਦਾ ਹੈ ਜਿਹੜੇ ਕੀੜੇ ਇਕ ਜਾਂ ਦੋ ਫ਼ਸਲਾਂ ਨੂੰ ਹੀ ਆਪਣੀ ਖ਼ੁਰਾਕ ਬਣਾਉਂਦੇ ਹਨ ਜਾਂ ਜਿਹੜੇ ਕੀੜੇ ਜ਼ਿਆਦਾ ਦੂਰੀ ਤੈਅ ਕਰਨ ਦੇ ਅਸਮਰੱਥ ਹੁੰਦੇ ਹਨ। ਜੇ ਇਕ ਹੀ ਫ਼ਸਲ ਸਾਲ ਵਿਚ 2 ਜਾਂ ਇਸ ਤੋਂ ਵੱਧ ਵਾਰ ਇਕ ਹੀ ਖੇਤ 'ਚ ਉਗਾਈ ਜਾਵੇ ਤਾਂ ਉਸ ਖੇਤ 'ਚ ਕੀੜਿਆਂ ਦੀ ਗਿਣਤੀ ਭੋਜਨ ਦੀ ਬਹੁਤਾਤ ਕਾਰਨ ਬਹੁਤ ਵੱਧ ਜਾਵੇਗੀ। ਇਸ ਦੇ ਉਲਟ ਜੇ ਫ਼ਸਲੀ ਚੱਕਰ ਅਪਣਾਇਆ ਜਾਵੇ ਤੇ ਫ਼ਸਲੀ ਚੱਕਰ ਦੌਰਾਨ ਸਾਲ 'ਚ 2-3 ਵੱਖੋ-ਵੱਖਰੀਆਂ ਫ਼ਸਲਾਂ ਲਈਆਂ ਜਾਣ ਤਾਂ ਕੀੜਿਆਂ ਦੀ ਗਿਣਤੀ ਜ਼ਿਆਦਾ ਨਹੀ ਵਧੇਗੀ।

#### ਸਾਫ਼-ਸੁਥਰਾ ਖੇਤ ਤੇ ਆਲਾ ਦੁਆਲਾ

*ਸਾਫ਼-ਸੁਥਰੇ ਖੇਤ ਤੇ ਆਲੇ ਦੁਆਲੇ ਤੋਂ ਭਾਵ ਹੈ ਕਿ ਖੇਤ ਦਾ ਨਦੀਨ ਰਹਿਤ ਅਤੇ ਫ਼ਸਲੀ ਰਹਿੰਦ-ਖੂੰਹਦ ਤੋਂ ਮੁਕਤ ਹੋਵੇ।।ਨਦੀਨ ਅਤੇ ਫ਼ਸਲੀ ਰਹਿੰਦ-ਖੂੰਹਦ ਕੀੜਿਆਂ ਲਈ ਭੋਜਨ ਦਾ ਸਰੋਤ ਹਨ ਤੇ ਨਾਲ ਹੀ ਉਨ੍ਹਾਂ ਨੂੰ ਸਖ਼ਤ ਵਾਤਾਵਰਨ ਤੇ ਦੁਸ਼ਮਣ ਕੀੜਿਆਂ ਤੋਂ ਵੀ ਬਚਾਅ ਕੇ ਰੱਖਦੇ ਹਨ। ਇਸ ਤਰ੍ਹਾਂ ਨਦੀਨਾਂ ਤੇ ਫ਼ਸਲੀ ਰਹਿੰਦ-ਖੂੰਹਦ ਤੋਂ ਖੇਤ ਤੋਂ ਮੁਕਤ ਕਰਨ ਨਾਲ ਕੀੜਿਆਂ ਦੇ ਭੋਜਨ ਦੀ ਸਪਲਾਈ ਟੁੱਟ ਜਾਂਦੀ ਹੈ ਤੇ ਵਧੀਆ ਕੀਟ-ਪ੍ਰਬੰਧ ਹੋ ਜਾਂਦਾ ਹੈ,।ਜਿਵੇਂ ਕਿ ਲਾਲ ਭੱਬੂ ਕੁੱਤਾ ਬਹੁਫ਼ਸਲੀ ਕੀੜਾ ਹੈ, ਜੋ ਕਿ ਕਈ ਪ੍ਰਕਾਰ ਦੇ ਨਦੀਨਾਂ 'ਤੇ ਆਂਡੇ ਦਿੰਦਾ ਹੈ, ਜਿਨ੍ਹਾਂ ਵਿੱਚੋਂ ਸੁੰਡੀਆਂ ਨਿਕਲ ਕੇ ਮੁਢਲੀ ਅਵਸਥਾ 'ਚ ਇਨ੍ਹਾਂ ਨਦੀਨਾਂ ਉੱਪਰ ਹੀ ਪਲਦੀਆਂ ਹਨ ਤੇ ਬਾਅਦ ਵਿਚ ਮੁੱਖ ਫ਼ਸਲ 'ਤੇ ਚਲੀਆਂ ਜਾਂਦੀਆਂ ਹਨ।*

#### ਟਰੈਪ ਫ਼ਸਲਾਂ

ਟਰੈਪ ਫ਼ਸਲਾਂ ਉਹ ਫ਼ਸਲਾਂ ਹਨ, ਜੋ ਮੁੱਖ ਫ਼ਸਲ ਤੋਂ ਥੋੜ੍ਹਾ ਸਮਾਂ ਪਹਿਲਾਂ ਬੀਜੀਆਂ ਜਾਂਦੀਆਂ ਹਨ ਤਾਂ ਕਿ ਕੀੜਿਆਂ ਨੂੰ ਇਸ ਫ਼ਸਲ ਵੱਲ ਆਕਰਸ਼ਿਤ ਕਰ ਕੇ ਮੁੱਖ ਫ਼ਸਲ ਨੂੰ ਕੀੜਿਆਂ ਦੇ ਹਮਲੇ ਤੋਂ ਬਚਾਇਆ ਜਾ ਸਕੇ। ਟਰੈਪ ਫ਼ਸਲ ਮੁੱਖ ਫ਼ਸਲ ਦੇ ਬਾਰਡਰ 'ਤੇ ਬੀਜੀ ਜਾਂਦੀ ਹੈ ਅਤੇ ਕੀੜੇ ਦੇ ਜੀਵਨ ਚੱਕਰ ਦੇ ਪੂਰੇ ਹੋਣ ਤੋਂ ਪਹਿਲਾਂ ਇਸ ਨੂੰ ਵੱਢ ਲਿਆ ਜਾਂਦਾ ਹੈ ਤੇ ਆਮ ਤੌਰ 'ਤੇ ਚਾਰੇ ਦੇ ਤੌਰ 'ਤੇ ਵਰਤ ਲਈ ਜਾਂਦੀ ਹੈ। ਕੀੜੇ ਦਾ ਜੀਵਨ ਚੱਕਰ ਪੂਰਾ ਹੋਣ ਤੋਂ ਪਹਿਲਾਂ ਟਰੈਪ ਫ਼ਸਲ ਨੂੰ ਕੱਟਣਾ ਬਹੁਤ ਜ਼ਰੂਰੀ ਹੈ ਨਹੀਂ ਤਾਂ ਕੀੜੇ ਟਰੈਪ ਫ਼ਸਲ ਤੋਂ ਮੁੱਖ ਫ਼ਸਲ 'ਤੇ ਚਲੇ ਜਾਣ ਕਾਰਨ ਮੁੱਖ ਫ਼ਸਲ ਦਾ ਬਹੁਤ ਜ਼ਿਆਦਾ ਨੁਕਸਾਨ ਕਰ ਸਕਦੇ ਹਨ। ਟਰੈਪ ਫ਼ਸਲ ਉਹ ਹੋਣੀ ਚਾਹੀਦੀ ਹੈ, ਜੋ ਕਿਸੇ ਖ਼ਾਸ ਕੀੜੇ ਨੂੰ ਆਕਰਸ਼ਿਤ ਕਰਨ ਦੇ ਸਮਰੱਥ ਹੋਵੇ, ਜਿਵੇਂ ਕਿ ਭਿੰਡੀ ਨੂੰ ਨਰਮੇਂ ਦੇ ਨੇੜੇ ਬੀਜਿਆ ਜਾਂਦਾ ਹੈ ਤਾਂ ਕਿ ਚਿਤਕਬਰੀ ਸੁੰਡੀ (Spotted bollworm) ਦੇ ਹਮਲੇ ਤੋਂ ਨਰਮੇਂ ਨੂੰ ਬਚਾਇਆ ਜਾ ਸਕੇ। ਨਰਮੇਂ ਦੀ ਗਰੇਅ ਵੀਵਲ (ਸੁੰਡ ਵਾਲੀ ਸੁਸਰੀ) ਅਰਹਰ ਦੀ ਫ਼ਸਲ ਵੱਲ ਵਧੇਰੇ ਆਕਰਸ਼ਿਤ ਹੁੰਦੀ ਹੈ, ਜਿਸ ਨੂੰ ਕਿ ਟਰੈਪ ਫ਼ਸਲ ਦੇ ਤੌਰ 'ਤੇ ਵਰਤਿਆ ਜਾ ਸਕਦਾ ਹੈ।

#### ਬੂਟੇ ਤੋਂ ਬੂਟੇ ਦਾ ਫ਼ਾਸਲਾ

*ਵੇਖਣ 'ਚ ਆਇਆ ਹੈ ਕਿ ਝੋਨੇ ਵਿਚ ਪ੍ਰਤੀ ਵਰਗ ਮੀਟਰ ਸ਼ਿਫਾਰਸ਼ ਤੋਂ ਵੱਧ ਬੂਟੇ ਬੀਜਣ ਨਾਲ ਭੂਰੀ ਪਿੱਠ ਵਾਲੇ ਟਿੱਡੇ ਦਾ ਹਮਲਾ ਜ਼ਿਆਦਾ ਹੁੰਦਾ ਹੈ, ਇਸੇ ਤਰ੍ਹਾਂ ਛੋਲਿਆਂ ਵਿਚ ਅਮਰੀਕਨ ਸੁੰਡੀ ਅਤੇ ਨਰਮੇਂ ਵਿਚ ਜੈਸਿਡ ਸੰਘਣੀ ਬਿਜਾਈ ਵਾਲੇ ਖੇਤਾਂ 'ਚ ਜ਼ਿਆਦਾ ਨੁਕਸਾਨ ਕਰਦੇ ਹਨ।*

#### ਰਲਵੀਂ ਫ਼ਸਲ ਦੀ ਬਿਜਾਈ

*ਕਣਕ ਅਤੇ ਛੋਲਿਆਂ ਨੂੰ ਰਲਾ ਕੇ ਬੀਜਣ ਨਾਲ ਛੋਲਿਆਂ 'ਤੇ ਅਮਰੀਕਨ ਸੁੰਡੀ ਦਾ ਹਮਲਾ ਘੱਟ ਹੁੰਦਾ ਹੈ।*

ਜੇਕਰ ਫ਼ਸਲੀ ਚੱਕਰ ਵੀ ਬਦਲ-ਬਦਲ ਕੇ ਬੀਜਿਆ ਜਾਵੇ (ਇਕ ਸਾਲ ਇਕ ਫ਼ਸਲੀ ਚੱਕਰ ਤੇ ਦੂਸਰੇ ਸਾਲ ਦੂਸਰਾ ਫ਼ਸਲੀ ਚੱਕਰ) ਤਾਂ ਜਿਹੜੇ ਕੀੜੇ ਇਕ ਜਾਂ ਦੋ ਫ਼ਸਲਾਂ ਨੂੰ ਆਪਣੀ ਖ਼ੁਰਾਕ ਬਣਾਉਂਦੇ ਹਨ, ਉਹ ਖ਼ਤਮ ਹੋ ਜਾਣਗੇ। ਉਦਾਹਰਣ ਦੇ ਤੌਰ 'ਤੇ ਜੇ ਬਸੰਤ ਰੁੱਤੇ ਬਾਰਲੇ ਬੀਜਣ ਤੋਂ ਬਾਅਦ ਦਾਲਾਂ ਤੇ ਸਰਦੀ ਰੁੱਤੇ ਕਣਕ ਬੀਜੀ ਜਾਵੇ ਤਾਂ ਕੀੜਿਆਂ ਦੁਆਰਾ ਨੁਕਸਾਨ ਘੱਟ ਹੋਵੇਗਾ ਪਰ ਇਸ ਦੇ ਉਲਟ ਜੇ ਨਰਮੇਂ ਤੋਂ ਬਾਅਦ ਭਿੰਡੀ ਬੀਜੀ ਜਾਵੇ ਤਾਂ ਕੀੜੇ ਜ਼ਿਆਦਾ ਨੁਕਸਾਨ ਕਰਦੇ ਹਨ ਕਿਉਂਕਿ ਇਹ ਦੋਵੇਂ ਫ਼ਸਲਾਂ ਇਕ ਹੀ ਫੈਮਿਲੀ ਨਾਲ ਸਬੰਧਤ ਹੋਣ ਕਾਰਨ ਲਗਪਗ ਇੱਕੋ ਜਿਹੇ ਗੁਣਾਂ ਵਾਲੀਆਂ ਹਨ।

### ਖਾਦਾਂ ਦੀ ਵਰਤੋਂ

ਆਮ ਤੌਰ 'ਤੇ ਨਾਈਟਰੋਜਨ ਖਾਦ ਦੀ ਵਰਤੋਂ ਨਾਲ ਕੀੜਿਆਂ ਦੇ ਹਮਲੇ 'ਚ ਵਾਧਾ ਹੁੰਦਾ ਹੈ ਪਰ ਦੇਸੀ ਰੂੜੀ ਦੀ ਵਰਤੋਂ ਨਾਲ ਬੂਟਾ ਤੰਦਰੁਸਤ ਬਣਦਾ ਹੈ ਜਿਸ ਨਾਲ ਬੂਟਾ ਕੀੜਿਆਂ ਦੇ ਹਮਲੇ ਦਾ ਟਾਕਰਾ ਕਰਨ ਦੇ ਸਮਰੱਥ ਹੋ ਜਾਂਦਾ ਹੈ।

### ਭਰਵੀਂ ਸਿੰਚਾਈ

ਜਿਹੜੇ ਕੀੜੇ ਜ਼ਮੀਨ ਵਿਚ ਰਹਿੰਦੇ ਹਨ, ਉਨ੍ਹਾਂ ਨੂੰ ਭਰਵਾਂ ਪਾਣੀ ਖੇਤ ਨੂੰ ਦੇ ਕੇ ਖ਼ਤਮ ਕੀਤਾ ਜਾ ਸਕਦਾ ਹੈ, ਜਿਵੇਂ ਕਿ ਸਿਉਂਕ, ਗਰਾਸ ਹੋਪਰ, ਟਿੱਡੀ ਆਦਿ।ਭਰਵਾਂ ਪਾਣੀ ਦੇਣ ਨਾਲ ਖ਼ਤਮ ਹੋ ਜਾਂਦੇ ਹਨ ਜਾਂ ਇਹ ਜ਼ਮੀਨ 'ਚੋਂ ਬਾਹਰ ਆਉਣ ਕਾਰਨ ਆਸਾਨੀ ਨਾਲ ਪੰਛੀਆਂ ਨੂੰ ਨਜ਼ਰ ਆ ਜਾਂਦੇ ਹਨ ਤੇ ਉਨ੍ਹਾਂ ਦੀ ਖ਼ੁਰਾਕ ਬਣ ਜਾਂਦੇ ਹਨ। ਲੂਸਣ ਦੀ ਵਾਢੀ ਤੋਂ ਬਾਅਦ ਬਹੁਤ ਸਾਰੀਆਂ ਲੂਸਣ ਦੀਆਂ ਸੁੰਡੀਆਂ (Lucerne caterpillar) ਖੇਤ ਵਿਚ ਰਹਿ ਜਾਂਦੀਆਂ ਹਨ। ਲੂਸਣ ਦੀ ਵਾਢੀ ਤੋਂ ਬਾਅਦ ਇਕ ਭਰਵਾਂ ਪਾਣੀ ਦੇਣ ਨਾਲ ਇਹ ਸੁੰਡੀਆਂ ਡੁੱਬ ਕੇ ਮਰ ਜਾਂਦੀਆਂ ਹਨ।

### ਬੂਟਿਆਂ ਦੀ ਕਾਂਟ-ਛਾਂਟ

ਕੁਝ ਕੀੜੇ ਰੋਗੀ ਬੂਟੇ ਤੋਂ ਨਿਰੋਏ ਬੂਟੇ ਤਕ ਆਸਾਨੀ ਨਾਲ ਚਲੇ ਜਾਂਦੇ ਹਨ। ਅਜਿਹੇ ਰੋਗੀ ਬੂਟਿਆਂ ਦਾ ਕੀੜੇ ਸਮੇਤ ਨੁਕਸਾਨਿਆ ਹੋਇਆ ਭਾਗ ਕੱਟਣ ਤੋਂ ਬਾਅਦ ਸਾੜ ਦੇਣ ਨਾਲ ਇਹ ਕੀੜੇ ਨਿਰੋਏ ਬੂਟੇ ਤਕ ਨਹੀ ਪਹੁੰਚ ਸਕਦੇ। ਇਸੇ ਤਰ੍ਹਾਂ ਫ਼ਸਲ ਦਾ ਮੁੱਢਾ ਨਾ ਰੱਖਣ ਨਾਲ ਵੀ ਕੀਟ ਪ੍ਰਬੰਧ ਹੋ ਜਾਂਦਾ ਹੈ, ਜਿਵੇਂ ਕਿ ਕਮਾਦ ਵਿਚ ਕਾਲੀ ਬੱਗ ਦਾ ਹਮਲਾ ਮੁੱਖ ਫ਼ਸਲ ਨਾਲੋਂ ਮੁੱਢੀ ਫ਼ਸਲ 'ਤੇ ਜ਼ਿਆਦਾ ਹੁੰਦਾ ਹੈ। ਇਕ ਫ਼ਸਲ ਦੀ ਕਟਾਈ ਤੋਂ ਬਾਅਦ ਦੂਸਰੀ ਫ਼ਸਲ ਦੀ ਬਿਜਾਈ ਤਕ ਜਿਆਦਾ ਸਮਾਂ ਹੋਣ ਨਾਲ ਵੀ ਕੀਟ ਪ੍ਰਬੰਧ ਹੋ ਜਾਂਦਾ ਹੈ ਕਿਉਂਕਿ ਖੇਤ ਖਾਲੀ ਹੋਣ ਕਾਰਨ ਕੀੜਿਆਂ ਨੂੰ ਖਾਣ ਲਈ ਕੁਝ ਨਹੀਂ ਮਿਲਦਾ। ਮੁੱਢਾ ਰੱਖਣ ਵੇਲੇ ਕਮਾਦ ਦੀ ਵਾਢੀ ਜ਼ਮੀਨ ਨੇੜਿਉਂ ਕਰਨੀ ਚਾਹੀਦੀ ਹੈ ਤਾਂ ਕਿ ਜੜ੍ਹਾਂ ਦਾ ਗੜੂੰਆਂ ਤੇ ਸਕੇਲ (scale) ਕੀੜੇ ਦੇ ਨੁਕਸਾਨ ਤੋਂ ਬਚਿਆ ਜਾ ਸਕੇ। ਅਮਰੂਦ ਵਿਚ ਫਲ ਦੀ ਮੱਖੀ ਦੇ ਹਮਲੇ ਨੂੰ ਘਟਾਉਣ ਲਈ ਹਮਲੇ ਵਾਲੇ ਡਿੱਗੇ ਹੋਏ ਫਲ ਚੁੱਕ ਕੇ ਉਨ੍ਹਾਂ ਨੂੰ ਡੂੰਘਾ ਦਬਾ ਦੇਣਾ ਜਾਂ ਸਾੜ ਦੇਣਾ ਚਾਹੀਦਾ ਹੈ।

### ਬਿਜਾਈ ਤੇ ਵਾਢੀ ਦਾ ਸਮਾਂ

ਫ਼ਸਲ ਦੀ ਬਿਜਾਈ ਤੇ ਉਸ ਦੀ ਵਾਢੀ ਦਾ ਸਮਾਂ ਕੀੜਿਆਂ ਤੋਂ ਹੋਣ ਵਾਲੇ ਨੁਕਸਾਨ 'ਤੇ ਕਾਫ਼ੀ ਅਸਰ ਪਾਉਂਦਾ ਹੈ,। ਜਿਵੇਂ ਕਿ ਨਰਮੇਂ ਦੀਆਂ ਜ਼ਲਦੀ ਪੱਕਣ ਵਾਲੀਆਂ ਕਿਸਮਾਂ 'ਤੇ ਗੁਲਾਬੀ ਸੁੰਡੀ ਦਾ ਹਮਲਾ ਘੱਟ ਹੁੰਦਾ ਹੈ। ਇਸੇ ਤਰ੍ਹਾਂ ਝੋਨੇ ਦੀ ਪੀਆਰ-121 (ਘੱਟ ਸਮਾਂ ਲੈਣ ਵਾਲੀ) ਕਿਸਮ 'ਤੇ ਭੂਰੀ ਪਿੱਠ ਵਾਲੇ ਟਿੱਡੇ ਦਾ ਹਮਲਾ ਪੂਸਾ-44 (ਵੱਧ ਸਮਾਂ ਲੈਣ ਵਾਲੀ ਕਿਸਮ) ਦੇ ਮੁਕਾਬਲੇ ਘੱਟ ਪਾਇਆ ਗਿਆ। ਸਾਉਣੀ ਵਰ੍ਹੇ 2016 ਦੌਰਾਨ।ਪੀਆਰ 121 ਕਿਸਮ ਦੇ ਪੱਕਣ ਲਈ ਘੱਟ ਸਮਾਂ ਲੈਣ ਕਾਰਨ ਇਸ ਦੀ ਵਾਢੀ ਪਿੱਛੋਂ ਭੂਰੀ ਪਿੱਠ ਵਾਲਾ ਟਿੱਡਾ ਪੂਸਾ-44 'ਤੇ ਤਬਦੀਲ ਹੋ ਗਿਆ ਤੇ ਉਸ ਨੇ ਦੇਰੀ ਨਾਲ ਪੱਕਣ ਵਾਲੀ ਇਸ ਕਿਸਮ ਦਾ ਵਧੇਰੇ ਨੁਕਸਾਨ ਕੀਤਾ। ਛੋਲਿਆਂ ਦੀ ਅਗੇਤੀ ਬਿਜਾਈ ਇਸ ਫ਼ਸਲ ਨੂੰ ਅਮਰੀਕਨ ਸੁੰਡੀ ਦੇ ਹਮਲੇ ਤੋਂ ਬਚਾਉਂਦੀ ਹੈ। ਜੇ ਮੱਕੀ ਨੂੰ ਬੀਜ ਵਾਸਤੇ 15 ਅਗਸਤ ਤੋਂ ਬਾਅਦ ਬੀਜਿਆ ਜਾਂਦਾ ਹੈ ਤਾਂ ਇਸ 'ਤੇ ਮੱਕੀ ਦੇ ਗੜੂੰਏਂ ਦਾ ਹਮਲਾ ਨਹੀ ਹੁੰਦਾ। ਅਗੇਤੇ ਬੀਜੇ ਨਰਮੇਂ 'ਤੇ ਚਿੱਟੀ ਮੱਖੀ ਦਾ ਹਮਲਾ ਪਿਛੇਤੇ ਬੀਜੇ ਨਰਮੇਂ ਦੇ ਮੁਕਾਬਲੇ ਵੱਧ ਹੁੰਦਾ ਹੈ। ਸਰ੍ਹੋਂ ਦੇ ਚੇਪੇ ਦਾ ਹਮਲਾ ਫ਼ਸਲ 'ਤੇ ਫਰਵਰੀ- ਮਾਰਚ ਦੇ ਮਹੀਨੇ ਬਹੁਤ ਜ਼ਿਆਦਾ ਹੁੰਦਾ ਹੈ।।ਸਰ੍ਹੋਂ ਦੀ ਅਗੇਤੀ ਬਿਜਾਈ ਨਾਲ ਇਸ ਕੀੜੇ ਦੇ ਹਮਲੇ ਤੋਂ ਹੋਣ ਵਾਲੇ ਨੁਕਸਾਨ ਤੋਂ ਬਚਿਆ ਜਾ ਸਕਦਾ ਹੈ।

### ਵਲੰਟੀਅਰ ਬੂਟੇ

ਵਲੰਟੀਅਰ ਬੂਟੇ ਉਹ ਹੁੰਦੇ ਹਨ, ਜੋ ਖੇਤ ਵਿਚ ਆਪਣੇ ਆਪ ਉੱਗ ਪੈਂਦੇ ਹਨ ਜਾਂ ਪਿਛਲੀ ਫ਼ਸਲ ਦੀ ਰਹਿੰਦ-ਖੂੰਹਦ ਤੋਂ ਨਿਕਲੇ ਬੂਟੇ ਕੀੜਿਆਂ ਦੇ ਵਾਧੇ 'ਚ ਸਹਾਈ ਹੁੰਦੇ ਹਨ। ਇਸ ਲਈ ਇਨ੍ਹਾਂ ਵਲੰਟੀਅਰ ਬੂਟਿਆਂ ਨੂੰ ਖੇਤ 'ਚੋਂ ਖ਼ਤਮ ਕਰ ਦੇਣਾ ਚਾਹੀਦਾ ਹੈ। •

---

## ਬਾਗ਼ਾਂ 'ਚ ਸਿਉਂਕ ਦੀ ਰੋਕਥਾਮ

*ਸਿਉਂਕ ਦੇ ਕੀੜੇ ਬੂਟਿਆਂ ਦੀਆਂ ਜੜ੍ਹਾਂ ਤੇ ਜ਼ਮੀਨ ਤੋਂ ਉੱਪਰਲੇ ਹਿੱਸਿਆਂ ਨੂੰ ਖਾ ਕੇ ਨੁਕਸਾਨ ਪਹੁੰਚਾਉਂਦੇ ਹਨ। ਗੰਭੀਰ ਹਮਲੇ ਨਾਲ ਬੂਟਾ ਸੁੱਕ ਜਾਂਦਾ ਹੈ। ਇਸ ਕੀੜੇ ਦਾ ਵਾਧਾ ਤੇਜ਼ੀ ਨਾਲ ਹੋਣ ਕਾਰਨ ਬਾਗ਼ਾਂ ਦਾ ਕਾਫ਼ੀ ਨੁਕਸਾਨ ਹੁੰਦਾ ਹੈ...*





• ਸੰਦੀਪ ਸਿੰਘ
98154-13046

ਪੰਜਾਬ ਵਿਚ ਸਿਉਂਕ ਜਾਂ ਟਰਮਾਈਟ ਨਵੇਂ ਲਗਾਏ ਬਾਗ਼ਾਂ ਤੇ ਵੱਡੇ ਬੂਟਿਆਂ ਨੂੰ ਵੱਡੇ ਪੱਧਰ 'ਤੇ ਨੁਕਸਾਨ ਪਹੁੰਚਾਉਣ ਵਾਲੇ ਕੀੜੇ ਹਨ। ਸਿਉਂਕ ਸਮਾਜਿਕ, ਬਹੁ-ਆਹਾਰੀ ਤੇ ਬਹੁਰੂਪੀ (ਰਾਣੀ, ਰਾਜਾ, ਸਿਪਾਹੀ ਤੇ ਕਾਮਾ) ਕੀੜਿਆਂ ਦੇ ਰੂਪ ਵਿਚ ਮਿੱਟੀ 'ਚ ਵੱਡੇ ਸਮੂਹਾਂ 'ਚ ਰਹਿੰਦੇ ਹਨ। ਸਿਉਂਕ ਦੇ ਇਸ ਘਰ ਨੂੰ ਵਰਮੀ, ਸਿਉਂਕ-ਘਰ ਤੇ ਅੰਗਰੇਜ਼ੀ ਵਿਚ ਟਰਮੀਟੇਰੀਆ ਆਖਦੇ ਹਨ। ਇਹ ਵਰਮੀਆਂ ਜ਼ਮੀਨ ਦੇ ਉਪਰ 'ਤੇ ਥੱਲੇ ਦੋਵਾਂ ਥਾਵਾਂ 'ਤੇ ਬਣਦੀਆਂ ਹਨ। ਸਿਉਂਕ ਦੇ ਕਾਮਾ ਕੀੜੇ ਬੂਟਿਆਂ ਦੀਆਂ ਜੜ੍ਹਾਂ ਤੇ ਜ਼ਮੀਨ ਤੋਂ ਉੱਪਰਲੇ ਹਿੱਸਿਆਂ ਨੂੰ ਖਾ ਕੇ ਨੁਕਸਾਨ ਪਹੁੰਚਾਉਂਦੇ ਹਨ। ਗੰਭੀਰ ਹਮਲੇ ਨਾਲ ਬੂਟਾ ਸੁੱਕ ਜਾਂਦਾ ਹੈ। ਮਾਨਸੂਨ ਦੀ ਪਹਿਲੀ ਬਰਸਾਤ ਦੇ ਨਾਲ ਇਨ੍ਹਾਂ ਦੇ ਖੰਭ ਨਿਕਲ ਆਉਂਦੇ ਹਨ। ਰਾਣੀ ਮੱਖੀ ਹਰ ਸੈਕਿੰਡ 'ਚ 2 ਤੋਂ 3 ਆਂਡੇ ਦਿੰਦੀ ਹੈ ਤੇ ਉਸ ਦੀ ਔਸਤ ਉਮਰ 7 ਤੋਂ 9 ਸਾਲ ਹੁੰਦੀ ਹੈ।

### ਹਮਲੇ ਦਾ ਸਮਾਂ

ਸਿਉਂਕ ਧੁੱਪ ਤੋਂ ਦੂਰ ਰਹਿਣਾ ਪਸੰਦ ਕਰਦੀ ਹੈ ਤੇ ਜ਼ਿਆਦਾਤਰ ਜ਼ਮੀਨ 'ਚ ਲੁਕ ਕੇ ਰਹਿੰਦੀ ਹੈ। ਇਹ ਸੈਲੂਲੋਜ਼ ਨੂੰ ਖ਼ੁਰਾਕ ਬਣਾਉਂਦੀ ਹੈ, ਜੋ ਲੱਕੜ 'ਚ ਹੁੰਦਾ ਹੈ। ਪੰਜਾਬ 'ਚ ਓਡੋਂਟੋਟਰਮਸ ਓਬੀਸਸ ਤੇ ਮਾਈਕ੍ਰੋਟਰਮਸ ਕਿਸਮ ਦੀ ਸਿਉਂਕ ਪਾਈ ਜਾਂਦੀ ਹੈ। ਸਿਉਂਕ ਸਾਰਾ ਸਾਲ ਚੁਸਤ ਰਹਿੰਦੀ ਹੈ ਪਰ ਮਾਨਸੂਨ ਵੇਲੇ ਇਸ ਦਾ ਹਮਲਾ ਘੱਟ ਜਾਂਦਾ ਹੈ। ਸਿਉਂਕ ਦੇ ਹਮਲੇ ਦਾ ਮੁੱਖ ਸਮਾਂ ਅਪ੍ਰੈਲ ਤੋਂ ਜੂਨ ਤੇ ਸਤੰਬਰ-ਅਕਤੂਬਰ ਹੈ।

#### ਟਰੈਪ 'ਚ ਇਕੱਠੀ ਹੋਈ ਸਿਉਂਕ ਨੂੰ ਮਾਰਨਾ

*ਸਿਉਂਕ ਟਰੈਪਾਂ ਨੂੰ ਬਾਗ਼ਾਂ ਵਿਚ ਮਿੱਟੀ ਹੇਠ ਦੱਬਣ ਤੋਂ 20 ਦਿਨ ਬਾਅਦ ਸਿਉਂਕ ਦੇ ਬੱਚੇ ਮੱਕੀ ਦੇ ਗੁੱਲਿਆਂ ਨੂੰ ਨਸ਼ਟ ਕਰ ਕੇ ਮਿੱਟੀ ਵਰਗਾ ਬਣਾ ਦਿੰਦੇ ਹਨ। ਘੜਿਆਂ ਨੂੰ ਖੋਲ੍ਹ ਕੇ ਵੇਖੀਏ ਤਾਂ ਹਜ਼ਾਰਾਂ ਤੇ ਲੱਖਾਂ ਦੀ ਗਿਣਤੀ 'ਚ ਸਿਉਂਕ ਦੇ ਬੱਚੇ ਹਰ ਘੜੇ 'ਚ ਨਜ਼ਰ ਆਉਣਗੇ। ਇਹ ਗਿਣਤੀ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਬਾਗ਼ ਵਿਚ ਸਿਉਂਕ ਦਾ ਹਮਲਾ ਕਿੰਨਾ ਕੁ ਹੈ ਤੇ ਬਾਗ਼ ਦੀ ਮਿੱਟੀ ਕਿਸ ਤਰ੍ਹਾਂ ਦੀ ਹੈ? ਇਕੱਠੀ ਹੋਈ ਸਿਉਂਕ ਨੂੰ ਮਾਰਨ ਲਈ ਸਾਰੇ ਘੜੇ ਮਿੱਟੀ ਹੇਠਾਂ ਦੱਬਣ ਤੋਂ 20 ਦਿਨਾਂ ਬਾਅਦ ਬਾਹਰ ਕੱਢੋ ਤੇ ਘੜੇ ਅੰਦਰ ਬਚੇ-ਖੁਚੇ ਗੁੱਲਿਆਂ ਸਮੇਤ ਇਕੱਠੀ ਹੋਈ ਸਿਉਂਕ ਨੂੰ ਕੁਝ ਤੁਪਕੇ ਡੀਜ਼ਲ ਮਿਲੇ ਪਾਣੀ ਵਿਚ ਡੁਬੋ ਕੇ ਖ਼ਤਮ ਕਰ ਦਿਉ।*

### ਘੜਿਆਂ ਤੋਂ ਬਣੇ ਸਿਉਂਕ ਟਰੈਪ

ਜਦੋਂ ਕਿਸਾਨ ਨਰਸਰੀ ਤੇ ਬਾਗ਼ਾਂ 'ਚ ਸਿਉਂਕ ਦੀ ਰੋਕਥਾਮ ਲਈ ਕੀਟਨਾਸ਼ਕਾਂ ਦੀ ਵਰਤੋਂ ਕਰਦੇ ਹਨ ਤਾਂ ਕੀਟਨਾਸ਼ਕਾਂ ਦਾ ਅਸਰ ਕੁਝ ਦਿਨਾਂ ਬਾਅਦ ਖ਼ਤਮ ਹੋ ਜਾਂਦਾ ਹੈ ਤੇ ਸਿਉਂਕ ਦਾ ਹਮਲਾ ਮੁੜ ਸ਼ੁਰੂ ਹੋ ਜਾਂਦਾ ਹੈ ਜਿਸ ਬਾਗ਼ਾਂ ਦਾ ਵੱਡਾ ਆਰਥਿਕ ਨੁਕਸਾਨ ਹੁੰਦਾ ਹੈ। ਵਾਰ-ਵਾਰ ਹਮਲਾ ਹੋਣ ਦੀ ਸਮੱਸਿਆ ਦਾ ਮੁੱਖ ਕਾਰਨ ਸਿਉਂਕ ਕਬੀਲੇ ਦੀ ਰਾਣੀ ਹੈ, ਜੋ ਰੋਜ਼ਾਨਾ ਹਜ਼ਾਰਾਂ ਆਂਡੇ ਦਿੰਦੀ ਹੈ। ਪੰਜਾਬ ਦੇ ਬਾਗ਼ਾਂ ਵਿਚ ਸਿਉਂਕ ਦੀ ਵੱਧ ਰਹੀ ਸਮੱਸਿਆ ਦੇ ਮੱਦੇਨਜ਼ਰ ਪੀਏਯੂ ਲੁਧਿਆਣਾ ਦੇ ਫਲ ਵਿਗਿਆਨ ਵਿਭਾਗ ਦੇ ਵਿਗਿਆਨੀਆਂ ਨੇ ਨਾਸ਼ਪਾਤੀ, ਬੇਰ, ਆੜੂ, ਅੰਗੂਰ ਤੇ ਆਂਵਲੇ ਦੇ ਬਾਗ਼ਾਂ 'ਚ ਮਿੱਟੀ ਦੇ ਘੜਿਆਂ ਤੋਂ ਬਣਾਏ ਟਰੈਪਾਂ ਵਿਚ ਮੱਕੀ ਦੇ ਗੁੱਲੇ ਪਾ ਕੇ ਸਿਉਂਕ ਦੀ ਵਾਤਾਵਰਨ-ਸਹਾਈ ਤਕਨਾਲੋਜੀ ਦੀ ਖੋਜ ਕੀਤੀ ਹੈ।

### ਟਰੈਪ ਤਿਆਰ ਕਰਨ ਦੀ ਵਿਧੀ

ਸਿਉਂਕ ਦੇ ਹਮਲੇ ਵਾਲੇ ਬਾਗ਼ਾਂ 'ਚ 13 ਇੰਚ ਆਕਾਰ ਵਾਲੇ 14 ਘੜੇ ਪ੍ਰਤੀ ਏਕੜ, ਜਿਨ੍ਹਾਂ 'ਚ ਸਿਉਂਕ ਦੇ ਅੰਦਰ ਜਾਣ ਲਈ 24 ਮੋਰੀਆਂ ਕੀਤੀਆਂ ਹੋਣ, ਨੂੰ ਮੱਕੀ ਦੇ ਗੁੱਲਿਆਂ (3-4 ਟੋਟੇ ਕੀਤੇ ਹੋਏ), ਨਾਲ ਭਰ ਕੇ ਅਪ੍ਰੈਲ ਦੇ ਪਹਿਲੇ ਹਫ਼ਤੇ ਤੇ ਦੁਬਾਰਾ ਸਤੰਬਰ ਦੇ ਪਹਿਲੇ ਹਫ਼ਤੇ ਮਿੱਟੀ 'ਚ 2 ਫੁੱਟ ਡੂੰਘਾ ਦਬਾਉ। ਘੜੇ ਇਕ-ਦੂਜੇ ਤੋਂ ਬਰਾਬਰ ਵਿੱਥ 'ਤੇ ਦੱਬੋ। 16 ਮੋਰੀਆਂ ਘੜੇ ਦੀ ਗਰਦਨ ਦੇ ਨੇੜੇ ਤੇ 8 ਮੋਰੀਆਂ ਘੜੇ ਦੇ ਬਾਕੀ ਹਿੱਸਿਆਂ 'ਤੇ ਹੋਣ। ਇਨ੍ਹਾਂ ਘੜਿਆਂ ਦੇ ਮੂੰਹ ਜ਼ਮੀਨ ਦੀ ਸਤਹਿ ਤੋਂ ਥੋੜ੍ਹੇ ਉੱਪਰ ਰੱਖ ਕੇ ਢਕ ਦਿਉ। ਮਿੱਟੀ 'ਚ ਦਬਾਉਣ ਤੋਂ 3 ਦਿਨ ਬਾਅਦ ਘੜਾ ਖੋਲ੍ਹ ਕੇ ਦੇਖੋ ਕਿ ਸਿਉਂਕ ਦੇ ਬੱਚੇ ਘੜੇ 'ਚ ਆਉਣੇ ਸ਼ੁਰੂ ਹੋਏ ਹਨ ਜਾਂ ਨਹੀਂ।

### ਟਰੈਪ ਦੀ ਕੀਮਤ

ਕਿਸਾਨ ਇਹ ਟਰੈਪ ਆਪਣੇ ਨੇੜਲੇ ਬਜ਼ਾਰ 'ਚ ਘੁਮਿਆਰ ਦੀ ਦੁਕਾਨ ਤੋਂ ਬਣਵਾ ਸਕਦੇ ਹਨ। ਬਜ਼ਾਰ 'ਚ ਅਜਿਹੇ ਟਰੈਪ ਦੀ ਕੀਮਤ 70 ਤੋਂ 90 ਰੁਪਏ ਹੈ। ਇਕ ਏਕੜ ਲਈ 14 ਘੜਿਆਂ ਦਾ ਖ਼ਰਚਾ 980 ਤੋਂ 1260 ਰੁਪਏ ਹੈ। ਇਹ ਖ਼ਰਚਾ ਸਿਉਂਕ ਦੀ ਰੋਕਥਾਮ ਲਈ ਹਰ ਸਾਲ ਵਰਤੇ ਜਾਂਦੇ ਕੀਟਨਾਸ਼ਕਾਂ (320 ਰੁਪਏ ਪ੍ਰਤੀ ਲਿਟਰ ਦੇ ਹਿਸਾਬ ਕਰੀਬ 7 ਵਾਰ ਛਿੜਕਾਅ ਕਰਨ ਦੇ 2240 ਰੁਪਏ ਪ੍ਰਤੀ ਏਕੜ) ਦੇ ਮੁਕਾਬਲੇ ਕਾਫ਼ੀ ਸਸਤਾ ਹੈ। ਕੀਟਨਾਸ਼ਕ ਮਹਿੰਗੇ ਹੋਣ ਦੇ ਨਾਲ-ਨਾਲ ਵਾਤਾਵਰਨ ਨੂੰ ਵੀ ਪਲੀਤ ਕਰਦੇ ਹਨ।

### ਟਰੈਪ ਲਗਾਉਣ ਦੇ ਫ਼ਾਇਦੇ

ਬਾਗ਼ਾਂ 'ਚ ਸਿਉਂਕ ਦੀ ਰੋਕਥਾਮ ਲਈ ਕੀਟਨਾਸ਼ਕ ਰਹਿਤ ਇਹ ਤਕਨਾਲੋਜੀ ਵਾਤਾਵਰਨ ਦੀ ਸੰਭਾਲ 'ਚ ਸਹਾਈ ਹੈ। ਇਸ ਦੀ ਵਰਤੋਂ ਨਾਲ ਫਲਾਂ, ਮਿੱਟੀ, ਬੂਟਿਆਂ ਤੇ ਵਾਤਾਵਰਨ 'ਚ ਕੀਟਨਾਸ਼ਕਾਂ ਦੇ ਅੰਸ਼ ਨਹੀਂ ਹੋਣਗੇ। ਇਹ ਕੀਟਨਾਸ਼ਕਾਂ ਦੇ ਮੁਕਾਬਲੇ ਕਾਫ਼ੀ ਸਸਤੀ ਹੈ। ਸਿਉਂਕ ਟਰੈਪ ਆਸਾਨੀ ਨਾਲ ਸੰਯੁਕਤ ਕੀਟ ਪ੍ਰਬੰਧ ਪ੍ਰੋਗਰਾਮ 'ਚ ਅਪਣਾਏ ਜਾ ਸਕਦੇ ਹਨ। ਇਕ ਘੜੇ ਵਿਚ ਸਿਉਂਕ ਦੇ ਲੱਖਾਂ ਬੱਚਿਆਂ ਨੂੰ ਖਿੱਚਣ ਦੀ ਸਮਰਥਾ ਹੈ। ਇਸ ਤਕਨੀਕ ਕੀਟਨਾਸ਼ਕਾਂ ਦੇ ਛਿੜਕਾਅ ਲਈ ਵਰਤੇ ਜਾਣ ਵਾਲੇ ਪਾਣੀ ਦੀ ਵੀ ਕਾਫ਼ੀ ਬੱਚਤ ਹੁੰਦੀ ਹੈ। ਇਹ ਟਰੈਪ ਵਾਰ-ਵਾਰ ਵਰਤੇ ਜਾ ਸਕਦੇ ਹਨ।

ਨਾਸ਼ਪਾਤੀ, ਬੇਰ, ਆੜੂ, ਅੰਗੂਰ ਤੇ ਆਂਵਲੇ ਦੇ ਬਾਗ਼ਾਂ ਵਿਚ ਸਿਉਂਕ ਦੀ ਰੋਕਥਾਮ ਲਈ 13 ਇੰਚ ਆਕਾਰ ਵਾਲੇ ਘੜੇ, ਜਿਨ੍ਹਾਂ ਵਿਚ 24 ਮੋਰੀਆਂ ਕੀਤੀਆਂ ਹੋਣ, ਨੂੰ ਮੱਕੀ ਦੇ ਗੁੱਲਿਆਂ ਨਾਲ ਭਰ ਕੇ ਅਪ੍ਰੈਲ ਦੇ ਪਹਿਲੇ ਹਫ਼ਤੇ ਤੇ ਦੁਬਾਰਾ ਸਤੰਬਰ ਦੇ ਪਹਿਲੇ ਹਫ਼ਤੇ ਮਿੱਟੀ ਵਿਚ ਦਬਾਉ। •

---



## ਫ਼ਸਲਾਂ 'ਚ ਮਲਚ ਦੀ ਅਹਿਮੀਅਤ

• ਜਗਰੂਪ ਕੌਰ, ਹਰਸਿਮਰਤ ਕੌਰ

ਜ਼ਮੀਨ ਦੀ ਗੁਣਵੱਤਾ ਨੂੰ ਬਰਕਰਾਰ ਰੱਖਣ ਲਈ ਵਰਤੇ ਜਾਣ ਵਾਲੇ ਪਦਾਰਥ- ਫ਼ਸਲੀ ਰਹਿੰਦ-ਖੂੰਹਦ, ਸੁੱਕਾ ਘਾਹ, ਸੁੱਕੇ ਪੱਤੇ, ਪਰਾਲੀ, ਨਾੜ, ਖੋਰੀ, ਆਦਿ ਨੂੰ ਮਲਚ ਆਖ਼ਦੇ ਹਨ।

### ਮਲਚ ਦੇ ਫ਼ਾਇਦੇ

ਮਲਚ ਵਾਸ਼ਪੀਕਰਣ ਨੂੰ ਕੰਟਰੋਲ ਕਰ ਕੇ ਮਿੱਟੀ ਦੀ ਨਮੀ ਨੂੰ ਬਰਕਰਾਰ ਰੱਖਦੀ ਹੈ। ਇਹ ਜ਼ਮੀਨ ਦੇ ਤਾਪਮਾਨ ਨੂੰ ਨਿਯਮਿਤ ਕਰਦੀ ਹੈ। ਮਲਚ ਦੀ ਵਰਤੋਂ ਨਾਲ ਸਰਦੀਆਂ 'ਚ ਜ਼ਮੀਨ ਦਾ ਤਾਪਮਾਨ ਆਮ ਨਾਲੋਂ ਵੱਧ ਜਾਂਦਾ ਹੈ ਤੇ ਗਰਮੀਆਂ 'ਚ ਘਟਦਾ ਹੈ, ਜਿਸ ਨਾਲ ਫ਼ਸਲਾਂ ਦੇ ਪੁੰਗਾਰੇ 'ਚ ਵਾਧਾ ਹੁੰਦਾ ਹੈ। ਮਲਚ ਨਾਲ ਨਦੀਨਾਂ ਦੀ ਘਣਤਾ ਨੂੰ ਵੀ ਬਹੁਤ ਹੱਦ ਤਕ ਘੱਟ ਕੀਤਾ ਜਾ ਸਕਦਾ ਹੈ। ਜੈਵਿਕ ਮਲਚ, ਜਿਵੇਂ ਕਿ ਫ਼ਸਲੀ ਰਹਿੰਦ-ਖੂੰਹਦ ਗਲਣ ਤੋਂ ਬਾਅਦ ਜ਼ਮੀਨ 'ਚ ਫ਼ਸਲਾਂ ਲਈ ਜ਼ਰੂਰੀ ਤੱਤ ਛੱਡ ਦਿੰਦੀ ਹੈ ਜਿਸ ਕਰਕੇ ਜ਼ਮੀਨ ਦੀ ਉਪਜਾਊ ਸ਼ਕਤੀ 'ਚ ਵਾਧਾ ਹੁੰਦਾ ਹੈ। ਇਕ ਟਨ ਪਰਾਲੀ ਵਿਚ 6.2 ਕਿੱਲੋ ਨਾਈਟ੍ਰੋਜਨ, 2.3 ਕਿੱਲੋ ਫਾਸਫੋਰਸ, 25 ਕਿੱਲੋ ਪੋਟਾਸ਼ੀਅਮ ਅਤੇ 1.2 ਕਿੱਲੋ ਸਲਫਰ ਮੌਜੂਦ ਹੁੰਦੇ ਹਨ, ਜੋ ਗਲਣ ਤੋਂ ਬਾਅਦ ਜ਼ਮੀਨ ਦੀ ਉਪਜਾਊ ਸ਼ਕਤੀ 'ਚ ਵਾਦਾ ਕਰਦੇ ਹਨ। ਖੇਤ 'ਚ ਮਲਚ ਵਿਛਾਉਣ ਨਾਲ ਜ਼ਮੀਨ ਦੀ ਪਾਣੀ ਨੂੰ ਸੰਭਾਲਣ ਦੀ ਸਮਰਥਾ 'ਚ ਵਾਧਾ ਹੁੰਦਾ ਹੈ। ਮਲਚ ਪਾਉਣ ਨਾਲ ਮਿਟੀ ਦੇ ਖੁਰਨ ਦੀ ਸਮੱਸਿਆ ਘਟਦੀ ਹੈ। ਜੇ ਅਸੀਂ ਵਾਧੂ ਪਰਾਲੀ ਨੂੰ ਖੇਤ ਵਿਚ ਸਾੜਨ ਦੀ ਥਾਂ ਮਲਚ ਦੇ ਰੂਪ ਵਿਚ ਵਰਤੀਏ ਤਾਂ ਇਸ ਨਾਲ ਹਵਾ ਪ੍ਰਦੂਸ਼ਣ ਵੀ ਘਟੇਗਾ, ਪ੍ਰਦੂਸ਼ਣ ਕਾਰਨ ਹੋਣ ਵਾਲੀਆਂ ਬਿਮਾਰੀਆਂ 'ਚ ਵੀ ਗਿਰਾਵਟ ਆਏਗੀ ਅਤੇ ਜ਼ਮੀਨ ਨੂੰ ਲੋੜੀਂਦੇ ਤੱਤ ਮਿਲਣ ਕਾਰਨ ਖਾਦਾਂ ਉੱਪਰ ਹੋਣ ਵਾਲੇ ਖ਼ਰਚ 'ਤੇ ਵੀ ਕਮੀ ਆਵੇਗੀ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪਰਾਲੀ, ਖੋਰੀ, ਰੁੱਖਾਂ ਦੇ ਪੱਤਿਆਂ ਆਦਿ ਦੀ ਮਲਚ ਦੇ ਤੌਰ 'ਤੇ ਵਰਤੋਂ ਕਰਨ ਦੀ ਸਿਫ਼ਾਰਸ਼ ਕਈ ਫ਼ਸਲਾਂ ਵਿਚ ਕੀਤੀ ਗਈ ਹੈ। ਇਨ੍ਹਾਂ ਵਿਚ ਹਲਦੀ, ਗੰਨਾ, ਮੈਂਥਾ, ਕਣਕ, ਆਲੂ, ਲਸਣ, ਮਿਰਚਾਂ, ਅਮਰੂਦ ਆਦਿ ਫ਼ਸਲਾਂ ਸ਼ਾਮਲ ਹਨ, ਜਿਨ੍ਹਾਂ ਲਈ ਮਲਚਿੰਗ ਬੇਹੱਦ ਲਾਭਦਾਇਕ ਹੈ।

***ਹਲਦੀ :*** *ਬਿਜਾਈ ਤੋਂ ਬਾਅਦ 36 ਕੁਇੰਟਲ ਪਰਾਲੀ ਪ੍ਰਤੀ ਏਕੜ ਖੇਤ 'ਚ ਖਿਲਾਰਨ ਨਾਲ ਹਲਦੀ ਦਾ ਪੁੰਗਾਰਾ ਵਧੀਆ ਹੁੰਦਾ ਹੈ ਤੇ ਨਦੀਨਾਂ ਦੀ ਰੋਕਥਾਮ ਹੁੰਦੀ ਹੈ।*

***ਮੈਂਥਾ :*** *ਬਿਜਾਈ ਤੋਂ ਬਾਅਦ ਪਰਾਲੀ ਨੂੰ 2.4 ਟਨ ਪ੍ਰਤੀ ਏਕੜ ਦੇ ਹਿਸਾਬ ਨਾਲ ਖੇਤ 'ਚ ਖਿਲਾਰੋ।*

***ਗੰਨਾ :*** *ਕਮਾਦ ਦੇ ਜੰਮ ਤੋਂ ਬਾਅਦ ਕਤਾਰਾਂ 'ਚ ਸੁੱਕਾ ਘਾਹ ਜਾਂ ਪਰਾਲੀ ਜਾਂ ਝੋਨੇ ਦਾ ਛਿਲਕਾ ਜਾਂ ਖੋਰੀ ਜਾਂ ਸੁੱਕੇ ਪੱਤੇ 20-25 ਕੁਇੰਟਲ ਪ੍ਰਤੀ ਏਕੜ ਵਿਛਾਉਣ ਨਾਲ ਜ਼ਮੀਨ ਦਾ ਤਾਪਮਾਨ ਘਟੇਗਾ ਤੇ ਜ਼ਮੀਨ ਵਿਚਲੀ ਸਿੱਲ੍ਹ ਨੂੰ ਸੰਭਾਲਿਆ ਜਾ ਸਕਦਾ ਹੈ। ਨਦੀਨਾਂ ਤੇ ਆਗ ਦੇ ਗੜੂੰਏਂ ਦੀ ਸਮੱਸਿਆ ਘੱਟਦੀ ਹੈ।*

***ਕਣਕ :*** *ਪੀਏਯੂ ਵੱਲੋਂ ਹੈਪੀ ਸੀਡਰ ਮਸ਼ੀਨ 'ਚ ਦਬਾਅ ਵਾਲੇ ਪਹੀਆਂ ਵਾਲੀ ਅਟੈਚਮੈਂਟ ਲਗਾਈ ਗਈ ਹੈ, ਜਿਹੜੀ ਕੰਬਾਈਨ ਨਾਲ ਕੱਟੇ ਝੋਨੇ ਦੇ ਵੱਢ 'ਚ ਬਿਜਾਈ ਦੌਰਾਨ ਪਰਾਲੀ ਨੂੰ ਕਣਕ ਦੇ ਸਿਆੜਾਂ 'ਚ ਮਲਚ ਦੇ ਰੂਪ 'ਚ ਦਬਾਅ ਦਿੰਦੀ ਹੈ। ਇਸ ਨਾਲ ਕਣਕ ਦਾ ਪੁੰਗਾਰਾ ਤੇ ਮੁਢਲਾ ਵਾਧਾ ਵਧੀਆ ਹੁੰਦਾ ਹੈ ਤੇ ਨਦੀਨਾਂ ਦੀ ਘਣਤਾ ਘਟਦੀ ਹੈ।*

***ਆਲੂ :*** *25 ਕੁਇੰਟਲ ਪਰਾਲੀ ਪ੍ਰਤੀ ਏਕੜ ਦੇ ਹਿਸਾਬ ਨਾਲ ਖੇਤ 'ਚ ਵਿਛਾਉਣ ਨਾਲ ਦੋ ਸਿੰਚਾਈਆਂ ਬਚਾਈਆਂ ਜਾ ਸਕਦੀਆਂ ਹਨ।*

***ਲਸਣ :*** *ਨਦੀਨ ਉੱਗਣ ਤੋਂ ਪਹਿਲਾਂ ਵਰਤੇ ਜਾਣ ਵਾਲੇ ਨਦੀਨਨਾਸ਼ਕ ਤੋਂ ਬਾਅਦ 25 ਕੁਇੰਟਲ ਪਰਾਲੀ ਪ੍ਰਤੀ ਏਕੜ ਵਿਛਾਉਣ ਨਾਲ ਨਦੀਨਾਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ।*

***ਮਿਰਚਾਂ :*** *ਮਿਰਚਾਂ ਦੀ ਫ਼ਸਲ ਵਿਚ 25 ਕੁਇੰਟਲ ਪਰਾਲੀ ਪ੍ਰਤੀ ਏਕੜ ਵਿਛਾ ਕੇ ਪਾਣੀ ਨੂੰ 15-16 ਸਿੰਚਾਈਆਂ ਤੋਂ ਘਟਾ ਕੇ 9 'ਤੇ ਲਿਆਂਦਾ ਜਾ ਸਕਦਾ ਹੈ।*

***ਅਮਰੂਦ :*** *ਅਮਰੂਦਾਂ ਦੇ ਬੂਟਿਆਂ ਵਿਚ ਮਈ ਮਹੀਨੇ ਦੌਰਾਨ ਖਾਦਾਂ ਪਾਉਣ ਤੋਂ ਬਾਅਦ ਨਦੀਨਾਂ ਦੀ ਰੋਕਥਾਮ ਲਈ 4 ਟਨ ਪਰਾਲੀ ਪ੍ਰਤੀ ਏਕੜ ਮਲਚ ਦੇ ਤੌਰ 'ਤੇ ਵਰਤਣੀ ਚਾਹੀਦੀ ਹੈ।* •

---

## ਖੇਤੀ ਵਿਭਿੰਨਤਾ 'ਚ ਮੱਕੀ ਦੀ ਅਹਿਮੀਅਤ

• ਜਸਵੀਰ ਸਿੰਘ ਚਾਵਲਾ, ਮਹੇਸ਼ ਕੁਮਾਰ, 98726-60990

*ਪੰਜਾਬ ਵਿਚ 116 ਹਜ਼ਾਰ ਹੈਕਟੇਅਰ ਤੋਂ ਵੱਧ ਰਕਬੇ 'ਚ ਮੱਕੀ ਦੀ ਕਾਸ਼ਤ ਕੀਤੀ ਜਾਂਦੀ ਹੈ ਅਤੇ ਇਹ ਕਣਕ-ਝੋਨੇ ਤੋਂ ਬਾਅਦ ਭਾਰਤ ਦੀ ਤੀਜੀ ਮੁੱਖ ਫ਼ਸਲ ਹੈ। ਇਸ ਦੀ ਕਾਸ਼ਤ ਬਰਾਨੀ ਹਾਲਤਾਂ 'ਚ ਵੀ ਕੀਤੀ ਜਾ ਸਕਦੀ ਹੈ। ਜੇ ਮੱਕੀ ਦਾ ਮੰਡੀਕਰਨ ਕਣਕ-ਝੋਨੇ ਦੀ ਤਰਜ 'ਤੇ ਹੋ ਸਕੇ ਤਾਂ ਇਹ ਖੇਤੀ ਵਿਭਿੰਨਤਾ 'ਚ ਅਹਿਮ ਯੋਗਦਾਨ ਪਾ ਸਕਦੀ ਹੈ...*



ਝੋਨੇ ਤੇ ਕਣਕ ਤੋਂ ਬਾਅਦ ਮੱਕੀ ਭਾਰਤ ਦੀ ਤੀਜੀ ਮੁੱਖ ਫ਼ਸਲ ਹੈ। 2016-17 ਦੌਰਾਨ, ਪੰਜਾਬ ਵਿਚ 116 ਹਜ਼ਾਰ ਹੈਕਟੇਅਰ ਰਕਬੇ 'ਚ ਮੱਕੀ ਦੀ ਕਾਸ਼ਤ ਕੀਤੀ ਗਈ ਤੇ ਇਸ ਦੀ ਕੁੱਲ ਉਪਜ 445 ਹਜ਼ਾਰ ਟਨ ਹੋਈ। ਮੱਕੀ ਦਾ ਪ੍ਰਤੀ ਹੈਕਟਰ ਔਸਤ ਝਾੜ 38.35 ਕੁਇੰਟਲ ਰਿਹਾ। ਮੱਕੀ ਨੂੰ ਫੀਡ, ਭੋਜਨ ਤੇ ਚਾਰੇ ਲਈ ਵਰਤਿਆ ਜਾਂਦਾ ਹੈ। ਇਸ ਤੋਂ ਸਨਅਤੀ ਵਸਤਾਂ ਸਟਾਰਚ, ਤੇਲ, ਪ੍ਰੋਟੀਨ, ਦਵਾਈਆਂ, ਫਿਲਮ, ਕੱਪੜਾ ਤੇ ਕਾਗ਼ਜ਼ ਤਿਆਰ ਕੀਤਾ ਜਾਂਦਾ ਹੈ। ਜੇ ਮੱਕੀ ਦਾ ਮੰਡੀਕਰਨ ਵੀ ਝੋਨੇ ਦੀ ਤਰਜ 'ਤੇ ਹੋਵੇ ਤਾਂ ਪੰਜਾਬ ਵਿਚ ਖੇਤੀ ਵਿਭਿੰਨਤਾ ਲਿਆਉਣ 'ਚ ਮੱਕੀ ਮਹੱਤਵਪੂਰਨ ਯੋਗਦਾਨ ਪਾ ਸਕਦੀ ਹੈ। ਮੱਕੀ ਦੀ ਫ਼ਸਲ ਲਗਪਗ 100 ਦਿਨ੍ਹਾਂ 'ਚ ਪੱਕ ਜਾਂਦੀ ਹੈ, ਜਿਸ ਕਾਰਨ ਪਾਣੀ ਦੀ ਖਪਤ ਘਟ ਹੁੰਦੀ ਹੈ। ਇਸ ਦੀ ਕਾਸ਼ਤ ਬਰਾਨੀ ਇਲਾਕਿਆਂ 'ਚ ਵੀ ਸਫਲਤਾਪੂਰਵਕ ਕੀਤੀ ਜਾ ਸਕਦੀ ਹੈ। ਮੱਕੀ ਦੀ ਕਾਸ਼ਤ ਨੂੰ ਲਾਹੇਵੰਦ ਬਣਾਉਣ ਲਈ ਇਸ ਦੀਆਂ ਖ਼ਾਸ ਵਰਤੋਂ ਵਾਲੀਆਂ ਕਿਸਮਾਂ, ਜਿਵੇਂ ਸਵੀਟ ਕੌਰਨ (ਮਿੱਠੀ ਮੱਕੀ), ਪੌਪ ਕੌਰਨ (ਫੁੱਲਿਆਂ ਵਾਲੀ ਮੱਕੀ) ਤੇ ਬੇਬੀ ਕੌਰਨ (ਕੱਚੀ ਮੱਕੀ) ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਦੀ ਲੋੜ ਹੈ। ਮੱਕੀ ਦੀ ਕਾਸ਼ਤ ਲਈ ਕੁਝ ਅਹਿਮ ਗੱਲਾਂ ਨੂੰ ਧਿਆਨ 'ਚ ਰੱਖਣਾ ਜ਼ਰੂਰੀ ਹੈ :

ਮੱਕੀ ਦੀਆਂ ਦੋਗਲੀਆਂ ਤੇ ਕੰਪੋਜ਼ਿਟ ਕਿਸਮਾਂ ਦੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀ ਗਈ ਹੈ।

### ਬੀਜ ਦੀ ਮਾਤਰਾ ਤੇ ਸੋਧ

ਬਿਜਾਈ ਲਈ 8 ਕਿੱਲੋ ਬੀਜ ਪ੍ਰਤੀ ਏਕੜ ਵਰਤੋ। ਪਰਲ ਪੌਪ ਕੌਰਨ ਦੇ ਦਾਣਿਆਂ ਦਾ ਆਕਾਰ ਛੋਟਾ ਹੋਣ ਕਰਕੇ 7 ਕਿੱਲੋ ਬੀਜ ਪ੍ਰਤੀ ਏਕੜ ਕਾਫ਼ੀ ਹੈ। ਸੰਘਣੀ ਫ਼ਸਲ 'ਤੇ ਛੱਲੀਆਂ ਘੱਟ ਲਗਦੀਆਂ ਹਨ ਤੇ ਝਾੜ ਘਟਦਾ ਹੈ। ਖੇਤ ਵਿਚ ਬੂਟਿਆਂ ਦੀ ਘੱਟ ਗਿਣਤੀ ਹੋਣਾ ਝਾੜ ਦੇ ਘਟਣ ਦਾ ਵੱਡਾ ਕਾਰਨ ਬਣਦਾ ਹੈ। ਉੱਲੀ ਨਾਸ਼ਕ ਜ਼ਹਿਰਾਂ, ਜਿਵੇਂ ਬਾਵਿਸਟਨ ਜਾਂ ਡੈਰੋਸਲ ਜਾਂ ਐਗਰੋਜ਼ਿਮ 50 ਡਬਲਿਈਪੀ ਆਦਿ ਨਾਲ 3 ਗ੍ਰਾਮ ਪ੍ਰਤੀ ਕਿੱਲੋ ਦੇ ਹਿਸਾਬ ਨਾਲ ਬੀਜ ਨੂੰ ਬਿਜਾਈ ਤੋਂ ਪਹਿਲਾਂ ਸੋਧ ਲਵੋ।

### ਬਿਜਾਈ ਦਾ ਸਮਾਂ ਤੇ ਢੰਗ

ਸੇਂਜੂ ਹਾਲਤ ਵਿਚ ਮੱਕੀ ਦੀ ਬਿਜਾਈ ਮਈ ਦੇ ਅਖ਼ੀਰਲੇ ਹਫ਼ਤੇ ਤੋਂ ਜੂਨ ਦੇ ਅਖ਼ੀਰ ਤਕ ਕਰ ਲੈਣੀ ਚਾਹੀਦੀ ਹੈ। ਇਸ ਤਰ੍ਹਾਂ ਅਗਲੀ ਫ਼ਸਲ ਆਲੂ, ਤੋਰੀਆ, ਕਣਕ ਆਦਿ ਦੀ ਬਿਜਾਈ ਲਈ ਖੇਤ ਸਮੇਂ ਸਿਰ ਖ਼ਾਲੀ ਹੋ ਜਾਂਦਾ ਹੈ। ਸਮੇਂ ਸਿਰ ਬੀਜੀ ਫ਼ਸਲ ਤੋਂ ਝਾੜ ਵੀ ਚੰਗਾ ਮਿਲਦਾ ਹੈ ਤੇ ਬਾਰਿਸ਼ਾਂ 'ਚ ਜ਼ਿਆਦਾ ਪਾਣੀ ਦੇ ਨੁਕਸਾਨ ਤੋਂ ਵੀ ਬਚਿਆ ਜਾ ਸਕਦਾ ਹੈ। ਕਤਾਰ ਤੋਂ ਕਤਾਰ ਦਾ ਫ਼ਾਸਲਾ 60 ਸੈਂਟੀਮੀਟਰ ਰੱਖੋ ਤੇ ਬੂਟਿਆਂ ਵਿਚਕਾਰ ਫ਼ਾਸਲਾ 20 ਸੈਂਟੀਮੀਟਰ ਹੋਣਾ ਚਾਹੀਦਾ ਹੈ।

### ਬਿਨਾਂ ਵਹਾਈ ਬਿਜਾਈ

ਕਣਕ ਤੋਂ ਬਾਅਦ ਮੱਕੀ ਨੂੰ ਬਿਨਾਂ ਜ਼ਮੀਨ ਵਾਹੇ ਜ਼ੀਰੋ ਟਿਲ ਡਰਿੱਲ ਨਾਲ ਬੀਜਿਆ ਜਾ ਸਕਦਾ ਹੈ। ਜਿਨ੍ਹਾਂ ਖੇਤਾਂ 'ਚ ਨਦੀਨ ਜ਼ਿਆਦਾ ਹੋਣ, ਉਥੇ ਅੱਧਾ ਲਿਟਰ ਗ੍ਰਾਮੈਕਸੋਨ 24 ਐੱਸਐੱਲ 200 ਲਿਟਰ ਪਾਣੀ 'ਚ ਘੋਲ ਕੇ ਬਿਜਾਈ ਤੋਂ ਪਹਿਲਾਂ ਛਿੜਕੋ। ਮੱਕੀ ਨੂੰ ਬਿਨਾਂ ਵਾਹੇ ਬੀਜਣ ਨਾਲ ਡੀਜ਼ਲ ਤੇ ਸਮੇਂ ਦੀ ਬੱਚਤ, ਪ੍ਰਦੂਸ਼ਣ ਘੱਟ ਹੁੰਦਾ ਹੈ, ਪਾਣੀ ਦੀ ਬੱਚਤ, ਨਦੀਨਾਂ ਦੀ ਸਮੱਸਿਆ ਘੱਟ ਹੋਣ ਕਾਰਨ ਝਾੜ ਵਧਦਾ ਹੈ।

#### ਖਾਲ਼ੀਆਂ 'ਚ ਬਿਜਾਈ

*ਮਈ ਦੇ ਅਖੀਰਲੇ ਹਫ਼ਤੇ ਤੋਂ ਅੱਧ ਜੂਨ ਤਕ ਮੱਕੀ ਦੀ ਬਿਜਾਈ ਟਰੈਕਟਰ ਵਾਲੀ ਰਿਜਰ ਮਸ਼ੀਨ ਨਾਲ ਬਣਾਈਆਂ ਖਾਲੀਆਂ 'ਚ ਕੀਤੀ ਜਾ ਸਕਦੀ ਹੈ। ਇਸ ਨਾਲ ਖ਼ੁਸ਼ਕ ਤੇ ਗਰਮ ਮੌਸਮ 'ਚ ਪਾਣੀ ਘੱਟ ਅਤੇ ਸੌਖਾ ਲਗਦਾ ਹੈ। ਖਾਲ਼ੀਆਂ 'ਚ ਬੀਜੀ ਮੱਕੀ ਦੀ ਫ਼ਸਲ ਘੱਟ ਡਿੱਗਦੀ ਹੈ ਤੇ ਪੱਧਰੀ ਬਿਜਾਈ ਨਾਲੋਂ ਝਾੜ ਵੀ ਜ਼ਿਆਦਾ ਦਿੰਦੀ ਹੈ।*

#### ਜਲਵਾਯੂ ਤੇ ਜ਼ਮੀਨ

*ਮੱਕੀ ਦੀ ਕਾਸ਼ਤ ਲਈ ਚੰਗੇ ਜਲ ਨਿਕਾਸ, ਮੈਰਾ ਤੋਂ ਭੱਲ ਵਾਲੀ ਜ਼ਮੀਨ ਸਭ ਤੋਂ ਚੰਗੀ ਹੈ। ਮੱਕੀ ਨੂੰ ਉੱਗਣ ਤੋਂ ਲੈ ਕੇ ਨਿਸਰਨ ਤਕ ਸਿੱਲ੍ਹੇ ਤੇ ਗਰਮ ਜਲਵਾਯੂ ਦੀ ਲੋੜ ਹੈ। ਫ਼ਸਲ ਨਿਸਰਣ ਸਮੇਂ ਘੱਟ ਸਿੱਲ੍ਹ ਤੇ ਜ਼ਿਆਦਾ ਤਾਪਮਾਨ ਪੱਤਿਆਂ ਨੂੰ ਨੁਕਸਾਨ ਪਹੁੰਚਾਉਂਦਾ ਹੈ। ਪਰਾਗ ਕਣ ਸੁੱਕ ਜਾਂਦੇ ਹਨ, ਪਰਾਗਣ ਕਿਰਿਆ ਠੀਕ ਨਹੀਂ ਹੁੰਦੀ ਤੇ ਦਾਣੇ ਘੱਟ ਪੈਂਦੇ ਹਨ। ਚੰਗਾ ਝਾੜ ਲੈਣ ਲਈ ਖੇਤਾਂ ਦੇ ਜਲ ਨਿਕਾਸ ਦਾ ਠੀਕ ਪ੍ਰਬੰਧ ਹੋਣਾ ਬਹੁਤ ਜ਼ਰੂਰੀ ਹੈ।*

#### ਗੋਡੀ ਕਰਨਾ ਤੇ ਬੂਟੇ ਵਿਰਲੇ ਕਰਨਾ

*ਬਿਜਾਈ ਤੋਂ 15 ਤੇ 30 ਦਿਨਾਂ ਬਾਅਦ ਦੋ ਗੋਡੀਆਂ ਕਰ ਕੇ ਫ਼ਸਲ 'ਚੋਂ ਘਾਹ-ਫੂਸ ਖ਼ਤਮ ਕਰ ਦੇਣਾ ਚਾਹੀਦਾ ਹੈ। ਪਹਿਲੀ ਗੋਡੀ ਰੰਬੇ ਜਾਂ ਕਸੌਲੇ ਨਾਲ ਕਰੋ। ਦੂਜੀ ਗੋਡੀ ਲਈ ਇਕ ਪਹੀਏ ਵਾਲੀ ਤ੍ਰਿਫਾਲੀ ਵਰਤੋ। ਪਹਿਲੀ ਗੋਡੀ ਸਮੇਂ ਬੂਟੇ ਵਿਰਲੇ ਕਰ ਦਿਉ ਤੇ ਬੂਟਿਆਂ ਵਿਚਕਾਰ ਫ਼ਾਸਲਾ 20 ਸੈਂਟੀਮੀਟਰ ਰੱਖੋ।*



### ਨਦੀਨਾਂ ਦੀ ਰੋਕਥਾਮ

ਚੌੜੇ ਪੱਤਿਆਂ ਵਾਲੇ ਨਦੀਨਾਂ ਲਈ ਦਰਮਿਆਨੀਆਂ ਤੇ ਭਾਰੀਆਂ ਜ਼ਮੀਨਾਂ 'ਚ ਐਟਰਾਟਾਫ 50 ਡਬਲਿਊਪੀ 800 ਗ੍ਰਾਮ ਪ੍ਰਤੀ ਏਕੜ ਤੇ ਹਲਕੀਆਂ ਜ਼ਮੀਨਾਂ ਲਈ 500 ਗ੍ਰਾਮ ਪ੍ਰਤੀ ਏਕੜ ਬਿਜਾਈ ਤੋਂ ਦਸ ਦਿਨ ਦੇ ਅੰਦਰ 200 ਲਿਟਰ ਪਾਣੀ 'ਚ ਘੋਲ ਕੇ ਵਰਤੋ ਜਾਂ 250 ਗ੍ਰਾਮ ਫ਼ਸਲ ਦੀਆਂ ਕਤਾਰਾਂ ਚੌੜੀ ਪੱਟੀ 'ਚ ਛਿੜਕਾਅ ਕਰੋ ਤੇ ਕਤਾਰਾਂ 'ਚ ਬਾਕੀ ਰਹਿੰਦੀ ਜਗ੍ਹਾ ਦੀ 15-30 ਦਿਨ੍ਹਾਂ ਬਾਅਦ ਗੋਡੀ ਕਰੋ। ਸਖ਼ਤ ਜਾਨ ਨਦੀਨ, ਬਾਂਸ ਪੱਤਾ, ਘਾਹ, ਕਾਂ ਮੱਕੀ ਆਦਿ ਦੀ ਲਈ 600 ਗ੍ਰਾਮ ਐਟਰਾਜੀਨ ਨੂੰ ਇਕ ਲਿਟਰ ਲਾਸੋ 50 ਈਸੀ ਜਾਂ ਇਕ ਲਿਟਰ ਸਟੌਂਪ 30 ਈਸੀ ਦਾ ਪ੍ਰਤੀ ਏਕੜ 200 ਲਿਟਰ ਪਾਣੀ 'ਚ ਘੋਲ ਕੇ ਬਿਜਾਈ ਤੋਂ 2 ਦਿਨ ਅੰਦਰ ਛਿੜਕਾਅ ਕਰੋ। ਖੜ੍ਹੀ ਫ਼ਸਲ 'ਚ ਨਦੀਨਾਂ ਦੀ ਰੋਕਥਾਮ ਲਈ 105 ਮਿਲੀਲਿਟਰ ਪ੍ਰਤੀ ਏਕੜ ਲੌਂਡਿਸ 420 ਐੱਸਸੀ ਦਾ ਛਿੜਕਾਅ 150 ਲਿਟਰ ਪਾਣੀ 'ਚ ਘੋਲ ਕੇ ਬਿਜਾਈ ਤੋਂ 20 ਦਿਨ ਬਾਅਦ ਕਰੋ। ਡੀਲੇ-ਮੋਥੇ ਲਈ 2,4-ਡੀ ਅਮਾਈਨ ਸਾਲਟ 58 ਫ਼ੀਸਦੀ 400 ਐੱਮਐੱਲ ਪ੍ਰਤੀ ਏਕੜ 150 ਲਿਟਰ ਪਾਣੀ 'ਚ ਘੋਲ ਕੇ ਛਿੜਕਾਅ ਕਰੋ।

### ਸਿੰਚਾਈ

ਮੱਕੀ ਨੂੰ 4 ਤੋਂ 6 ਪਾਣੀਆਂ ਦੀ ਲੋੜ ਹੁੰਦੀ ਹੈ। ਫ਼ਸਲ ਨੂੰ ਪਾਣੀ ਦੀ ਘਾਟ ਨਹੀਂ ਆਉਣ ਦੇਣੀ ਚਾਹੀਦੀ, ਖ਼ਾਸ ਕਰ ਕੇ ਨਿਸਰਣ ਤੇ ਸੂਤ ਕੱਤਣ ਸਮੇਂ। ਛੋਟੀ ਉਮਰ ਦੀ ਮੱਕੀ 'ਚ ਪਾਣੀ ਖੜ੍ਹਾ ਹੋਣ ਨਾਲ ਫ਼ਸਲ ਦਾ ਨੁਕਸਾਨ ਹੰਦਾ ਹੈ। ਜੇ ਜ਼ਿਆਦਾ ਪਾਣੀ ਖੜ੍ਹਨ ਨਾਲ ਨੁਕਸਾਨ ਹੋ ਜਾਵੇ ਤਾਂ 6 ਕਿੱਲੋ ਯੂਰੀਆ ਨੂੰ 200 ਲਿਟਰ ਪਾਣੀ 'ਚ ਘੋਲ ਬਣਾ ਕੇ (3 ਫ਼ੀਸਦੀ) ਦੋ ਵਾਰੀ ਹਫ਼ਤੇ ਦੇ ਫ਼ਰਕ 'ਤੇ ਛਿੜਕੋ। ਜੇ ਨੁਕਸਾਨ ਦਰਮਿਆਨੇ ਤੋਂ ਭਾਰੀ ਹੋਵੇ ਤਾਂ ਫ਼ਸਲ ਵਿੱਚੋਂ ਪਾਣੀ ਕੱਢਣ ਮਗਰੋਂ 12-24 ਕਿਲੋ ਨਾਈਟ੍ਰੋਜਨ (25-50 ਕਿੱਲੋ ਯੂਰੀਆ) ਪ੍ਰਤੀ ਏਕੜ ਹੋਰ ਪਾਉ।

### ਖਾਦਾਂ

ਮੱਕੀ ਦੀ ਫ਼ਸਲ ਖੁਰਾਕੀ ਤੱਤਾਂ ਨੂੰ ਬਹੁਤ ਮੰਨਦੀ ਹੈ ਪਰ ਖਾਦਾਂ ਦੀ ਵਰਤੋਂ ਮਿੱਟੀ ਦੀ ਪਰਖ ਦੇ ਆਧਾਰ ਤੇ ਫ਼ਸਲੀ ਚੱਕਰ ਅਨੁਸਾਰ ਹੀ ਕਰੋ। ਮੱਕੀ ਦੀ ਫ਼ਸਲ 'ਚ ਰੂੜੀ ਤੇ ਹਰੀ ਖਾਦ ਪਾਉ। ਹਰੀ ਖਾਦ ਲਈ ਰਵਾਂਹ ਜਾਂ ਸਣ ਜਾਂ ਜੰਤਰ ਦੀ ਬਿਜਾਈ ਕਰੋ। ਜੇ ਗਰਮ ਰੁੱਤ ਦੀ ਮੂੰਗੀ ਬੀਜੀ ਗਈ ਹੋਵੇ ਤਾਂ ਫਲੀਆਂ ਤੋੜਨ ਪਿੱਛੋਂ ਇਸ ਨੂੰ ਮੱਕੀ ਬੀਜਣ ਤੋਂ ਪਹਿਲਾਂ ਵਾਹ ਕੇ ਖੇਤ 'ਚ ਦੱਬ ਦਿਉ। ਰੂੜੀ ਦੀ ਵਰਤੋਂ ਨਾਲ ਜ਼ਮੀਨ ਦੀ ਹਾਲਤ ਸੁਧਰਦੀ ਹੈ ਤੇ ਜ਼ਮੀਨ ਦੀ ਪਾਣੀ ਸੰਭਾਲਣ ਦੀ ਸ਼ਕਤੀ ਵੀ ਵੱਧਦੀ ਹੈ।

ਚੰਗਾ ਝਾੜ ਲੈਣ ਲਈ ਲੰਬੇ ਸਮੇਂ ਵਿਚ ਪੱਕਣ ਵਾਲੀਆਂ ਕਿਸਮਾਂ ਪੀਐੱਮਐਚ-1, ਪ੍ਰਭਾਤ ਤੇ ਪੰਜਾਬ ਸਵੀਟ ਕੌਰਨ-1 ਨੂੰ 90 ਕਿੱਲੋ ਯੂਰੀਆ, 55 ਕਿੱਲੋ ਡੀਏਪੀ ਤੇ 20 ਕਿੱਲੋ ਮਿਊਰੇਟ ਆਫ ਪੋਟਾਸ਼ ਦੀ ਵਰਤੋਂ ਕਰੋ। ਘੱਟ ਸਮੇਂ 'ਚ ਪੱਕਣ ਵਾਲੀਆਂ ਕਿਸਮਾਂ, ਜਿਵੇਂ ਪੀਐੱਮਐੱਚ-2, ਕੇਸਰੀ ਤੇ ਪਰਲ ਪੌਪ ਕੌਰਨ ਨੂੰ 65 ਕਿੱਲੋ ਯੂਰੀਆ, 27 ਕਿੱਲੋ ਡੀਏਪੀ ਤੇ 15 ਕਿੱਲੋ ਮਿਊਰੇਟ ਆਫ ਪੋਟਾਸ਼ ਦੀ ਵਰਤੋਂ ਕਰੋ। ਜੇ ਖੇਤ 'ਚ ਜ਼ਿੰਕ ਦੀ ਘਾਟ ਹੋਵੇ ਤਾਂ 10 ਕਿੱਲੋ ਜ਼ਿੰਕ ਸਲਫੇਟ ਪ੍ਰਤੀ ਏਕੜ ਦੇ ਹਿਸਾਬ ਨਾਲ ਪਾਉ। ਸਾਰੀ ਫਾਸਫੋਰਸ, ਪੋਟਾਸ਼ ਤੇ ਤੀਜਾ ਹਿੱਸਾ ਨਾਈਟ੍ਰੋਜਨ ਵਾਲੀ ਖਾਦ ਬਿਜਾਈ ਸਮੇਂ ਪਾਉ। ਬਾਕੀ ਰਹਿੰਦੀ ਨਾਈਟ੍ਰੋਜਨ ਵਾਲੀ ਖਾਦ ਦੋ ਹਿੱਸਿਆਂ ਵਿਚ ਪਾਉ-ਇੱਕ ਹਿੱਸਾ ਉਸ ਵੇਲੇ ਪਾਉ, ਜਦ ਫ਼ਸਲ ਗੋਡੇ-ਗੋਡੇ ਹੋਵੇ ਤੇ ਦੂਸਰਾ ਹਿੱਸਾ ਬੂਰ ਪੈਣ ਤੋਂ ਪਹਿਲਾਂ ਪਾ ਦਿਉ। ਜੇ ਮੱਕੀ ਨੂੰ 6 ਟਨ ਪ੍ਰਤੀ ਏਕੜ ਤੋਂ ਵੱਧ ਰੂੜੀ ਹਰ ਸਾਲ ਪਾਈ ਜਾਵੇ ਤਾਂ ਬਿਜਾਈ ਸਮੇਂ ਖਾਦ ਦੀ ਲੋੜ ਨਹੀਂ।

### ਕੀੜੇ ਮਕੌੜੇ ਤੇ ਬਿਮਾਰੀਆਂ

ਮੱਕੀ ਦਾ ਗੜੂੰਆਂ ਸਾਉਣੀ ਰੁੱਤ ਦਾ ਮੁੱਖ ਕੀੜਾ ਹੈ। ਇਹ ਫ਼ਸਲ ਦਾ 15 ਫ਼ੀਸਦੀ ਤਕ ਨੁਕਸਾਨ ਕਰ ਸਕਦਾ ਹੈ। ਇਸ ਦੀ ਰੋਕਥਾਮ ਲਈ ਕੋਰਾਜ਼ਨ 18.5 ਐੱਸਸੀ 30 ਮਿਲੀਲੀਟਰ ਜਾਂ ਡੈਸਿਸ 2.8 ਈਸੀ 80 ਮਿਲੀਲੀਟਰ ਨੂੰ 60 ਲਿਟਰ ਪਾਣੀ 'ਚ ਘੋਲ ਕੇ ਪ੍ਰਤੀ ਏਕੜ 10-15 ਦਿਨ ਦੀ ਫ਼ਸਲ 'ਤੇ ਛਿੜਕੋ। ਮਿੱਤਰ ਕੀੜੇ ਟ੍ਰਾਈਕੋਗ੍ਰਾਮਾ ਨੂੰ ਵੀ 10 ਅਤੇ ਫਿਰ 17 ਦਿਨ ਦੀ ਫ਼ਸਲ 'ਤੇ ਛੱਡ ਕੇ ਗੜੂੰਏਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ। ਇਕ ਏਕੜ ਲਈ 40 ਹਜ਼ਾਰ ਪਰਜੀਵੀ ਕਿਰਿਆ ਕੀਤੇ ਆਂਡਿਆਂ ਦੀ ਸਿਫ਼ਾਰਸ਼ ਕੀਤੀ ਗਈ ਹੈ। ਬੀਜ ਤੇ ਪੁੰਗਾਰ ਦੇ ਗਲਣ ਰੋਗ ਦੀ ਰੋਕਥਾਮ ਲਈ ਬੀਜ ਦੀ ਸੋਧ ਸਿਫ਼ਾਰਸ਼ ਕੀਤੇ ਉੱਲੀ ਨਾਸ਼ਕਾਂ ਨਾਲ ਕਰੋ। ਤਣਾ ਗਲਣ ਦੀ ਰੋਕਥਾਮ ਲਈ ਖੇਤ 'ਚ ਪਾਣੀ ਦੀ ਨਿਕਾਸੀ ਦੇ ਪੁਖ਼ਤਾ ਇੰਤਜ਼ਾਮ ਕਰੋ। •

# ਚੋਣਾਂ ਦੀ ਪਾਰਦਰਸ਼ਤਾ ਲਈ ‘ਸਰ’ ਜ਼ਰੂਰੀ: ਸੁਪਰੀਮ ਕੋਰਟ

**ਨਵੀਂ ਦਿੱਲੀ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਚੋਣ ਕਮਿਸ਼ਨ ਦੀ ਵੋਟਰ ਸੂਚੀਆਂ ਦੀ ਕਾਰਵਾਈ ਕਰਨ ਦੀ ਸ਼ਕਤੀ ਨੂੰ ਬਰਕਰਾਰ ਰੱਖਿਆ, ਅਤੇ ਕਿਹਾ ਕਿ ਇਹ ਨਿਰਪੱਖ ਅਤੇ ਆਜ਼ਾਦ ਚੋਣਾਂ ਦੀ ਸੰਵਿਧਾਨਕ ਜ਼ਰੂਰਤ ਨੂੰ ਅੱਗੇ ਵਧਾਉਂਦੀ ਹੈ।”



ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਟਿੱਪਣੀ ਕੀਤੀ ਕਿ ਇਹ ਨਹੀਂ ਕਿਹਾ ਜਾ ਸਕਦਾ ਕਿ ਚੋਣ ਕਮਿਸ਼ਨ ਨੇ ਐਸ.ਆਈ.ਆਰ. ਦੀ ਵਰਤੋਂ ਕਰਕੇ ਕਾਨੂੰਨੀ ਸ਼ਕਤੀਆਂ ਤੋਂ ਬਾਹਰ ਜਾ ਕੇ ਕੰਮ ਕੀਤਾ ਹੈ।

ਬੈਂਚ ਨੇ ਕਿਹਾ, ਅਸੀਂ ਇਹ ਸਿੱਟਾ ਕੱਢਣ ਵਿੱਚ ਅਸਮਰੱਥ ਹਾਂ ਕਿ ਵਿਵਾਦਿਤ ਕਾਰਵਾਈ ਸਿਰਫ਼ ਪ੍ਰਸ਼ਾਸਨਿਕ ਸਹੂਲਤ ਲਈ ਕੀਤੀ ਗਈ ਹੈ। ਇਸਦੇ ਉਲਟ, ਅਸੀਂ ਮੰਨਦੇ ਹਾਂ ਕਿ ਚੋਣਾਂ ਦੀ ਐਸ.ਆਈ.ਆਰ. ਨਿਰਪੱਖ ਅਤੇ ਆਜ਼ਾਦ ਚੋਣਾਂ ਦੀ ਸੰਵਿਧਾਨਕ ਜ਼ਰੂਰਤ ਨੂੰ ਅੱਗੇ ਵਧਾਉਂਦੀ ਹੈ।

ਐਸ.ਆਈ.ਆਰ. ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਚੋਣ ਕਮਿਸ਼ਨ ਕੋਲ ਸੰਵਿਧਾਨ ਦੀ ਧਾਰਾ 326, ਲੋਕ ਪ੍ਰਤੀਨਿਧਤਾ ਐਕਟ, 1950 ਅਤੇ ਇਸ ਦੇ ਤਹਿਤ ਬਣੇ ਨਿਯਮਾਂ ਦੇ ਅਧੀਨ ਵਿਆਪਕ ਰੂਪ ਵਿੱਚ ਐਸ.ਆਈ.ਆਰ. ਕਰਨ ਦੀਆਂ ਸ਼ਕਤੀਆਂ ਨਹੀਂ ਹਨ।

29 ਜਨਵਰੀ ਨੂੰ, ਸੁਪਰੀਮ ਕੋਰਟ ਨੇ ਐਨ.ਜੀ.ਓ. ਐਸੋਸੀਏਸ਼ਨ ਫਾਰ ਡੈਮੋਕਰੇਟਿਕ ਰਿਫਾਰਮਜ਼ ਦੁਆਰਾ ਦਾਇਰ ਪਟੀਸ਼ਨ ਸਮੇਤ ਹੋਰ ਪਟੀਸ਼ਨਾਂ ’ਤੇ ਆਪਣਾ ਫੈਸਲਾ ਰਾਖਵਾਂ ਰੱਖ ਲਿਆ ਸੀ। ਬਿਹਾਰ ਵਿੱਚ ਐਸ.ਆਈ.ਆਰ. ਕਾਰਵਾਈ ਦੇ ਪਹਿਲੇ ਪੜਾਅ ਵਜੋਂ ਕੀਤੀ ਗਈ ਸੀ।

ਸਿਖਰਲੀ ਅਦਾਲਤ ਨੇ ਪਿਛਲੇ ਸਾਲ 12 ਅਗਸਤ ਨੂੰ ਇਸ ਮਾਮਲੇ ਵਿੱਚ ਅੰਤਿਮ ਬਹਿਸ ਸ਼ੁਰੂ ਕੀਤੀ ਸੀ, ਜਦੋਂ ਉਸ ਨੇ ਟਿੱਪਣੀ ਕੀਤੀ ਸੀ ਕਿ ਵੋਟਰ ਸੂਚੀਆਂ ਵਿੱਚ ਨਾਮ ਸ਼ਾਮਲ ਕਰਨਾ ਜਾਂ ਬਾਹਰ ਕੱਢਣਾ ਚੋਣ ਕਮਿਸ਼ਨ ਦੇ ਸੰਵਿਧਾਨਕ ਅਧਿਕਾਰ ਖੇਤਰ ਵਿੱਚ ਆਉਂਦਾ ਹੈ। ਚੋਣ ਅਥਾਰਟੀ ਨੇ 65 ਲੱਖ ਲੋਕਾਂ ਦੇ ਨਾਮ ਜਾਰੀ ਕੀਤੇ ਸਨ ਜਿਨ੍ਹਾਂ ਨੂੰ ਐਸ.ਆਈ.ਆਰ. ਕਾਰਵਾਈ ਦੇ ਹਿੱਸੇ ਵਜੋਂ ਪ੍ਰਕਾਸ਼ਿਤ ਡਰਾਫਟ ਵੋਟਰ ਸੂਚੀਆਂ ਵਿੱਚੋਂ ਹਟਾ ਦਿੱਤਾ ਗਿਆ ਸੀ।

ਐਸ.ਆਈ.ਆਰ. ਨੋਟੀਫਿਕੇਸ਼ਨ ਦੇ ਅਨੁਸਾਰ, ਜਿਹੜੇ ਵੋਟਰ 2002 ਜਾਂ 2003 ਦੀਆਂ ਸੂਚੀਆਂ ਵਿੱਚ ਮੌਜੂਦ ਨਹੀਂ ਸਨ, ਉਨ੍ਹਾਂ ਨੂੰ ਉਸ ਸਮੇਂ ਸੂਚੀਆਂ ਵਿੱਚ ਮੌਜੂਦ ਕਿਸੇ ਵਿਅਕਤੀ ਨਾਲ ਜੱਦੀ ਸਬੰਧ ਦਿਖਾਉਣੇ ਪਏ ਸਨ।

ਐਸ.ਆਈ.ਆਰ. ਕਾਰਵਾਈ ਦਾ ਬਚਾਅ ਕਰਦੇ ਹੋਏ, ਚੋਣ ਕਮਿਸ਼ਨ ਨੇ ਕਿਹਾ ਕਿ ਆਧਾਰ ਅਤੇ ਵੋਟਰ ਸ਼ਨਾਖਤੀ ਕਾਰਡਾਂ ਨੂੰ ਨਾਗਰਿਕਤਾ ਦੇ ਨਿਰਣਾਇਕ ਸਬੂਤ ਵਜੋਂ ਨਹੀਂ ਮੰਨਿਆ ਜਾ ਸਕਦਾ ਹੈ। ਪਟੀਸ਼ਨਰਾਂ ਨੇ ਦੋਸ਼ ਲਾਇਆ ਕਿ ਵੋਟਰ ਸੂਚੀਆਂ ਦੀ ਸੋਧ ਇੱਕ ਐਨ.ਆਰ.ਸੀ. ਵਰਗੀ ਪ੍ਰਕਿਰਿਆ ਸੀ ਜਿੱਥੇ ਚੋਣ ਸੰਸਥਾ ਨਾਗਰਿਕਤਾ ਦੀ ਪੁਸ਼ਟੀ ਕਰ ਰਹੀ ਸੀ, ਜੋ ਕਿ ਕੇਂਦਰ ਸਰਕਾਰ ਦੀ ਸ਼ਕਤੀ ਹੈ।

# ਵਿਜੀਲੈਂਸ ਰੀਡਰ ਨੂੰ ਭਗੌੜਾ ਕਰਾਰ ਦੇਣ ਦੀ ਕਾਰਵਾਈ ਵਿੱਢੀ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ ਬੀ ਆਈ ਵੱਲੋਂ 13 ਲੱਖ ਰੁਪਏ ਰਿਸ਼ਵਤ ਕਾਂਡ ’ਚ ਫ਼ਰਾਰ ਵਿਜੀਲੈਂਸ ਬਿਊਰੋ ਦੇ ਮੁਖੀ ਦੇ ਰੀਡਰ ਓ ਪੀ ਰਾਣਾ ਨੂੰ ਭਗੌੜਾ ਐਲਾਨੇ ਜਾਣ ਦੀ ਪ੍ਰਕਿਰਿਆ ਵਿੱਢੀ ਹੈ। ਚੰਡੀਗੜ੍ਹ ਦੀ ਸੀ ਬੀ ਆਈ ਅਦਾਲਤ ਨੇ ਫ਼ਿਲਹਾਲ ਫ਼ਰਾਰ ਰੀਡਰ ਰਾਣਾ ਦੇ ਮੁੜ 6 ਜੂਨ ਤੱਕ ਗੈਰ ਜ਼ਮਾਨਤੀ ਵਾਰੰਟ ਜਾਰੀ ਕਰ ਦਿੱਤੇ ਹਨ। ਰੀਡਰ ਰਾਣਾ ਨੇ ਸੀ ਬੀ ਆਈ ਅਦਾਲਤ ਚੋਂ ਅਗਾਊਂ ਜ਼ਮਾਨਤ ਦੀ ਅਰਜ਼ੀ ਰੱਦ ਹੋਣ ਮਗਰੋਂ ਪੰਜਾਬ ਤੇ ਹਰਿਆਣਾ ਹਾਈ ਕੋਰਟ ’ਚ ਦਾਇਰ ਕੀਤੀ ਹੈ ਜਿਸ ’ਤੇ ਹੁਣ 29 ਮਈ ਨੂੰ ਸੁਣਵਾਈ ਹੋਣੀ ਹੈ।

ਸੀ ਬੀ ਆਈ ਅਦਾਲਤ ਨੇ ਹਾਈ ਕੋਰਟ ’ਚ ਅਗਾਊਂ ਜ਼ਮਾਨਤ ਦੀ ਅਰਜ਼ੀ ਸੁਣਵਾਈ ਅਧੀਨ ਹੋਣ ਕਰਕੇ ਰੀਡਰ ਰਾਣਾ ਨੂੰ ਭਗੌੜਾ ਘੋਸ਼ਿਤ ਕਰਨ ਦੀ ਬਜਾਏ ਨਵੇਂ ਗੈਰ ਜ਼ਮਾਨਤੀ ਵਾਰੰਟ ਜਾਰੀ ਕੀਤੇ ਹਨ। ਅਦਾਲਤ ਨੇ ਮੰਨਿਆ ਕਿ ਮੁਲਜ਼ਮ ਦਾ ਵਤੀਰਾ ਪਹਿਲੇ ਨਜ਼ਰੇ ਗ੍ਰਿਫ਼ਤਾਰੀ ਤੋਂ ਬਚਣ ਵਾਲਾ ਹੈ। ਸੀ ਬੀ ਆਈ ਨੇ ਬੀਐੱਨਐੱਸਐੱਸ ਦੀ ਧਾਰਾ 84 ਤਹਿਤ ਅਰਜ਼ੀ ਦਾਇਰ ਕਰਕੇ ਰੀਡਰ ਰਾਣਾ ਨੂੰ ਭਗੌੜਾ ਘੋਸ਼ਿਤ ਕਰਨ ਦੀ ਮੰਗ ਕੀਤੀ ਸੀ।ਦੱਸਣਯੋਗ ਹੈ ਕਿ ਸੀ ਬੀ ਆਈ ਨੇ 11 ਮਈ ਨੂੰ ਮਲੋਟ ਦੇ ਵਿਕਾਸ ਗੋਇਲ ਅਤੇ ਰਾਘਵ ਗੋਇਲ ਦੇ ਡਰਾਈਵਰ ਅੰਕਿਤ ਵਧਵਾ ਨੂੰ ਮਲੋਟ ਦੇ ਹੀ ਟੈਕਸ ਅਧਿਕਾਰੀ ਤੋਂ 13 ਲੱਖ ਰੁਪਏ ਦੀ ਨਗਦੀ ਅਤੇ ਇੱਕ ਸੈਮਸੰਗ ਮੋਬਾਈਲ ਰਿਸ਼ਵਤ ਲੈਂਦੇ ਫੜਿਆ ਸੀ। ਮਲੋਟ ਦੇ ਪਿਉ ਪੁੱਤ ਵਿਜੀਲੈਂਸ ਦੇ ਵਿਚੋਲੇ ਵਜੋਂ ਕੰਮ ਕਰਦੇ ਸਨ ਜਿਸ ’ਚ ਵਿਜੀਲੈਂਸ ਮੁਖੀ ਦਾ ਰੀਡਰ ਓ ਪੀ ਰਾਣਾ ਵੀ ਸ਼ਾਮਲ ਸੀ।

ਵਿਕਾਸ ਗਰਗ ਅਤੇ ਰਾਘਵ ਗਰਗ ਨੂੰ ਤਾਂ ਪਿੱਛਾ ਕਰਕੇ ਸੀ ਬੀ ਆਈ ਟੀਮ ਨੇ ਦਬੋਚ ਲਿਆ ਸੀ ਪਰ ਰੀਡਰ ਰਾਣਾ ਫ਼ਰਾਰ ਹੋਣ ’ਚ ਸਫਲ ਹੋ ਗਿਆ ਸੀ। ਸੀ ਬੀ ਆਈ ਨੇ ਅਦਾਲਤ ’ਚ ਤਿੰਨ ਸੀਲਬੰਦ ਲਿਫ਼ਾਫ਼ੇ ਸੌਂਪੇ ਹਨ ਜਿਨ੍ਹਾਂ ’ਚ ਤਲਾਸ਼ੀ ਨਾਲ ਸਬੰਧਿਤ ਸਮਗਰੀ ਹੈ।

# ਬਾਪੂ ਆਸਾਰਾਮ ਸਮੂਹਿਕ ਜਬਰ-ਜਨਾਹ ਦੇ ਦੋਸ਼ਾਂ ਤੋਂ ਬਰੀ; ਉਮਰ ਕੈਦ ਦੀ ਸਜ਼ਾ ਬਰਕਰਾਰ

**ਜੋਧਪੁਰ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਸਵੈ-ਘੋਸ਼ਿਤ ਗੌਡਮੈਨ (ਧਰਮਗੁਰੂ) ਆਸਾਰਾਮ ਨੂੰ ਬੁੱਧਵਾਰ ਨੂੰ ਰਾਜਸਥਾਨ ਹਾਈ ਕੋਰਟ ਤੋਂ ਅੰਸ਼ਕ ਰਾਹਤ ਮਿਲੀ ਹੈ, ਜਿਸ ਵਿੱਚ ਅਦਾਲਤ ਨੇ ਉਸ ਨੂੰ ਆਈਪੀਸੀ ਅਤੇ ਪੋਕਸੋ ਐਕਟ ਤਹਿਤ ਸਮੂਹਿਕ ਜਬਰ ਜਨਾਹ ਅਤੇ ਬੱਚੀ ਨਾਲ ਸਮੂਹਿਕ ਜਿਨਸੀ ਹਮਲੇ ਦੇ ਦੋਸ਼ਾਂ ਤੋਂ ਬਰੀ ਕਰ ਦਿੱਤਾ ਹੈ, ਜਦਕਿ ਨਾਬਾਲਗ ਨਾਲ ਜਬਰ ਜਨਾਹ ਲਈ ਉਸਦੀ ਸਜ਼ਾ ਨੂੰ ਬਰਕਰਾਰ ਰੱਖਿਆ ਹੈ, ਜਿਸ ਕਾਰਨ ਆਸਾਰਾਮ ਨੂੰ ਉਮਰ ਕੈਦ ਦੀ ਸਜ਼ਾ ਭੁਗਤਣੀ ਪਵੇਗੀ।



ਜਸਟਿਸ ਅਰੁਣ ਮੋਂਗਾ ਅਤੇ ਜਸਟਿਸ ਯੋਗੇਂਦਰ ਕੁਮਾਰ ਪੁਰੋਹਿਤ ਦੇ ਡਿਵੀਜ਼ਨ ਬੈਂਚ ਨੇ ਆਸਾਰਾਮ ਨੂੰ ਆਈਪੀਸੀ ਦੀ ਧਾਰਾ 376(ਡੀ) ਅਤੇ ਪੋਕਸੋ ਐਕਟ ਦੀਆਂ ਧਾਰਾਵਾਂ 5(ਜੀ)/6 ਦੇ ਦੋਸ਼ਾਂ ਤੋਂ ਬਰੀ ਕਰ ਦਿੱਤਾ ਹੈ। ਅਦਾਲਤ ਨੇ ਉਸ ਨੂੰ ਅਪਰਾਧਿਕ ਸਾਜ਼ਿਸ਼ ਨਾਲ ਸਬੰਧਤ ਆਈਪੀਸੀ ਦੀ ਧਾਰਾ 120(ਬੀ) ਦੇ ਦੋਸ਼ਾਂ ਤੋਂ ਵੀ ਡਿਸਚਾਰਜ ਕਰ ਦਿੱਤਾ ਹੈ। ਹਾਲਾਂਕਿ, ਬੈਂਚ ਨੇ ਨਾਬਾਲਗ ਨਾਲ ਜਬਰ ਜਨਾਹ ਨਾਲ ਸਬੰਧਤ ਆਈਪੀਸੀ ਦੀ ਧਾਰਾ 376(2)(ਐਫ) ਤਹਿਤ ਉਸਦੀ ਸਜ਼ਾ ਨੂੰ ਬਰਕਰਾਰ ਰੱਖਿਆ ਹੈ, ਜਿਸ ਨਾਲ ਹੇਠਲੀ ਅਦਾਲਤ ਵੱਲੋਂ ਦਿੱਤੀ ਗਈ ਉਮਰ ਕੈਦ ਦੀ ਸਜ਼ਾ ਬਰਕਰਾਰ ਰਹੇਗੀ।

ਅਦਾਲਤ ਨੇ ਆਸਾਰਾਮ ਨੂੰ ਸਜ਼ਾ ਦੇ ਮੱਦੇਨਜ਼ਰ ਆਤਮ ਸਮਰਪਣ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਹ ਇਸ ਸਮੇਂ ਅਸਥਾਈ ਜ਼ਮਾਨਤ ’ਤੇ ਬਾਹਰ ਹੈ, ਜਿਸਨੂੰ ਸੋਮਵਾਰ ਨੂੰ ਸੱਤ ਦਿਨਾਂ ਲਈ ਵਧਾਇਆ ਗਿਆ ਸੀ।

ਹਾਈ ਕੋਰਟ ਨੇ ਆਈਪੀਸੀ ਦੀਆਂ ਕਈ ਹੋਰ ਧਾਰਾਵਾਂ ਜਿਵੇਂ ਕਿ 342 (ਗੈਰਕਾਨੂੰਨੀ ਤੌਰ ’ਤੇ ਨਜ਼ਰਬੰਦ ਕਰਨਾ), 370(4) (ਤਸਕਰੀ), 506 (ਅਪਰਾਧਿਕ ਧਮਕੀ), 509 (ਔਰਤ ਦੀ ਮਰਿਆਦਾ ਨੂੰ ਠੇਸ ਪਹੁੰਚਾਉਣਾ), 354(ਏ) (ਜਿਨਸੀ ਸ਼ੋਸ਼ਣ), ਦੇ ਨਾਲ-ਨਾਲ ਪੋਕਸੋ ਐਕਟ ਦੀਆਂ ਧਾਰਾਵਾਂ 7/8 ਅਤੇ ਜੁਵੇਨਾਈਲ ਜਸਟਿਸ ਐਕਟ ਦੀ ਧਾਰਾ 23 ਤਹਿਤ ਸਜ਼ਾਵਾਂ ਨੂੰ ਵੀ ਬਰਕਰਾਰ ਰੱਖਿਆ ਹੈ।

ਬੈਂਚ ਨੇ ਆਈਪੀਸੀ ਦੀ ਧਾਰਾ 376 ਅਤੇ ਪੋਕਸੋ ਐਕਟ ਦੀ ਧਾਰਾ 34 ਤਹਿਤ ਵੀ ਉਸ ਦੀ ਸਜ਼ਾ ਨੂੰ ਬਰਕਰਾਰ ਰੱਖਿਆ ਹੈ।

ਇਸ ਦੌਰਾਨ, ਅਦਾਲਤ ਨੇ ਸਹਿ-ਮੁਲਜ਼ਮ ਸੰਚਿਤਾ ਗੁਪਤਾ ਉਰਫ਼ ਸ਼ਿਲਪੀ ਅਤੇ ਸ਼ਰਤ ਚੰਦਰ ਨੂੰ ਬਰੀ ਕਰ ਦਿੱਤਾ ਹੈ, ਜਿਨ੍ਹਾਂ ਨੂੰ ਪਹਿਲਾਂ ਕ੍ਰਮਵਾਰ 120(ਬੀ) ਨਾਲ ਪੜ੍ਹੀਆਂ ਜਾਣ ਵਾਲੀਆਂ ਧਾਰਾਵਾਂ 370(4) ਅਤੇ 370(ਡੀ) ਤਹਿਤ ਦੋਸ਼ੀ ਠਹਿਰਾਇਆ ਗਿਆ ਸੀ।

ਬੈਂਚ ਨੇ ਆਸਾਰਾਮ ਅਤੇ ਸਹਿ-ਮੁਲਜ਼ਮਾਂ ਵੱਲੋਂ ਦਾਇਰ ਅਪੀਲਾਂ ’ਤੇ ਸੁਣਵਾਈ ਪੂਰੀ ਕਰਨ ਤੋਂ ਬਾਅਦ 20 ਅਪਰੈਲ ਨੂੰ ਆਪਣਾ ਫੈਸਲਾ ਰਾਖਵਾਂ ਰੱਖ ਲਿਆ ਸੀ। ਫੈਸਲਾ ਸੁਣਾਉਣ ਤੋਂ ਪਹਿਲਾਂ, ਅਦਾਲਤ ਨੇ ਕਥਿਤ ਤੌਰ ’ਤੇ ਟਿੱਪਣੀ ਕੀਤੀ ਕਿ ਉਸ ਕੋਲ ਮੁਲਜ਼ਮ ਲਈ ਚੰਗੀ ਅਤੇ ਮਾੜੀ ਖ਼ਬਰਾਂ ਦਾ ਮਿਸ਼ਰਤ ਬੈਗ ਹੈ ਅਤੇ ਪੁੱਛਿਆ ਕਿ ਉਹ ਪਹਿਲਾਂ ਕਿਹੜਾ ਹਿੱਸਾ ਸੁਣਨਾ ਚਾਹੁੰਦਾ ਹੈ।

ਆਸਾਰਾਮ ਨੂੰ 25 ਅਪਰੈਲ, 2018 ਨੂੰ ਆਪਣੇ ਆਸ਼ਰਮ ਵਿੱਚ ਇੱਕ ਨਾਬਾਲਗ ਵਿਦਿਆਰਥਣ ਨਾਲ ਜਿਨਸੀ ਸ਼ੋਸ਼ਣ ਕਰਨ ਦੇ ਦੋਸ਼ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ ਅਤੇ ਆਈਪੀਸੀ, ਪੋਕਸੋ ਐਕਟ ਅਤੇ ਜੁਵੇਨਾਈਲ ਜਸਟਿਸ ਐਕਟ ਦੀਆਂ ਕਈ ਧਾਰਾਵਾਂ ਤਹਿਤ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ।

# ਨੌਜਵਾਨ ਆਗੂ ਰਛਪਾਲ ਸਿੰਘ ਭੁੱਲਰਹੇੜੀ ਨੇ ਜ਼ਿਲ੍ਹਾ ਪ੍ਰੀਸ਼ਦ ਸੰਗਰੂਰ ਦੇ ਚੇਅਰਮੈਨ ਦਾ ਅਹੁਦਾ ਸੰਭਾਲਿਆ



**ਸੰਗਰੂਰ, 28 ਮਈ**
**ਪ੍ਰੈਸ ਕੀ ਤਾਕਤ ਬਿਊਰੋ-**

ਨੌਜਵਾਨ ਆਗੂ ਰਛਪਾਲ ਸਿੰਘ ਭੁੱਲਰਹੇੜੀ ਜੋ ਪਿਛਲੇ ਦਿਨੀਂ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰੀਸ਼ਦ ਸੰਗਰੂਰ ਦੇ ਚੇਅਰਮੈਨ ਚੁਣੇ ਗਏ ਸਨ, ਉਨ੍ਹਾਂ ਨੇ ਅੱਜ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਵਿਧਾਇਕ ਨਰਿੰਦਰ ਕੌਰ ਭਰਾਜ ਤੇ ਮੁੱਖ ਮੰਤਰੀ ਦੇ ਓ.ਐਸ.ਡੀ ਸੁਖਵੀਰ ਸਿੰਘ ਦੀ ਮੌਜੂਦਗੀ ਵਿੱਚ ਆਪਣਾ ਅਹੁਦਾ ਸੰਭਾਲ ਲਿਆ ਹੈ।

ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਛਪਾਲ ਸਿੰਘ ਭੁੱਲਰਹੇੜੀ ਨੂੰ ਚੇਅਰਮੈਨ ਚੁਣੇ ਜਾਣ @ਤੇ ਮੁਬਾਰਕਾਂ ਦਿੰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਆਗੂ ਲੋਕ ਸੇਵਾ ਦੀ ਭਾਵਨਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਸੰਗਰੂਰ ਦੇ ਵਿਕਾਸ ਨੂੰ ਹੋਰ ਮਜ਼ਬੂਤ ਕਰਨਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਹ ਵੀ ਭਰੋਸਾ ਹੈ ਕਿ ਰਛਪਾਲ ਸਿੰਘ ਭੁੱਲਰਹੇੜੀ ਲੋਕਾਂ ਦੀਆਂ ਉਮੀਦਾਂ @ਤੇ ਖਰਾ ਉਤਰਨਗੇ।

ਵਿਧਾਇਕ ਨਰਿੰਦਰ ਕੌਰ ਭਰਾਜ ਤੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਪਰਮਾਤਮਾ ਇਸ ਆਗੂ ਨੂੰ ਹਮੇਸ਼ਾਂ ਚੜ੍ਹਦੀ ਕਲਾ ਵਿੱਚ ਰੱਖਣ ਅਤੇ ਲੋਕਾਂ ਦੀ ਸੇਵਾ ਕਰਨ ਦੀ ਤਾਕਤ ਬਖ਼ਸ਼ਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਹਮੇਸ਼ਾ ਲੋਕਾਂ ਨਾਲ ਜੁੜੇ ਆਗੂਆਂ ਨੂੰ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ।

ਚੇਅਰਮੈਨ ਰਛਪਾਲ ਸਿੰਘ ਭੁੱਲਰਹੇੜੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਵਿਧਾਇਕ ਨਰਿੰਦਰ ਕੌਰ ਭਰਾਜ ਤੇ ਓ.ਐਸ.ਡੀ. ਸੁਖਵੀਰ ਸਿੰਘ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ।

ਇਸ ਮੌਕੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁਲੀ, ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ, ਮੈਂਬਰ ਫ਼ੂਡ ਕਮਿਸ਼ਨ ਜਸਵੀਰ ਸਿੰਘ ਜੱਸੀ ਸੇਖੋਂ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਚੇਅਰਮੈਨ ਬਲਾਕ ਸੰਮਤੀ ਧੂਰੀ ਰਣਜੋਧ ਸਿੰਘ, ਗਗਨ ਜਵੰਧਾ ਟਰੱਕ ਯੂਨੀਅਨ ਪ੍ਰਧਾਨ ਧੂਰੀ, ਚੇਅਰਮੈਨ ਗੁਨਿੰਦਰ ਸਿੰਘ ਮਿੰਕੂ ਜਵੰਧਾ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਹਿਬਾਨ ਤੇ ਬਲਾਕ ਸੰਮਤੀ ਮੈਂਬਰ ਸਹਿਬਾਨ, ਵੱਖ-ਵੱਖ ਸਰਪੰਚਾਂ ਸਮੇਤ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਾਰਟੀ ਨਾਲ ਲੋਕਾਂ ਦਾ ਭਰੋਸਾ ਲਗਾਤਾਰ ਮਜ਼ਬੂਤ ਹੋ ਰਿਹਾ: ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਕੌਮੀ ਆਗੂ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਹਮੇਸ਼ਾਂ ਸਿੱਖ ਕੌਮ ਦੀ ਚੜ੍ਹਦੀ ਕਲਾ, ਪੰਥਕ ਮਰਿਆਦਾਵਾਂ ਅਤੇ ਲੋਕ ਸੇਵਾ ਲਈ ਸਮਰਪਿਤ ਰਹੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨੇ ਹਰ ਔਖੇ ਸਮੇਂ ਦੌਰਾਨ ਸੰਗਤ, ਕਿਸਾਨਾਂ ਅਤੇ ਆਮ ਲੋਕਾਂ ਦੇ ਹੱਕਾਂ ਲਈ ਡੱਟ ਕੇ ਆਵਾਜ਼ ਬੁਲੰਦ ਕੀਤੀ ਹੈ, ਜਿਸ ਕਾਰਨ ਲੋਕਾਂ ਦਾ ਭਰੋਸਾ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਾਰਟੀ ਦੀ ਸੋਚ, ਸਿਧਾਂਤਾਂ ਅਤੇ ਪੰਥਕ ਸੇਵਾਵਾਂ ਪ੍ਰਤੀ ਲਗਾਤਾਰ ਵਧ ਰਿਹਾ ਹੈ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਅੱਜ ਵਾਰਡ ਨੰਬਰ 46 ਤੋਂ ਸਰਦਾਰ ਅਮਨਜੀਤ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੇ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿੱਚ ਸ਼ਮੂਲੀਅਤ ਕੀਤੀ। ਉਨ੍ਹਾਂ ਸਾਰਿਆਂ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪਾਰਟੀ ਵੱਲੋਂ ਜੀ ਆਇਆਂ ਆਖਦਿਆਂ ਕਿਹਾ ਕਿ ਇਹ ਸ਼ਮੂਲੀਅਤ ਸਰਦਾਰ ਭੁਪਿੰਦਰ ਸਿੰਘ ਭੁੱਲਰ ਅਤੇ ਸਰਦਾਰ ਸ਼ਮਸ਼ੇਰ ਸਿੰਘ ਸੰਧੂ ਦੀ ਅਗਵਾਈ ਹੇਠ ਹੋਈ ਹੈ, ਜੋ ਇਸ ਗੱਲ ਦਾ ਪ੍ਰਮਾਣ ਹੈ ਕਿ ਨੌਜਵਾਨ ਅਤੇ ਸੰਗਤ ਪੰਥਕ ਵਿਚਾਰਧਾਰਾ ਨਾਲ ਵੱਡੇ ਪੱਧਰ ‘ਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਾਰਟੀ ਜੁੜ ਰਹੇ ਹਨ।

ਉਨ੍ਹਾਂ ਕਿਹਾ ਕਿ ਕੋਰੋਨਾ ਮਹਾਂਮਾਰੀ ਦੌਰਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮਨੁੱਖਤਾ ਦੀ ਸੇਵਾ ਦਾ ਵਿਲੱਖਣ ਇਤਿਹਾਸ ਰਚਿਆ। ਘਰ-ਘਰ ਲੰਗਰ ਅਤੇ ਰਾਸ਼ਨ ਪਹੁੰਚਾਉਣ ਤੋਂ ਲੈ ਕੇ ਮੁਫ਼ਤ ਡਾਇਲਸਿਸ, ਸਸਤੀ ਦਵਾਈਆਂ, ਐਮਆਰਆਈ, ਸੀਟੀ ਸਕੈਨ ਅਤੇ ਹੋਰ ਮੈਡੀਕਲ ਸਹੂਲਤਾਂ ਮੁਹੱਈਆ ਕਰਵਾ ਕੇ ਕਮੇਟੀ ਨੇ ਹਜ਼ਾਰਾਂ ਪਰਿਵਾਰਾਂ ਲਈ ਸੇਵਾ ਨਿਭਾਈ। ਉਨ੍ਹਾਂ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਹਸਪਤਾਲ ਅਤੇ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਚੱਲ ਰਹੀਆਂ ਸਿਹਤ ਸੇਵਾਵਾਂ ਦਾ ਲਾਭ ਲੱਖਾਂ ਲੋਕਾਂ ਨੂੰ ਮਿਲ ਰਿਹਾ ਹੈ ।

ਸਰਦਾਰ ਕਾਲਕਾ ਨੇ ਕਿਹਾ ਕਿ ਸਿੱਖਿਆ ਖੇਤਰ ਵਿੱਚ ਵੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਕ ਕੰਮ ਕੀਤੇ ਗਏ ਹਨ। ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ, ਕਾਲਜਾਂ ਅਤੇ ਇੰਜੀਨੀਅਰਿੰਗ ਸੰਸਥਾਵਾਂ ਨੂੰ ਆਧੁਨਿਕ ਸਹੂਲਤਾਂ ਨਾਲ ਮਜ਼ਬੂਤ ਕੀਤਾ ਗਿਆ ਹੈ, ਜਿਸ ਕਾਰਨ ਹਰ ਸਾਲ ਹਜ਼ਾਰਾਂ ਵਿਦਿਆਰਥੀ ਉੱਚ ਸਿੱਖਿਆ ਪ੍ਰਾਪਤ ਕਰਕੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾ ਰਹੇ ਹਨ।

ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਗੁਰਬਾਣੀ, ਗੁਰਸਿੱਖੀ, ਪੰਜਾਬੀ ਭਾਸ਼ਾ ਅਤੇ ਸਿੱਖ ਇਤਿਹਾਸ ਨਾਲ ਜੋੜਨ ਲਈ ਲਗਾਤਾਰ ਗੁਰਮਤਿ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪਹਿਲੇ ਸਾਲ 4 ਹਜ਼ਾਰ ਬੱਚਿਆਂ ਨੇ ਹਿੱਸਾ ਲਿਆ ਸੀ, ਜਦਕਿ ਪਿਛਲੇ ਸਾਲ 15 ਹਜ਼ਾਰ ਤੋਂ ਵੱਧ ਬੱਚਿਆਂ ਨੇ ਭਾਗ ਲਿਆ ਅਤੇ ਇਸ ਸਾਲ ਇਸ ਗਿਣਤੀ ਵਿੱਚ ਹੋਰ ਵੱਡਾ ਵਾਧਾ ਹੋਣ ਦੀ ਉਮੀਦ ਹੈ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦ੍ਰਿੜਤਾ ਨਾਲ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਹਮੇਸ਼ਾਂ ਸਿੱਖ ਸਿਧਾਂਤਾਂ, ਕੌਮੀ ਅਸੂਲਾਂ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ‘ਤੇ ਪਹਿਰਾ ਦਿੰਦਾ ਰਹੇਗਾ ਅਤੇ ਕਿਸੇ ਵੀ ਹਾਲਤ ਵਿੱਚ ਪੰਥਕ ਮਰਿਆਦਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਮੂਹ ਆਗੂ ਅਤੇ ਵਰਕਰ ਨਿਸ਼ਕਾਮ ਭਾਵਨਾ ਨਾਲ ਸੰਗਤ ਦੀ ਸੇਵਾ ਅਤੇ ਪੰਥਕ ਕਦਰਾਂ-ਕੀਮਤਾਂ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰਦੇ ਰਹਿਣਗੇ।

# ਸਰਕਾਰ ਦੀ ਜੰਗਲੀ ਜੀਵ ਸੰਭਾਲ ਮੁਹਿੰਮ ਦੀ ਸਫ਼ਲਤਾ ਸਦਕਾ 5 ਮਹੀਨਿਆਂ ਵਿੱਚ 2.30 ਲੱਖ ਤੋਂ ਵੱਧ ਸੈਲਾਨੀ ਛੱਤਬੀੜ ਚਿੜੀਆਘਰ ਪਹੁੰਚੇ: ਲਾਲ ਚੰਦ ਕਟਾਰੂਚੱਕ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਿੰਦਰ ਚੌਧਰੀ ਜ਼ੂਆਲੋਜੀਕਲ ਪਾਰਕ, ਛੱਤਬੀੜ ਵਿਖੇ ਸੈਲਾਨੀਆਂ ਦੀ ਆਮਦ ਵਿੱਚ ਲਗਾਤਾਰ ਹੋ ਰਹੇ ਵਾਧਾ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੰਗਲੀ ਜੀਵ ਸੰਭਾਲ ਅਤੇ ਲੋਕ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਦੇ ਨਿਰੰਤਰ ਯਤਨਾਂ ਦੇ ਪ੍ਰਤੱਖ ਨਤੀਜੇ ਦਿਖਾਈ ਦੇ ਰਹੇ ਹਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜੰਗਲਾਤ ਅਤੇ ਜੰਗਲੀ ਜੀਵ ਸੰਭਾਲ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੌਜੂਦਾ ਸਾਲ ਦੇ ਪਹਿਲੇ ਪੰਜ ਮਹੀਨਿਆਂ ਵਿੱਚ ਛੱਤਬੀੜ ਚਿੜੀਆਘਰ ਵਿਖੇ 2,31,930 ਸੈਲਾਨੀਆਂ ਦੀ ਆਮਦ ਦਰਜ ਕੀਤੀ ਗਈ ਹੈ, ਜੋ ਸੂਬਾ ਸਰਕਾਰ ਦੇ ਜੰਗਲੀ ਜੀਵ ਸੰਭਾਲ ਦੀ ਦਿਸ਼ਾ ਵਿੱਚ ਕੀਤੇ ਗਏ ਯਤਨਾਂ ਨੂੰ ਦਰਸਾਉਂਦਾ ਹੈ।



ਇਸ ਸਬੰਧੀ ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੰਭਾਲ ਬਾਰੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਸਾਡੀ ਸਰਕਾਰ ਨੇ ਲੋਕਾਂ ਨੂੰ ਜੰਗਲੀ ਜੀਵਾਂ ਦੇ ਪਾਲਣ-ਪੋਸ਼ਣ ਅਤੇ ਸੰਭਾਲ ਪ੍ਰਤੀ ਜਾਗਰੂਕ ਕਰਨ ਲਈ ਲਗਾਤਾਰ ਕੰਮ ਕੀਤਾ ਹੈ ਅਤੇ ਲੋਕਾਂ ਵੱਲੋਂ ਮਿਲਿਆ ਹੁੰਗਾਰਾ ਬਹੁਤ ਉਤਸ਼ਾਹਜਨਕ ਰਿਹਾ ਹੈ। ਜੰਗਲਾਤ ਅਤੇ ਜੰਗਲੀ ਜੀਵ ਸੰਭਾਲ ਬਾਰੇ ਕੈਬਨਿਟ ਮੰਤਰੀ ਨੇ ਦੱਸਿਆ, ਛੱਤਬੀੜ ਚਿੜੀਆਘਰ ਵਿਖੇ ਸਿਰਫ਼ ਜਨਵਰੀ ਵਿੱਚ ਹੀ 48,719 ਸੈਲਾਨੀ ਆਏ, ਜਦੋਂ ਕਿ ਫਰਵਰੀ ਵਿੱਚ 54216, ਮਾਰਚ ਵਿੱਚ 66377, ਅਪ੍ਰੈਲ ਵਿੱਚ 40168 ਅਤੇ ਮਈ ਵਿੱਚ 22450 ਸੈਲਾਨੀਆਂ ਨੇ ਇਸ ਚਿੜੀਆਘਰ ਦੇ ਸੁਚੱਜੇ ਅਤੇ ਬਿਹਤਰੀਨ ਢੰਗ ਨਾਮੇਨਟੇਂਨ ਰੱਖੇ ਗਏ ਮਾਹੌਲ ਵਿੱਚ ਪੰਛੀਆਂ ਅਤੇ ਜਾਨਵਰਾਂ ਦੀਆਂ ਵਿਭਿੰਨ ਪ੍ਰਜਾਤੀਆਂ ਨੂੰ ਦੇਖਿਆ। ਚਿੜੀਆਘਰ ਵਿਖੇ ਕੀਤੀਆਂ ਗਈਆਂ ਜੰਗਲਾਤ ਤੇ ਜੰਗਲੀ ਜੀਵ ਸੰਭਾਲ-ਕੇਂਦ੍ਰਿਤ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ, ਜੰਗਲੀ ਜੀਵਾਂ ਦੀ ਸੰਭਾਲ ਅਤੇ ਸੁਰੱਖਿਆ ਪ੍ਰਤੀ ਸਾਡੀ ਵਚਨਬੱਧਤਾ ਦੇ ਹਿੱਸੇ ਵਜੋਂ ਛੱਤਬੀੜ ਚਿੜੀਆਘਰ ਵਿਖੇ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ, ਦੇਸ਼ ਦਾ ਸਭ ਤੋਂ ਵੱਡਾ ਅਤੇ ਸਭ ਤੋਂ ਲੰਬਾ ਵਾਕ-ਇਨ ਐਵੀਅਰੀ (ਪੰਛੀਘਰ) ਆਕਰਸ਼ਣ ਦਾ ਇੱਕ ਵੱਡਾ ਕੇਂਦਰ ਬਣ ਗਿਆ ਹੈ। ਇਸ ਦੇ ਨਾਲ ਹੀ ਸੈਲਾਨੀਆਂ ਦੇ ਵਿਦਿਅਕ ਅਤੇ ਮਨੋਰੰਜਨ ਅਨੁਭਵ ਨੂੰ ਵਧਾਉਣ ਲਈ ਇੱਕ ਡਾਇਨਾਸੌਰ ਪਾਰਕ ਵੀ ਸਥਾਪਤ ਕੀਤਾ ਗਿਆ ਹੈ।

# ਰਾਜਪਾਲ ਨੇ ਅਟਲ ਸੰਸਮਰਣ ਪੁਸਤਕ ਜਾਰੀ ਕੀਤੀ; ਅਟਲ ਜੀ ਦੀ ਰਾਸ਼ਟਰ ਪ੍ਰਥਮ ਦੀ ਭਾਵਨਾ ਨੂੰ ਕੀਤਾ ਰੇਖਾਂਕਿਤ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਲੋਕ ਭਵਨ ਵਿਖੇ ÷ਅਟਲ ਸੰਸਮਰਣ÷ ਪੁਸਤਕ ਜਾਰੀ ਕੀਤੀ।



ਇਹ ਪੁਸਤਕ ਸੀਨੀਅਰ ਪੱਤਰਕਾਰ ਸ਼੍ਰੀ ਅਸ਼ੋਕ ਟੰਡਨ ਦੁਆਰਾ ਭਾਰਤ ਰਤਨ ਅਤੇ ਸਾਬਕਾ ਪ੍ਰਧਾਨ ਮੰਤਰੀ ਸ਼੍ਰੀ ਅਟਲ ਬਿਹਾਰੀ ਵਾਜਪੇਈ ਜੀ ਦੇ ਜਨਮ ਸ਼ਤਾਬਦੀ ਵਰ੍ਹੇ ਦੇ ਅਵਸਰ @ਤੇ ਲਿਖੀ ਗਈ ਹੈ।

ਸਭਾ ਨੂੰ ਸੰਬੋਧਨ ਕਰਦੇ ਹੋਏ ਰਾਜਪਾਲ ਨੇ ਅਟਲ ਜੀ ਨੂੰ ਦੂਰਦਰਸ਼ੀ ਰਾਜਨੇਤਾ, ਆਦਰਸ਼ ਸਾਂਸਦ ਅਤੇ ਸੱਚੇ ਰਾਸ਼ਟਰਵਾਦੀ ਦੇ ਰੂਪ ਵਿੱਚ ਵਰਣਨ ਕੀਤਾ, ਜਿਨ੍ਹਾਂ ਨੇ ਆਪਣਾ ਸੰਪੂਰਨ ਜੀਵਨ ਮਾਤ-ਭੂਮੀ ਦੀ ਸੇਵਾ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਅਟਲ ਜੀ ਨੇ ਸਦਾ ਰਾਜਨੀਤਿਕ ਹਿਤਾਂ, ਵਿਅਕਤੀਗਤ ਮਹੱਤਵ-ਆਕਾਂਖਿਆਵਾਂ ਅਤੇ ਸੱਤਾ ਤੋਂ ਉੱਪਰ ਰਾਸ਼ਟਰ ਪ੍ਰਥਮ ਨੂੰ ਰੱਖਿਆ।

ਸ਼੍ਰੀ ਕਟਾਰੀਆ ਨੇ ਕਿਹਾ ਕਿ ਅਟਲ ਜੀ ਵਿੱਚ ਛੋਟੀ ਉਮਰ ਤੋਂ ਹੀ ਆਪਣੇ ਪ੍ਰਭਾਵਸ਼ਾਲੀ ਭਾਸ਼ਣਾਂ ਅਤੇ ਪ੍ਰੇਰਣਾਦਾਇਕ ਕਵਿਤਾਵਾਂ ਦੇ ਜ਼ਰੀਏ ਲੋਕਾਂ ਨਾਲ ਜੁੜਨ ਦੀ ਅਦਭੁਤ ਸਮਰੱਥਾ ਸੀ।

# ਕੇਂਦਰੀ ਮੰਤਰੀ ਰਵਨੀਤ ਬਿੱਟੂ ਨੇ ਸੰਗਰੂਰ ਅਤੇ ਧੂਰੀ ਵਿੱਚ ਕੀਤੀ ਗੁੰਡਾਗਰਦੀ: ਅਮਨ ਅਰੋੜਾ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਪੰਜਾਬ ਨੇ ਲੰਘੇ ਦਿਨ ਕੇਂਦਰੀ ਮੰਤਰੀ ਰਵਨੀਤ ਬਿੱਟੂ ਵੱਲੋਂ ਸੰਗਰੂਰ ਅਤੇ ਧੂਰੀ ਵਿਖੇ ਕੀਤੀ ਗਈ ਧੱਕੇਸ਼ਾਹੀ ਦੀ ਨਿਖੇਧੀ ਕੀਤੀ ਹੈ ਅਤੇ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਕੇਂਦਰੀ ਮੰਤਰੀ ਰਵਨੀਤ ਬਿੱਟੂ ਵੱਲੋਂ ਕੀਤੀ ਗਈ ਧੱਕੇਸ਼ਾਹੀ ਨੂੰ ਗੁੰਡਾਗਰਦੀ ਦਿੱਤਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਆਗੂ ਓਂਕਾਰ ਸਿੰਘ ਪ੍ਰਚਾਰ ਬੰਦ ਹੋਣ ਤੋਂ ਬਾਅਦ ਪ੍ਰਚਾਰ ਕਰ ਰਹੇ ਸੀ, ਜਿਸ ਨੂੰ ਪੁਲੀਸ ਨੇ ਕਾਬੂ ਕੀਤਾ।




ਪਰ ਰਵਨੀਤ ਬਿੱਟੂ ਨੇ ਓਂਕਾਰ ਸਿੰਘ ਨੂੰ ਛੁਡਾਉਣ ਲਈ ਹੰਗਾਮਾ ਕੀਤਾ ਅਤੇ ਕਾਨੂੰਨ ਦੀ ਉਲੰਘਣਾ ਕੀਤੀ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਰਵਨੀਤ ਬਿੱਟੂ ਨੇ ਪੁਲੀਸ ਅਤੇ ਮਹਿਲਾਵਾਂ ਦਾ ਅਪਮਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਰਵਨੀਤ ਬਿੱਟੂ ਤੇ ਕਾਰਵਾਈ ਦਾ ਫੈਸਲਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲੈਣਗੇ।

ਅਮਨ ਅਰੋੜਾ ਨੇ ਕਿਹਾ ਕਿ ਇੱਕ ਪਾਸੇ ਰਵਨੀਤ ਬਿੱਟੂ ਨੂੰ ਪੰਜਾਬ ਪੁਲੀਸ ਚੰਗੀ ਨਹੀਂ ਲੱਗਦੀ ਅਤੇ ਦੂਜੇ ਪਾਸੇ ਕਾਂਗਰਸ ਸਰਕਾਰ ਸਮੇਂ ਆਪਣੇ ਹੀ ਭਰਾ ਨੂੰ ਨਿਯਮਾਂ ਦੇ ਉਲਟ ਜਾ ਕੇ ਡੀਐਸਪੀ ਦੀ ਨੌਕਰੀ ਦਵਾਉਂਦੇ ਰਹੇ ਹਨ। ਅਮਨ ਅਰੋੜਾ ਨੇ ਭਾਜਪਾ ਤੇ ਹਮਲਾ ਕਰਦਿਆਂ ਕਿਹਾ ਕਿ ਭਾਜਪਾ ਦੇਸ਼ ਵਿੱਚ ਧਰਮ ਅਤੇ ਜਾਤਪਾਤੀ ਰਾਜਨੀਤੀ ਕਰਦੀ ਹੈ ਅਤੇ ਸੱਤਾ ਹਥਿਆਉਣ ਦੀ ਕੋਸ਼ਿਸ਼ ਕਰਤੀ ਹੈ ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਦੇਸ਼ ਵਿੱਚ ਚੱਲ ਰਹੇ ਐਸ ਆਈ ਆਰ ਬਾਰੇ ਕਿਹਾ ਕਿ ਐਸ ਆਈ ਆਰ ਨੂੰ ਸਹੀ ਢੰਗ ਨਾਲ ਕੀਤਾ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਪਾਰਟੀ ਵਰਕਰਾਂ ਨੂੰ ਐਸ ਆਈ ਆਰ ਦੌਰਾਨ ਸੁਚੇਤ ਰਹਿਣ ਦੀ ਲੋੜ ਹੈ ਤਾਂ ਜੋ ਲੋਕਾਂ ਦੀਆਂ ਜਬਰੀ ਵੋਟਾਂ ਨਾ ਕੱਟੀਆਂ ਜਾ ਸਕਣ।

# ਚੰਡੀਗੜ੍ਹ ਨੂੰ ਏਸ਼ੀਅਨ ਰੀਲੇਅ ਚੈਂਪੀਅਨਸ਼ਿਪ 2027 ਦੀ ਮੇਜ਼ਬਾਨੀ ਦਾ ਅਧਿਕਾਰ ਮਿਲਿਆ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਦੇ ਖੇਡ ਪਰਿਦ੍ਰਿਸ਼ ਲਈ ਇੱਕ ਬੜੀ ਉਪਲਬਧੀ ਦੇ ਰੂਪ ਵਿੱਚ, ਏਸ਼ੀਅਨ ਐਥਲੈਟਿਕਸ ਐਸੋਸੀਏਸ਼ਨ ਨੇ ਚੰਡੀਗੜ੍ਹ ਨੂੰ ਪ੍ਰਤਿਸ਼ਠਿਤ ਏਸ਼ੀਅਨ ਰੀਲੇਅ ਚੈਂਪੀਅਨਸ਼ਿਪ 2027 ਦੀ ਮੇਜ਼ਬਾਨੀ ਦਾ ਅਧਿਕਾਰ ਪ੍ਰਦਾਨ ਕੀਤਾ ਹੈ। ਮਈ 2027 ਵਿੱਚ ਚੰਡੀਗੜ੍ਹ ਵਿੱਚ ਆਯੋਜਿਤ ਹੋਣ ਵਾਲੀ ਇਸ ਚੈਂਪੀਅਨਸ਼ਿਪ ਵਿੱਚ ਐਥਲੈਟਿਕਸ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕਰਨ ਵਾਲੇ ਏਸ਼ੀਆ ਦੇ ਪ੍ਰਮੁੱਖ ਦੇਸ਼ਾਂ ਦੇ ਖਿਡਾਰੀ ਹਿੱਸਾ ਲੈਣਗੇ।

ਇਹ ਆਯੋਜਨ ਚੰਡੀਗੜ੍ਹ ਨੂੰ ਇੰਟਰਨੈਸ਼ਨਲ ਖੇਡ ਨਕਸ਼ੇ @ਤੇ ਇੱਕ ਮਹੱਤਵਪੂਰਨ ਪਹਿਚਾਣ ਦਿਵਾਏਗਾ।

ਸੰਨ 1989 ਵਿੱਚ ਆਯੋਜਿਤ ਏਸ਼ੀਅਨ ਰੋਇੰਗ ਚੈਂਪੀਅਨਸ਼ਿਪ ਤੋਂ ਬਾਅਦ ਇਹ ਪਹਿਲਾ ਅਵਸਰ ਹੋਵੇਗਾ ਜਦੋਂ ਚੰਡੀਗੜ੍ਹ ਕਿਸੇ ਬੜੀ ਇੰਟਰਨੈਸ਼ਨਲ ਖੇਡ ਚੈਂਪੀਅਨਸ਼ਿਪ ਦੀ ਮੇਜ਼ਬਾਨੀ ਕਰੇਗਾ। ਤਿੰਨ ਦਹਾਕਿਆਂ ਤੋਂ ਅਧਿਕ ਸਮੇਂ ਬਾਅਦ ਇਹ ਸ਼ਹਿਰ ਲਈ ਇੱਕ ਮਹੱਤਵਪੂਰਨ ਉਪਲਬਧੀ ਮੰਨੀ ਜਾ ਰਹੀ ਹੈ।

ਇਸ ਸਬੰਧ ਵਿੱਚ ਨਿਰਣਾ ਅੱਜ ਹਾਂਗਕਾਂਗ ਵਿੱਚ ਆਯੋਜਿਤ ਏਸ਼ੀਅਨ ਐਥਲੈਟਿਕਸ ਐਸੋਸੀਏਸ਼ਨ ਦੀ ਕੌਂਸਲ ਮੀਟਿੰਗ ਵਿੱਚ ਲਿਆ ਗਿਆ।

# ਤਕਨੀਕੀ ਖ਼ਰਾਬੀ ਕਾਰਨ 8 ਘੰਟੇ ਹਵਾ ’ਚ ਰਹਿਣ ਤੋਂ ਬਾਅਦ ਦਿੱਲੀ ਪਰਤਿਆ ਏਅਰ ਇੰਡੀਆ ਦਾ ਜਹਾਜ਼

**ਨਵੀਂ ਦਿੱਲੀ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਏਅਰ ਇੰਡੀਆ ਦਾ ਇੱਕ ਜਹਾਜ਼, ਬੁੱਧਵਾਰ ਸਵੇਰੇ ਜੋ ਸੈਨ ਫਰਾਂਸਿਸਕੋ (ਅਮਰੀਕਾ) ਜਾ ਰਿਹਾ ਸੀ, ਹਵਾ ਵਿੱਚ ਤਕਰੀਬਨ 8 ਘੰਟੇ ਬਿਤਾਉਣ ਤੋਂ ਬਾਅਦ ਇੱਕ ਤਕਨੀਕੀ ਖ਼ਰਾਬੀ ਕਾਰਨ ਵਾਪਸ ਦੇਸ਼ ਦੀ ਰਾਜਧਾਨੀ ਦਿੱਲੀ ਪਰਤ ਆਇਆ। ਇਸ ਬੋਇੰਗ 777-300) ਜਹਾਜ਼ ਵਿੱਚ ਕਰੀਬ 230 ਯਾਤਰੀ ਸਵਾਰ ਸਨ। ਏਅਰਲਾਈਨ ਨੇ ਇੱਕ ਬਿਆਨ ਵਿੱਚ ਦੱਸਿਆ, ਜਹਾਜ਼ ਸੁਰੱਖਿਅਤ ਰੂਪ ਵਿੱਚ ਉਤਰ ਗਿਆ ਹੈ ਅਤੇ ਏਅਰ ਇੰਡੀਆ ਦੇ ਸੁਰੱਖਿਆ ਮਾਪਦੰਡਾਂ ਅਨੁਸਾਰ ਇਸ ਦੀ ਤਕਨੀਕੀ ਜਾਂਚ ਕੀਤੀ ਜਾਵੇਗੀ।

ਏਅਰਲਾਈਨ ਨੇ ਕਿਹਾ, 28 ਮਈ ਨੂੰ ਦਿੱਲੀ ਤੋਂ ਸੈਨ ਫਰਾਂਸਿਸਕੋ ਜਾਣ ਵਾਲੀ ਫਲਾਈਟ 19173 ਨਿਰਧਾਰਤ ਪ੍ਰਕਿਰਿਆਵਾਂ ਦੇ ਤਹਿਤ ਇੱਕ ਤਕਨੀਕੀ ਖ਼ਰਾਬੀ ਕਾਰਨ ਦਿੱਲੀ ਵਾਪਸ ਆ ਗਈ ਹੈ। ਫਲਾਈਟ-ਟ੍ਰੈਕਿੰਗ ਵੈੱਬਸਾਈਟ ) ਤੋਂ ਮਿਲੀ ਜਾਣਕਾਰੀ ਮੁਤਾਬਕ ਇਹ ਜਹਾਜ਼ 8 ਘੰਟੇ ਤੋਂ ਵੱਧ ਸਮਾਂ ਹਵਾ ਵਿੱਚ ਰਿਹਾ। ਜਹਾਜ਼ ਨੇ ਉਡਾਣ ਭਰਨ ਦੇ 3 ਘੰਟੇ ਬਾਅਦ, ਜਦੋਂ ਉਹ ਚੀਨ ਦੇ ਹਵਾਈ ਖੇਤਰ ਵਿੱਚ ਸੀ, ਉੱਥੋਂ ਹੀ ਵਾਪਸ ਦਿੱਲੀ ਵੱਲ ਮੁੜਨਾ ਸ਼ੁਰੂ ਕਰ ਦਿੱਤਾ ਸੀ।

ਯਾਤਰੀਆਂ ਲਈ ਕੀਤੇ ਗਏ ਪ੍ਰਬੰਧ:ਯਾਤਰੀਆਂ ਨੂੰ ਹੋਈ ਇਸ ਅਸੁਵਿਧਾ ’ਤੇ ਅਫ਼ਸੋਸ ਪ੍ਰਗਟ ਕਰਦੇ ਹੋਏ ਏਅਰ ਇੰਡੀਆ ਨੇ ਕਿਹਾ ਕਿ ਉਹ ਯਾਤਰੀਆਂ ਨੂੰ ਜਲਦੀ ਤੋਂ ਜਲਦੀ ਉਨ੍ਹਾਂ ਦੀ ਮੰਜ਼ਿਲ ’ਤੇ ਪਹੁੰਚਾਉਣ ਲਈ ਬਦਲਵੇਂ (ਦੂਜੇ) ਪ੍ਰਬੰਧ ਕਰ ਰਹੀ ਹੈ। ਏਅਰਲਾਈਨ ਨੇ ਅੱਗੇ ਦੱਸਿਆ, ਇਸ ਦੌਰਾਨ, ਸਾਡੀਆਂ ਜ਼ਮੀਨੀ ਟੀਮਾਂ (ਗਰਾਊਂਡ ਸਟਾਫ਼) ਯਾਤਰੀਆਂ ਨੂੰ ਹਰ ਸੰਭਵ ਲੋੜੀਂਦੀ ਸਹਾਇਤਾ ਪ੍ਰਦਾਨ ਕਰ ਰਹੀਆਂ ਹਨ, ਜਿਸ ਵਿੱਚ ਉਨ੍ਹਾਂ ਦੀ ਪਸੰਦ ਅਨੁਸਾਰ ਖਾਣ-ਪੀਣ, ਹੋਟਲ ਵਿੱਚ ਰਿਹਾਇਸ਼ ਜਾਂ ਫਲਾਈਟ ਦਾ ਸਮਾਂ ਬਦਲਣਾ (ਰੀ-ਸ਼ੈਡਿਊਲਿੰਗ) ਸ਼ਾਮਲ ਹੈ।

# ਹਾਈ ਕੋਰਟਾਂ ਦੇ ਕੇਸ ਸੁਪਰੀਮ ਕੋਰਟ ਭੇਜਣ ਲਈ ਕੇਂਦਰ ਨੇ ਦਿੱਤੀ ਅਰਜ਼ੀ

**ਨਵੀਂ ਦਿੱਲੀ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰ ਸਰਕਾਰ ਨੇ ਬੁੱਧਵਾਰ ਨੂੰ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਹੈ। ਸਰਕਾਰ ਨੇ ਮੰਗ ਕੀਤੀ ਹੈ ਕਿ ’ਟ੍ਰਾਂਸਜੈਂਡਰ ਵਿਅਕਤੀ (ਅਧਿਕਾਰਾਂ ਦੀ ਸੁਰੱਖਿਆ) (ਸੋਧ) ਐਕਟ, 2026’ ਦੇ ਖ਼ਿਲਾਫ਼ ਦੇਸ਼ ਦੀਆਂ ਵੱਖ-ਵੱਖ ਹਾਈ ਕੋਰਟਾਂ ਵਿੱਚ ਚੱਲ ਰਹੀਆਂ ਸਾਰੀਆਂ ਚੁਣੌਤੀਆਂ (ਕੇਸਾਂ) ਨੂੰ ਇਕੱਠਾ ਕਰਕੇ ਸਰਵਉੱਚ ਅਦਾਲਤ (ਸੁਪਰੀਮ ਕੋਰਟ) ਵਿੱਚ ਤਬਦੀਲ (ਟ੍ਰਾਂਸਫਰ) ਕੀਤਾ ਜਾਵੇ। ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਭਾਰਤ ਦੇ ਮੁੱਖ ਜੱਜ ਸੂਰਿਆ ਕਾਂਤ ਅਤੇ ਜਸਟਿਸ ਜੋਏਮਾਲਿਆ ਬਾਗਚੀ ਦੇ ਬੈਂਚ ਅੱਗੇ ਇਸ ਮਾਮਲੇ ਦਾ ਜ਼ਿਕਰ ਕੀਤਾ ਅਤੇ ਸ਼ੁੱਕਰਵਾਰ ਨੂੰ ਇਨ੍ਹਾਂ ਤਬਾਦਲਾ ਪਟੀਸ਼ਨਾਂ ’ਤੇ ਜਲਦੀ ਸੁਣਵਾਈ ਕਰਨ ਦੀ ਮੰਗ ਕੀਤੀ।




ਸਾਲਿਸਟਰ ਜਨਰਲ ਨੇ ਅਦਾਲਤ ਅੱਗੇ ਕਿਹਾ, ਅਸੀਂ ਟ੍ਰਾਂਸਜੈਂਡਰ ਸੋਧ ਐਕਟ ਖ਼ਿਲਾਫ਼ ਮਿਲੀਆਂ ਚੁਣੌਤੀਆਂ ਨੂੰ ਇਸ ਅਦਾਲਤ ਵਿੱਚ ਲਿਆਉਣ ਲਈ ਤਬਾਦਲਾ ਪਟੀਸ਼ਨਾਂ ਦਾਇਰ ਕੀਤੀਆਂ ਹਨ। ਜੇਕਰ ਇਹ ਪਟੀਸ਼ਨਾਂ ਸ਼ੁੱਕਰਵਾਰ ਨੂੰ ਸੁਣਵਾਈ ਲਈ ਸੂਚੀਬੱਧ ਹੁੰਦੀਆਂ ਹਨ ਅਤੇ ਨੋਟਿਸ ਜਾਰੀ ਕੀਤਾ ਜਾਂਦਾ ਹੈ, ਤਾਂ ਅਸੀਂ ਹਾਈ ਕੋਰਟਾਂ ਨੂੰ ਆਪਣੀ ਕਾਰਵਾਈ ਨੂੰ ਅੱਗੇ ਪਾਉਣ (ਟਾਲਣ) ਦੀ ਬੇਨਤੀ ਕਰ ਸਕਦੇ ਹਾਂ। ਕਾਨੂੰਨ ਅਧਿਕਾਰੀ (ਸਾਲਿਸਟਰ ਜਨਰਲ) ਨੇ ਕਿਹਾ ਕਿ ਕਿਉਂਕਿ ਇਸ ਵੇਲੇ ਕਈ ਹਾਈ ਕੋਰਟਾਂ ਇਸ ਮਾਮਲੇ ਦੀ ਸੁਣਵਾਈ ਕਰ ਰਹੀਆਂ ਹਨ, ਇਸ ਲਈ ਕੇਂਦਰੀ ਕਾਨੂੰਨ ਦੀ ਵੈਧਤਾ ’ਤੇ ਵੱਖੋ-ਵੱਖਰੇ ਵਿਚਾਰਾਂ ਅਤੇ ਆਪਸ ਵਿੱਚ ਵਿਰੋਧੀ ਨਿਆਂਇਕ ਫੈਸਲੇ ਆਉਣ ਦਾ ਵੱਡਾ ਖ਼ਤਰਾ ਹੈ।

CJI ਦੀ ਅਸਹਿਮਤੀ: ਮੁੱਖ ਜੱਜ ਇਸ ਮੰਗ ’ਤੇ ਸਹਿਮਤ ਹੁੰਦੇ ਨਜ਼ਰ ਨਹੀਂ ਆਏ। ਉਨ੍ਹਾਂ ਕਿਹਾ ਕਿ ਸਰਵਉੱਚ ਅਦਾਲਤ ਨੂੰ ਅਕਸਰ ਸੂਬਾਈ ਅਦਾਲਤਾਂ (ਹਾਈ ਕੋਰਟਾਂ) ਵੱਲੋਂ ਦਿੱਤੇ ਗਏ ਕਾਨੂੰਨੀ ਤਰਕਾਂ ਦਾ ਫਾਇਦਾ ਮਿਲਦਾ ਹੈ। CJI ਨੇ ਕਿਹਾ, ਕਈ ਵਾਰ ਸਾਨੂੰ ਹਾਈ ਕੋਰਟ ਦੇ ਵਿਚਾਰਾਂ ਦਾ ਫਾਇਦਾ ਵੀ ਮਿਲ ਸਕਦਾ ਹੈ। ਜਦੋਂ ਕਾਨੂੰਨ ਅਧਿਕਾਰੀ ਨੇ ਆਪਣੀਆਂ ਗੱਲਾਂ ਨੂੰ ਦੁਹਰਾਇਆ, ਤਾਂ CJI ਨੇ ਕਿਹਾ ਕਿ ਉਹ ਦੇਖਣਗੇ।

ਵਿਵਾਦ ਦਾ ਮੁੱਖ ਕਾਰਨ: ’ਟ੍ਰਾਂਸਜੈਂਡਰ ਵਿਅਕਤੀ (ਅਧਿਕਾਰਾਂ ਦੀ ਸੁਰੱਖਿਆ) (ਸੋਧ) ਐਕਟ, 2026’ ਮਨੁੱਖੀ ਅਧਿਕਾਰ ਕਾਰਕੁਨਾਂ ਅਤੇ LGBTQ+ ਭਾਈਚਾਰੇ ਦੇ ਮੈਂਬਰਾਂ ਵੱਲੋਂ ਸਖ਼ਤ ਕਾਨੂੰਨੀ ਜਾਂਚ ਦੇ ਘੇਰੇ ਵਿੱਚ ਹੈ। ਵਿਵਾਦ ਦੀ ਮੁੱਖ ਵਜ੍ਹਾ ਲਿੰਗ ਦੀ ਖੁਦ-ਪਛਾਣ ਦੇ ਸੰਕਲਪ ਨੂੰ ਹਟਾਉਣਾ ਹੈ, ਜਿਸ ਅਧਿਕਾਰ ਨੂੰ ਸੁਪਰੀਮ ਕੋਰਟ ਨੇ ਪਹਿਲਾਂ ਆਪਣੇ ਇਤਿਹਾਸਕ ’ਨਾਲਸਾ’ ਫੈਸਲੇ ਵਿੱਚ ਬਹਾਲ ਰੱਖਿਆ ਸੀ।

ਪਟੀਸ਼ਨਕਰਤਾਵਾਂ ਦੀ ਦਲੀਲ: 2026 ਦੀ ਇਸ ਸੋਧ ਵਿੱਚ ਲਿੰਗ ਦੀ ਪਛਾਣ ਲਈ ਡਾਕਟਰੀ ਜਾਂ ਪ੍ਰਸ਼ਾਸਨਿਕ ਦਖਲਅੰਦਾਜ਼ੀ (ਸਰਟੀਫਿਕੇਟ ਆਦਿ) ਨੂੰ ਲਾਜ਼ਮੀ ਬਣਾਇਆ ਗਿਆ ਹੈ। ਪਟੀਸ਼ਨਕਰਤਾਵਾਂ ਦੀ ਦਲੀਲ ਹੈ ਕਿ ਇਹ ਸ਼ਰਤ ਵਿਅਕਤੀ ਦੇ ਸਨਮਾਨ, ਨਿੱਜਤਾ ਅਤੇ ਸਰੀਰਕ ਖੁਦਮੁਖਤਿਆਰੀ ਦੇ ਅਧਿਕਾਰ ਦੀ ਉਲੰਘਣਾ ਕਰਦੀ ਹੈ।

ਦੱਸਣਯੋਗ ਹੈ ਕਿ ਇਸੇ ਮਹੀਨੇ ਦੇ ਸ਼ੁਰੂ ਵਿੱਚ, ਸੁਪਰੀਮ ਕੋਰਟ ਨੇ ਇਸ ਐਕਟ ਦੀ ਸੰਵਿਧਾਨਕ ਵੈਧਤਾ ਨੂੰ ਚੁਣੌਤੀ ਦੇਣ ਵਾਲੀਆਂ ਸਿੱਧੇ ਤੌਰ ’ਤੇ ਦਾਇਰ ਕੀਤੀਆਂ ਵੱਖਰੀਆਂ ਪਟੀਸ਼ਨਾਂ ’ਤੇ ਕੇਂਦਰ ਸਰਕਾਰ ਨੂੰ ਰਸਮੀ ਨੋਟਿਸ ਵੀ ਜਾਰੀ ਕੀਤਾ ਸੀ।

# ਬਰਿੰਦਰ ਕੁਮਾਰ ਗੋਇਲ ਨੇ ਹਸਪਤਾਲ ਪਹੁੰਚ ਮਰੀਜ਼ਾਂ ਦਾ ਜਾਣਿਆ ਹਾਲ; ਅਧਿਕਾਰੀਆਂ ਨੂੰ ਮੈਡੀਕਲ ਸਹੂਲਤਾਂ ਸਬੰਧੀ ਹਦਾਇਤਾਂ ਜਾਰੀ

**ਸੰਗਰੂਰ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਖੁਦ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਨੇ ਸਿਵਲ ਹਸਪਤਾਲ ਮੂਨਕ ਪਹੁੰਚ ਕੇ ਮਰੀਜ਼ਾਂ ਦਾ ਹਾਲ ਚਾਲ ਜਾਣਿਆ ਤੇ ਪ੍ਰਬੰਧਾਂ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ, ਇਸ ਮੌਕੇ ਉਨ੍ਹਾਂ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ, ਡਾਕਟਰਾਂ ਤੇ ਪ੍ਰਸ਼ਾਸਨ ਦੇ ਅਧਿਕਾਰੀਆਂ ਤੋਂ ਸਾਰੇ ਘਟਨਾਕ੍ਰਮ ਦੀ ਪੂਰੀ ਜਾਣਕਾਰੀ ਵੀ ਹਾਸਿਲ ਕੀਤੀ ਅਤੇ ਮਰੀਜ਼ਾਂ ਦੇ ਚੱਲ ਰਹੇ ਇਲਾਜ ਬਾਰੇ ਵੀ ਜਾਣਿਆ। ਇਸ ਉਪਰੰਤ ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਵਿਆਹ ਵਿੱਚ ਖਾਣਾ ਖਾਣ ਤੋਂ ਬਾਅਦ 72 ਦੇ ਕਰੀਬ ਵਿਅਕਤੀਆਂ ਨੂੰ ਸਰਕਾਰੀ ਹਸਪਤਾਲ ਅਤੇ ਕੁਝ ਨੂੰ ਪ੍ਰਾਈਵੇਟ ਹਸਪਤਾਲਾਂ ਵਿੱਚ ਦਾਖਲ ਕਰਵਾ ਦਿੱਤਾ ਗਿਆ ਹੈ। ਪਰਮਾਤਮਾ ਦਾ ਸ਼ੁਕਰ ਹੈ ਕਿ ਸਾਰੇ ਖਤਰੇ ਤੋਂ ਬਾਹਰ ਹਨ , ਉਨ੍ਹਾਂ ਦੱਸਿਆ ਕਿ ਕੌਹਰੀਆਂ, ਸੰਗਰੂਰ, ਭਵਾਨੀਗੜ੍ਹ ਅਤੇ ਲਹਿਰਾਗਾਗਾ ਤੋਂ ਡਾਕਟਰਾਂ ਦੀਆਂ ਟੀਮਾਂ ਮਰੀਜ਼ਾਂ ਦਾ ਇਲਾਜ ਕਰ ਰਹੀਆਂ ਹਨ। ਪਟਿਆਲਾ ਤੋਂ ਵੀ ਮਾਹਿਰ ਡਾਕਟਰਾਂ ਦੀ ਇੱਕ ਟੀਮ ਮੂਨਕ ਹਸਪਤਾਲ ਪਹੁੰਚ ਰਹੀ ਹੈ, ਸਿਵਲ ਸਰਜਨ ਸੰਗਰੂਰ ਖੁਦ ਸਾਰੇ ਮਿਸ਼ਨ ਦੀ ਨਿਗਰਾਨੀ ਕਰ ਰਹੇ ਹਨ, ਡਾਇਰੈਕਟਰ ਹੈਲਥ ਨਾਲ ਵੀ ਗੱਲਬਾਤ ਹੋ ਚੁੱਕੀ ਹੈ ਤਾਂ ਜੋ ਮਰੀਜ਼ਾਂ ਦੇ ਇਲਾਜ ਵਿੱਚ ਕੋਈ ਕਮੀ ਨਾ ਰਹਿ ਜਾਵੇ, ਉਹਨਾਂ ਕਿਹਾ ਕਿ



ਮਰੀਜ਼ਾਂ ਦੇ ਇਲਾਜ ਵਿੱਚ ਕੋਈ ਕਮੀ ਜਾਂ ਢਿਲ ਨਹੀਂ ਆਉਣ ਦਿੱਤੀ ਜਾਵੇਗੀ; ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਲਈ ਤਿੰਨ ਐਬੂਲੈਂਸਾਂ ਨੂੰ ਮੌਕੇ @ਤੇ ਤਿਆਰ ਰੱਖਿਆ ਗਿਆ ਹੈ। ਸਾਰੇ ਮਰੀਜ਼ਾਂ ਨੇ ਹਸਪਤਾਲ ਵਿੱਚ ਮਿਲ ਰਹੀਆਂ ਮੈਡੀਕਲ ਸਹੂਲਤਾਂ @ਤੇ ਤਸੱਲੀ ਦਾ ਪ੍ਰਗਟਾਵਾ ਕੀਤਾ।

ਕੇਂਦਰ ਮਿਲਾਵਟਖੋਰੀ ਵਿਰੁੱਧ ਬਣਾਵੇ ਸਖ਼ਤ ਕਾਨੂੰਨ ਬਰਿੰਦਰ ਗੋਇਲ ਨੇ ਕਿਹਾ ਕਿ ਦੁੱਧ ਅਤੇ ਕਿਸੇ ਵੀ ਹੋਰ ਖਾਣ ਪੀਣ ਦੀਆਂ ਚੀਜ਼ਾਂ ਵਿੱਚ ਮਿਲਾਵਟਖੋਰੀ ਵਿਰੁੱਧ ਕੇਂਦਰ ਸਰਕਾਰ ਨੂੰ ਸਮੁੱਚੇ ਦੇਸ਼ ਅੰਦਰ ਸਖਤ ਕਾਨੂੰਨ ਬਣਾਉਣਾ ਚਾਹੀਦਾ ਹੈ ਤਾਂ ਜੋ ਮਿਲਾਵਟਖੋਰੀ ਦੇ ਕਾਰਨ ਹੋਣ ਵਾਲੇ ਹਾਦਸਿਆਂ ਨੂੰ ਰੋਕਿਆ ਜਾ ਸਕੇ।

# ਗੁਰਲਾਲ ਘਨੌਰ ਦਾ ਮੁੱਖ ਮੰਤਰੀ ਵੱਲੋਂ ਰਾਜ ਦੇ ਸਰਵਉੱਚ ਖੇਡ ਪੁਰਸਕਾਰ 'ਮਹਾਰਾਜਾ ਰਣਜੀਤ ਸਿੰਘ ਐਵਾਰਡ' ਨਾਲ ਸਨਮਾਨ

**ਪਟਿਆਲਾ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਅੱਜ ਕਰਵਾਏ ਗਏ ਰਾਜ ਪੱਧਰੀ ਖਿਡਾਰੀ ਸਨਮਾਨ ਸਮਾਰੋਹ ਦੌਰਾਨ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਉਘੇ ਕਬੱਡੀ ਖਿਡਾਰੀ ਤੇ ਘਨੌਰ ਦੇ ਵਿਧਾਇਕ ਗੁਰਲਾਲ ਘਨੌਰ ਨੂੰ ਪੰਜਾਬ ਦੇ ਸਰਵਉੱਚ ਖੇਡ ਪੁਰਸਕਾਰ 'ਮਹਾਰਾਜਾ ਰਣਜੀਤ ਸਿੰਘ ਐਵਾਰਡ' ਨਾਲ ਸਨਮਾਨਿਤ ਕੀਤਾ।ਗੁਰਲਾਲ ਘਨੌਰ ਨੂੰ ਇਹ ਸਨਮਾਨ ਉਨ੍ਹਾਂ ਵੱਲੋਂ ਕਬੱਡੀ ਖਿਡਾਰੀ ਵਜੋਂ ਕਰੀਬ ਦੋ ਦਹਾਕਿਆਂ ਤੋਂ ਵੀ ਵੱਧ ਸਮੇਂ ਲਈ ਕਬੱਡੀ ਖੇਡਣ ਵਾਸਤੇ ਮਿਲਿਆ ਹੈ, ਕਿਉਂਕਿ ਇਹ ਪੁਰਸਕਾਰ 2018 ਤੋਂ ਲੈ 2023 ਤੱਕ ਦੇ ਪ੍ਰਦਾਨ ਕੀਤੇ ਗਏ ਹਨ।



ਇਸ ਪ੍ਰਾਪਤੀ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ, ਮੇਰੇ ਲਈ ਇਹ ਐਵਾਰਡ ਸਿਰਫ਼ ਇੱਕ ਸਨਮਾਨ ਹੀ ਨਹੀਂ, ਬਲਕਿ ਖੇਡਾਂ ਪ੍ਰਤੀ ਮੇਰੀ ਅਟੁੱਟ ਲਗਨ ਅਤੇ ਦੇਸ਼-ਵਿਦੇਸ਼ ਵਿੱਚ ਵਸਦੇ ਲੋਕਾਂ ਵੱਲੋਂ ਮਿਲੇ ਪਿਆਰ ਦਾ ਪ੍ਰਤੀਕ ਹੈ। ਵਿਧਾਇਕ ਗੁਰਲਾਲ ਨੇ ਕਿਹਾ ਕਿ ਇਹ ਸਨਮਾਨ ਹਲਕਾ ਘਨੌਰ ਦੇ ਹਰ ਪਰਿਵਾਰ ਅਤੇ ਹਰ ਉਸ ਖਿਡਾਰੀ ਨੂੰ ਸਮਰਪਿਤ ਹੈ ਜੋ ਮੈਦਾਨ ਵਿੱਚ ਪੰਜਾਬ ਦਾ ਨਾਮ ਚਮਕਾਉਣ ਲਈ ਦਿਨ-ਰਾਤ ਇੱਕ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ, ਮੈਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਅਤੇ ਵਿਸ਼ਵਾਸ ਦਿਵਾਉਂਦਾ ਹਾਂ ਕਿ 'ਰੰਗਲਾ ਪੰਜਾਬ' ਬਣਾਉਣ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਸਾਡੀ ਮਿਹਨਤ ਇਸੇ ਤਰ੍ਹਾਂ ਜਾਰੀ ਰਹੇਗੀ।

ਜਿਕਰਯੋਗ ਹੈ ਕਿ ਵਿਧਾਇਕ ਗੁਰਲਾਲ ਘਨੌਰ ਨੇ ਹਲਕੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਦੇ ਨਾਲ ਨਾਲ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਉਨ੍ਹਾਂ ਨੂੰ ਖੇਡ ਦੇ ਮੈਦਾਨਾਂ ਵਿੱਚ ਉਤਾਰ ਕੇ ਹਰ ਪਿੰਡ ਵਿੱਚ ਖੇਡ ਦੇ ਮੈਦਾਨ ਬਣਾਉਣ ਦਾ ਬੀੜਾ ਉਠਾਇਆ ਹੈ। ਉਹ ਖੁਦ ਮੈਦਾਨਾਂ ਵਿੱਚ ਜਾ ਕੇ ਨੌਜਵਾਨਾਂ ਨੂੰ ਖੇਡਣ ਲਈ ਪ੍ਰੇਰਿਤ ਕਰ ਰਹੇ ਹਨ।

# ਤੰਦਰੁਸਤ ਪਟਿਆਲਾ ਮੁਹਿੰਮ ਤਹਿਤ ਲਗਾਇਆ ਗਿਆ ਮੁਫਤ ਮੈਡੀਕਲ ਚੈਕਅੱਪ ਕੈਂਪ



**ਪਟਿਆਲਾ, 28 ਮਈ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਤੰਦਰੁਸਤ ਪਟਿਆਲਾ ਮੁਹਿੰਮ ਤਹਿਤ ਗੁਰਦੁਆਰਾ ਗੁਰਪ੍ਰਸਾਦ ਸਾਹਿਬ ਘੁੰਮਣ ਨਗਰ ਵਿਖੇ ਹਰਦੀਪ ਸਿੰਘ ਦੀਪ ਟਿਵਾਣਾ ਯੂਥ ਆਗੂ ਦੀ ਅਗਵਾਈ ਹੇਠ ਮੁਫਤ ਮੈਡਕੀਲ ਚੈਕਅੱਪ ਕੈਂਪ ਲਗਾਇਆ ਗਿਆ। ਜਿਸ ਦੀ ਆਰੰਭਤਾ ਗੁਰਦੁਆਰਾ ਸਾਹਿਬ ਵਿਖੇ ਅਰਦਾਸ ਕਰਵਾਉਣ ਉਪਰੰਤ ਕੀਤੀ ਗਈ। ਜਿਸ ਵਿਚ 300 ਦੇ ਕਰੀਬ ਲੋੜਵੰਦ ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ। ਚੈਕਅੱਪ ਕਰਨ ਲਈ ਵੱਖ-ਵੱਖ ਰੋਗਾਂ ਦੇ ਮਾਹਿਰ ਡਾਕਟਰ ਸਲਵਿੰਦਰ ਸਿੰਘ ਤੂਰ, ਡਾਕਟਰ ਹਰਸਿਮਰਨਜੀਤ ਸਿੰਘ, ਡਾਕਟਰ ਜੀਵਤੇਸ਼ ਸਿੰਘ ਅਤੇ ਡਾਕਟਰ ਜਗਦੀਸ਼ ਸਿੰਘ ਮਾਨ ਆਦਿ ਦੀ ਟੀਮ ਨੇ ਮਰੀਜ਼ਾਂ ਦਾ ਚੈਕਅੱਪ ਕਰਕੇ ਲੋੜਵੰਦਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਇਸ ਸੰਬੰਧੀ ਗੱਲਬਾਤ ਕਰਦੇ ਹੋਏ ਯੂਥ ਆਗੂ ਦੀਪ ਟਿਵਾਣਾ ਨੇ ਕਿਹਾ ਕਿ ਵੱਖ-ਵੱਖ ਥਾਵਾਂ 'ਤੇ ਅਜਿਹੇ ਕੈਂਪ ਲਗਾਏ ਜਾਣਗੇ ਤਾਂ ਜੋ ਲੋੜਵੰਦਾਂ ਦੀ ਮਦਦ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਲੱਗਣ ਵਾਲੇ ਕੈਂਪਾਂ ਵਿਚ ਵੀ ਮਾਹਿਰ ਡਾਕਟਰ ਹੀ ਚੈਕਅੱਪ ਕਰਨਗੇ। ਇਸ ਮੌਕੇ ਐਡਵੋਕੇਟ ਕੁਲਦੀਪ ਸਿੰਘ ਵਿਰਕ, ਜਸਵੰਤ ਸਿੰ ਝਿੱਲ, ਹਰਦੇਵ ਸਿੰਘ ਨੰਦਪੁਰ ਕੇਸ਼ੋ, ਭਗਵੰਤ ਸਿੰਘ, ਚਰਨਜੀਤ ਸਿੰਘ ਸਨੌਰ, ਮਹਿਕ ਗਰੇਵਾਲ ਵੀ ਹਾਜ਼ਰ ਸਨ।

# ਨੇਪਾਲ ਦੀ ਸਭ ਤੋਂ ਉਚੀ ਚੋਟੀ ਸਰ ਕਰਨ ਵਾਲੀ ਸੁੱਖੀ ਬੱਲ ਨੂੰ ਕੀਤਾ ਸਨਮਾਨਤ



**ਪਟਿਆਲਾ, 28 ਮਈ**
**ਰਣਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਨੇਪਾਲ ਦੀ ਸਭ ਤੋਂ ਉਚੀ ਚੋਟੀ ਸਰ ਕਰਨ ਵਾਲੀ ਨਿਧੜਕ ਮਹਿਲਾ ਸੁੱਖੀ ਬੱਲ ਨੂੰ ਵੱਖ-ਵੱਖ ਸਮਾਜ ਸੇਵੀ ਅਤੇ ਅਧਿਆਪਕ ਜਥੇਬੰਦੀਆਂ ਵੱਲੋਂ ਸਨਮਾਨਤ ਕੀਤਾ ਗਿਆ। ਜਿਕਰਯੋਗ ਹੈ ਹੁਣ ਔਰਤਾਂ ਵੀ ਕਿਸੇ ਪੱਖੋਂ ਕਿਸੇ ਵੀ ਖੇਤਰ ਵਿਚ ਘੱਟ ਨਹੀਂ ਹਨ ਅਤੇ ਲੜਕਿਆਂ ਵਾਂਗ ਹਰ ਮੁਸ਼ਕਲ ਹਾਲਾਤ ਨਾਲ ਜੂਝਣ ਦੀ ਹਿੰਮਤ ਰੱਖਦੀਆਂ ਹਨ ਅਤੇ ਸੁੱਖੀ ਬੱਲ ਨੇ ਵੀ ਨੇਪਾਲ ਦੀ ਸਭ ਤੋਂ ਉਚੀ ਚੋਟੀ 'ਤੇ ਜਾ ਕੇ ਵੱਡੀ ਫਤਹਿ ਹਾਸਲ ਕੀਤੀ ਹੈ। ਜਿਸ ਕਰਕੇ ਪੰਜਾਬੀਆਂ ਨੂੰ ਅਜਿਹੀਆਂ ਸਖਸ਼ੀਅਤਾਂ 'ਤੇ ਮਾਣ ਮਹਿਸੂਸ ਹੁੰਦਾ ਹੈ। ਲਿਹਾਜ਼ਾ ਸੁੱਖੀ ਬੱਲ ਨੂੰ ਵਿਸ਼ੇਸ਼ ਤੌਰ 'ਤੇ ਬੂਟਾ ਲੱਗਾ ਗੁਲਦਸਤਾ ਦੇ ਕੇ ਸਨਮਾਨਤ ਕਰਨ ਵਾਲਿਆਂ ਵਿਚ ਗਰੀਸ਼ੀ ਘੁੰਮਣ, ਸੁਪਰਡੈਂਟ ਕਮਲ ਬਾਂਸਲ, ਸ਼ਮਿੰਦਰ ਸਿੰਘ ਬਰਾੜ, ਸੁਖਰਾਜ ਕੁਮਾਰ ਲੱਕੀ ਲੈਕਚਰਾਰ ਆਦਿ ਵੀ ਸ਼ਾਮਲ ਸਨ। ਇਸ ਮੌਕੇ ਗਰੀਸ਼ੀ ਘੁੰਮਣ ਤੇ ਲੈਕਚਰਾਰ ਸੁਖਰਾਜ ਕੁਮਾਰ ਲੱਕੀ ਨੇ ਕਿਹਾ ਕਿ ਲੜਕੀਆਂ ਵੀ ਅੱਜ ਕੇ ਸਮੇਂ ਵਿਚ ਕਿਸੇ ਨਾਲੋਂ ਘੱਟ ਨਹੀਂ। ਅੱਜ ਜ਼ਹਾਜ਼ ਚਲਾਉਣ ਤੋਂ ਲੈ ਕੇ ਹਰ ਖੇਤਰ ਵਿਚ ਔਰਤਾਂ ਦਾ ਨਾਮ ਚੱਲਦਾ ਹੈ। ਇਸੇ ਤਰ੍ਹਾਂ ਸੁੱਖੀ ਬੱਲ ਨੇ ਵੀ ਸਭ ਤੋਂ ਉਚੀ ਚੋਟੀ ਸਰ ਕਰਕੇ ਪੰਜਾਬ ਦਾ ਮਾਣ ਵਧਾਇਆ ਹੈ।

# ਰਾਜਸਥਾਨ ਰੋਇਲਜ਼ ਲਈ ਖੇਡੇਗਾ ਈਮਾਨਜੋਤ ਸਿੰਘ ਚਹਿਲ

**ਪਟਿਆਲਾ, 28 ਮਈ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**



ਟਾਟਾ ਆਈ.ਪੀ.ਐਲ. ਦੇ ਚੱਲ ਰਹੇ ਮੈਚਾਂ ਵਿਚ ਰਾਜਸਥਾਨ ਰੋਇਲਜ਼ ਲਈ ਈਮਾਨਜੋਤ ਸਿੰਘ ਚਹਿਲ ਪਟਿਆਲਾ ਦੀ ਚੋਣ ਕੀਤੀ ਗਈ ਹੈ। ਜੋ ਆਉਣ ਵਾਲੇ ਮੈਚਾਂ ਵਿਚ ਆਪਣੀ ਖੇਡ ਦਾ ਪ੍ਰਦਰਸ਼ਨ ਕਰੇਗਾ। ਜਿਕਰਯੋਗ ਹੈ ਕਿ ਈਮਾਨਜੋਤ ਚਹਿਲ ਅੰਡਰ 19 'ਚ ਪੰਜਾਬ ਕ੍ਰਿਕੇਟ ਟੀਮ ਵਿਚ ਰਨਰ ਅਪ, 2023-24 ਵਿਚ ਰਣਜੀ ਟਰਾਫੀ ਵਿਚ ਪਹਿਲੇ ਦਰਜੇ ਦਾ ਚੈਂਪੀਅਨ, 23 ਸਾਲਾਂ ਮੁਕਾਬਲਿਆਂ ਵਿਚ ਕਰਨਲ ਸੀ. ਕੇ. ਨਾਇਡੂ ਟਰਾਫੀ ਜਿੱਤੀ। ਇਸ ਦੇ ਨਾਲ ਹੀ ਮੁੰਬਈ ਇੰਡੀਅਨ ਦਾ ਨੈਟ ਬਾਲਰ ਵੀ ਬਣ ਚੁੱਕਾ ਹੈ। ਹੁਣ ਟਾਟਾ ਆਈ.ਪੀ.ਐਲ. ਵਿਚ ਰਾਜਸਥਾਨ ਰੋਇਲਜ਼ ਵੱਲੋਂ ਚਹਿਲ ਆਪਣਾ ਜਲਵਾ ਦਿਖਾ ਕੇ ਪਟਿਆਲਾਵੀਆਂ ਦਾ ਨਾਮ ਰੌਸ਼ਨ ਕਰੇਗਾ। ਜਿਕਰਯੋਗ ਹੈ ਕਿ ਈਮਾਨਜੋਤ ਸਿੰਘ ਚਹਿਲ ਛੋਟੀ ਉਮਰ ਤੋਂ ਹੀ ਕ੍ਰਿਕੇਟ ਵਿਚ ਆਪਣਾ ਸ਼ਾਨਦਾਰ ਪ੍ਰਦਰਸ਼ਨ ਦਿਖਾਉਂਦਾ ਆ ਰਿਹਾ ਹੈ, ਜਿਥੇ ਉਸ ਨੇ ਆਪਣੀ ਮਿਹਨਤ ਦੇ ਬਲਬੂਤੇ ਨਾਲ ਪਹਿਲਾਂ ਵੀ ਲੋਹਾ ਮਨਵਾਇਆ ਹੈ ਅਤੇ ਹੁਣ ਰਾਜਸਥਾਨ ਰੋਇਲਜ਼ ਵੱਲੋਂ ਖੇਡਣ 'ਤੇ ਪਟਿਆਲਾਵੀਆਂ ਵਿਚ ਵੀ ਚਹਿਲ ਪ੍ਰਤੀ ਕਾਫੀ ਖੁਸ਼ੀ ਪਾਈ ਜਾ ਰਹੀ ਹੈ।

## ਪਟਿਆਲਾ 'ਚ ਸੜਕ ਸੁਰੱਖਿਆ ਲਈ ਡੀ ਸੀ ਡਾ.ਹਿਮਾਂਸ਼ੂ ਅਗਰਵਾਲ ਦੇ ਸਖ਼ਤ ਹੁਕਮ

# ਗਲਤ ਪਾਰਕਿੰਗ ਕਰਨ ਵਾਲਿਆਂ ਦੇ ਖਿਲਾਫ ਹੋਵੇਗੀ ਸਖ਼ਤ ਕਾਰਵਾਈ : ਡੀ ਸੀ

**ਪਟਿਆਲਾ, 28 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹੇ ਵਿੱਚ ਸੜਕ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਟ੍ਰੈਫਿਕ ਪੁਲਿਸ ਅਤੇ ਹੋਰ ਵਿਭਾਗਾਂ ਤੋਂ ਸ਼ਹਿਰ ਦੇ ਮੁੱਖ ਟ੍ਰੈਫਿਕ ਪੁਆਇੰਟਾਂ ਜਿਵੇਂ ਖੰਡਾ ਚੌਂਕ, ਨਿਊ ਬੱਸ ਸਟੈਂਡ, ਪੁਰਾਣਾ ਬੱਸ ਸਟੈਂਡ, ਕੋਹਲੀ ਸਵੀਟ, ਗੁੜ ਮੰਡੀ, ਗਗਨ ਚੌਂਕ, ਖਾਲਸਾ ਕਾਲਜ, ਰਾਜਪੁਰਾ ਅਤੇ ਨਾਭਾ ਖੇਤਰਾਂ ਦੀ ਸਥਿਤੀ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ।

ਡਿਪਟੀ ਕਮਿਸ਼ਨਰ ਨੇ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਸਕੂਲਾਂ, ਕਾਲਜਾਂ, ਬੈਂਕਾਂ ਅਤੇ ਹੋਰ ਸੰਸਥਾਵਾਂ ਨੂੰ ਆਪਣੀ ਪਾਰਕਿੰਗ ਦੀ ਵਿਵਸਥਾ ਆਪਣੇ ਪੱਧਰ 'ਤੇ ਕਰਨੀ ਹੋਵੇਗੀ। ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਦੀ ਅਗਵਾਈ ਕਰਦਿਆਂ ਉਨ੍ਹਾਂ ਚੇਤਾਵਨੀ ਦਿੱਤੀ ਕਿ ਜਿਹੜੀਆਂ ਸੰਸਥਾਵਾਂ ਇਨ੍ਹਾਂ ਹੁਕਮਾਂ ਦੀ ਪਾਲਣਾ ਨਹੀਂ ਕਰਨਗੀਆਂ, ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਲੋੜ ਪੈਣ 'ਤੇ ਪ੍ਰਾਪਰਟੀ ਜਬਤ ਕੀਤੀ ਜਾ ਸਕਦੀ ਹੈ।

ਡੀ.ਸੀ. ਨੇ ਕਿਹਾ ਕਿ ਜੇਕਰ ਕਿਸੇ ਸੰਸਥਾ ਕੋਲ ਪਾਰਕਿੰਗ ਲਈ ਯੋਗ ਜਗ੍ਹਾ ਨਹੀਂ ਹੈ ਤਾਂ ਉਹ ਕਰਮਚਾਰੀ ਹਾਇਰ ਕਰਨ ਜੋ ਲੋਕਾਂ ਦੀਆਂ ਗੱਡੀਆਂ ਨੂੰ ਸੁਚੱਜੇ ਢੰਗ ਨਾਲ ਪਾਰਕ ਕਰਵਾਉਣ ਵਿੱਚ ਮਦਦ ਕਰਨ। ਉਨ੍ਹਾਂ ਕਿਹਾ ਕਿ ਗਲਤ ਢੰਗ ਨਾਲ ਖੜ੍ਹੇ ਵਾਹਨ ਟ੍ਰੈਫਿਕ ਜਾਮ ਅਤੇ ਹਾਦਸਿਆਂ ਦਾ ਵੱਡਾ ਕਾਰਨ ਬਣ ਰਹੇ ਹਨ, ਜਿਸ ਨੂੰ ਰੋਕਣਾ ਸਮੇਂ ਦੀ ਲੋੜ ਹੈ। ਇਸ ਤੋਂ ਇਲਾਵਾ ਬੱਚਿਆਂ ਵੱਲੋਂ ਤੇਜ਼ ਰਫ਼ਤਾਰ ਨਾਲ ਵਾਹਨ ਚਲਾਉਣ ਅਤੇ ਬਿਨਾਂ ਲਾਇਸੈਂਸ ਵਾਹਨ ਸੜਕਾਂ 'ਤੇ ਲਿਆਂਦੇ ਜਾਣ ਦੇ ਮਾਮਲੇ ਵੀ ਮੀਟਿੰਗ ਵਿੱਚ ਗੰਭੀਰਤਾ ਨਾਲ ਚਰਚਾ ਵਿੱਚ ਆਏ। ਇਸ 'ਤੇ ਡੀ.ਸੀ. ਨੇ ਟ੍ਰੈਫਿਕ ਪੁਲਿਸ ਨੂੰ ਸੋਸ਼ਲ ਮੀਡੀਆ ਰਾਹੀਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਉਣ ਦੇ ਆਦੇਸ਼ ਦਿੱਤੇ।ਉਨ੍ਹਾਂ ਟ੍ਰੈਫਿਕ ਪੁਲਿਸ ਨੂੰ ਨਗਰ ਨਿਗਮ ਨਾਲ ਤਾਲਮੇਲ ਕਰਕੇ ਭਾਰੀ ਵਾਹਨਾਂ ਦੀ ਐਂਟਰੀ 'ਤੇ ਪਾਬੰਦੀ ਸਬੰਧੀ ਸਾਈਨ ਬੋਰਡ ਲਗਾਉਣ ਦੀ ਹਦਾਇਤ ਵੀ ਕੀਤੀ।

ਡਾ ਹਿਮਾਂਸ਼ੂ ਅਗਰਵਾਲ ਨੇ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਹੁਕਮ ਦਿੱਤੇ ਕਿ ਜ਼ਿਲ੍ਹੇ ਦੇ ਹਰ ਸਕੂਲ ਵਿੱਚ ਪਾਲਿਸੀ ਦੀ ਪਾਲਣਾ ਕੀਤੀ ਜਾਵੇ। ਸਕੂਲ ਦੇ ਮੁੱਖ ਗੇਟ ਤੇ ਸੀ ਸੀ ਟੀ ਵੀ ਕੈਮਰੇ ਲੱਗੇ ਹੋਣ ਅਤੇ ਰੋਡ ਸੇਫ਼ਟੀ ਲਈ ਨੋਡਲ ਅਫ਼ਸਰ ਵੀ ਨਿਯੁਕਤ ਕੀਤੇ ਜਾਣ।

ਡੀ.ਸੀ. ਨੇ ਜਿਲ੍ਹਾ ਬਾਲ ਸੁਰਖਿਆ ਅਫ਼ਸਰ ਸ਼ਾਇਨਾ ਕਪੂਰ ਨੂੰ ਕਿਹਾ ਕਿ ਸਕੂਲ ਬੱਸ ਚਾਲਕਾਂ ਦੇ ਡਰਾਈਵਿੰਗ ਲਾਇਸੈਂਸ ਸਮੇਂ-ਸਮੇਂ 'ਤੇ ਚੈੱਕ ਕੀਤੇ ਜਾਣ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ ਜਾਣ। ਓਹਨਾ, ਜਿਹੜੇ ਬੱਚੇ ਸਕੂਲ ਬੱਸਾਂ ਦੀ ਬਜਾਏ ਨਿੱਜੀ ਵਾਹਨਾਂ ਰਾਹੀਂ ਸਕੂਲ ਜਾਂਦੇ ਹਨ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਮਾਪਿਆਂ ਅਤੇ ਸਕੂਲ ਪ੍ਰਸ਼ਾਸ਼ਨ ਨੂੰ ਧਿਆਨ ਦੇਣ ਲਈ ਕਿਹਾ।

ਮੀਟਿੰਗ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਸੜਕ ਸੁਰੱਖਿਆ ਸਬੰਧੀ ਸੁਝਾਅ ਵੀ ਪੇਸ਼ ਕੀਤੇ ਗਏ। ਡੀ.ਸੀ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਸੜਕ ਹਾਦਸਿਆਂ ਕਾਰਨ ਹਰ ਸਾਲ ਕਈ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਹਨ, ਪਰ ਛੋਟੇ-ਛੋਟੇ ਸੁਧਾਰ, ਸੜਕਾਂ ਦੀ ਮੁਰੰਮਤ ਅਤੇ ਟ੍ਰੈਫਿਕ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਕੇ ਇਨ੍ਹਾਂ ਹਾਦਸਿਆਂ ਨੂੰ ਘਟਾਇਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਜ਼ਿਲ੍ਹੇ ਲਈ ਵਿਸ਼ੇਸ਼ ਟ੍ਰੈਫਿਕ ਪਲਾਨ ਤਿਆਰ ਕੀਤਾ ਜਾਵੇ ਤਾਂ ਜੋ ਸੜਕ ਹਾਦਸਿਆਂ ਦੀ ਦਰ ਨੂੰ ਜ਼ੀਰੋ ਤੱਕ ਲਿਆਂਦਾ ਜਾ ਸਕੇ। ਡੀ.ਸੀ. ਨੇ ਆਈ.ਆਰ.ਏ.ਡੀ. ਪ੍ਰਣਾਲੀ ਦੀ ਪ੍ਰਭਾਵਸ਼ਾਲੀ ਵਰਤੋਂ ਯਕੀਨੀ ਬਣਾਉਣ ਲਈ ਟਰਾਂਸਪੋਰਟ, ਪੁਲਿਸ, ਸਿਹਤ ਅਤੇ ਹਾਈਵੇਅ ਅਥਾਰਟੀ ਸਮੇਤ ਵੱਖ-ਵੱਖ ਵਿਭਾਗਾਂ ਵਿਚਕਾਰ ਤਾਲਮੇਲ ਦੀ ਲੋੜ 'ਤੇ ਜ਼ੋਰ ਦਿੱਤਾ।

ਇਸ ਮੌਕੇ ਐਸ.ਐਸ.ਪੀ. ਟ੍ਰੈਫਿਕ ਅਤੇ ਸੁਰੱਖਿਆ ਵੱਲੋਂ ਸ਼ਹਿਰ ਦੇ ਸੜਕ ਹਾਦਸਿਆਂ ਵਾਲੇ ਬਲੈਕ ਸਪਾਟਾਂ ਸਬੰਧੀ ਰਿਪੋਰਟ ਪੇਸ਼ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸੰਵੇਦਨਸ਼ੀਲ ਥਾਵਾਂ 'ਤੇ ਹਾਦਸਿਆਂ ਦੀ ਗਿਣਤੀ ਘਟਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ।

ਅੰਤ ਵਿਚ ਡਿਪਟੀ ਕਮਿਸ਼ਨਰ ਨੇ ਅਗਲੇ ਛੇ ਮਹੀਨਿਆਂ ' ਚ ਜਿਲ੍ਹੇ ਦੇ ਬਲੈਕ ਸਪੌਟ
ਘਟਾਉਣ ਲਈ ਸਾਰੇ ਵਿਭਾਗਾਂ ਨੂੰ ਜ਼ੋਰ ਲਾਉਣ ਦੇ ਨਿਰਦੇਸ਼ ਦਿੱਤੇ ਅਤੇ ਜੇਕਰ ਕੋਈ ਐਕਸੀਡੈਂਟ ਹੁੰਦਾ ਹੈ ਤਾਂ ਸਬੰਧਤ ਵਿਭਾਗ ਦੀ ਜਿੰਮੇਵਾਰੀ ਫਿਕਸ ਕਰਨ ਦੇ ਵੀ ਨਿਰਦੇਸ਼ ਦਿੱਤੇ।

ਇਸ ਮੌਕੇ ਏ ਡੀ ਸੀ ਨਵਰੀਤ ਕੌਰ ਸੇਖੋਂ, ਜੁਆਇੰਟ ਕਮਿਸ਼ਨਰ ਨਗਰ ਨਿਗਮ ਮਨਰੀਤ ਰਾਣਾ, ਆਰ ਟੀ ਓ ਡਾ ਪੂਨਮਪ੍ਰੀਤ ਕੌਰ , ਏ ਟੀ ਓ ਮਨਜੋਤ ਸਿੰਘ, ਐਸ ਪੀ ਟ੍ਰੈਫਿਕ ਐੱਚ ਐਸ ਮਾਨ,ਡੀ ਐੱਸ ਪੀ ਟ੍ਰੈਫਿਕ ਪੁਨੀਤ ਸਿੰਘ ਚਾਹਲ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਮਾਇਆਪੁਰੀ ਰੋਡ ਬਣੀ ਜੰਗ ਦਾ ਮੈਦਾਨ: ਗੱਡੀ ਹਟਾਉਣ ਦੀ ਮਾਮੂਲੀ ਗੱਲ 'ਤੇ ਭੜਕੀ ਹਿੰਸਾ, ਚੱਲੀਆਂ ਗੋਲੀਆਂ ਤੇ ਇੱਟਾਂ-ਪੱਥਰ

**ਲੁਧਿਆਣਾ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੁਧਿਆਣਾ ਦੇ ਮਾਇਆਪੁਰੀ ਰੋਡ 'ਤੇ ਉਸ ਵੇਲੇ ਹਫੜਾ-ਦਫੜੀ ਮਚ ਗਈ ਜਦੋਂ ਰਸਤੇ ਵਿਚ ਖੜੀ ਗੱਡੀ ਨੂੰ ਸਾਈਡ ਕਰਨ ਦੀ ਮਾਮੂਲੀ ਗੱਲ ਨੇ ਅਚਾਨਕ ਖੂਨੀ ਰੂਪ ਧਾਰ ਲਿਆ। ਕੁਝ ਹੀ ਮਿੰਟਾਂ ਵਿੱਚ ਦੋ ਧਿਰਾਂ ਵਿਚਾਲੇ ਜ਼ਬਰਦਸਤ ਝੜਪ ਸ਼ੁਰੂ ਹੋ ਗਈ, ਜਿਸ ਦੌਰਾਨ ਡਾਂਗਾਂ , ਇੱਟਾਂ-ਪੱਥਰ ਚਲੇ ਅਤੇ ਇੱਕ ਧਿਰ 'ਤੇ ਗੋਲੀਆਂ ਚਲਾਉਣ ਦੇ ਵੀ ਦੋਸ਼ ਲੱਗੇ ਹਨ। ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ, ਜਦਕਿ ਕਈ ਲੋਕ ਜ਼ਖ਼ਮੀ ਹੋ ਕੇ ਹਸਪਤਾਲ ਪਹੁੰਚੇ।

ਲੁਧਿਆਣਾ ਦੇ ਮਾਇਆਪੁਰੀ ਰੋਡ 'ਤੇ ਉਸ ਵੇਲੇ ਹਫੜਾ-ਦਫੜੀ ਮਚ ਗਈ ਜਦੋਂ ਰਸਤੇ ਵਿਚ ਖੜੀ ਗੱਡੀ ਨੂੰ ਸਾਈਡ ਕਰਨ ਦੀ ਮਾਮੂਲੀ ਗੱਲ ਨੇ ਅਚਾਨਕ ਖੂਨੀ ਰੂਪ ਧਾਰ ਲਿਆ। ਕੁਝ ਹੀ ਮਿੰਟਾਂ ਵਿੱਚ ਦੋ ਧਿਰਾਂ ਵਿਚਾਲੇ ਜ਼ਬਰਦਸਤ ਝੜਪ ਸ਼ੁਰੂ ਹੋ ਗਈ, ਜਿਸ ਦੌਰਾਨ ਡਾਂਗਾਂ, ਇੱਟਾਂ-ਪੱਥਰ ਚਲੇ ਅਤੇ ਇੱਕ ਧਿਰ 'ਤੇ ਗੋਲੀਆਂ ਚਲਾਉਣ ਦੇ ਵੀ ਦੋਸ਼ ਲੱਗੇ ਹਨ।
ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ, ਜਦਕਿ ਕਈ ਲੋਕ ਜ਼ਖ਼ਮੀ ਹੋ ਕੇ ਹਸਪਤਾਲ ਪਹੁੰਚੇ। ਜਾਣਕਾਰੀ ਅਨੁਸਾਰ ਇਹ ਮਾਮਲਾ ਥਾਣਾ ਡਿਵੀਜ਼ਨ ਨੰਬਰ-7 ਅਧੀਨ ਆਉਂਦੇ ਮਾਇਆਪੁਰੀ ਰੋਡ ਇਲਾਕੇ ਦਾ ਹੈ। ਪੀੜਤ ਮੁਖਤਾਰ ਨੇ ਦੱਸਿਆ ਕਿ ਉਹ ਆਪਣਾ ਐਕਸ-ਰੇ ਕਰਵਾਉਣ ਲਈ ਹਸਪਤਾਲ ਜਾ ਰਿਹਾ ਸੀ। ਇਸ ਦੌਰਾਨ ਰਸਤੇ ਵਿਚ ਇੱਕ ਬੋਲੇਰੋ ਗੱਡੀ ਖੜੀ ਸੀ। ਉਸ ਨੇ ਸਿਰਫ਼ ਇੰਨਾ ਕਿਹਾ ਕਿ ਗੱਡੀ ਥੋੜ੍ਹੀ ਸਾਈਡ ਕਰ ਦਿੱਤੀ ਜਾਵੇ ਤਾਂ ਜੋ ਉਹ ਲੰਘ ਸਕੇ, ਪਰ ਇਸ ਗੱਲ ਨੇ ਤਕਰਾਰ ਦਾ ਰੂਪ ਲੈ ਲਿਆ।

ਦੋਸ਼ ਹੈ ਕਿ ਬੋਲੇਰੋ ਸਵਾਰ ਗੁੱਸੇ ਵਿੱਚ ਆ ਗਏ ਅਤੇ ਕੁਝ ਹੀ ਸਮੇਂ ਵਿੱਚ 10 ਤੋਂ 15 ਲੋਕ ਮੌਕੇ 'ਤੇ ਇਕੱਠੇ ਹੋ ਗਏ। ਇਸ ਤੋਂ ਬਾਅਦ ਮੁਖਤਾਰ 'ਤੇ ਹਮਲਾ ਕਰ ਦਿੱਤਾ ਗਿਆ। ਹਮਲਾਵਰਾਂ ਨੇ ਉਸ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਅਤੇ ਜਦੋਂ ਉਸਦਾ ਪਿਤਾ ਅਤੇ ਭਰਾ ਬਚਾਅ ਲਈ ਪਹੁੰਚੇ ਤਾਂ ਉਨ੍ਹਾਂ ਨੂੰ ਵੀ ਨਹੀਂ ਛੱਡਿਆ ਗਿਆ। ਪੀੜਤ ਪਰਿਵਾਰ ਦੀਆਂ ਮਹਿਲਾਵਾਂ ਨੇ ਵੀ ਗੰਭੀਰ ਦੋਸ਼ ਲਗਾਏ ਹਨ।

ਉਨ੍ਹਾਂ ਦਾ ਕਹਿਣਾ ਹੈ ਕਿ ਜਦੋਂ ਉਹ ਸ਼ਿਕਾਇਤ ਦਰਜ ਕਰਵਾਉਣ ਲਈ ਥਾਣੇ ਵੱਲ ਜਾ ਰਹੀਆਂ ਸਨ ਤਾਂ ਕੁਝ ਲੋਕਾਂ ਨੇ ਉਨ੍ਹਾਂ ਨੂੰ ਆਟੋ ਵਿਚੋਂ ਖਿੱਚ ਕੇ ਬਾਹਰ ਕੱਢਿਆ ਅਤੇ ਕੁਟਮਾਰ ਕੀਤੀ। ਪਰਿਵਾਰ ਨੇ ਦਾਅਵਾ ਕੀਤਾ ਕਿ ਪੂਰੇ ਮਾਮਲੇ ਦੌਰਾਨ ਕਿਸੇ ਨੇ ਵੀ ਵਿਚ ਬਚਾਅ ਕਰਨ ਦੀ ਹਿੰਮਤ ਨਹੀਂ ਕੀਤੀ। ਮੁਖਤਾਰ ਸਿੰਘ ਦੇ ਰਿਸ਼ਤੇਦਾਰਾਂ ਨੇ ਦੱਸਿਆ ਕਿ ਹਮਲਾਵਰਾਂ ਨੇ ਇੱਟਾਂ-ਪੱਥਰ ਚਲਾਉਣੇ ਸ਼ੁਰੂ ਕਰ ਦਿੱਤੇ ਸਨ ਅਤੇ ਹਾਲਾਤ ਪੂਰੀ ਤਰ੍ਹਾਂ ਬੇਕਾਬੂ ਹੋ ਗਏ।ਪਰਿਵਾਰ ਨੇ ਇਹ ਵੀ ਦੋਸ਼ ਲਗਾਇਆ ਕਿ ਹਮਲਾਵਰਾਂ ਵਿੱਚੋਂ ਇੱਕ ਨੌਜਵਾਨ ਨੇ ਪਿਸਤੌਲ ਕੱਢ ਕੇ ਫਾਇਰਿੰਗ ਕੀਤੀ। ਉਨ੍ਹਾਂ ਦਾ ਕਹਿਣਾ ਹੈ ਕਿ ਘਟਨਾ ਦੀ ਇੱਕ ਵੀਡੀਓ ਵੀ ਸਾਹਮਣੇ ਆਈ ਹੈ, ਜਿਸ ਵਿੱਚ ਪਿਸਤੌਲ ਡਿੱਗਦੀ ਹੋਈ ਨਜ਼ਰ ਆ ਰਹੀ ਹੈ। ਹਮਲੇ ਦੌਰਾਨ ਮੁਖਤਾਰ ਦੇ ਸਿਰ ਅਤੇ ਹੱਥਾਂ 'ਤੇ ਗੰਭੀਰ ਸੱਟਾਂ ਲੱਗੀਆਂ ਹਨ।ਸੂਚਨਾ ਮਿਲਣ 'ਤੇ ਥਾਣਾ ਟਿੱਬਾ ਦੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਹਾਲਾਤ ਨੂੰ ਕਾਬੂ ਵਿੱਚ ਕੀਤਾ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਪੀੜਤ ਨੂੰ ਛੁਡਵਾ ਕੇ ਤੁਰੰਤ ਇਲਾਜ ਲਈ ਹਸਪਤਾਲ ਭੇਜਿਆ ਗਿਆ। ਫਾਇਰਿੰਗ ਅਤੇ ਹਮਲੇ ਨਾਲ ਜੁੜੇ ਸਾਰੇ ਪੱਖਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਮੌਕੇ ਦੀਆਂ ਵੀਡੀਓਜ਼ ਵੀ ਖੰਗਾਲੀਆਂ ਜਾ ਰਹੀਆਂ ਹਨ।

# ਪਾਰਦਰਸ਼ਤਾ, ਏਕਤਾ ਅਤੇ ਸਮਰਪਣ ਨਾਲ ਸੰਗਤ ਦੀ ਸੇਵਾ ਹੋਰ ਮਜ਼ਬੂਤ ਬਣਾਈ ਜਾਵੇਗੀ : ਹਰਮੀਤ ਸਿੰਘ ਕਾਲਕਾ

**ਨਵੀਂ ਦਿੱਲੀ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪੂਰੀ ਨਿਸ਼ਠਾ, ਸਮਰਪਣ ਅਤੇ ਏਕਤਾ ਦੀ ਭਾਵਨਾ ਨਾਲ ਸੰਗਤ ਦੀ ਸੇਵਾ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਾਰਦਰਸ਼ਤਾ ਅਤੇ ਮਿਲਜੁਲ ਕੇ ਕੰਮ ਕਰਨ ਦੀ ਸੋਚ ਨਾਲ ਹੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹੋਰ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਬਣਾਇਆ ਜਾ ਸਕਦਾ ਹੈ। ਇਹ ਵਿਚਾਰ ਉਨ੍ਹਾਂ ਨੇ ਕੱਲ੍ਹ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਾਰਜਕਾਰਨੀ ਕਮੇਟੀ ਦੀ ਇਕ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦਿਆਂ ਰੱਖੇ।ਇਸ ਮੀਟਿੰਗ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸੰਬੰਧਿਤ ਅਹਿਮ ਮਸਲਿਆਂ ਅਤੇ ਪੰਥਕ ਹਿੱਤਾਂ ਬਾਰੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਗੁਰਦੁਆਰਾ ਪ੍ਰਬੰਧਨ ਨੂੰ ਹੋਰ ਪ੍ਰਭਾਵਸ਼ਾਲੀ, ਪਾਰਦਰਸ਼ੀ ਅਤੇ ਲੋਕ-ਹਿਤੈਸ਼ੀ ਬਣਾਉਣ ਸਬੰਧੀ ਕਈ ਮਹਤੱਵਪੂਰਨ ਸੁਝਾਵਾਂ ਅਤੇ ਯੋਜਨਾਵਾਂ 'ਤੇ ਵਿਚਾਰ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਮੈਂਬਰਾਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਸੰਗਤ ਦੀਆਂ ਉਮੀਦਾਂ ਅਨੁਸਾਰ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਆਪਣੇ ਸੁਝਾਅ ਪੇਸ਼ ਕੀਤੇ। ਉਨ੍ਹਾਂ ਅੱਗੇ ਕਿਹਾ ਕਿ ਡੀਐੱਸਜੀਐੱਮਸੀ ਹਮੇਸ਼ਾਂ ਗੁਰੂ ਘਰਾਂ ਦੀ ਮਰਿਆਦਾ, ਸੰਗਤ ਦੀ ਭਲਾਈ ਅਤੇ ਪੰਥਕ ਕਦਰਾਂ-ਕੀਮਤਾਂ ਦੀ ਰੱਖਿਆ ਲਈ ਤਤਪਰ ਰਹੀ ਹੈ ਅਤੇ ਭਵਿੱਖ ਵਿੱਚ ਵੀ ਇਸੇ ਜਜ਼ਬੇ ਨਾਲ ਸੇਵਾ ਜਾਰੀ ਰਹੇਗੀ।

ਮੀਟਿੰਗ ਦੇ ਅੰਤ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਾਜ਼ਰ ਸਾਰੇ ਮੈਂਬਰਾਂ ਨੇ ਸੰਗਤ ਦੀ ਭਲਾਈ ਅਤੇ ਸੰਸਥਾ ਦੀ ਮਜ਼ਬੂਤੀ ਲਈ ਮਿਲਜੁਲ ਕੇ ਕੰਮ ਕਰਨ ਦਾ ਦ੍ਰਿੜ ਇਰਾਦਾ ਦੁਹਰਾਇਆ।

# ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਨਗਰ ਨਿਗਮ ਚੋਣਾਂ ਦੇ ਮੱਦੇਨਜ਼ਰ ਅੱਜ ਛੁੱਟੀ ਦਾ ਐਲਾਨ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਤਹਿਤ ਅੱਜ ਨੂੰ ਪੰਜਾਬ ਰਾਜ ਵਿੱਚ ਆਮ ਛੁੱਟੀ ਦਾ ਐਲਾਨ ਕੀਤਾ ਹੈ। ਇਹ ਫ਼ੈਸਲਾ ਵੋਟਰਾਂ ਨੂੰ 28 ਮਈ, 2026 ਨੂੰ ਹੋਣ ਵਾਲੀਆਂ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ ਵਿੱਚ ਆਪਣੀ ਵੋਟ ਪਾਉਣ ਦੀ ਸਹੂਲਤ ਦੇਣ ਲਈ ਲਿਆ ਗਿਆ ਹੈ।

ਚੰਡੀਗੜ੍ਹ ਵਿਖੇ ਸਥਿਤ ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਵਿਦਿਅਕ ਸੰਸਥਾਵਾਂ ਵਿਖੇ ਵੀ ਛੁੱਟੀ ਹੋਵੇਗੀ।

# ਐੱਸਸੀ-ਐੱਸਟੀ ਉੱਦਮੀਆਂ ਹਿਤ ਉੱਦਮੀ ਜਾਗਰੂਕਤਾ ਅਤੇ ਵਿਸ਼ੇਸ਼ ਵਿਕ੍ਰੇਤਾ ਵਿਕਾਸ ਪ੍ਰੋਗਰਾਮ ਚੰਡੀਗੜ੍ਹ ਵਿੱਚ

**ਚੰਡੀਗੜ੍ਹ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ ਦੇ ਸੂਖਮ, ਲਘੂ ਅਤੇ ਦਰਮਿਆਨੇ ਉੱਦਮ (ਐੱਮਐੱਸਐੱਮਈ/MSME) ਮੰਤਰਾਲੇ ਦੇ ਤਹਿਤ ਨੈਸ਼ਨਲ ਐੱਸਸੀ-ਐੱਸਟੀ ਹੱਬ, ਲੁਧਿਆਣਾ ਦੁਆਰਾ ਦਲਿਤ ਇੰਡੀਅਨ ਚੈਂਬਰ ਆਫ? ਕਮਰਸ ਐਂਡ ਇੰਡਸਟ੍ਰੀ (ਡੀਆਈਸੀਸੀਆਈ/49339) - ਨੌਰਥ ਇੰਡੀਆ ਦੇ ਸਹਿਯੋਗ ਨਾਲ ਮੌਜੂਦਾ ਅਤੇ ਇੱਛੁਕ ਐੱਸਸੀ-ਐੱਸਟੀ ਉੱਦਮੀਆਂ ਲਈ ਇੱਕ ÷ਉੱਦਮੀ ਜਾਗਰੂਕਤਾ ਅਤੇ ਵਿਸ਼ੇਸ਼ ਵਿਕ੍ਰੇਤਾ ਵਿਕਾਸ ਪ੍ਰੋਗਰਾਮ÷ ਦਾ ਆਯੋਜਨ ਸਵੇਰੇ 9:00 ਵਜੇ ਤੋਂ ਸੀਆਈਆਈ(399) ਉੱਤਰੀ ਖੇਤਰ ਹੈੱਡਕੁਆਰਟਰਸ, ਬਲਾਕ ਨੰਬਰ 3, ਦਕਸ਼ਿਣ ਮਾਰਗ, ਸੈਕਟਰ 31-ਏ, ਚੰਡੀਗੜ੍ਹ ਵਿਖੇ ਕੀਤਾ ਜਾਵੇਗਾ।

ਇਸ ਪ੍ਰੋਗਰਾਮ ਦਾ ਉਦੇਸ਼ ਐੱਸਸੀ-ਐੱਸਟੀ ਸਮੁਦਾਇ ਦੇ ਮੈਂਬਰਾਂ ਦਰਮਿਆਨ ਉੱਦਮਤਾ ਨੂੰ ਹੁਲਾਰਾ ਦੇਣਾ, ਕਮਰਸ਼ੀਅਲ ਅਵਸਰਾਂ ਦਾ ਵਿਸਤਾਰ ਕਰਨਾ ਅਤੇ ਕੌਸ਼ਲ ਵਿਕਾਸ ਨੂੰ ਪ੍ਰੋਤਸਾਹਿਤ ਕਰਨਾ ਹੈ। ਪ੍ਰੋਗਰਾਮ ਦੇ ਜ਼ਰੀਏ ਪ੍ਰਤੀਭਾਗੀਆਂ ਨੂੰ ਉੱਦਮੀਆਂ ਲਈ ਉਪਲਬਧ ਵਿਭਿੰਨ ਸਰਕਾਰੀ ਯੋਜਨਾਵਾਂ, ਵਿੱਤੀ ਸਹਾਇਤਾ ਪ੍ਰਣਾਲੀਆਂ ਅਤੇ ਕਾਰੋਬਾਰੀ ਵਿਕਾਸ ਰਣਨੀਤੀਆਂ ਬਾਰੇ ਜਾਗਰੂਕ ਕੀਤਾ ਜਾਵੇਗਾ।

ਇਸ ਪ੍ਰੋਗਰਾਮ ਵਿੱਚ ਵਿਭਿੰਨ ਸਰਕਾਰੀ ਸੰਗਠਨਾਂ, ਪਬਲਿਕ ਸੈਕਟਰ ਦੇ ਅਦਾਰਿਆਂ, ਵਿੱਤੀ ਸੰਸਥਾਵਾਂ ਅਤੇ ਉਦਯੋਗਿਕ ਸੰਗਠਨਾਂ ਦੇ ਮਾਹਰ ਅਤੇ ਪ੍ਰਤੀਨਿਧੀ ਹਿੱਸਾ ਲੈਣਗੇ ਅਤੇ ਪ੍ਰਤੀਭਾਗੀਆਂ ਦਾ ਮਾਰਗਦਰਸ਼ਨ ਕਰਨਗੇ। ਪ੍ਰਤੀਭਾਗੀਆਂ ਨੂੰ GeM, SAIL, POWERGRID, FCI, BBMB, IOCL, SBI, EXIM Bank, MSME DFO ਲੁਧਿਆਣਾ, 493 ਚੰਡੀਗੜ੍ਹ, SC-ST Development Corporation Ltd. ਸਹਿਤ ITI ਅਤੇ RSETI ਜਿਹੀਆਂ ਟ੍ਰੇਨਿੰਗ ਸੰਸਥਾਵਾਂ ਦੇ ਅਧਿਕਾਰੀਆਂ ਅਤੇ ਮਾਹਰਾਂ ਨਾਲ ਸੰਵਾਦ ਕਰਨ ਦਾ ਅਵਸਰ ਪ੍ਰਾਪਤ ਹੋਵੇਗਾ।

ਪ੍ਰੋਗਰਾਮ ਦੇ ਦੌਰਾਨ ਉੱਦਮਤਾ ਵਿਕਾਸ, ਵੈਂਡਰ ਰਜਿਸਟ੍ਰੇਸ਼ਨ, ਖਰੀਦ ਸਬੰਧੀ ਅਵਸਰਾਂ ਅਤੇ ਕਾਰੋਬਾਰ ਪ੍ਰਬੰਧਨ ਨਾਲ ਜੁੜੀ ਵਿਵਹਾਰਿਕ ਜਾਣਕਾਰੀ ਵੀ ਸਾਂਝੀ ਕੀਤੀ ਜਾਵੇਗੀ। ਇਸ ਪ੍ਰੋਗਰਾਮ ਵਿੱਚ ਚੰਡੀਗੜ੍ਹ ਟ੍ਰਾਇਸਿਟੀ ਖੇਤਰ ਤੋਂ ਐੱਸਸੀ-ਐੱਸਟੀ (SC-ST) ਸਮੁਦਾਇ ਦੇ ਬੜੀ ਸੰਖਿਆ ਵਿੱਚ ਮੌਜੂਦਾ ਅਤੇ ਇੱਛੁਕ ਉੱਦਮੀਆਂ ਦੇ ਸ਼ਾਮਲ ਹੋਣ ਦੀ ਸੰਭਾਵਨਾ ਹੈ।

ਆਯੋਜਕਾਂ ਨੇ ਵਿਸ਼ਵਾਸ ਵਿਅਕਤ ਕੀਤਾ ਹੈ ਕਿ ਇਹ ਪਹਿਲ ਸਵੈ-ਰੋਜ਼ਗਾਰ ਨੂੰ ਹੁਲਾਰਾ ਦੇਣ, ਉੱਦਮਸ਼ੀਲ ਸਮਰੱਥਾਵਾਂ ਨੂੰ ਮਜ਼ਬੂਤ ??ਕਰਨ ਅਤੇ ਸਥਾਨਕ ਉੱਦਮੀਆਂ ਨੂੰ ਸਸ਼ਕਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।

## ਪੀ.ਆਰ.ਟੀ.ਸੀ. ਦੇ ਬੱਸ ਸਟੈਂਡਾਂ, ਵਰਕਸ਼ਾਪਾਂ ਤੇ ਮੁੱਖ ਦਫ਼ਤਰ ਵਿਖੇ ਸੋਲਰ ਰੂਫਟਾਪ ਪਲਾਂਟ ਲਗਾਉਣ ਲਈ ਕਾਰਵਾਈ ਤੇਜ

# ਪੀ.ਆਰ.ਟੀ.ਸੀ. ਦੇ ਵੱਖ-ਵੱਖ ਅਦਾਰਿਆਂ 'ਚ 785 ਕਿਲੋਵਾਟ ਦੇ ਸੋਲਰ ਰੂਫਟਾਪ ਪਲਾਂਟ ਲੱਗਣ ਨਾਲ ਸਲਾਨਾ 97 ਲੱਖ ਬਿਜਲੀ ਦੇ ਖਰਚੇ ਦੀ ਬਚਤ ਹੋਵੇਗੀ: ਮਨੀਸ਼ਾ ਰਾਣਾ

**ਪਟਿਆਲਾ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੀ.ਆਰ.ਟੀ.ਸੀ. ਦੇ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਨੇ ਆਪਣਾ ਅਹੁਦਾ ਸੰਭਾਲਣ ਉਪਰੰਤ ਤੁਰੰਤ ਪੀ.ਆਰ.ਟੀ.ਸੀ. ਦੀ ਕਾਰਗੁਜਾਰੀ ਵਿੱਚ ਤੇਜ਼ੀ ਲਿਆਉਣ ਲਈ ਬੈਠਕਾਂ ਦਾ ਦੌਰ ਸ਼ੁਰੂ ਕੀਤਾ ਹੈ। ਇਸ ਦੌਰਾਨ ਪੀ.ਆਰ.ਟੀ.ਸੀ. ਦੇ ਬੱਸ ਸਟੈਂਡਾਂ, ਵਰਕਸ਼ਾਪਾਂ ਤੇ ਮੁੱਖ ਦਫ਼ਤਰ ਵਿਖੇ ਸੋਲਰ ਰੂਫਟਾਪ ਪਲਾਂਟ ਲਗਾਉਣ ਲਈ ਤਜਵੀਜ਼ 'ਤੇ ਵਿਚਾਰ ਕਰਨ ਲਈ ਐਮ ਡੀ ਮਨੀਸ਼ਾ ਰਾਣਾ ਨੇ ਪੰਜਾਬ ਊਰਜਾ ਵਿਕਾਸ ਏਜੰਸੀ ਦੇ ਜ਼ਿਲ੍ਹਾ ਮੈਨੇਜਰ ਪਟਿਆਲਾ ਮਾਨਵ ਜ਼ਿੰਦਲ ਅਤੇ ਪੀ.ਆਰ.ਟੀ.ਸੀ. ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ, ਜਿਸ ਵਿੱਚ ਪੰਜਾਬ ਊਰਜਾ ਵਿਕਾਸ ਏਜੰਸੀ ਦੇ ਅਧਿਕਾਰੀ ਨੇ ਦੱਸਿਆ ਕਿ ਪੀ.ਆਰ.ਟੀ.ਸੀ. ਦੀ ਤਜਵੀਜ ਅਨੁਸਾਰ ਪੀ.ਆਰ.ਟੀ.ਸੀ. ਦੇ ਵੱਖ-ਵੱਖ ਅਦਾਰਿਆਂ ਵਿੱਚ 785 ਕਿਲੋਵਾਟ ਦੇ ਸੋਲਰ ਰੂਫਟਾਪ ਪਲਾਂਟ ਸਥਾਪਿਤ ਕੀਤੇ ਜਾਣੇ ਹਨ। ਐਮ ਡੀ ਨੇ ਦੱਸਿਆ ਕਿ ਇਸ ਨਾਲ ਪੀ.ਆਰ.ਟੀ.ਸੀ ਨੂੰ ਅੰਦਾਜਨ ਸਲਾਨਾ 97 ਲੱਖ ਬਿਜਲੀ ਦੇ ਖਰਚੇ ਦੀ ਬਚਤ ਹੋਣ ਦੀ ਸੰਭਾਵਨਾ ਹੈ।

ਮੈਨਜਿੰਗ ਡਾਇਰੈਕਟਰ ਪੀ.ਆਰ.ਟੀ.ਸੀ. ਨੇ ਕੰਮ ਦੀ ਸਮੀਖਿਆ ਕਰਨ ਉਪਰੰਤ ਮੀਟਿੰਗ ਵਿੱਚ ਇਹ ਫੈਸਲਾ ਲਿਆ ਕਿ ਪੰਜਾਬ ਊਰਜਾ ਵਿਕਾਸ ਏਜੰਸੀ ਵੱਲੋਂ ਪੀ.ਆਰ.ਟੀ.ਸੀ. ਦੇ ਵੱਖ-ਵੱਖ ਅਦਾਰਿਆਂ ਵਿੱਚ ਸੋਲਰ ਰੂਫਟਾਪ ਪਲਾਂਟ ਸਥਾਪਿਤ ਕਰਨ ਸਬੰਧੀ ਕਾਰਵਾਈ ਜਲਦ ਸ਼ੁਰੂ ਕੀਤੀ ਜਾਵੇ ਤਾਂ ਜੋ ਬਿਜਲੀ ਦੇ ਖਰਚੇ ਦੀ ਬਚਤ ਕੀਤੀ ਜਾ ਸਕੇ।

ਮੀਟਿੰਗ ਵਿੱਚ ਹੋਏ ਵਿਚਾਰ ਵਟਾਂਦਰੇ ਅਨੁਸਾਰ ਪੰਜਾਬ ਊਰਜਾ ਵਿਕਾਸ ਏਜੰਸੀ ਦੇ ਅਧਿਕਾਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਲਈ ਪੀ.ਆਰ.ਟੀ.ਸੀ. ਵੱਲੋਂ ਪੰਜਾਬ ਊਰਜਾ ਵਿਕਾਸ ਏਜੰਸੀ ਨੂੰ ਬਣਦੀ ਰਕਮ ਜਮ੍ਹਾ ਕਰਵਾ ਦਿੱਤੀ ਜਾਂਦੀ ਹੈ ਤਾਂ ਇਸ ਪ੍ਰੋਜੈਕਟ ਨੂੰ ਤਿੰਨ ਮਹੀਨਿਆ ਵਿੱਚ ਮੁਕੰਮਲ ਕਰ ਦਿੱਤਾ ਜਾਵੇਗਾ।

ਐਮ.ਡੀ. ਮਨੀਸ਼ਾ ਰਾਣਾ ਨੇ ਜ਼ਿਲ੍ਹਾ ਮੈਨੇਜਰ ਪੰਜਾਬ ਊਰਜਾ ਵਿਕਾਸ ਏਜੰਸੀ ਨੂੰ ਕਿਹਾ ਕਿ ਇਸ ਪ੍ਰੋਜੈਕਟ ਦੀ ਬਣਦੀ ਰਕਮ ਦੀ ਪਹਿਲ਼ੀ ਕਿਸ਼ਤ ਪੰਜਾਬ ਊਰਜਾ ਵਿਕਾਸ ਏਜੰਸੀ ਨੂੰ ਜਲਦ ਜਾਰੀ ਕਰ ਦਿੱਤੀ ਜਾਵੇਗੀ। ਇਸ ਸਬੰਧੀ ਬਣਦੀ ਕਾਰਵਾਈ ਤੁਰੰਤ ਅਰੰਭ ਲਈ ਜਾਵੇ।ਇਸ ਮੌਕੇ ਕਾਰਜਕਾਰੀ ਇੰਜੀਨੀਅਰ ਜਤਿੰਦਰਪਾਲ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਕਮਿਸ਼ਨਰੇਟ ਜਲੰਧਰ ਪੁਲਿਸ ਵੱਲੋਂ ਪੁਲਿਸ ਲਾਈਨ ਵਿਖੇ "ਜਿਲ੍ਹਾ ਪੱਧਰੀ ਸਮਾਧਾਨ ਕੈਂਪ" ਲਗਾ ਕੇ 300 ਦੇ ਕ੍ਰੀਬ ਸ਼ਿਕਾਇਤਾਂ ਦਾ ਮੌਕੇ ਤੇ ਕੀਤਾ ਗਿਆ ਨਿਪਟਾਰਾ



**ਜਲੰਧਰ, 28 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲਿਸ ਕਮਿਸ਼ਨਰ ਜਲੰਧਰ, ਸ਼੍ਰੀਮਤੀ ਧਨਪ੍ਰੀਤ ਕੌਰ ਦੀ ਅਗਵਾਈ ਵਿੱਚ ਸ੍ਰੀ ਸੁਖਵਿੰਦਰ ਸਿੰਘ, ਸ੍ਰੀ ਅਸ਼ੋਕ ਮੀਨਾ ਸ੍ਰੀ ਰਾਜੇਸ਼ ਠਾਕੁਰ ਫਫਸ਼ ਅਤੇ ਸ੍ਰੀ ਮਨਮੋਹਨ ਸਿੰਘ ਦੀ ਨਿਗਰਾਨੀ ਹੇਠ ਮੁੱਖ ਅਫਸਰ ਥਾਣਾ ਡਵੀਜ਼ਨ ਨੰਬਰ 1,6,7,8, ਰਾਮਾ ਮੰਡੀ, ਥਾਣਾ ਸਾਈਬਰ ਕ੍ਰਾਈਮ ਅਤੇ ਐਂਟੀ ਹਿਊਮਨ ਟ੍ਰੈਫਿਕਿੰਗ ਯੂਨਿਟ ਦੇ ਤਫਤੀਸ਼ੀ ਅਫਸਰਾਂ ਸਮੇਤ ਪੁਲਿਸ ਲਾਈਨ ਕਮਿਸ਼ਨਰੇਟ ਜਲੰਧਰ ਵਿਖੇ ਜਿਲ੍ਹਾ ਪੱਧਰੀ ਸਮਾਧਾਨ ਕੈਂਪ ਲਗਾਇਆ ਗਿਆ।ਇਸ ਦੌਰਾਨ ਲੋਕਾਂ ਦੀਆਂ ਦੁੱਖ ਤਕਲੀਫਾਂ ਨੰ ਨੂੰ ਜਾਣਿਆ ਗਿਆ ਅਤੇ ਉਹਨਾਂ ਦੀਆਂ ਸ਼ਿਕਾਇਤਾਂ ਦਾ ਮੌਕਾ ਪਰ ਹੱਲ ਕਰਦੇ ਹੋਏ 300 ਦੇ ਕ੍ਰੀਬ ਸ਼ਿਕਾਇਤਾ ਦਾ ਨਿਪਟਾਰਾ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਕਮਿਸ਼ਨਰੇਟ ਪੁਲਿਸ ਵੱਲੋਂ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਅੱਜ ਇਹ ਉਜਿਲ੍ਹਾ ਪੱਧਰੀ ਸਮਾਧਾਨ ਕੈਂਪ" ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪਬਲਿਕ ਦੀਆਂ ਦੁੱਖ ਤਕਲੀਫਾਂ ਨੂੰ ਤਾਂ ਸੁਣਿਆ ਜਾਂਦਾ ਹੈ, ਇਸਦੇ ਨਾਲ ਹੀ ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਪਹਿਲਾਂ ਵੀ ਹਰ ਸ਼ਨੀਵਾਰ ਅਤੇ ਐਤਵਾਰ ਨੂੰ ਹਰੇਕ ਥਾਣੇ ਵਿੱਚ ਸਮਾਧਾਨ ਕੈਂਪ ਲਗਾ ਕੇ ਪਬਲਿਕ ਦੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਜਾਂਦਾ ਹੈ ਤੇ ਇਹ ਕੈਂਪ ਸ਼ਨੀਵਾਰ ਅਤੇ ਐਤਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 02 ਵਜੇ ਤੱਕ ਲਗਾਏ ਜਾਂਦੇ ਹਨ ਤਾਂ ਜੋ ਛੋਟੇ ਮੋਟੇ ਝਗੜਿਆਂ ਦਾ ਸਮੇਂ ਸਿਰ ਅਤੇ ਸੁਖਾਵੇਂ ਢੰਗ ਨਾਲ ਨਿਪਟਾਰਾ ਕਰਨ ਲਈ ਨਾਗਰਿਕਾਂ ਨੂੰ ਪਹੁੰਚ ਯੋਗ ਮੌਕੇ ਪ੍ਰਦਾਨ ਕੀਤੇ ਜਾ ਸਕਣ। ਇਸੇ ਹੀ ਮੁਹਿੰਮ ਨੰ ਨੂੰ ਗੇ ਵਧਾਉਂਦੇ ਹੋਏ ਅੱਜ ਪੁਲਿਸ ਲਾਈਨ ਕਮਿਸ਼ਨਰੇਟ ਜਲੰਧਰ ਵਿਖੇ ਸਬ-ਡਵੀਜਨ ਵਾਈਜ਼ ਹੈਲਪ ਡੈਸਕ ਲਗਾ ਕੇ 300 ਦੇ ਕ੍ਰੀਬ ਦਰਖਾਸਤਾਂ ਦਾ ਨਿਪਟਾਰਾ ਕੀਤਾ ਗਿਆ ਹੈ।

ਪੁਲਿਸ ਕਮਿਸ਼ਨਰ ਜਲੰਧਰ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਦੇ ਆਯੋਜਨ ਦਾ ਮੁੱਖ ਉਦੇਸ਼ ਲੰਬਿਤ ਸ਼ਿਕਾਇਤਾਂ ਦਾ ਤੇਜ਼ੀ ਨਾਲ ਨਿਪਟਾਰਾ ਕਰਨਾ, ਬੈਕਲਾਗ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਘਟਾਉਣਾ ਅਤੇ ਲੋਕਾਂ ਵਿੱਚ ਸਮੇਂ ਸਿਰ ਨਿਆਂ ਪ੍ਰਣਾਲੀ ਨੂੰ ਯਕੀਨੀ ਬਣਾਉਣਾ ਹੈ। ਇਹ ਸਮਾਧਾਨ ਕੈਂਪ ਸਮੇਂ ਸਿਰ ਸ਼ਿਕਾਇਤਾਂ ਦੇ ਨਿਪਟਾਰੇ ਲਈ ਦ੍ਰਿੜ ਵਚਨਬੱਧਤਾ ਦਾ ਪ੍ਰਦਰਸ਼ਨ ਕਰਕੇ ਆਮ ਲੋਕਾਂ ਅਤੇ ਪੁਲਿਸ ਦਰਮਿਆਨ ਭਰੋਸੇ ਵਧਾਉਣ ਵਿੱਚ ਸਹਾਈ ਹੋਵੇਗਾ। ਉਹਨਾਂ ਨੇ ਅੱਗੇ ਕਿਹਾ ਕਿ ਭਵਿੱਖ ਵਿੱਚ ਵੀ ਲੰਬਿਤ ਪਈਆਂ ਸ਼ਿਕਾਇਤਾਂ ਦੇ ਬੈਕਲਾਗ ਨੂੰ ਖਤਮ ਕਰਨ ਦੇ ਉਦੇਸ਼ ਨਾਲ ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਅਜਿਹੇ ਉਪਰਾਲਿਆ ਨੂੰ ਜਾਰੀ ਰੱਖਿਆ ਜਾਵੇਗਾ ਤੇ ਇਹ ਕੈਂਪ ਭਵਿੱਖ ਵਿੱਚ ਵੀ ਲੋਕਾਂ ਦੀ ਸਹੂਲਤ ਦੇ ਮੰਤਵ ਨਾਲ ਲਗਾਏ ਜਾਣਗੇ, ਇਸ ਮੁਹਿੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਨਿਗਰਾਨੀ ਕਰਨ ਲਈ ਵਧੀਕ ਡਿਪਟੀ ਕਮਿਸ਼ਨਰ ਆਫ਼ ਪੁਲਿਸ (ਏ.ਡੀ.ਸੀ.ਪੀਜ਼) ਅਤੇ ਸਹਾਇਕ ਪੁਲਿਸ ਕਮਿਸ਼ਨਰ (ਏ.ਸੀ.ਪੀਜ਼.) ਅਤੇ ਹਰੇਕ ਥਾਣਾ ਦੇ ਮੁੱਖ ਅਫਸਰ ਅਤੇ ਪੁਲਿਸ ਚੌਕੀ ਦੇ ਇੰਚਾਰਜ਼ ਅਫਸਰ ਤਾਇਨਾਤ ਰਹਿਣਗੇ। ਕਮਿਸ਼ਨਰੇਟ ਪੁਲਿਸ ਜਲੰਧਰ ਪੂਰੀ ਤਨਦੇਹੀ ਨਾਲ ਲੋਕਾਂ ਦੀ ਸੇਵਾ ਕਰਨ ਅਤੇ ਅਮਨ-ਕਾਨੂੰਨ ਨੂੰ ਹਰ ਤਰ੍ਹਾਂ ਨਾਲ ਬਣਾਈ ਰੱਖਣ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦੀ ਰਹੇਗੀ।

# ਭਾਰਤ ’ਚ ਸੋਨੇ ਦੀ ਮੰਗ ’ਚ 10% ਦੀ ਵੱਡੀ ਗਿਰਾਵਟ ਦੀ ਸੰਭਾਵਨਾ

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 28 ਮਈ। ਦੇਸ਼ ’ਚ ਸੋਨੇ ਦੀਆਂ ਲਗਾਤਾਰ ਵਧਦੀਆਂ ਕੀਮਤਾਂ ਅਤੇ ਸਰਕਾਰ ਵੱਲੋਂ ਇੰਪੋਰਟ ਡਿਊਟੀ ਵਧਾਉਣ ਦੇ ਫੈਸਲੇ ਦਾ ਅਸਰ ਹੁਣ ਗਹਿਣਾ ਬਾਜ਼ਾਰ ’ਤੇ ਵਿਖਾਈ ਦੇਣ ਲੱਗਾ ਹੈ। ਕ੍ਰਿਸਿਲ ਰੇਟਿੰਗ ਦੀ ਇਕ ਰਿਪੋਰਟ ਅਨੁਸਾਰ ਚਾਲੂ ਮਾਲੀ ਸਾਲ ’ਚ ਸੰਗਠਿਤ ਗੋਲਡ ਜਿਊਲਰੀ ਸੈਕਟਰ ਦੀ ਵਿਕਰੀ ਮਾਤਰਾ ’ਚ 13 ਤੋਂ 15 ਫੀਸਦੀ ਤੱਕ ਗਿਰਾਵਟ ਆ ਸਕਦੀ ਹੈ। ਰਿਪੋਰਟ ’ਚ ਕਿਹਾ ਗਿਆ ਹੈ ਕਿ ਪਿਛਲੇ ਮਾਲੀ ਸਾਲ ’ਚ ਵੀ ਗਹਿਣਿਆਂ ਵਿਕਰੀ ’ਚ ਲੱਗਭਗ 8 ਫੀਸਦੀ ਦੀ ਕਮੀ ਆਈ ਸੀ। ਹੁਣ ਉੱਚੇ ਭਾਅ ਅਤੇ ਨਵੀਂਆਂ ਨੀਤੀਆਂ ਕਾਰਨ ਮੰਗ ਹੋਰ ਕਮਜ਼ੋਰ ਪੈ ਸਕਦੀ ਹੈ। ਗਹਿਣਿਆਂ ਦੀ ਵਿਕਰੀ ਮਾਤਰਾ ਘਟਣ ਦੀ ਸੰਭਾਵਨਾ ਹੈ, ਫਿਰ ਵੀ ਕੰਪਨੀਆਂ ਦੀ ਕੁੱਲ ਆਮਦਨ ’ਚ 20 ਤੋਂ 25 ਫੀਸਦੀ ਤੱਕ ਵਾਧਾ ਹੋ ਸਕਦਾ ਹੈ। ਇਸ ਦੀ ਵਜ?ਹਾ ਸੋਨੇ ਦੇ ਉੱਚੇ ਭਾਅ ਹਨ, ਜਿਸ ਨਾਲ ਗਹਿਣਿਆਂ ਦੀਆਂ ਕੀਮਤਾਂ ਵਧੀਆਂ ਹੋਈਆਂ ਹਨ ਭਾਵ ਗਾਹਕ ਘੱਟ ਮਾਤਰਾ ’ਚ ਸੋਨਾ ਖ਼ਰੀਦਣਗੇ ਪਰ ਮਹਿੰਗੇ ਭਾਅ ਕਾਰਨ ਕੰਪਨੀਆਂ ਦਾ ਮਾਲੀਆ ਵਧ ਸਕਦਾ ਹੈ। ਤੁਹਾਨੂੰ ਦੱਸ ਦੇਈਏ ਕਿ ਭਾਰਤ ਨੇ ਮਾਲੀ ਸਾਲ 2026 ’ਚ ਲੱਗਭਗ 720 ਟਨ ਸੋਨੇ ਦੀ ਦਰਾਮਦ ਕੀਤੀ, ਜਿਸ ਨਾਲ ਲੱਗਭਗ 72 ਅਰਬ ਡਾਲਰ ਦੀ ਵਿਦੇਸ਼ੀ ਕਰੰਸੀ ਬਾਹਰ ਗਈ। ਵਪਾਰ ਘਾਟਾ ਘੱਟ ਕਰਨ ਅਤੇ ਰੁਪਏ ਨੂੰ ਸਹਾਰਾ ਦੇਣ ਲਈ ਕੇਂਦਰ ਸਰਕਾਰ ਨੇ ਹਾਲ ਹੀ ’ਚ ਸੋਨੇ ’ਤੇ ਕਸਟਮ ਡਿਊਟੀ 6 ਫੀਸਦੀ ਤੋਂ ਵਧਾ ਕੇ 15 ਫੀਸਦੀ ਕਰ ਦਿੱਤੀ। ਸਰਕਾਰ ਦਾ ਮਕਸਦ ਸੋਨੇ ਦੀ ਮੰਗ ਅਤੇ ਦਰਾਮਦ ਦੋਵਾਂ ਨੂੰ ਘੱਟ ਕਰਨਾ ਹੈ। ਰਿਪੋਰਟ ਮੁਤਾਬਕ ਚਾਲੂ ਮਾਲੀ ਸਾਲ ’ਚ ਸੋਨੇ ਦੇ ਗਹਿਣਿਆਂ ਦੀ ਮੰਗ 620 ਤੋਂ 640 ਟਨ ਤੱਕ ਰਹਿ ਸਕਦੀ ਹੈ। ਕੋਵਿਡ ਪ੍ਰਭਾਵਿਤ ਸਾਲ ਨੂੰ ਛੱਡ ਦੇਈਏ



ਤਾਂ ਇਹ ਪਿਛਲੇ 10 ਸਾਲਾਂ ਦਾ ਸਭ ਤੋਂ ਕਮਜ਼ੋਰ ਪੱਧਰ ਹੋ ਸਕਦਾ ਹੈ। ਸੋਨੇ ਦੀ ਮੰਗ ਵਿੱਚ ਇਸ ਗਿਰਾਵਟ ਦਾ ਸਭ ਤੋਂ ਵੱਡਾ ਕਾਰਨ ਇੰਪੋਰਟ ਡਿਊਟੀ (ਆਯਾਤ ਡਿਊਟੀ) ਵਿੱਚ ਕੀਤਾ ਗਿਆ ਭਾਰੀ ਵਾਧਾ ਹੈ। ਸਰਕਾਰ ਨੇ ਸੋਨੇ ’ਤੇ ਇੰਪੋਰਟ ਡਿਊਟੀ ਨੂੰ 6 ਫੀਸਦੀ ਤੋਂ ਵਧਾ ਕੇ ਸਿੱਧਾ 15 ਫੀਸਦੀ ਕਰ ਦਿੱਤਾ ਹੈ। ਇਹ ਹੁਣ ਤੱਕ ਦਾ ਸਭ ਤੋਂ ਵੱਡਾ ਵਾਧਾ ਮੰਨਿਆ ਜਾ ਰਿਹਾ ਹੈ, ਜਿਸ ਨੇ ਜੁਲਾਈ 2024 ਵਿੱਚ ਦਿੱਤੀ ਗਈ ਰਾਹਤ ਨੂੰ ਪੂਰੀ ਤਰ੍ਹਾਂ ਖ਼ਤਮ ਕਰ ਦਿੱਤਾ ਹੈ। ਇਸ ਤੋਂ ਇਲਾਵਾ, ਪ੍ਰਧਾਨ ਮੰਤਰੀ ਵੱਲੋਂ ਵੀ ਖਪਤਕਾਰਾਂ ਨੂੰ ਇੱਕ ਸਾਲ ਲਈ ਸੋਨਾ ਨਾ ਖਰੀਦਣ ਦੀ ਅਪੀਲ ਕੀਤੀ ਗਈ ਹੈ। ਨਿਵੇਸ਼ਕਾਂ ’ਤੇ ਪਵੇਗਾ ਜ਼ਿਆਦਾ ਅਸਰ ਰਿਪੋਰਟ ਮੁਤਾਬਕ, ਸੋਨੇ ਦੇ ਸਿੱਕਿਆਂ ਅਤੇ ਬਾਰਾਂ ਵਿੱਚ ਨਿਵੇਸ਼ ਕਰਨ ਵਾਲੇ ਲੋਕ ਡਿਊਟੀ ਵਧਣ ਨਾਲ ਜ਼ਿਆਦਾ ਪ੍ਰਭਾਵਿਤ ਹੁੰਦੇ ਹਨ। ਦੂਜੇ ਪਾਸੇ, ਗਹਿਣਿਆਂ ਦੀ ਮੰਗ ਵਿੱਚ ਬਹੁਤ ਜ਼ਿਆਦਾ ਗਿਰਾਵਟ ਆਉਣ ਦੀ ਸੰਭਾਵਨਾ ਘੱਟ ਹੈ ਕਿਉਂਕਿ ਭਾਰਤ ਵਿੱਚ ਵਿਆਹਾਂ ਅਤੇ ਹੋਰ ਸਮਾਜਿਕ ਮੌਕਿਆਂ ’ਤੇ ਗਹਿਣੇ ਖਰੀਦਣਾ ਇੱਕ ਜ਼ਰੂਰੀ ਰਸਮ ਮੰਨੀ ਜਾਂਦੀ ਹੈ। ਚੇਤਾਵਨੀ ਦਿੱਤੀ ਹੈ ਕਿ ਇੰਪੋਰਟ ਡਿਊਟੀ ਵਿੱਚ ਵਾਧੇ ਕਾਰਨ ਦੇਸ਼ ਵਿੱਚ ਗੈਰ-ਕਾਨੂੰਨੀ ਸੋਨੇ (ਸਮਗਲਿੰਗ) ਦੀ ਆਮਦ ਵਧ ਸਕਦੀ ਹੈ। ਅੰਕੜੇ ਦੱਸਦੇ ਹਨ ਕਿ ਜਦੋਂ ਵੀ ਡਿਊਟੀ ਵਧਾਈ ਜਾਂਦੀ ਹੈ, ਤਾਂ ਸਮਗਲਿੰਗ ਨੈੱਟਵਰਕ ਸਰਗਰਮ ਹੋ ਜਾਂਦੇ ਹਨ। ਉਦਾਹਰਨ ਵਜੋਂ, 2013 ਅਤੇ 2022 ਵਿੱਚ ਡਿਊਟੀ ਵਧਣ ਤੋਂ ਬਾਅਦ ਗੈਰ-ਕਾਨੂੰਨੀ ਸੋਨੇ ਦੀ ਆਮਦ ਵਿੱਚ ਭਾਰੀ ਉਛਾਲ ਦੇਖਿਆ ਗਿਆ ਸੀ। ਜਦਕਿ 2024 ਵਿੱਚ ਜਦੋਂ ਡਿਊਟੀ ਘਟਾ ਕੇ 6 ਫੀਸਦੀ ਕੀਤੀ ਗਈ ਸੀ, ਤਾਂ ਇਹ ਗੈਰ-ਕਾਨੂੰਨੀ ਕਾਰੋਬਾਰ ਲਗਭਗ ਜ਼ੀਰੋ ਹੋ ਗਿਆ ਸੀ। ਸੋਨੇ ਦੀ ਕੀਮਤ, ਮਾਨਸੂਨ ਅਤੇ ਮਹਿੰਗਾਈ ਵਰਗੇ ਹੋਰ ਕਾਰਕ ਵੀ ਆਉਣ ਵਾਲੇ ਸਮੇਂ ਵਿੱਚ ਸੋਨੇ ਦੀ ਸਾਲਾਨਾ ਮੰਗ ਨੂੰ ਪ੍ਰਭਾਵਿਤ ਕਰ ਸਕਦੇ ਹਨ। ਸੋਨੇ ਦੀਆਂ ਕੀਮਤਾਂ ’ਚ ਤੇਜ਼ ਵਾਧੇ ਨੇ ਗਾਹਕਾਂ ਦੀ ਖ਼ਰੀਦਦਾਰੀ ਦੀਆਂ ਆਦਤਾਂ ਵੀ ਬਦਲ ਦਿੱਤੀਆਂ ਹਨ। ਹੁਣ ਲੋਕ ਭਾਰੀ ਅਤੇ ਮਹਿੰਗੇ ਗਹਿਣਿਆਂ ਦੀ ਬਜਾਏ ਹਲਕੇ ਵਜ਼ਨ ਅਤੇ ਘੱਟ ਕੈਰੇਟ ਵਾਲੇ ਗਹਿਣਿਆਂ ਨੂੰ ਜ਼ਿਆਦਾ ਪਸੰਦ ਕਰ ਰਹੇ ਹਨ। ਨਾਲ ਹੀ 16 ਤੋਂ 22 ਕੈਰੇਟ ਦੇ ਗਹਿਣੇ ਦੇ ਅਤੇ ਸਟੈਂਡਿਡ ਗਹਿਣਿਆਂ ਦੀ ਮੰਗ ਵਧੀ ਹੈ। ਇਸ ਦਾ ਮੁੱਖ ਕਾਰਨ ਸੋਨੇ ਦੀਆਂ ਵਧਦੀਆਂ ਕੀਮਤਾਂ ਹਨ। ਪਿਛਲੇ ਦੋ ਸਾਲਾਂ ’ਚ ਨਿਵੇਸ਼ ਦੇ ਮਕਸਦ ਨਾਲ ਗੋਲਡ ਬਾਰ ਅਤੇ ਸਿੱਕਿਆਂ ਦੀ ਮੰਗ ਤੇਜ਼ੀ ਨਾਲ ਵਧੀ ਹੈ। ਰਿਪੋਰਟ ਅਨੁਸਾਰ ਗਹਿਣਿਆਂ ਦੀ ਵਿਕਰੀ ’ਚ ਲੱਗਭਗ 25 ਫੀਸਦੀ ਗਿਰਾਵਟ ਆਈ ਹੈ ਅਤੇ ਗੋਲਡ ਬਾਰ ਤੇ ਸਿੱਕਿਆਂ ਦੀ ਵਿਕਰੀ 50 ਫੀਸਦੀ ਤੋਂ ਜ਼ਿਆਦਾ ਵਧੀ ਹੈ। ਹਾਲਾਂਕਿ, ਹੁਣ ਲਗਾਤਾਰ ਵਧਦੀਆਂ ਕੀਮਤਾਂ ਅਤੇ ਵਧਾਈ ਗਈ ਡਿਊਟੀ ਇਸ ਮੰਗ ਨੂੰ ਵੀ ਪ੍ਰਭਾਵਿਤ ਕਰ ਸਕਦੀ ਹੈ।

## ਦਿੱਲੀ ਹਵਾਈ ਅੱਡੇ ’ਤੇ 48 ਕਰੋੜ ਰੁਪਏ ਦਾ ਗਾਂਜਾ ਜ਼ਬਤ, 2 ਥਾਈ ਨਾਗਰਿਕ ਗ੍ਰਿਫ਼ਤਾਰ

ਨਵੀਂ ਦਿੱਲੀ 28 ਮਈ। ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ’ਤੇ ਕਸਟਮ ਵਿਭਾਗ ਨੇ ਨਸ਼ਾ ਤਸਕਰੀ ਦੇ ਖਿਲਾਫ ਇਕ ਵੱਡੀ ਕਾਰਵਾਈ ਕਰਦੇ ਹੋਏ 2 ਥਾਈ ਨਾਗਰਿਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਅਧਿਕਾਰੀਆਂ ਨੇ ਇਨ੍ਹਾਂ ਕੋਲੋਂ ਕਰੋੜਾਂ ਰੁਪਏ ਦੀ ਕੀਮਤ ਦਾ ਨਸ਼ੀਲਾ ਪਦਾਰਥ ਬਰਾਮਦ ਕੀਤਾ ਹੈ। ਜਾਣਕਾਰੀ ਅਨੁਸਾਰ, ਇਹ ਦੋਵੇਂ ਯਾਤਰੀ ਬੈਂਕਾਕ ਤੋਂ ਫਲਾਈਟ ਨੰਬਰ 19-2356 ਰਾਹੀਂ ਦਿੱਲੀ ਪਹੁੰਚੇ ਸਨ।



ਕਸਟਮ ਅਧਿਕਾਰੀਆਂ ਨੇ ਸ਼ੱਕ ਦੇ ਅਧਾਰ ’ਤੇ ਇਨ੍ਹਾਂ ਨੂੰ ਉਸ ਸਮੇਂ ਰੋਕਿਆ ਜਦੋਂ ਉਹ ’ਗ੍ਰੀਨ ਚੈਨਲ’ ਪਾਰ ਕਰ ਚੁੱਕੇ ਸਨ। ਜਦੋਂ ਇਨ੍ਹਾਂ ਦੇ ਸਾਮਾਨ ਦੀ ਡੂੰਘਾਈ ਨਾਲ ਤਲਾਸ਼ੀ ਲਈ ਗਈ, ਤਾਂ ਸਾਮਾਨ ’ਚੋਂ 6 ਵੈਕਿਊਮ-ਸੀਲਡ ਪੈਕਟ ਬਰਾਮਦ ਹੋਏ, ਜਿਨ੍ਹਾਂ ’ਚ ਸ਼ੱਕੀ ’ਹਾਈਡ?ਰੋਪੋਨਿਕ ਗਾਂਜਾ’ ਭਰਿਆ ਹੋਇਆ ਸੀ। ਅਧਿਕਾਰੀਆਂ ਮੁਤਾਬਕ ਕੁੱਲ ਬਰਾਮਦ ਕੀਤੇ ਗਏ ਨਸ਼ੀਲੇ ਪਦਾਰਥ ਦਾ ਭਾਰ ਲਗਭਗ 47.805 ਕਿਲੋਗ੍ਰਾਮ ਹੈ। ਇਕ ਯਾਤਰੀ ਦੇ ਸਾਮਾਨ ’ਚੋਂ 29 ਕਿਲੋ (ਚਾਰ ਪੈਕਟ) ਅਤੇ ਦੂਜੇ ਯਾਤਰੀ ਦੇ ਸਾਮਾਨ ’ਚੋਂ 19 ਕਿਲੋ (ਦੋ ਪੈਕਟ) ਨਸ਼ੀਲਾ ਪਦਾਰਥ ਮਿਲਿਆ। ਅੰਤਰਰਾਸ਼ਟਰੀ ਬਾਜ਼ਾਰ ’ਚ ਇਸ ਦੀ ਕੀਮਤ ਲਗਭਗ 48 ਕਰੋੜ ਰੁਪਏ ਦੱਸੀ ਜਾ ਰਹੀ ਹੈ। ਆਈ.ਜੀ.ਆਈ. ਹਵਾਈ ਅੱਡੇ ’ਤੇ ਹਾਲ ਹੀ ਦੇ ਸਮੇਂ ’ਚ ਨਸ਼ਿਆਂ ਦੀ ਇਹ ਸਭ ਤੋਂ ਵੱਡੀ ਜ਼ਬਤੀ ਮੰਨੀ ਜਾ ਰਹੀ ਹੈ। ਕਸਟਮ ਵਿਭਾਗ ਨੇ ਦੋਵਾਂ ਮੁਲਜ਼ਮਾਂ ਨੂੰ NDPS ਐਕਟ ਤਹਿਤ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਨਸ਼ੀਲੇ ਪਦਾਰਥਾਂ ਨੂੰ ਜ਼ਬਤ ਕਰ ਲਿਆ ਗਿਆ ਹੈ। ਸ਼ੁਰੂਆਤੀ ਜਾਂਚ ’ਚ ਇਹ ਸ਼ੱਕ ਜਤਾਇਆ ਜਾ ਰਿਹਾ ਹੈ ਕਿ ਇਹ ਤਸਕਰੀ ਕਿਸੇ ਵੱਡੇ ਅੰਤਰਰਾਸ਼ਟਰੀ ਸਿੰਡੀਕੇਟ ਨਾਲ ਜੁੜੀ ਹੋ ਸਕਦੀ ਹੈ ਜੋ ਦੱਖਣ-ਪੂਰਬੀ ਏਸ਼ੀਆਈ ਰੂਟਾਂ ਰਾਹੀਂ ਨਸ਼ਿਆਂ ਦੀ ਸਪਲਾਈ ਕਰਦਾ ਹੈ। ਅਧਿਕਾਰੀ ਹੁਣ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੇ ਹਨ ਕਿ ਇਸ ਨਸ਼ੇ ਦੀ ਖੇਪ ਨੂੰ ਕਿੱਥੇ ਪਹੁੰਚਾਇਆ ਜਾਣਾ ਸੀ ਅਤੇ ਇਸ ਨੈੱਟਵਰਕ ਦੇ ਹੋਰ ਕਿਹੜੇ ਮੈਂਬਰ ਇਸ ਵਿੱਚ ਸ਼ਾਮਲ ਹਨ।

## ਇਸ ਵੱਡੇ ਪ੍ਰਾਜੈਕਟ ਦਾ ਰੁਕ ਗਿਆ ਕੰਮ ! ਪੰਜਾਬ-ਹਰਿਆਣਾ ਹਾਈਕੋਰਟ ਨੇ ਸੁਣਾਇਆ ਅਹਿਮ ਫ਼ੈਸਲਾ

ਚੰਡੀਗੜ੍ਹ 28 ਮਈ। ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸ਼ੁੱਕਰਵਾਰ ਨੂੰ ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਇੰਡਸਟਰੀਅਲ ਏਰੀਏ ਦੇ ਆਸ-ਪਾਸ ਦੇ ਖੇਤਰ ’ਚ ਕਿਸੇ ਵੀ ਅੰਬ ਦੇ ਰੁੱਖ ਜਾਂ ਹੋਰ ਰੁੱਖਾਂ ਨੂੰ ਕੱਟਣ ਜਾਂ ਛਾਂਟੀ ਕਰਨ ਤੋਂ ਉਦੋਂ ਤੱਕ ਰੋਕ ਦਿੱਤਾ, ਜਦ ਤੱਕ ਕਿ ਟ੍ਰਿਬਿਊਨ ਚੌਂਕ ’ਤੇ ਪ੍ਰਸਤਾਵਿਤ ਫਲਾਈਓਵਰ ਨਾਲ ਸਬੰਧਿਤ ਇਕ ਜਨਹਿੱਤ ਪਟੀਸ਼ਨ (ਪੀ. ਆਈ. ਐੱਲ) ਦਾ ਆਖ਼ਰੀ ਫ਼ੈਸਲਾ ਨਹੀਂ ਆ ਜਾਂਦਾ। ਚੀਫ਼ ਜਸਟਿਸ ਸ਼ੀਲ ਨਾਗੂ ਤੇ ਜਸਟਿਸ ਬੇਰੀ ਦੀ ਬੈਂਚ ਨੇ ਦਾਇਰ ਜਨਹਿੱਤ ਪਟੀਸ਼ਨ ’ਤੇ ਸੁਣਵਾਈ ਕਰਦਿਆਂ ਅੰਤਰਿਮ ਹੁਕਮ ਪਾਸ ਕੀਤਾ। ਬੈਂਚ ਨੇ ਕਿਹਾ ਕਿ ਇਸ ਮਾਮਲੇ ’ਚ ਆਖ਼ਰੀ ਫ਼ੈਸਲਾ ਕਈ ਤਾਰੀਖ਼ਾਂ ’ਤੇ ਦਲੀਲਾਂ ਸੁਣਨ ਤੋਂ ਬਾਅਦ ਪਹਿਲਾਂ ਹੀ ਸੁਰੱਖਿਅਤ ਰੱਖ ਲਿਆ ਗਿਆ ਹੈ। ਸੁਣਵਾਈ ਦੌਰਾਨ ਜਵਾਬਦੇਹ, ਚੰਡੀਗੜ੍ਹ ਪ੍ਰਸ਼ਾਸਨ ਤੇ ਭਾਰਤ ਸੰਘ ਨੇ ਜਨਹਿੱਤ ਪਟੀਸ਼ਨ ਦੀ ਸਵੀਕਾਰਯੋਗਤਾ ਦੇ ਸਬੰਧ ’ਚ ਮੁੱਢਲਾ ਇਤਰਾਜ਼ ਉਠਾਇਆ, ਇਹ ਦਲੀਲ ਦਿੰਦੇ ਹੋਏ ਕਿ ਇਸੇ ਤਰ੍ਹਾਂ ਦੇ ਮਾਮਲੇ ਨਾਲ ਸਬੰਧਿਤ ਇਕ ਪਿਛਲੀ ਪਟੀਸ਼ਨ ਨੂੰ ਨਿਰਦੇਸ਼ਾਂ ਦੀ ਘਾਟ ’ਚ 2 ਦਸੰਬਰ, 2024 ਨੂੰ ਨਿਪਟਾ ਦਿੱਤਾ ਗਿਆ ਸੀ ਅਤੇ ਮੌਜੂਦਾ ਪਟੀਸ਼ਨ ਚਾਰ ਸਾਲਾਂ ਦੀ ਅਣਸਪੱਸ਼ਟ ਦੇਰੀ ਤੋਂ ਬਾਅਦ ਦਾਇਰ ਕੀਤੀ ਗਈ ਹੈ। ਇਤਰਾਜ਼ ਨੂੰ ਰੱਦ ਕਰਦਿਆਂ ਬੈਂਚ ਨੇ ਟਿੱਪਣੀ ਕੀਤੀ ਕਿ ਸਾਨੂੰ ਕੋਈ ਸ਼ੱਕ ਨਹੀਂ ਹੈ ਕਿ ਚੌਂਕ ’ਤੇ ਟ?ਰੈਫਿਕ ਭੀੜ ਦੀ ਸਮੱਸਿਆ ਅੱਜ ਵੀ ਬਣੀ ਹੋਈ ਹੈ ਅਤੇ ਚੰਡੀਗੜ੍ਹ ਵਰਗੇ ਇਤਿਹਾਸਕ ਸ਼ਹਿਰ ਦੇ ਸਾਫ਼ ਵਾਤਾਵਰਣ ਨੂੰ ਪ੍ਰਦੂਸ਼ਿਤ ਕਰ ਰਹੀ ਹੈ। ਇਸ ਲਈ ਜਵਾਬਦੇਹ ਧਿਰਾਂ ਵਲੋਂ ਚੁੱਕੇ ਗਏ ਦੇਰੀ ਸਬੰਧੀ ਇਤਰਾਜ਼ ਨੂੰ ਰੱਦ ਕੀਤਾ ਜਾਂਦਾ ਹੈ। ਬੈਂਚ ਨੇ ਕਿਹਾ ਕਿ ਚੌਂਕ ’ਤੇ ਫਲਾਈਓਵਰ ਦੀ ਉਸਾਰੀ ਲਈ ਇਸ ਪਟੀਸ਼ਨ ’ਚ ਵਿਰੋਧ ਕੀਤਾ ਗਿਆ ਹੈ। ਇਸ ’ਚ ਕਿਹਾ ਗਿਆ ਹੈ ਕਿ ਅੱਧੀ ਸਦੀ ਤੋਂ ਵੱਧ ਸਮੇਂ ਤੋਂ ਖੜ੍ਹੇ ਅੰਬ ਦੇ ਰੁੱਖਾਂ ਸਣੇ ਹੋਰ ਰੁੱਖਾਂ ਨੂੰ ਕੱਟਿਆ ਜਾਂ ਛਾਂਟਿਆ ਜਾ ਸਕਦਾ ਹੈ ਕਿਉਂਕਿ ਮਾਮਲੇ ਦੀ ਸੁਣਵਾਈ ਹੋ ਚੁੱਕੀ ਹੈ ਅਤੇ ਇਸ ਦਾ ਅੰਤਿਮ ਫ਼ੈਸਲਾ ਜਲਦੀ ਹੀ ਕੀਤਾ ਜਾਣਾ ਹੈ। ਇਸ ਲਈ ਇਹ ਉਚਿੱਤ ਹੋਵੇਗਾ ਕਿ ਪ੍ਰਤੀਵਾਦੀਆਂ ਨੂੰ ਚੌਂਕ ਦੇ ਆਸ-ਪਾਸ ਦੇ ਕਿਸੇ ਵੀ ਅੰਬ ਦੇ ਰੁੱਖ ਜਾਂ ਕਿਸੇ ਹੋਰ ਰੁੱਖ ਨੂੰ ਕੱਟਣ ਜਾਂ ਉਸ ਦੀ ਛਟਾਈ ਕਰਨ ਤੋਂ ਰੋਕਿਆ ਜਾਵੇ। ਅਦਾਲਤ ਨੇ ਸਪੱਸ਼ਟ ਕੀਤਾ ਕਿ ਉਪਰੋਕਤ ਅੰਤਰਿਮ ਨਿਰਦੇਸ਼ ਇਸ ਪਟੀਸ਼ਨ ਦੇ ਅੰਤਿਮ ਫ਼ੈਸਲੇ ਦੇ ਅਧੀਨ ਹੋਵੇਗਾ।

## ਦਿਨ ਦਿਹਾੜੇ ਬੰਦ ਪਏ ਹੋਟਲ ’ਚੋ ਨਾਕਾਮ ਚੋਰੀ ਕਰਦੀਆਂ ਔਰਤਾਂ ਦੀ ਵੀਡੀਓ ਵਾਇਰਲ

ਗੁਰੂਹਰਸਹਾਏ 28 ਮਈ। ਸ਼ਹਿਰ ਦੇ ਮੇਨ ਬਾਜ਼ਾਰ ਦੇ ਕੋਲ ਗਲੀ ’ਚ ਸਥਿਤ ਨਰੂਲਾ ਹੋਟਲ ਦੇ ਬਾਹਰੋਂ ਔਰਤਾਂ ਵੱਲੋਂ ਦਿਨ ਦਿਹਾੜੇ ਚੋਰੀ ਦੀ ਨਾਕਾਮ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਅਤੇ ਦੁਕਾਨਦਾਰ ਵੱਲੋਂ ਇਸ ਦੀ ਵੀਡੀਓ ਬਣਾ ਕੇ ਸੋਸ਼ਲ ਮੀਡੀਆ ’ਤੇ ਵਾਇਰਲ ਕਰ ਦਿੱਤੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੇਨ ਬਾਜ਼ਾਰ ’ਚ ਸਥਿਤ ਦੁਕਾਨਦਾਰ ਨੇ ਦੱਸਿਆ ਕਿ ਜਦੋਂ ਉਸ ਨੇ ਦੇਖਿਆ ਕਿ ਚਾਰ ਪੰਜ ਔਰਤਾਂ ਨਰੂਲਾ ਹੋਟਲ ਜੋ ਕਿ ਪਿਛਲੇ ਕਾਫੀ ਲੰਬੇ ਸਮੇਂ ਤੋਂ ਬੰਦ ਪਿਆ ਹੈ ਉਸਦੇ ਬਾਹਰ ਲੱਗੇ ਏਸੀ ਦੇ ਸਮਾਨ ਨੂੰ ਲਾਹੁਣ ਦੀ ਕੋਸ਼ਿਸ਼ ਕਰ ਰਹੀ ਹੈ ਤਾਂ ਉਸ ਵੱਲੋਂ ਇਸ ਦੀ ਵੀਡੀਓ ਬਣਾਈ ਗਈ ਜਦ ਉਨ੍ਹਾਂ ਨੂੰ ਇਸ ਗੱਲ ਦਾ ਪਤਾ ਲੱਗਿਆ ਕਿ ਉਨ੍ਹਾਂ ਦੀ ਵੀਡੀਓ ਬਣ ਰਹੀ ਹੈ ਤਾਂ ਉਹ ਤੁਰੰਤ ਉਥੋਂ ਭੱਜ ਗਈਆਂ। ਦੁਕਾਨਦਾਰ ਤੇ ਬਾਜ਼ਾਰ ਵਾਲਿਆਂ ਨੇ ਦੱਸਿਆ ਕਿ ਇਹ ਔਰਤਾਂ ਪਹਿਲਾਂ ਵੀ ਇਸ ਹੋਟਲ ਅੰਦਰ ਵੜ ਕੇ ਅੰਦਰ ਪਏ ਸਮਾਨ ਨੂੰ ਪਿਛਲੇ ਲੰਮੇ ਸਮੇਂ ਤੋਂ ਚੋਰੀ ਕਰਦੀਆਂ ਆ ਰਹੀਆਂ ਹਨ। ਇਹ ਇੰਨੀਆਂ ਛਾਤਰ ਚੋਰਨੀਆ ਹਨ ਕਿ ਸਮਾਨ ਚੋਰੀ ਕਰਕੇ ਲੈ ਜਾਂਦੀਆਂ ਹਨ ਤੇ ਕਿਸੇ ਨੂੰ ਪਤਾ ਵੀ ਨਹੀਂ ਲੱਗਦਾ ਪਰ ਅੱਜ ਇਹ ਦਿਨ ਦਿਹਾੜੇ ਹੀ ਚੋਰੀ ਕਰਨ ਆ ਗਈਆਂ ਹਨ ਤੇ ਹੁਣ ਇਨ੍ਹਾਂ ਦੇ ਹੌਸਲੇ ਇੰਨੇ ਬੁਲੰਦ ਹੋ ਗਏ ਹਨ ਕਿ ਬਜ਼ਾਰ ਵਾਲਿਆਂ ਨੇ ਦੱਸਿਆ ਕਿ ਜੇ ਉਨ੍ਹਾਂ ਵੱਲੋਂ ਵੀਡੀਓ ਨਾ ਬਣਾਈ ਜਾਂਦੀ ਤਾਂ ਇਨ੍ਹਾਂ ਨੇ ਹੋਟਲ ਦੇ ਬਾਹਰ ਲੱਗਿਆ ਏਸੀ ਦਾ ਕੰਪ੍ਰੈਸ਼ਰ ਤੇ ਅੰਦਰੋਂ ਹੋਰ ਸਮਾਨ ਚੋਰੀ ਕਰਕੇ ਲੈ ਜਾਣਾ ਸੀ। ਮੇਨ ਬਾਜ਼ਾਰ ਦੇ ਦੁਕਾਨਦਾਰਾਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਚੋਰੀਆਂ ਨੂੰ ਜਲਦੀ ਫੜਿਆ ਜਾਵੇ ਤਾਂ ਜੋ ਅੱਗੇ ਤੋਂ ਕਿਸੇ ਹੋਰ ਵੱਡੀ ਘਟਨਾ ਨੂੰ ਅੰਜਾਮ ਨਾ ਦੇ ਸਕਣ।

## ਸ਼ਿਮਲਾ ਦੇ ਵੱਡਾਗਾਓਂ ’ਚ ਗੈਸ ਸਿਲੰਡਰ ਧਮਾਕਾ, ਭਿਆਨਕ ਅੱਗ ਲੱਗਣ ਨਾਲ ਲੱਖਾਂ ਦਾ ਸਾਮਾਨ ਸੜਿਆ

**ਕੌਮੀ ਪਤ੍ਰਿਕਾ**

ਕੁਮਾਰਸੈਨ 28 ਮਈ। ਸ਼ਿਮਲਾ ਜ਼ਿਲ੍ਹੇ ਦੇ ਕੁਮਾਰਸੈਨ ਸਬ-ਡਿਵੀਜ਼ਨ ਵਿੱਚ ਬਾਰਾਗਾਓਂ ਬੱਸ ਸਟੈਂਡ ਦੇ ਨੇੜੇ ਇੱਕ ਤਿੰਨ ਮੰਜ਼ਿਲਾ ਘਰ ਵਿੱਚ ਸ਼ੁੱਕਰਵਾਰ ਨੂੰ ਅਚਾਨਕ ਭਿਆਨਕ ਅੱਗ ਲੱਗ ਗਈ। ਇਸ ਅੱਗ ਵਿੱਚ ਘਰ ਦੀ ਉੱਪਰਲੀ ਮੰਜ਼ਿਲ ਪੂਰੀ ਤਰ੍ਹਾਂ ਤਬਾਹ ਹੋ ਗਈ। ਖੁਸ਼ਕਿਸਮਤੀ ਨਾਲ ਇਸ ਵੱਡੇ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਅਤੇ ਸਮੇਂ ਸਿਰ ਅੱਗ ਨੂੰ ਆਲੇ ਦੁਆਲੇ ਦੇ ਘਰਾਂ ਵਿੱਚ ਫੈਲਣ ਤੋਂ ਰੋਕ ਲਿਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ, ਇਹ ਤਿੰਨ ਮੰਜ਼ਿਲਾ ਘਰ ਸਰਾਹਨ ਪਿੰਡ ਦੇ ਰਹਿਣ ਵਾਲੇ ਪਰਮਾਨੰਦ ਦੇ ਪੁੱਤਰ ਜੀਆ ਲਾਲ ਦਾ ਹੈ। ਸ਼ੁੱਕਰਵਾਰ ਨੂੰ ਘਰ ਦੀ ਉਪਰਲੀ ਮੰਜ਼ਿਲ ’ਤੇ ਅਚਾਨਕ ਅੱਗ ਲੱਗ ਗਈ। ਕੁਝ ਹੀ ਸਮੇਂ ਵਿੱਚ ਅੱਗ ਨੇ ਭਿਆਨਕ ਰੂਪ ਧਾਰਨ ਕਰ ਲਿਆ। ਇਸ ਦੌਰਾਨ ਉੱਪਰਲੀ ਮੰਜ਼ਿਲ ’ਤੇ ਸਟੋਰ ਕੀਤਾ ਇੱਕ ਗੈਸ ਸਿਲੰਡਰ ਜ਼ੋਰਦਾਰ ਧਮਾਕੇ ਨਾਲ ਫਟ ਗਿਆ। ਧਮਾਕਾ ਇੰਨਾ ਜ਼ਬਰਦਸਤ ਸੀ ਕਿ ਘਰ ਦੀ ਉੱਪਰਲੀ ਮੰਜ਼ਿਲ ਦੀਆਂ ਕੰਧਾਂ ਵਿੱਚ ਤਰੇੜਾਂ ਆ ਗਈਆਂ ਅਤੇ ਛੱਤ ਪੂਰੀ ਤਰ੍ਹਾਂ ਨੁਕਸਾਨੀ ਗਈ। ਇਸ ਘਟਨਾ ਨਾਲ ਸੁੰਨੀ ਤਹਿਸੀਲ ਦੇ ਧਰੋਗਦਾ ਪਿੰਡ ਦੇ ਵਸਨੀਕ ਬੁੱਧੀਰਾਮ ਦੇ ਪੁੱਤਰ ਹਨੀਸ਼ ਕੁਮਾਰ ਨੂੰ ਕਾਫ਼ੀ ਨੁਕਸਾਨ ਪਹੁੰਚਿਆ ਹੈ। ਹਨੀਸ਼ ਇਸ ਘਰ ਦੀ ਉਪਰਲੀ ਮੰਜ਼ਿਲ ’ਤੇ ਕਿਰਾਏਦਾਰ



ਵਜੋਂ ਰਹਿੰਦਾ ਸੀ। ਅੱਗ ਲੱਗਣ ਕਾਰਨ ਉਸਦੇ ਕਮਰੇ ਵਿੱਚ ਰੱਖਿਆ ਸਾਰਾ ਸਾਮਾਨ ਪੂਰੀ ਤਰ੍ਹਾਂ ਸੜ ਗਿਆ। ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਕੁਮਾਰਸੈਨ ਤੋਂ ਫਾਇਰ ਵਿਭਾਗ ਅਤੇ ਪੁਲਸ ਟੀਮ ਤੁਰੰਤ ਮੌਕੇ ’ਤੇ ਪਹੁੰਚ ਗਈ। ਅੱਗ ਬੁਝਾਊ ਅਮਲੇ ਨੇ ਕਾਫ਼ੀ ਮਿਹਨਤ ਤੋਂ ਬਾਅਦ ਅੱਗ ’ਤੇ ਕਾਬੂ ਪਾਇਆ। ਜੇਕਰ ਅੱਗ ’ਤੇ ਸਮੇਂ ਸਿਰ ਕਾਬੂ ਨਾ ਪਾਇਆ ਜਾਂਦਾ, ਤਾਂ ਆਲੇ-ਦੁਆਲੇ ਦੇ ਘਰ ਵੀ ਇਸ ਦੀ ਲਪੇਟ ਵਿੱਚ ਆ ਸਕਦੇ ਸਨ। ਪੁਲਸ ਮੌਕੇ ’ਤੇ ਪਹੁੰਚੀ ਅਤੇ ਸਥਿਤੀ ਦਾ ਜਾਇਜ਼ਾ ਲਿਆ। ਫਿਲਹਾਲ ਅੱਗ ਲੱਗਣ ਦੇ ਸਹੀ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ। ਅਧਿਕਾਰੀ ਨੁਕਸਾਨ ਦਾ ਮੁਲਾਂਕਣ ਕਰ ਰਹੇ ਹਨ ਅਤੇ ਮਾਮਲੇ ਦੀ ਜਾਂਚ ਕਰ ਰਹੇ ਹਨ।

## ਆਮਦਨ ਦੀ ਰ਼ਫਤਾਰ ਸੁਸਤ, ਚੌਤਰ਼ਫਾ ਵਧੇ ਖ਼ਰਚੇ; ਤੇਲ ਤੋਂ ਲੈ ਕੇ ਮੋਬਾਈਲ ਰੀਚਾਰਜ ਤੱਕ ਸਭ ਕੁਝ ਹੋਇਆ ਮਹਿੰਗਾ

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 28 ਮਈ। ਭਾਰਤ ਵਿੱਚ ਆਮ ਆਦਮੀ ਦੀ ਜੇਬ ’ਤੇ ਮਹਿੰਗਾਈ ਦੀ ਮਾਰ ਪੈਣੀ ਸ਼ੁਰੂ ਹੋ ਗਈ ਹੈ। ਪਿਛਲੇ ਤਿੰਨ ਮਹੀਨਿਆਂ ਤੋਂ ਰੋਜ਼ਾਨਾ ਵਰਤੋਂ ਦੀਆਂ ਵਸਤੂਆਂ ਅਤੇ ਸੇਵਾਵਾਂ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਇੱਕ ਪਾਸੇ ਜਿੱਥੇ ਖਰਚੇ ਵਧ ਰਹੇ ਹਨ, ਉੱਥੇ ਹੀ ਦੂਜੇ ਪਾਸੇ ਬੈਂਕਾਂ ਨੇ ਜਮ?ਹਾ ਪੂੰਜੀ ’ਤੇ ਵਿਆਜ ਦਰਾਂ ਘਟਾ ਕੇ ਆਮਦਨ ਵਿੱਚ ਕਟੌਤੀ ਕਰ ਦਿੱਤੀ ਹੈ। ਰਸੋਈ ਵਿੱਚ ਵਰਤੇ ਜਾਣ ਵਾਲੇ ਤੇਲ ਦੀਆਂ ਕੀਮਤਾਂ ਨੇ ਆਮ ਪਰਿਵਾਰਾਂ ਦਾ ਬਜਟ ਹਿਲਾ ਦਿੱਤਾ ਹੈ। ਪਿਛਲੇ ਤਿੰਨ ਮਹੀਨਿਆਂ ਵਿੱਚ ਖਾਣ ਵਾਲੇ ਤੇਲ ਦੀਆਂ ਕੀਮਤਾਂ ਵਿੱਚ 20 ਤੋਂ 25 ਫੀਸਦੀ ਤੱਕ ਦਾ ਵਾਧਾ ਦਰਜ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਾਬਣ, ਸ਼ੈਂਪੂ, ਡਿਟਰਜੈਂਟ ਅਤੇ ਟੂਥਪੇਸਟ ਵਰਗੀਆਂ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਵੀ ਮਹਿੰਗੀਆਂ ਹੋ ਗਈਆਂ ਹਨ। ਇਲੈਕਟ?ਰੋਨਿਕਸ ਦੇ ਸਾਮਾਨ ਵਿੱਚ ਵੀ 5 ਤੋਂ 15 ਫੀਸਦੀ ਤੱਕ ਦੀ ਤੇਜ਼ੀ ਆਈ ਹੈ। ਟੈਲੀਕਾਮ ਕੰਪਨੀਆਂ ਅਤੇ ਆਨਲਾਈਨ ਡਿਲੀਵਰੀ ਕੰਪਨੀਆਂ ਨੇ ਵੀ ਆਪਣੇ ਰੇਟ ਵਧਾ ਦਿੱਤੇ ਹਨ। ਏਅਰਟੈੱਲ ਨੇ ਆਪਣਾ ਮਨਪਸੰਦ 859 ਰੁਪਏ ਵਾਲਾ ਪਲਾਨ ਵਧਾ ਕੇ 899 ਰੁਪਏ ਕਰ ਦਿੱਤਾ ਹੈ ਅਤੇ 799 ਵਾਲਾ ਪਲਾਨ ਬੰਦ ਕਰ ਦਿੱਤਾ ਹੈ। ਜੀਓ ਨੇ ਵੀ 365 ਰੁਪਏ ਸਣੇ ਕਈ ਪੁਰਾਣੇ ਪਲਾਨ ਬੰਦ ਕਰ ਦਿੱਤੇ ਹਨ। ਜ਼ੋਮੈਟੋ ਅਤੇ ਸਵਿਗੀ ਵਰਗੀਆਂ ਕੰਪਨੀਆਂ ਨੇ ਪਲੇਟਫਾਰਮ ਫੀਸ ਵਿੱਚ 17 ਤੋਂ 19 ਫੀਸਦੀ ਦਾ ਵਾਧਾ ਕੀਤਾ ਹੈ। ਜ਼ੋਮੈਟੋ ਦੀ ਫੀਸ ਹੁਣ ਜੀ.ਐੱਸ.ਟੀ. ਸਮੇਤ



ਲਗਭਗ 17.58 ਰੁਪਏ ਤੱਕ ਪਹੁੰਚ ਗਈ ਹੈ। ਬਾਰਿਸ਼ ਦੇ ਦਿਨਾਂ ਵਿੱਚ ਕੰਪਨੀਆਂ 20 ਤੋਂ 60 ਰੁਪਏ ਤੱਕ ਵਾਧੂ ਸਰਚਾਰਜ ਵੀ ਵਸੂਲ ਰਹੀਆਂ ਹਨ। ਮਹਿੰਗਾਈ ਦੀ ਮਾਰ ਦੇ ਵਿਚਕਾਰ ਬੈਂਕਾਂ ਨੇ ਵੀ ਲੋਕਾਂ ਦੀ ਬਚਤ ’ਤੇ ਵਿਆਜ ਦਰਾਂ ਘਟਾ ਦਿੱਤੀਆਂ ਹਨ। ਬੈਂਕ ਆਫ ਇੰਡੀਆ, ਪੰਜਾਬ ਨੈਸ਼ਨਲ ਬੈਂਕ ਬੈਂਕ ਆਫ ਬੜੌਦਾ ਅਤੇ ਕੇਨਰਾ ਬੈਂਕ ਵਰਗੇ ਵੱਡੇ ਬੈਂਕਾਂ ਨੇ ਫਿਕਸਡ ਡਿਪਾਜ਼ਿਟ (64) ’ਤੇ ਮਿਲਣ ਵਾਲੇ ਵਿਆਜ ਵਿੱਚ 0.10 ਤੋਂ 0.30 ਫੀਸਦੀ ਤੱਕ ਦੀ ਕਟੌਤੀ ਕੀਤੀ ਹੈ। ਇਸ ਨਾਲ ਖਾਸ ਕਰਕੇ ਬਜ਼ੁਰਗਾਂ ਅਤੇ ਬਚਤ ’ਤੇ ਨਿਰਭਰ ਲੋਕਾਂ ਦੀ ਆਮਦਨ ਘਟ ਗਈ ਹੈ। ਮਾਹਰਾਂ ਦਾ ਮੰਨਣਾ ਹੈ ਕਿ ਜੇਕਰ ਪੈਟਰੋਲ ਅਤੇ ਗੈਸ ਦੀਆਂ ਕੀਮਤਾਂ ਵਿੱਚ ਵਾਧਾ ਹੁੰਦਾ ਹੈ, ਤਾਂ ਆਉਣ ਵਾਲੇ ਦਿਨਾਂ ਵਿੱਚ ਡਿਲੀਵਰੀ ਚਾਰਜ ਅਤੇ ਹੋਰ ਸੇਵਾਵਾਂ ਹੋਰ ਵੀ ਮਹਿੰਗੀਆਂ ਹੋ ਸਕਦੀਆਂ ਹਨ।

## ਅਗਲੇ 2 ਦਿਨ ਪਵੇਗਾ ਭਾਰੀ ਮੀਂਹ ! ਲੋਕਾਂ ਨੂੰ ਗਰਮੀ ਤੋਂ ਮਿਲੇਗੀ ਰਾਹਤ

ਨੈਸ਼ਨਲ ਡੈਸਕ 28 ਮਈ। ਦਿੱਲੀ, ਉੱਤਰ ਪ੍ਰਦੇਸ਼, ਪੰਜਾਬ ਅਤੇ ਹਰਿਆਣਾ ਸਮੇਤ ਸਮੁੱਚੇ ਉੱਤਰ ਭਾਰਤ ਵਿੱਚ ਪੈ ਰਹੀ ਕਹਿਰ ਦੀ ਗਰਮੀ ਅਤੇ ਲੂ ਤੋਂ ਪ੍ਰੇਸ਼ਾਨ ਲੋਕਾਂ ਲਈ ਰਾਹਤ ਦੀ ਖ਼ਬਰ ਹੈ। ਮੌਸਮ ਵਿਭਾਗ ਦੇ ਅਨੁਮਾਨ ਅਨੁਸਾਰ ਅਗਲੇ 4 ਦਿਨਾਂ ਬਾਅਦ ਮੌਸਮ ਦਾ ਮਿਜ਼ਾਜ ਪੂਰੀ ਤਰ੍ਹਾਂ ਬਦਲਣ ਵਾਲਾ ਹੈ ਅਤੇ ਤੇਜ਼ ਹਵਾਵਾਂ ਦੇ ਨਾਲ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਅਨੁਸਾਰ, 28 ਮਈ ਤੋਂ ਇੱਕ ’ਪੱਛਮੀ ਗੜਬੜੀ’ ਸਰਗਰਮ ਹੋ ਰਿਹਾ ਹੈ। ਇਸ ਦੇ ਪ੍ਰਭਾਵ ਕਾਰਨ 28 ਅਤੇ 29 ਮਈ ਨੂੰ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ ਅਤੇ ਪੱਛਮੀ ਉੱਤਰ ਪ੍ਰਦੇਸ਼ ਵਿੱਚ ਗਰਜ-ਚਮਕ ਦੇ ਨਾਲ ਬਾਰਿਸ਼ ਹੋ ਸਕਦੀ ਹੈ। ਇਸ ਦੌਰਾਨ 60 ਤੋਂ 70 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣਗੀਆਂ, ਜੋ ਕੁਝ ਥਾਵਾਂ ’ਤੇ 80 ਕਿਲੋਮੀਟਰ ਤੱਕ ਵੀ ਪਹੁੰਚ ਸਕਦੀਆਂ ਹਨ। ਪੂਰਬੀ ਉੱਤਰ ਪ੍ਰਦੇਸ਼ ਵਿੱਚ 28 ਤੋਂ 31 ਮਈ ਤੱਕ ਮੌਸਮ ਖ਼ਰਾਬ ਰਹਿਣ ਦਾ ਅੰਦਾਜ਼ਾ ਹੈ। ਦਿੱਲੀ ਵਿੱਚ ਬੁੱਧਵਾਰ ਨੂੰ ਭਾਵੇਂ ਤਾਪਮਾਨ 443 ਤੋਂ 463 ਦੇ ਵਿਚਕਾਰ ਰਹਿਣ ਦੀ ਸੰਭਾਵਨਾ ਹੈ, ਪਰ 28 ਮਈ ਦੀ ਸ਼ਾਮ ਤੋਂ ਬੱਦਲ ਛਾਉਣੇ ਸ਼ੁਰੂ ਹੋ ਜਾਣਗੇ। 29 ਮਈ ਨੂੰ ਦਿੱਲੀ ਵਿੱਚ ਹਲਕੀ ਬਾਰਿਸ਼ ਦਾ ਦੌਰ ਆ ਸਕਦਾ ਹੈ, ਜਿਸ ਨਾਲ ਵੱਧ ਤੋਂ ਵੱਧ ਤਾਪਮਾਨ ਡਿੱਗ ਕੇ 353 ਤੋਂ 373 ਤੱਕ ਆ ਸਕਦਾ ਹੈ, ਜਿਸ ਨਾਲ ਲੋਕਾਂ ਨੂੰ ਭਿਆਨਕ ਗਰਮੀ ਤੋਂ ਵੱਡੀ ਰਾਹਤ ਮਿਲੇਗੀ। ਬਿਹਾਰ, ਝਾਰਖੰਡ ਅਤੇ ਓਡੀਸ਼ਾ: ਅਗਲੇ 7 ਦਿਨਾਂ ਦੌਰਾਨ ਗਰਜ-ਚਮਕ ਨਾਲ ਬਾਰਿਸ਼ ਹੋ ਸਕਦੀ ਹੈ।

## ’ਮੈਨੂੰ ਮੁਆਫ਼ ਕਰੀਂ ਰੱਬਾ...’ ਪਹਿਲਾਂ ਹੱਥ ਜੋੜ ਕੇ ਟੇਕਿਆ ਮੱਥਾ ਤੇ ਫ਼ਿਰ ਗੋਲਕ ’ਚੋਂ ਚੋਰੀ ਕਰ ਲਿਆ ਚੜ੍ਹਾਵਾ

ਲੁਧਿਆਣਾ 28 ਮਈ। ਕਿਚਲੂ ਨਗਰ ਇਲਾਕੇ ਤੋਂ ਇਕ ਬਹੁਤ ਹੀ ਹੈਰਾਨ ਕਰਨ ਵਾਲਾ ਅਤੇ ਅਨੋਖਾ ਚੋਰੀ ਦਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਸਥਿਤ ਸ਼?ਰੀ ਰਾਮ ਦਰਬਾਰ ਮੰਦਰ ਵਿਚ ਇਕ ਸ਼ਾਤਰ ਚੋਰ ਨੇ ਰਾਤ ਦੇ ਹਨੇਰੇ ਵਿਚ ਚੋਰੀ ਦੀ ਵੱਡੀ ਵਾਰਦਾਤ ਨੂੰ ਅੰਜਾਮ ਦਿੱਤਾ। ਹਾਲਾਂਕਿ, ਹੈਰਾਨ ਕਰਨ ਵਾਲੀ ਗੱਲ ਇਹ ਰਹੀ ਕਿ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇਣ ਤੋਂ ਪਹਿਲਾਂ ਚੋਰ ਨੇ ਬਾਕਾਇਦਾ ਭਗਵਾਨ ਦੀ ਮੂਰਤੀ ਅੱਗੇ ਹੱਥ ਜੋੜੇ, ਸਿਰ ਝੁਕਾ ਕੇ ਮੱਥਾ ਟੇਕਿਆ ਅਤੇ ਫਿਰ ਗੋਲਕ ਨੂੰ ਤੋੜ ਕੇ ਉਸ ਵਿਚ ਰੱਖੇ ਦਾਨ ਦੇ ਪੈਸੇ ਸਮੇਟ ਕੇ ਫ਼ਰਾਰ ਹੋ ਗਿਆ। ਇਹ ਸਭ ਕੁਝ ਕਰਦਾ ਚੋਰ ਮੰਦਰ ਵਿਚ ਲੱਗੇ ਸੀ.ਸੀ.ਟੀ.ਵੀ. (33“ੇ) ਕੈਮਰਿਆਂ ਵਿਚ ਕੈਦ ਹੋ ਗਿਆ ਹੈ। ਮਿਲੀ ਜਾਣਕਾਰੀ ਮੁਤਾਬਕ, ਇਹ ਵਾਰਦਾਤ ਰਾਤ ਕਰੀਬ 2 ਵਜੇ ਅੰਜਾਮ ਦਿੱਤੀ ਗਈ। ਚੋਰ ਨੇ ਆਪਣਾ ਮੂੰਹ ਕੱਪੜੇ ਨਾਲ ਢਕਿਆ ਹੋਇਆ ਸੀ। ਮੰਦਰ ਦੇ ਪ੍ਰਧਾਨ ਪ੍ਰਕਾਸ਼ ਚੰਦ ਸ਼ਰਮਾ ਨੇ ਦੱਸਿਆ ਕਿ ਸਵੇਰੇ ਕਰੀਬ 5:00 ਵਜੇ ਮੰਦਰ ਦੇ ਪੰਡਿਤ ਗੋਪਾਲ ਕ੍ਰਿਸ਼ਨ ਨੇ ਉਨ੍ਹਾਂ ਨੂੰ ਫ਼ੋਨ ’ਤੇ ਇਸ ਚੋਰੀ ਦੀ ਸੂਚਨਾ ਦਿੱਤੀ ਸੀ। ਜਦੋਂ ਲੋਕ ਮੌਕੇ ’ਤੇ ਪਹੁੰਚੇ, ਤਾਂ ਉਹ ਇਹ ਦੇਖ ਕੇ ਦੰਗ ਰਹਿ ਗਏ ਕਿ ਮੰਦਰ ਦੇ ਮੁੱਖ ਦਰਵਾਜ਼ਿਆਂ ਦੇ ਤਾਲੇ ਬਿਲਕੁਲ ਸਹੀ-ਸਲਾਮਤ ਸਨ। ਸੀ.ਸੀ.ਟੀ.ਵੀ ਫੁਟੇਜ ਵਿੱਚ ਸਾਫ਼ ਨਜ਼ਰ ਆਇਆ ਕਿ ਚੋਰ ਨੇ ਮੁੱਖ ਦਰਵਾਜ਼ਿਆਂ ਨੂੰ ਹੱਥ ਵੀ ਨਹੀਂ ਲਗਾਇਆ, ਸਗੋਂ ਉਹ ਮੰਦਰ ਦੇ ਨਾਲ ਲੱਗਦੇ ਇਕ ਤੰਗ ਰੌਸ਼ਨਦਾਨ ਦੇ ਰਸਤੇ ਰੇਂਗਦੇ ਹੋਏ ਅੰਦਰ ਦਾਖਲ ਹੋਇਆ ਸੀ। ਸੀ.ਸੀ.ਟੀ.ਵੀ. ਫੁਟੇਜ ਅਨੁਸਾਰ, ਚੋਰ ਨੇ ਮੰਦਰ ਦੇ ਅੰਦਰ ਕਰੀਬ 43 ਮਿੰਟ ਦਾ ਲੰਬਾ ਸਮਾਂ ਬਿਤਾਇਆ। ਇਸ ਦੌਰਾਨ ਉਸ ਨੇ ਦਾਨ-ਪਾਤਰ ਨੂੰ ਕਟਰ ਜਾਂ ਕਿਸੇ ਹੋਰ ਸੰਦ ਨਾਲ ਕੱਟ ਦਿੱਤਾ। ਰਾਤ ਕਰੀਬ 2:43 ਵਜੇ ਅਚਾਨਕ ਕੈਮਰਾ ਬੰਦ ਹੋ ਗਿਆ, ਜਿਸ ਤੋਂ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਉਹ ਉਸੇ ਵੇਲੇ ਫ਼ਰਾਰ ਹੋ ਗਿਆ। ਹੈਰਾਨੀ ਦੀ ਗੱਲ ਇਹ ਰਹੀ ਕਿ ਜਿਸ ਵੇਲੇ ਇਹ ਪੂਰੀ ਵਾਰਦਾਤ ਹੋ ਰਹੀ ਸੀ, ਠੀਕ ਉਸੇ ਵੇਲੇ ਮੰਦਰ ਕੰਪਲੈਕਸ ਵਿਚ ਹੀ ਦੋ ਲੋਕ ਸੌਂ ਰਹੇ ਸਨ, ਪਰ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਆਵਾਜ਼ ਨਹੀਂ ਸੁਣੀ। ਫਿਲਹਾਲ, ਪੁਲਸ ਨੇ ਸੀ.ਸੀ.ਟੀ.ਵੀ. ਫੁਟੇਜ ਕਬਜ਼ੇ ਵਿਚ ਲੈ ਕੇ ਚੋਰ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਬੱਚੇ ਹੱਥੋਂ ਗਈ ਦੂਜੇ ਬੱਚੇ ਦੀ ਜਾਨ ! ਟਰਾਲੀ ਹੇਠਾਂ ਆ ਕੇ ਦਮ ਤੋੜ ਗਿਆ ਮਾਪਿਆਂ ਦਾ ਇਕਲੌਤਾ ਪੁੱਤ

**ਏਜੰਸੀਆਂ**

ਲੁਧਿਆਣਾ 28 ਮਈ। ਭਾਮੀਆਂ ਕਲਾਂ ਇਲਾਕੇ ਵਿਚ ਸਥਿਤ ਇਕ ਇੱਟਾਂ ਦੇ ਭੱਠੇ ’ਤੇ ਬੁੱਧਵਾਰ ਦੁਪਹਿਰ ਨੂੰ ਉਸ ਵੇਲੇ ਚੀਕ-ਚਿਹਾੜਾ ਮੱਚ ਗਿਆ, ਜਦੋਂ ਇਕ ਡਰਾਈਵਰ ਦੀ ਭਾਰੀ ਲਾਪਰਵਾਹੀ ਨੇ 10 ਸਾਲ ਦੇ ਮਾਸੂਮ ਦੀ ਜਾਨ ਲੈ ਲਈ। ਚੌਥੀ ਜਮਾਤ ਵਿਚ ਪੜ੍ਹਨ ਵਾਲਾ ਰੋਹਨ, ਜੋ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਅਤੇ ਦੋ ਭੈਣਾਂ ਦਾ ਲਾਡਲਾ ਭਰਾ ਸੀ, ਇੱਟਾਂ ਨਾਲ ਭਰੀ ਟਰਾਲੀ ਹੇਠਾਂ ਦੱਬ ਕੇ ਦੁਨੀਆ ਨੂੰ ਅਲਵਿਦਾ ਕਹਿ ਗਿਆ। ਇਸ ਦਿਲ ਦਹਿਲਾ ਦੇਣ ਵਾਲੇ ਹਾਦਸੇ ਤੋਂ ਬਾਅਦ ਮੁਲਜ਼ਮ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ, ਜਿਸ ਕਾਰਨ ਲੋਕਾਂ ਵਿਚ ਭਾਰੀ ਗੁੱਸਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਰਵਿੰਦਰ ਕੁਮਾਰ ਪਿਛਲੇ ਕਰੀਬ 8 ਮਹੀਨਿਆਂ ਤੋਂ ਇਸ ਭੱਠੇ ’ਤੇ ਕੰਮ ਕਰਦੇ ਹਨ ਅਤੇ ਪਰਿਵਾਰ ਸਮੇਤ ਉੱਥੇ ਹੀ ਰਹਿੰਦੇ ਹਨ। ਬੁੱਧਵਾਰ ਦੁਪਹਿਰ ਕਰੀਬ ਸਾਢੇ ਤਿੰਨ ਵਜੇ ਜਦੋਂ ਜੇ.ਸੀ.ਬੀ. ਦੀ ਮਦਦ ਨਾਲ ਮਿੱਟੀ ਨਾਲ ਭਰੀ ਟਰਾਲੀ ਖਾਲੀ ਕੀਤੀ ਜਾ ਰਹੀ ਸੀ, ਉਦੋਂ ਇਹ ਭਿਆਨਕ ਮੰਜ਼ਰ ਸਾਹਮਣੇ ਆਇਆ। ਦੱਸਿਆ ਜਾ ਰਿਹਾ ਹੈ ਕਿ ਟਰੈਕਟਰ ਚਾਲਕ ਨੇ ਪਹਿਲਾਂ ਰੋਹਨ ਨੂੰ ਪਾਣੀ ਲੈਣ ਭੇਜਿਆ ਅਤੇ ਜਦੋਂ ਉਹ ਵਾਪਸ ਆਇਆ, ਤਾਂ ਚਾਲਕ ਨੇ ਲਾਪਰਵਾਹੀ ਦੀਆਂ ਸਾਰੀਆਂ ਹੱਦਾਂ ਪਾਰ ਕਰਦਿਆਂ ਟਰੈਕਟਰ ਦਾ ਸਟੀਅਰਿੰਗ ਇਕ ਹੋਰ ਛੋਟੇ ਬੱਚੇ ਦੇ ਹੱਥ ਵਿਚ ਫੜਾ ਦਿੱਤਾ। ਬੱਚੇ ਦੇ ਹੱਥਾਂ ਵਿਚ ਟਰੈਕਟਰ ਆਉਂਦਿਆਂ ਹੀ ਵਾਹਨ ਬੇਕਾਬੂ ਹੋ ਗਿਆ ਅਤੇ ਸਿੱਧਾ ਮਾਸੂਮ ਰੋਹਨ ਦੇ ਉੱਪਰ ਪਲਟ ਗਿਆ। ਹਾਦਸੇ ਤੋਂ ਬਾਅਦ ਉੱਥੇ ਮੌਜੂਦ ਲੋਕਾਂ ਨੇ ਰੌਲਾ ਪਾਇਆ, ਪਰ ਡਰਾਈਵਰ ਜ਼ਖਮੀ ਬੱਚੇ ਦੀ ਮਦਦ ਕਰਨ ਦੀ ਬਜਾਏ ਆਪਣੀ ਜਾਨ ਬਚਾ ਕੇ ਭੱਜ ਨਿਕਲਿਆ। ਕਰੀਬ 15 ਮਿੰਟ ਦੀ ਭਾਰੀ ਮੁਸ਼ੱਕਤ ਅਤੇ ਜੇ.ਸੀ.ਬੀ. ਦੀ ਮਦਦ ਨਾਲ ਰੋਹਨ ਨੂੰ ਟਰਾਲੀ ਦੇ ਹੇਠੋਂ ਕੱਢਿਆ ਗਿਆ, ਪਰ ਉਦੋਂ ਤੱਕ ਮਾਸੂਮ ਦੇ ਸਾਹ ਰੁਕ ਚੁੱਕੇ ਸਨ। ਇਕਲੌਤੇ ਪੁੱਤਰ ਦੀ ਮੌਤ ਦੀ ਖ਼ਬਰ ਮਿਲਦਿਆਂ ਹੀ ਪਰਿਵਾਰ ’ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ। ਇਸ ਪੂਰੇ ਮਾਮਲੇ ਵਿਚ ਪੁਲਸ ਦੀ ਕਾਰਜਪ੍ਰਣਾਲੀ ’ਤੇ ਵੀ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ। ਪਰਿਵਾਰ ਵਾਲਿਆਂ ਦਾ ਦੋਸ਼ ਹੈ ਕਿ ਜਦੋਂ ਉਹ ਇਨਸਾਫ਼ ਦੀ ਗੁਹਾਰ ਲੈ ਕੇ ਥਾਣਾ ਜਮਾਲਪੁਰ ਪਹੁੰਚੇ, ਤਾਂ ਮਦਦ ਕਰਨ ਦੀ ਬਜਾਏ ਉਨ੍ਹਾਂ ਨੂੰ ਲਾਸ਼ ਖੁਦ ਹੀ ਹਸਪਤਾਲ ਲੈ ਕੇ ਜਾਣ ਲਈ ਕਹਿ ਦਿੱਤਾ ਗਿਆ। ਬੇਬੱਸ ਪਰਿਵਾਰ ਬਿਨਾਂ ਕਿਸੇ ਸਰਕਾਰੀ ਐਂਬੂਲੈਂਸ ਜਾਂ ਪੁਲਸ ਸਹਾਇਤਾ ਦੇ ਖੁਦ ਹੀ ਆਪਣੇ ਬੱਚੇ ਦੀ ਦੇਹ ਨੂੰ ਲੈ ਕੇ ਸਿਵਲ ਹਸਪਤਾਲ ਦੀ ਮੋਰਚਰੀ ਪਹੁੰਚੇ। ਜਿੱਥੇ ਇਕ ਪਾਸੇ ਡਰਾਈਵਰ ਦੀ ਲਾਪਰਵਾਹੀ ਨੇ ਇਕ ਘਰ ਦਾ ਚਿਰਾਗ ਬੁਝਾ ਦਿੱਤਾ, ਉੱਥੇ ਹੀ ਦੂਜੇ ਪਾਸੇ ਪੁਲਸ ਦੀ ਕਥਿਤ ਸੰਵੇਦਨਹੀਣਤਾ ਨੇ ਪ੍ਰਸ਼ਾਸਨ ਦੀ ਕਾਰਜਸ਼ੈਲੀ ਨੂੰ ਕਟਹਿਰੇ ਵਿਚ ਖੜ੍ਹਾ ਕਰ ਦਿੱਤਾ ਹੈ।

## ਗਾਰਡਨ ਇਨਕਲੇਵ ਦੇ ਨਿਵਾਸੀਆਂ ਦਾ ਫੁੱਟਿਆ ਗੁੱਸਾ, ਬਿਜਲੀ ਕੁਨੈਕਸ਼ਨ ਨਾ ਮਿਲਣ ’ਤੇ ਸੰਘਰਸ਼ ਦੀ ਚੇਤਾਵਨੀ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 28 ਮਈ। ਭਿਆਨਕ ਗਰਮੀ ਵਿਚ ਗਾਰਡਨ ਇਨਕਲੇਵ ਦੇ ਨਿਵਾਸੀ ਘਰਾਂ ਲਈ ਬਿਜਲੀ ਕੁਨੈਕਸ਼ਨ ਨਾ ਮਿਲਣ ਕਾਰਨ ਭੜਕ ਉਠੇ ਹਨ। ਇਸ ਸਬੰਧੀ ਗਾਰਡਨ ਗ੍ਰੀਨ ਇਨਕਲੇਵ ਰਿਹਾਇਸ਼ੀ ਵੈਲਫੇਅਰ ਸੋਸਾਇਟੀ ਦੇ ਨੁਮਾਇੰਦਿਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਪੁੱਡਾ ਅਪਰੂਵਡ ਕਾਲੋਨੀ ਹੋਣ ਦੇ ਬਾਵਜੂਦ ਪੁੱਡਾ ਦੇ ਅਧਿਕਾਰੀ ਕਾਲੋਨੀ ਦੇ ਵਸਨੀਕਾਂ ਨੂੰ ਬਿਜਲੀ ਕੁਨੈਕਸ਼ਨ ਜਾਰੀ ਕਰਨ ਵਿਚ ਰੁਕਾਵਟਾਂ ਖੜੀਆਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਾਵਰਕਾਮ ਨੇ ਗੋਲਡਨ ਗੇਟ ਨੇੜੇ ਸਥਿਤ ਗਾਰਡਨ ਇਨਕਲੇਵ ਦੇ ਨਿਵਾਸੀਆਂ ਦੀ ਮੁਸ਼ਕਲ ਨੂੰ ਦੇਖਦੇ ਹੋਏ ਓ.ਟੀ.ਐਸ. ਸਕੀਮ ਲਾਗੂ ਕੀਤੀ ਸੀ, ਜਿਸ ’ਤੇ ਪੁੱਡਾ ਨੇ 2024 ਵਿਚ ਸਹਿਮਤੀ ਦਿੰਦਿਆਂ ਕਿਹਾ ਸੀ ਕਿ ਜੇਕਰ ਪਾਵਰਕਾਮ ਵਸਨੀਕਾਂ ਨੂੰ ਕੁਨੈਕਸ਼ਨ ਦਿੰਦਾ ਹੈ ਤਾਂ ਉਨ੍ਹਾਂ ਨੂੰ ਕੋਈ ਇਤਰਾਜ਼ ਨਹੀਂ ਹੋਵੇਗਾ। ਉਨ੍ਹਾਂ ਦੱਸਿਆ ਕਿ ਪਾਵਰਕਾਮ ਵੱਲੋਂ ਕਲੋਨਾਈਜ਼ਰ ਨੂੰ ਦੱਸੀਆਂ ਗਈਆਂ ਸਾਰੀਆਂ ਸ਼ਰਤਾਂ ਪੂਰੀਆਂ ਕਰਨ ਤੋਂ ਬਾਅਦ ਹੁਣ ਜਦੋਂ ਬਿਜਲੀ ਕੁਨੈਕਸ਼ਨ ਲੈਣ ਲਈ



ਫਾਈਲਾਂ ਪੁੱਡਾ ਦੇ ਦਫ਼ਤਰ ਭੇਜੀਆਂ ਜਾ ਰਹੀਆਂ ਹਨ ਤਾਂ ਸਬੰਧਤ ਅਧਿਕਾਰੀ ਉਨ੍ਹਾਂ ’ਤੇ ਮੁੜ ਰੋਕ ਲਗਾ ਰਹੇ ਹਨ, ਜਿਸ ਕਾਰਨ ਗਾਰਡਨ ਇਨਕਲੇਵ ਦੇ ਨਿਵਾਸੀਆਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਤ ਦੀ ਗਰਮੀ ਨੇ ਲੋਕਾਂ ਨੂੰ ਬੇਹਾਲ ਕਰ ਦਿੱਤਾ ਹੈ। ਇਸ ਨਾ-ਬਰਦਾਸ਼ਤ ਗਰਮੀ ਕਾਰਨ ਜੇਕਰ ਕਿਸੇ ਇਲਾਕਾ ਨਿਵਾਸੀ ਦੀ ਮੌਤ ਹੋ ਜਾਂਦੀ ਹੈ ਤਾਂ ਉਸ ਲਈ ਸਿੱਧੇ ਤੌਰ ’ਤੇ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਲੋਕਾਂ ਦੇ ਹਾਲਾਤਾਂ ’ਤੇ ਤਰਸ ਖਾਂਦਿਆਂ ਪੁੱਡਾ ਅਧਿਕਾਰੀਆਂ ਵੱਲੋਂ ਬਿਜਲੀ ਕੁਨੈਕਸ਼ਨਾਂ ’ਤੇ ਲਗਾਈ ਗਈ ਰੋਕ ਨੂੰ ਤੁਰੰਤ ਹਟਾਏ, ਨਹੀਂ ਤਾਂ ਉਨ੍ਹਾਂ ਨੂੰ ਮਜਬੂਰਨ ਸੰਘਰਸ਼ ਦਾ ਰਾਹ ਅਪਣਾਉਣਾ ਪਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਤੇ ਪੁੱਡਾ ਦੇ ਅਧਿਕਾਰੀਆਂ ਨੂੰ ਲੋਕਾਂ ਦੀ ਮਜਬੂਰੀ ਵੀ ਸਮਝਣੀ ਚਾਹੀਦੀ ਹੈ ਕਿ ਇੰਨੀ ਭਿਆਨਕ ਗਰਮੀ ਵਿਚ ਬਿਜਲੀ ਅਤੇ ਪਾਣੀ ਤੋਂ ਬਿਨਾਂ ਗੁਜ਼ਾਰਾ ਕਰਨਾ ਕਿੰਨਾ ਔਖਾ ਹੈ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਜਲਦ ਕੋਈ ਰਾਹਤਭਰਾ ਫੈਸਲਾ ਨਾ ਲਿਆ ਤਾਂ ਸਮੂਹ ਇਲਾਕਾ ਨਿਵਾਸੀ ਪਰਿਵਾਰਾਂ ਸਮੇਤ ਜੀ.ਟੀ. ਰੋਡ ਸਥਿਤ ਗੋਲਡਨ ਗੇਟ ਵਿਖੇ ਧਰਨਾ ਲਗਾ ਕੇ ਬੈਠ ਜਾਣਗੇ, ਜਿਸ ਤੋਂ ਬਾਅਦ ਪੈਦਾ ਹੋਣ ਵਾਲੇ ਹਰ ਤਰ੍ਹਾਂ ਦੇ ਹਾਲਾਤਾਂ ਲਈ ਸਰਕਾਰ ਅਤੇ ਪੁੱਡਾ ਦੇ ਅਧਿਕਾਰੀ ਹੀ ਜ਼ਿੰਮੇਵਾਰ ਹੋਣਗੇ।